ਵੀਰਵਾਰ, 6 ਅਗਸਤ, 2026
22 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 66

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 6 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਇੱਕ ਰੁੱਖ ਵੱਢਿਆ ਤਾਂ 10 ਲਾਉਣੇ ਪੈਣਗੇ

## ਪੰਜਾਬ ਕੈਬਨਿਟ ਵੱਲੋਂ ਬਿੱਲ ਨੂੰ ਮਨਜ਼ੂਰੀ, ਤਿੰਨ ਨਿੱਜੀ ਓਪਨ ਡਿਜੀਟਲ 'ਵਰਸਿਟੀਆਂ ਨੂੰ ਵੀ ਹਰੀ ਝੰਡੀ, ਤਰਸਿੱਕਾ ਨਵਾਂ ਬਲਾਕ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)** : ਇੱਕ ਰੁੱਖ ਵੱਢਣ 'ਤੇ ਉਸ ਦੀ ਥਾਂ 'ਤੇ 10 ਰੁੱਖ ਲਗਾਉਣੇ ਪੈਣਗੇ। ਇਹ ਪੰਜਾਬ ਪ੍ਰੋਟੈਕਸ਼ਨ ਆਫ ਟ੍ਰੀਜ਼ ਬਿੱਲ ਦੀ ਵਿਵਸਥਾ ਹੈ, ਜਿਸ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਬੁੱਧਵਾਰ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਪ੍ਰਵਾਨਗੀ ਦਿੱਤੀ ਗਈ। ਇਹ ਬਿੱਲ ਸ਼ਹਿਰੀ ਅਤੇ ਹੋਰ ਗੈਰ-ਜੰਗਲਾਤ ਖੇਤਰਾਂ ਵਿੱਚ ਰੁੱਖਾਂ ਨੂੰ ਕੱਟਣ, ਹਟਾਉਣ ਅਤੇ ਤਬਦੀਲ ਕਰਨ ਨੂੰ ਨਿਯਮਤ ਕਰਨ ਲਈ ਇੱਕ ਕਾਨੂੰਨੀ ਢਾਂਚੇ ਦਾ ਰਾਹ ਪੱਧਰਾ ਕਰਦਾ ਹੈ। ਇਸ ਬਿੱਲ ਨੂੰ ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਮਾਨਸੂਨ ਅਜਲਾਸ ਦੌਰਾਨ ਪੇਸ਼ ਕੀਤੇ ਜਾਣ ਦੀ ਉਮੀਦ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਇਹ ਬਿੱਲ ਗੈਰ-ਕਾਨੂੰਨੀ ਤੌਰ 'ਤੇ ਰੁੱਖ ਕੱਟਣ ਵਾਲਿਆਂ ਲਈ ਜੁਰਮਾਨੇ ਅਤੇ ਵਾਤਾਵਰਣ ਮੁਆਵਜ਼ੇ ਦੀ ਵੀ ਵਿਵਸਥਾ ਕਰਦਾ ਹੈ। ਰੁੱਖ ਕੱਟਣ ਦੇ ਪਹਿਲੇ ਅਪਰਾਧ ਲਈ 10,000 ਰੁਪਏ ਦਾ ਜੁਰਮਾਨਾ ਹੋਵੇਗਾ, ਦੂਜੇ ਅਪਰਾਧ ਲਈ 35,000 ਰੁਪਏ ਦਾ ਜੁਰਮਾਨਾ ਲਗਾਇਆ ਜਾਵੇਗਾ ਅਤੇ ਤੀਜੇ ਅਪਰਾਧ ਲਈ 50,000 ਰੁਪਏ ਦਾ ਜੁਰਮਾਨਾ ਲਗਾਇਆ ਜਾਵੇਗਾ। ਜ਼ਿਕਰਯੋਗ ਹੈ ਕਿ ਇੰਡੀਆ ਸਟੇਟ ਆਫ ਫਾਰੈਸਟ ਰਿਪੋਰਟ ਮੁਤਾਬਕ ਪੰਜਾਬ ਵਿੱਚ ਸਭ ਤੋਂ ਘੱਟ ਜੰਗਲਾਤ ਕਵਰ 3.67 ਪ੍ਰਤੀਸ਼ਤ ਹੈ, ਜੋ ਇਸ ਨੂੰ ਦੇਸ਼ ਦੇ ਸਭ ਤੋਂ ਘੱਟ ਜੰਗਲਾਂ ਵਾਲੇ ਰਾਜਾਂ ਵਿੱਚੋਂ ਇੱਕ ਬਣਾਉਂਦਾ ਹੈ। ਇੱਥੋਂ ਤੱਕ ਕਿ ਜਦੋਂ ਜੰਗਲਾਂ ਤੋਂ ਬਾਹਰ ਰੁੱਖਾਂ ਦੇ ਕਵਰ ਨੂੰ ਸ਼ਾਮਲ ਕੀਤਾ ਜਾਂਦਾ ਹੈ, ਤਾਂ ਰਾਜ ਦਾ ਸੰਯੁਕਤ ਜੰਗਲ ਅਤੇ ਰੁੱਖ ਕਵਰ 12.58 ਪ੍ਰਤੀਸ਼ਤ ਹੈ, ਜੋ ਕਿ ਨੈਸ਼ਨਲ ਫਾਰੈਸਟ ਪਾਲਿਸੀ ਤਹਿਤ ਤੈਅ ਕੀਤੇ ਗਏ 33 ਪ੍ਰਤੀਸ਼ਤ ਦੇ ਮਿਆਰ ਤੋਂ ਬਹੁਤ ਹੇਠਾਂ ਹੈ। ਇਹ ਬਿੱਲ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐੱਨ ਜੀ ਟੀ) ਦੇ ਨਿਰਦੇਸ਼ਾਂ ਤਹਿਤ ਤਿਆਰ ਕੀਤਾ ਗਿਆ ਹੈ, ਜਿਸ ਨੇ ਪੰਜਾਬ ਸਰਕਾਰ ਨੂੰ ਸ਼ਹਿਰੀ ਖੇਤਰਾਂ ਵਿੱਚ ਰੁੱਖਾਂ ਦੀ ਕਟਾਈ ਨੂੰ ਨਿਯਮਤ ਕਰਨ ਲਈ ਇੱਕ ਸਮਰਪਤ ਕਾਨੂੰਨ ਬਣਾਉਣ ਲਈ ਕਿਹਾ ਸੀ, ਜਿੱਥੇ ਅਜਿਹਾ ਕੋਈ ਵਿਆਪਕ ਕਾਨੂੰਨ ਮੌਜੂਦ ਨਹੀਂ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਐਗਰੋ ਫਾਰੈਸਟਰੀ ਅਤੇ ਫਾਰਮ ਵਿੱਚ ਉਗਾਏ ਜਾਣ ਵਾਲੇ ਵਪਾਰਕ ਰੁੱਖਾਂ ਦੀਆਂ ਪ੍ਰਜਾਤੀਆਂ ਇਸ ਕਾਨੂੰਨ ਦੇ ਦਾਇਰੇ ਤੋਂ ਬਾਹਰ ਰਹਿਣਗੀਆਂ, ਤਾਂ ਜੋ ਕਿਸਾਨਾਂ ਨੂੰ ਰੁੱਖ ਲਗਾਉਣ ਤੋਂ ਨਿਰਉਤਸ਼ਾਹਤ ਨਾ ਕੀਤਾ ਜਾਵੇ।



ਚੀਮਾ ਨੇ ਕਿਹਾ ਕਿ ਕੈਬਨਿਟ ਨੇ ਪੰਜਾਬ ਸਟੇਟ ਆਊਟਸੋਰਸਡ ਪਰਸੋਨਲ (ਟਰਾਂਜ਼ਿਸ਼ਨ ਟੂ ਕੰਟਰੈਕਚੁਅਲ ਐਂਗੇਜਮੈਂਟ) ਬਿੱਲ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ, ਜਿਸ ਨੂੰ ਹੁਣ ਇਸ ਦੇ ਕਾਨੂੰਨ ਬਣਨ ਲਈ ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਮਾਨਸੂਨ ਅਜਲਾਸ ਵਿੱਚ ਪੇਸ਼ ਕੀਤਾ ਜਾਵੇਗਾ। ਸ਼ੁਰੂ ਵਿੱਚ, ਸਰਕਾਰ ਨੇ 65,000 ਕਰਮਚਾਰੀਆਂ ਦੀ ਸੇਵਾਵਾਂ ਨੂੰ ਰੈਗੂਲਰ ਕਰਨ ਦਾ ਰਾਹ ਪੱਧਰਾ ਕਰਨ ਲਈ ਆਰਡੀਨੈਂਸ ਦਾ ਰਸਤਾ ਅਪਣਾਇਆ ਸੀ, ਪਰ ਇਸ ਆਰਡੀਨੈਂਸ ਨੂੰ ਪੰਜਾਬ ਦੇ ਰਾਜਪਾਲ ਵੱਲੋਂ ਪ੍ਰਵਾਨਗੀ ਨਹੀਂ ਦਿੱਤੀ ਗਈ ਸੀ। ਉਨ੍ਹਾ ਕਿਹਾ, 'ਇਹ ਇੱਕ ਮਨੀ ਬਿੱਲ ਹੈ ਅਤੇ ਸਦਨ ਵਿੱਚ ਪੇਸ਼ ਹੋਣ ਤੋਂ ਪਹਿਲਾਂ ਰਾਜਪਾਲ ਦੀ ਪੂਰਵ ਪ੍ਰਵਾਨਗੀ ਦੀ ਲੋੜ ਹੁੰਦੀ ਹੈ। ਸਾਨੂੰ ਯਕੀਨ ਹੈ ਕਿ ਇਹ ਜਲਦ ਹੀ ਹੋ ਜਾਵੇਗਾ।'

ਕੈਬਨਿਟ ਨੇ ਤਿੰਨ ਸਵੈ-ਵਿੱਤ ਪ੍ਰਾਈਵੇਟ ਡਿਜੀਟਲ ਯੂਨੀਵਰਸਿਟੀਆਂ—ਇੱਕ ਹੁਸ਼ਿਆਰਪੁਰ ਵਿੱਚ ਅਤੇ ਦੋ ਪਟਿਆਲਾ ਵਿੱਚ ਸਥਾਪਤ ਕਰਨ ਲਈ ਵੀ ਹਰੀ ਝੰਡੀ ਦੇ ਦਿੱਤੀ ਹੈ। ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਪ੍ਰਾਈਵੇਟ ਅਨਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ ਬਿੱਲ ਨੂੰ ਵੀ ਕੈਬਨਿਟ ਮੀਟਿੰਗ ਵਿੱਚ ਪ੍ਰਵਾਨ ਕਰ ਲਿਆ ਗਿਆ। ਕਲਾਊਡ ਯੂਨੀਵਰਸਿਟੀ ਹੁਸ਼ਿਆਰਪੁਰ, ਬਲਰਾਜ ਸਿੰਘਲਾ ਐਜੂਕੇਸ਼ਨ ਸੁਸਾਇਟੀ ਪਿੰਡ ਫਤਿਹਪੁਰ ਜ਼ਿਲ੍ਹਾ ਪਟਿਆਲਾ ਅਤੇ ਫਿਜ਼ਿਕਸ ਵਾਲਾ ਡਿਜੀਟਲ ਯੂਨੀਵਰਸਿਟੀ ਪਿੰਡ ਨੰਦਪੁਰ ਕੇਸ਼ੂ, ਜ਼ਿਲ੍ਹਾ ਪਟਿਆਲਾ ਵਿਖੇ ਸਥਾਪਤ ਹੋਵੇਗੀ।

ਉਹਨਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਆਊਟਸੋਰਸ ਕਾਮਿਆਂ ਨੂੰ ਠੇਕੇ ਉੱਤੇ ਲਿਆਉਣ ਲਈ ਬਿੱਲ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਸ ਬਿੱਲ ਤਹਿਤ ਜੋਖਮ ਭਰੇ ਕੰਮ ਕਰਨ ਵਾਲੇ ਕਾਮਿਆਂ ਨੂੰ ਆਊਟਸੋਰਸ ਉੱਤੇ ਤਿੰਨ ਸਾਲ ਲਗਾਤਾਰ ਕੰਮ ਕਰਨ ਵਾਲਿਆਂ ਨੂੰ ਠੇਕੇ ਉੱਤੇ ਲਿਆਂਦਾ ਜਾਵੇਗਾ, ਜਦੋਂ ਕਿ ਹੋਰਨਾਂ ਵਿਭਾਗਾਂ ਵਿੱਚ ਪੰਜ ਸਾਲ ਆਊਟਸੋਰਸ ਉੱਤੇ ਸੇਵਾ ਕਰਨ ਵਾਲੇ ਕਾਮਿਆਂ ਨੂੰ ਠੇਕੇ ਅਧੀਨ ਲਿਆਂਦਾ ਜਾਵੇਗਾ।

ਚੀਮਾ ਨੇ ਕਿਹਾ ਕਿ ਮੰਤਰੀ ਮੰਡਲ ਵੱਲੋਂ ਸੂਬੇ ਦੇ ਪ੍ਰਾਈਵੇਟ ਸਕੂਲਾਂ ਵੱਲੋਂ ਸਾਲਾਨਾ ਫੀਸ ਵਿੱਚ ਵੱਧ ਤੋਂ ਵੱਧ ਪੰਜ ਫੀਸਦੀ ਤੱਕ ਦਾ ਵਾਧਾ ਕਰਨ ਲਈ ਵੀ ਬਿੱਲ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਬਿੱਲ ਇਸੇ ਅਜਲਾਸ ਵਿੱਚ ਪੇਸ਼ ਕੀਤਾ ਜਾਵੇਗਾ।

ਪਸ਼ੂ ਪਾਲਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਕੈਬਨਿਟ ਨੇ ਸੂਬੇ ਭਰ ਦੇ 582 ਵੈਟਰਨਰੀ ਹਸਪਤਾਲਾਂ ਵਿੱਚ ਸੇਵਾਵਾਂ ਦੇ ਰਹੇ 449 ਵੈਟਰਨਰੀ ਫਾਰਮਾਸਿਸਟਾਂ ਅਤੇ 451 ਸਫ਼ਾਈ ਸੇਵਕਾਂ ਦੀਆਂ ਸੇਵਾਵਾਂ ਨੂੰ 1 ਅਪ੍ਰੈਲ 2026 ਤੋਂ 31 ਮਾਰਚ 2027 ਤੱਕ ਇੱਕ ਹੋਰ ਸਾਲ ਲਈ ਵਧਾਉਣ ਦੀ ਪ੍ਰਵਾਨਗੀ ਵੀ ਦਿੱਤੀ ਹੈ।

ਮੰਤਰੀ ਮੰਡਲ ਨੇ ਵਡੇਰੇ ਜਨਤਕ ਹਿੱਤਾਂ ਨੂੰ ਮੁੱਖ ਰੱਖਦਿਆਂ ਅੰਮ੍ਰਿਤਸਰ ਜ਼ਿਲ੍ਹੇ ਦੇ ਬਲਾਕ ਜੰਡਿਆਲਾ ਗੁਰੂ ਵਿੱਚੋਂ ਬਲਾਕ ਤਰਸਿੱਕਾ ਬਣਾਉਣ ਦੀ ਪ੍ਰਵਾਨਗੀ ਦਿੱਤੀ ਹੈ। ਨਵੇਂ ਤਰਸਿੱਕਾ ਬਲਾਕ ਵਿੱਚ ਜੰਡਿਆਲਾ ਗੁਰੂ ਬਲਾਕ ਦੀਆਂ 121 ਪਿੰਡ ਪੰਚਾਇਤਾਂ ਵਿੱਚੋਂ 64 ਪੰਚਾਇਤਾਂ ਸ਼ਾਮਲ ਹੋਣਗੀਆਂ।

ਕੈਬਨਿਟ ਨੇ ਲੋਕ ਨਿਰਮਾਣ ਵਿਭਾਗ, ਪੰਜਾਬ ਦੀ ਕਾਰਜਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨਾ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸਿੱਧੀ ਭਰਤੀ ਰਾਹੀਂ ਡਰਾਫਟਸਮੈਨ (ਸਿਵਲ) ਦੀਆਂ 19 ਅਸਾਮੀਆਂ ਭਰਨ ਦੀ ਪ੍ਰਵਾਨਗੀ ਵੀ ਦਿੱਤੀ ਹੈ। ਡਰਾਫਟਸਮੈਨ ਕਾਡਰ ਵਿੱਚ ਕਾਫ਼ੀ ਸਮੇਂ ਤੋਂ ਵੱਡੀ ਗਿਣਤੀ ਵਿੱਚ ਅਸਾਮੀਆਂ ਖਾਲੀ ਪਈਆਂ ਸਨ, ਜਿਸ ਨਾਲ ਪ੍ਰੋਜੈਕਟ ਨਿਗਰਾਨੀ, ਗੁਣਵੱਤਾ ਯਕੀਨੀ ਬਣਾਉਣ, ਤਕਨੀਕੀ ਪੜਤਾਲ ਅਤੇ ਹੋਰ ਜ਼ਰੂਰੀ ਵਿਭਾਗੀ ਕੰਮਾਂ 'ਤੇ ਮਾੜਾ ਅਸਰ ਪੈ ਰਿਹਾ ਸੀ। ਕੈਬਨਿਟ ਨੇ ਸਵੈ-ਇੱਛੁਕ ਪਾਲਣਾ ਨੂੰ ਉਤਸ਼ਾਹਤ ਕਰਨ, ਮੁਕੱਦਮੇਬਾਜ਼ੀ

• ਬਾਕੀ ਸਫਾ 2 'ਤੇ

## 152 ਹੋਰ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਭਰ ਦੀਆਂ ਸਾਰੀਆਂ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਫੈਸਲੇ ਨਾਲ 152 ਹੋਰ ਗਊਸ਼ਾਲਾਵਾਂ ਨੂੰ ਮੁਫ਼ਤ ਬਿਜਲੀ ਦਾ ਲਾਭ ਮਿਲੇਗਾ, ਜਿਸ ਨਾਲ ਪੰਜਾਬ ਸਰਕਾਰ ਤੋਂ ਮੁਫ਼ਤ ਬਿਜਲੀ ਪ੍ਰਾਪਤ ਕਰਨ ਵਾਲੀਆਂ ਗਊਸ਼ਾਲਾਵਾਂ ਦੀ ਕੁੱਲ ਗਿਣਤੀ 518 ਹੋ ਜਾਵੇਗੀ। ਇੱਥੇ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮਾਨ ਨੇ ਕਿਹਾ— ਸੂਬੇ ਭਰ ਵਿੱਚ ਬੇਸਹਾਰਾ ਪਸ਼ੂਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਗਊਸ਼ਾਲਾਵਾਂ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਪ੍ਰਬੰਧਕੀ ਕਮੇਟੀਆਂ ਗਊ ਮਾਤਾ ਦੀ ਸੇਵਾ ਲਈ ਆਪਣਾ ਜੀਵਨ ਸਮਰਪਤ ਕਰਨ ਲਈ ਸ਼ਲਾਘਾ ਦੀਆਂ ਹੱਕਦਾਰ ਹਨ ਅਤੇ ਗਊ ਸੇਵਾ ਹੀ ਸਭ ਤੋਂ ਵੱਡੀ ਪੂਜਾ ਹੈ।

## ਕੰਢੀ ਖੇਤਰ ਨੂੰ ਸੈਰ-ਸਪਾਟਾ ਕੇਂਦਰ ਵਜੋਂ ਉਤਸ਼ਾਹਤ ਕਰਾਂਗੇ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਸੂਬੇ ਦੇ ਕੰਢੀ ਅਤੇ ਸਰਹੱਦੀ ਖੇਤਰਾਂ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਆਪਣੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਈ। ਬਾਰਡਰ ਤੇ ਕੰਢੀ ਏਰੀਆ ਡਿਵੈੱਲਪਮੈਂਟ ਬੋਰਡ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਕੰਢੀ ਖੇਤਰ ਵਿੱਚ ਸੈਰ-ਸਪਾਟੇ ਨੂੰ ਉਤਸ਼ਾਹਤ ਕਰਨ ਅਤੇ ਇਨ੍ਹਾਂ ਖੇਤਰਾਂ ਦੇ ਸਮੁੱਚੇ ਵਿਕਾਸ ਵਿੱਚ ਤੇਜ਼ੀ ਲਿਆਉਣ ਲਈ ਸਾਂਝੇ ਯਤਨ ਕਰਨ ਦੇ ਨਿਰਦੇਸ਼ ਦਿੱਤੇ। ਕੰਢੀ ਖੇਤਰ ਵਿੱਚ ਸੈਰ-ਸਪਾਟੇ ਨੂੰ ਉਤਸ਼ਾਹਤ ਕਰਨ ਲਈ ਠੋਸ ਯਤਨਾਂ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਕੰਢੀ ਖੇਤਰ ਦੇ ਇੱਕ ਬਿਹਤਰੀਨ ਸੈਰ-ਸਪਾਟਾ ਕੇਂਦਰ ਵਜੋਂ ਉਭਰਨ ਦੀ ਅਥਾਹ ਸਮਰੱਥਾ ਹੈ, ਜੋ ਦੁਨੀਆ ਭਰ ਦੇ ਸੈਲਾਨੀਆਂ ਨੂੰ ਆਕਰਸ਼ਤ

• ਬਾਕੀ ਸਫਾ 2 'ਤੇ







## ਬੇਜ਼ਮੀਨੇ ਮਜ਼ਦੂਰਾਂ ਵੱਲੋਂ ਸੰਘਰਸ਼ ਪ੍ਰਚੰਡ ਕਰਨ ਦਾ ਐਲਾਨ

**ਜਲੰਧਰ (ਗਿਆਨ ਸੈਦਪੁਰੀ)** : ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਐਲਾਨੇ ਸੰਘਰਸ਼ ਦੇ ਸੱਦੇ ਤਹਿਤ ਬੁੱਧਵਾਰ ਪੰਜਾਬ ਭਰ 'ਚੋਂ ਆਏ ਬੇਜ਼ਮੀਨੇ ਮਜ਼ਦੂਰ ਮਰਦ-ਔਰਤਾਂ ਨੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਰੈਲੀ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਜਲੰਧਰ ਸਥਿਤ ਰਿਹਾਇਸ਼ ਵੱਲ ਰੋਹਲਾ ਮਾਰਚ ਕੀਤਾ, ਸਰਕਾਰ ਵਿਰੁੱਧ ਗੁੱਸੇ ਤੇ ਰੋਹ ਨਾਲ ਭਰੇ-ਪੀਤੇ ਮਜ਼ਦੂਰ ਇਸ ਗੱਲੋਂ ਖ਼ਫ਼ਾ ਹਨ ਕਿ ਪਿਛਲੇ ਸਾਢੇ ਚਾਰ ਸਾਲਾਂ ਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬੇਜ਼ਮੀਨੇ ਲੋਕਾਂ ਦੀ ਸਾਰ ਨਹੀਂ ਲਈ, ਫੋਕੇ ਲਾਰੇ ਅਤੇ ਝੂਠੇ ਵਾਅਦਿਆਂ ਨਾਲ ਹੁਣ ਤੱਕ ਸਰਕਾਰ ਡੰਗ ਸਾਰ ਰਹੀ ਹੈ। ਮਜ਼ਦੂਰ ਆਗੂਆਂ ਕਿਹਾ ਕਿ ਸੰਘਰਸ਼ਸ਼ੀਲ ਮਜ਼ਦੂਰ ਜਥੇਬੰਦੀਆਂ ਨਾਲ ਮੀਟਿੰਗ ਤੈਅ ਕਰਕੇ ਪੰਜ ਵਾਰ ਮੁੱਖ ਮੰਤਰੀ ਪੰਜਾਬ ਨੇ ਮੀਟਿੰਗ ਨਹੀਂ ਕੀਤੀ। ਉਹਨਾਂ ਕਿਹਾ ਕਿ ਅਸਲ ਵਿਚ ਮੁੱਖ ਮੰਤਰੀ ਸਮਾਜ ਦੇ ਸਭ ਤੋਂ ਦਰੜੇ ਲੋਕਾਂ ਪ੍ਰਤੀ ਵਿਤਕਰੇਬਾਜ਼ੀ ਕਰ ਰਹੇ ਹਨ।

ਲੋਕਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ, ਆਲ ਇੰਡੀਆ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਮੀਤ ਪ੍ਰਧਾਨ ਭੂਪ ਚੰਦ ਚੰਨੋ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਜੋਰਾ ਸਿੰਘ ਨਸਰਾਲੀ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਗੋਬਿੰਦ ਸਿੰਘ ਛਾਜਲੀ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਚਮਕੌਰ ਸਿੰਘ ਖੇੜੀ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸੂਬਾ ਆਗੂ ਧਰਮਵੀਰ ਹਰੀਗੜ੍ਹ ਅਤੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਪ੍ਰਗਟ ਸਿੰਘ ਕਾਲਾਝਾੜ ਨੇ ਕਿਹਾ ਕਿ ਸੱਤਾ ਵਿਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ, ਤਿੰਨ ਮਹੀਨਿਆਂ ਵਿਚ ਨਸ਼ੇ ਖ਼ਤਮ ਕਰਨ, ਲਾਲ ਲਕੀਰ ਅੰਦਰਲੇ ਘਰਾਂ ਦੀਆਂ ਰਜਿਸਟਰੀਆਂ ਕਰਨ, ਵਿਧਵਾ, ਬੁਢਾਪਾ, ਅੰਗਹੀਣ ਪੈਨਸ਼ਨਾਂ 'ਚ ਵਾਧਾ ਕਰਨ ਦਾ ਵਾਅਦਾ ਕੀਤਾ ਸੀ। ਸਭ ਤੋਂ ਵਧ ਕੇ ਪ੍ਰਚਾਰਿਆ ਗਿਆ ਕਿ ਸਾਡੇ ਰਾਜ ਵਿੱਚ ਕਿਸੇ ਨੂੰ ਧਰਨੇ ਲਾਉਣ ਦੀ ਲੋੜ ਨਹੀਂ ਪਵੇਗੀ, ਪਰ ਹੋਇਆ ਇਸ ਦੇ ਉਲਟ। ਮੋਦੀ ਸਰਕਾਰ ਵਲੋਂ ਲਿਆਂਦੇ ਮਜ਼ਦੂਰ ਵਿਰੋਧੀ ਲੇਬਲ ਕੋਡ, ਪੰਜਾਬ ਵਿੱਚ ਸਭ ਤੋ ਪਹਿਲਾਂ ਲਾਗੂ ਕੀਤੇ ਗਏ, ਕੇਂਦਰ ਸਰਕਾਰ ਵੱਲੋਂ ਜੀ ਰਾਮ ਜੀ ਕਾਨੂੰਨ ਰਾਹੀਂ, ਜੋ ਮਨਰੇਗਾ ਦਾ ਭੋਗ ਪਾਇਆ, ਉਵੇਂ ਹੀ ਪੰਜਾਬ ਵਿਚ ਮਨਰੇਗਾ ਮਜ਼ਦੂਰਾਂ ਦਾ ਰੁਜ਼ਗਾਰ ਠੱਪ ਪਿਆ ਹੈ, ਮਜ਼ਦੂਰ ਆਗੂਆਂ ਨੇ ਕਿਹਾ ਕਿ ਜਿਹੜੀ ਸਰਕਾਰ ਕਹਿੰਦੀ ਸੀ ਅਸੀਂ ਮਸ਼ਹੂਰੀਆਂ 'ਤੇ ਪੈਸੇ ਨਹੀਂ ਖਰਚਣੇ , ਉਹ ਬੱਚਿਆਂ ਦੇ ਸਕੂਲ ਬੈਗਾਂ ਅਤੇ ਤੀਰਥ ਯਾਤਰੀ ਬੱਸਾਂ 'ਤੇ ਵੀ ਇਸ਼ਤਿਹਾਰ ਲਾ ਰਹੀ ਹੈ।

• ਬਾਕੀ ਸਫਾ 2 'ਤੇ

## ਈ-20 'ਕਾਕਰੋਚਾਂ' ਦੇ ਏਜੰਡੇ 'ਤੇ

**ਛਤਰਪਤੀ ਸਾਂਭਾਜੀ ਨਗਰ** : ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭੀਜੀਤ ਦੀਪਕੇ ਨੇ ਕਿਹਾ ਕਿ ਸੀ ਜੇ ਪੀ ਫਿਲਹਾਲ ਇੱਕ ਪ੍ਰੈਸ਼ਰ ਗਰੁੱਪ ਵਜੋਂ ਕੰਮ ਕਰੇਗੀ, ਕਿਉਂਕਿ ਇਸ ਵੇਲੇ ਭਾਰਤ ਨੂੰ ਇਸੇ ਦੀ ਸਭ ਤੋਂ ਵੱਧ ਲੋੜ ਹੈ। ਇੱਥੇ ਸੀ ਜੇ ਪੀ ਦੀ ਕੋਰ ਟੀਮ ਦੀ ਦੋ ਦਿਨਾ ਬੈਠਕ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੀਪਕੇ ਨੇ ਕਿਹਾ ਕਿ ਇਸ ਬੈਠਕ ਵਿੱਚ ਮੀਡੀਆ ਅਤੇ ਨਿਆਂਪਾਲਿਕਾ ਵਰਗੀਆਂ ਸੰਸਥਾਵਾਂ ਵਿੱਚ ਲੋਕਾਂ ਦੇ ਘਟਦੇ ਭਰੋਸੇ 'ਤੇ ਗੰਭੀਰ ਚਰਚਾ ਕੀਤੀ ਜਾਵੇਗੀ। ਇਸ ਤੋਂ ਇਲਾਵਾ ਈਥਾਨੌਲ-ਮਿਸ਼ਰਤ ਈਂਧਣ ਅਤੇ ਵਧਦੀ ਬੇਰੁਜ਼ਗਾਰੀ ਵਰਗੇ ਅਹਿਮ ਮੁੱਦੇ ਵੀ ਚੁੱਕੇ ਜਾਣਗੇ। ਸੀ ਜੇ ਪੀ ਦੇ ਮੁੱਖ ਬੁਲਾਰੇ ਸੌਰਵ ਦਾਸ ਨੇ ਦੱਸਿਆ ਕਿ ਸੋਨਮ ਵਾਂਗਚੁੱਕ ਪਾਰਟੀ ਦੇ ਮਾਰਗਦਰਸ਼ਕ ਵਜੋਂ ਬਣੇ ਰਹਿਣਗੇ।

## 'ਆਪ' ਤੋਂ ਆਏ ਸਾਂਸਦਾਂ ਨੂੰ ਮੋਦੀ ਨੇ ਨਾਸ਼ਤਾ ਕਰਵਾਇਆ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਤੋਂ ਭਾਜਪਾ ਵਿੱਚ ਸ਼ਾਮਲ ਹੋਏ ਸਾਰੇ ਸੱਤ ਰਾਜ ਸਭਾ ਮੈਂਬਰਾਂ ਨੂੰ ਬੁੱਧਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਨਾਸ਼ਤਾ ਕਰਵਾਇਆ ਗਿਆ। ਉਨ੍ਹਾਂ ਤੋਂ ਇਲਾਵਾ ਭਾਜਪਾ ਦੇ ਸਾਰੇ 36 ਨਵੇਂ ਚੁਣੇ ਗਏ ਰਾਜ ਸਭਾ ਮੈਂਬਰ ਵੀ ਸੱਦੇ ਗਏ ਸਨ। ਨਾਸ਼ਤਾ ਕਰਨ ਵਾਲਿਆਂ 'ਚ ਰਾਘਵ ਚੱਢਾ, ਸੰਦੀਪ ਪਾਠਕ, ਵਿਕਰਮਜੀਤ ਸਿੰਘ ਸਾਹਨੀ, ਸਵਾਤੀ ਮਾਲੀਵਾਲ, ਅਸ਼ੋਕ ਮਿੱਤਲ ਅਤੇ ਹੋਰ ਸ਼ਾਮਲ ਸਨ।

## ਪੰਜਾਬ ਦੇ ਮਣੀਮਹੇਸ਼ ਸ਼ਰਧਾਲੂ ਦੀ ਮੌਤ

**ਧਰਮਸ਼ਾਲਾ** : ਚੰਬਾ-ਭਰਮੌਰ ਸੜਕ 'ਤੇ ਬੁੱਧਵਾਰ ਪੰਜਾਬ ਦੇ ਇੱਕ ਮਣੀਮਹੇਸ਼ ਸ਼ਰਧਾਲੂ ਦੀ ਥਾਰ 'ਤੇ ਪੱਥਰ ਡਿੱਗਣ ਕਾਰਨ ਮੌਤ ਹੋ ਗਈ। ਹਾਦਸਾ ਮੇਹਲਾ ਨੇੜੇ ਤੜਕੇ 3 ਵਜੇ ਦੇ ਕਰੀਬ ਵਾਪਰਿਆ, ਜਦੋਂ ਚਾਰ ਦੋਸਤ ਮਣੀਮਹੇਸ਼ ਯਾਤਰਾ ਲਈ ਭਰਮੌਰ ਜਾ ਰਹੇ ਸਨ। ਪੁਲਸ ਨੇ ਦੱਸਿਆ ਕਿ ਪੱਥਰ ਛੱਤ ਤੋੜ ਕੇ ਸਿੱਧੇ ਸ਼ਰਧਾਲੂ ਦੇ ਵੱਜਾ। ਮ੍ਰਿਤਕ ਦੀ ਪਛਾਣ ਹੁਸ਼ਿਆਰਪੁਰ ਜ਼ਿਲ੍ਹੇ ਦੇ ਮੱਲ੍ਹੀਆਂ ਪਿੰਡ ਦੇ ਮੱਖਣ ਸਿੰਘ (40) ਵਜੋਂ ਹੋਈ ਹੈ। ਉਸ ਦੇ ਬਾਕੀ ਤਿੰਨ ਦੋਸਤ ਵਾਲ-ਵਾਲ ਬਚੇ।

## ਖੁਸ਼ੀ ਵੱਡੇ ਗ਼ਮ 'ਚ ਬਦਲੀ

**ਕਪੂਰਥਲਾ (ਨ ਜ਼ ਸ)** : ਸ਼ਹਿਰ ਦੇ ਤਿਰਲੋਕੀ ਨਾਥ ਇਲਾਕੇ ਵਿੱਚ ਮੰਗਲਵਾਰ ਪਾਣੀ ਨਾਲ ਭਰੀ ਬਾਲਟੀ ਵਿੱਚ ਡਿੱਗਣ ਕਾਰਨ ਇੱਕ ਸਾਲ ਦੀ ਬੱਚੀ ਦੀ ਮੌਤ ਹੋ ਗਈ। ਰਵੀ ਮਹਿਤੋ ਦੀ ਬੇਟੀ ਖੁਸ਼ੀ ਘਰ ਦੇ ਅੰਦਰ ਖੇਡ ਰਹੀ ਸੀ ਕਿ ਅਚਾਨਕ ਬਾਲਟੀ ਵਿੱਚ ਜਾ ਡਿੱਗੀ। ਕੁਝ ਹੀ ਸਮੇਂ ਬਾਅਦ ਜਦੋਂ ਪਰਵਾਰਕ ਮੈਂਬਰਾਂ ਦੀ ਨਜ਼ਰ ਬੱਚੀ 'ਤੇ ਪਈ ਤਾਂ ਤੁਰੰਤ ਸਿਵਲ ਹਸਪਤਾਲ ਲੈ ਕੇ ਪਹੁੰਚੇ। ਡਾਕਟਰ ਨੇ ਬੱਚੀ ਦੀ ਜਾਂਚ ਕਰਨ ਤੋਂ ਬਾਅਦ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

## ਦੁਬਈ 'ਚ 20 ਮਿੰਟਾਂ 'ਚ 7 ਧਮਾਕੇ

**ਤਹਿਰਾਨ (ਨ ਜ਼ ਸ)** : ਈਰਾਨੀ ਮੀਡੀਆ ਰਿਪੋਰਟਾਂ ਮੁਤਾਬਕ ਬੁੱਧਵਾਰ ਤੜਕੇ ਦੁਬਈ ਦੇ ਜੇਬਲ ਅਲੀ ਇੰਡਸਟ੍ਰੀਅਲ ਏਰੀਏ ਵਿੱਚ 20 ਮਿੰਟਾਂ ਦੇ ਅੰਦਰ ਘੱਟੋ-ਘੱਟ ਸੱਤ ਧਮਾਕੇ ਸੁਣੇ ਗਏ । ਸੋਸ਼ਲ ਮੀਡੀਆ 'ਤੇ ਸਾਂਝੇ ਕੀਤੇ ਗਏ ਵੀਡੀਓਜ਼ ਵਿੱਚ ਸੰਘਣੇ ਧੂੰਏਂ ਦੇ ਵੱਡੇ-ਵੱਡੇ ਗੁਬਾਰ ਅਸਮਾਨ ਵੱਲ ਉੱਠਦੇ ਦਿਖਾਈ ਦਿੱਤੇ। ਅਧਿਕਾਰੀਆਂ ਨੇ ਇਸ ਗੱਲ ਦੀ ਪੁਸ਼ਟੀ ਨਹੀਂ ਕੀਤੀ ਕਿ ਧਮਾਕੇ ਕਿਸੇ ਹਮਲੇ ਕਾਰਨ ਹੋਏ ਜਾਂ ਕਿਸੇ ਸਨਅਤੀ ਹਾਦਸੇ ਕਾਰਨ। ਘਟਨਾ ਨੂੰ ਰਿਕਾਰਡ ਕਰਨ ਦੇ ਦੋਸ਼ ਵਿੱਚ ਦੋ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਦੱਖਣ-ਪੱਛਮੀ ਦੁਬਈ ਵਿੱਚ ਸਥਿਤ ਜੇਬਲ ਅਲੀ ਖੇਤਰ ਮਹੱਤਵਪੂਰਨ ਲੌਜਿਸਟਿਕਸ, ਵਪਾਰਕ ਅਤੇ ਸਨਅਤੀ ਕੇਂਦਰ ਵਜੋਂ ਕੰਮ ਕਰਦਾ ਹੈ। ਇਸ ਖੇਤਰ ਵਿੱਚ ਜੇਬਲ ਅਲੀ ਬੰਦਰਗਾਹ ਅਤੇ ਜੇਬਲ ਅਲੀ ਫ੍ਰੀ ਜ਼ੋਨ (ਜਾਫਜ਼ਾ) ਸ਼ਾਮਲ ਹਨ, ਜੋ ਕਿ 1985



ਵਿੱਚ ਸਥਾਪਤ ਇੱਕ ਕੌਮਾਂਤਰੀ ਵਪਾਰ ਕੇਂਦਰ ਹੈ, ਜਿਸ ਵਿੱਚ ਵਰਤਮਾਨ ਵਿੱਚ 150 ਤੋਂ ਵੱਧ ਦੇਸ਼ਾਂ ਦੀ ਨੁਮਾਇੰਦਗੀ ਕਰਨ ਵਾਲੀਆਂ 11,000 ਤੋਂ ਵੱਧ ਕੰਪਨੀਆਂ ਹਨ।

## ਰਿਸ਼ਵਤ ਲੈਂਦੀ ਰੰਗੇ ਹੱਥੀਂ ਫੜੀ

**ਚੰਡੀਗੜ੍ਹ (ਗੁਰਜੀਤ ਬਿੱਲਾ)** : ਪੰਜਾਬ ਵਿਜੀਲੈਂਸ ਬਿਊਰੋ ਦੀ ਟੀਮ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76 ਮੁਹਾਲੀ ਵਿਖੇ ਤਾਇਨਾਤ ਮਾਲ ਵਿਭਾਗ ਦੀ ਸੀਨੀਅਰ ਅਸਿਸਟੈਂਟ ਭੁਪਿੰਦਰ ਕੌਰ ਨੂੰ ਮੰਗਲਵਾਰ ਸ਼ਾਮ ਕਰੀਬ 4 ਵਜੇ ਇੱਕ ਲੱਖ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ। ਬਟਾਲਾ ਦੇ ਸ਼ਿਕਾਇਤਕਰਤਾ ਪ੍ਰਭਜੀਤ ਸਿੰਘ ਨੇ ਸ਼ਿਕਾਇਤ ਦਿੱਤੀ ਸੀ ਕਿ ਖੁੱਡਾ ਅਲੀਸ਼ੇਰ ਦੀ ਰਹਿਣ ਵਾਲੀ ਕਲਰਕ/ਸੀਨੀਅਰ ਅਸਿਸਟੈਂਟ ਭੁਪਿੰਦਰ ਕੌਰ ਨੇ ਸੈਕਟਰ 111-112 ਸਥਿਤ ਸਕਾਈਰੌਕ ਵੈੱਲਫੇਅਰ ਸੁਸਾਇਟੀ ਵਿੱਚ ਨਿਲਾਮੀ ਵਾਲੇ ਪਲਾਟ ਅਲਾਟ ਕਰਵਾਉਣ ਦਾ ਭਰੋਸਾ ਦੇ ਕੇ 8 ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਇਸ ਮੰਗ ਦੀ ਪਹਿਲੀ ਕਿਸ਼ਤ ਵਜੋਂ ਇੱਕ ਲੱਖ ਰੁਪਏ ਲੈਂਦਿਆਂ ਵਿਜੀਲੈਂਸ ਟੀਮ ਨੇ ਉਸ ਨੂੰ ਮੌਕੇ 'ਤੇ ਹੀ ਦਬੋਚ ਲਿਆ। ਦੱਸਿਆ ਜਾਂਦਾ ਹੈ ਕਿ ਭੁਪਿੰਦਰ ਕੌਰ ਨੂੰ ਹਾਲ ਹੀ ਵਿੱਚ ਵਿਸ਼ੇਸ਼ ਬੇਨਤੀ 'ਤੇ ਮਾਲ ਵਿਭਾਗ ਵਿੱਚ ਤਾਇਨਾਤ ਕੀਤਾ ਗਿਆ ਸੀ। ਵਿਜੀਲੈਂਸ ਬਿਊਰੋ ਦੇ ਅਧਿਕਾਰੀਆਂ ਅਨੁਸਾਰ ਪਲਾਟਾਂ ਦੀ ਅਲਾਟਮੈਂਟ ਪ੍ਰਕਿਰਿਆ ਵਿੱਚ ਵਿਭਾਗ ਦੇ ਹੋਰ ਉੱਚ ਅਧਿਕਾਰੀਆਂ ਦੀ ਭੂਮਿਕਾ ਦੀ ਵੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।

## ਰੁਜ਼ਗਾਰ ਤੇ ਸਨਅਤੀ ਨਿਵੇਸ਼ ਲਈ ਸਰਕਾਰ ਦੀ ਸ਼ਲਾਘਾ ਕਰਦਾ ਮਤਾ ਪਾਸ

**ਚੰਡੀਗੜ੍ਹ (ਨ ਜ਼ ਸ)** : ਪੰਜਾਬ ਅਸੈਂਬਲੀ ਨੇ ਬੁੱਧਵਾਰ ਦੇ ਮੌਨਸੂਨ ਰੁਜ਼ਗਾਰ ਅਤੇ ਸਨਅਤੀ ਨਿਵੇਸ਼ ਲਈ ਧੰਨਵਾਦੀ ਮਤਾ ਪਾਸ ਕੀਤਾ। ਸਦਨ ਨੇ ਸਰਕਾਰ ਦੀਆਂ ਰੁਜ਼ਗਾਰ ਨੀਤੀਆਂ, ਪਾਰਦਰਸ਼ੀ ਭਰਤੀ ਪ੍ਰਕਿਰਿਆ ਅਤੇ ਸੂਬੇ ਵਿੱਚ ਆਏ ਵੱਡੇ ਸਨਅਤੀ ਨਿਵੇਸ਼ ਦੀ ਸ਼ਲਾਘਾ ਕੀਤੀ। ਪਾਸ ਕੀਤੇ ਮਤੇ ਵਿੱਚ ਕਿਹਾ ਗਿਆ ਕਿ ਸਰਕਾਰ ਵੱਲੋਂ ਅਪ੍ਰੈਲ 2022 ਤੋਂ ਹੁਣ ਤੱਕ ਪਾਰਦਰਸ਼ੀ ਅਤੇ ਯੋਗਤਾ-ਅਧਾਰਤ ਪ੍ਰਕਿਰਿਆ ਰਾਹੀਂ 68,228 ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ। ਇਸੇ ਤਰ੍ਹਾਂ 16 ਮਾਰਚ 2022 ਤੋਂ 31 ਜੁਲਾਈ 2026 ਤੱਕ 1,83,837 ਕਰੋੜ ਰੁਪਏ ਦੇ

• ਬਾਕੀ ਸਫਾ 2 'ਤੇ

## ਜ਼ੁਕਰਬਰਗ ਨੇ ਮੁਆਫੀ ਮੰਗਣ 'ਚ ਹੀ ਫਾਇਦਾ ਲੱਭਿਆ



**ਨਵੀਂ ਦਿੱਲੀ (ਨ ਜ਼ ਸ)** : ਇੱਕ ਵੱਡੇ ਘਟਨਾਕ੍ਰਮ ਵਿੱਚ ਮੈਟਾ ਦੇ ਮੁਖੀ ਮਾਰਕ ਜ਼ੁਕਰਬਰਗ ਨੇ ਭਾਰਤ ਵਿੱਚ ਸੋਸ਼ਲ ਮੀਡੀਆ ਦੀ ਮਹਾਂਰਥੀ ਕੰਪਨੀ ਦੇ ਸੰਚਾਲਨ ਬਾਰੇ ਕੇਂਦਰ ਸਰਕਾਰ ਨੂੰ ਪ੍ਰੇਸ਼ਾਨ ਕਰਨ ਵਾਲੇ ਕਈ ਮੁੱਦਿਆਂ 'ਤੇ ਆਈ ਟੀ ਸੰਸਦੀ ਕਮੇਟੀ ਅਤੇ ਸਰਕਾਰ ਨੂੰ ਆਪਣੀ ਮੁਆਫੀ ਭੇਜ ਦਿੱਤੀ ਹੈ। ਇਹ ਮੁਆਫੀ ਮੈਟਾ ਦੇ ਚੋਟੀ ਦੇ ਅਧਿਕਾਰੀਆਂ ਵੱਲੋਂ ਵੀ ਮੰਗੀ ਗਈ, ਜਿਨ੍ਹਾਂ ਨੇ ਬੁੱਧਵਾਰ ਰੇਲ ਭਵਨ ਵਿਖੇ ਸੂਚਨਾ ਅਤੇ ਪ੍ਰਸਾਰਨ ਮੰਤਰੀ ਅਸ਼ਵਨੀ ਵੈਸ਼ਨਵ ਨਾਲ ਮੁਲਾਕਾਤ ਕੀਤੀ। ਸਰਕਾਰੀ ਸੂਤਰਾਂ ਨੇ ਦੱਸਿਆ, 'ਮਾਰਕ ਜ਼ੁਕਰਬਰਗ ਨੇ ਸੀ ਐੱਸ ਏ ਐੱਮ (ਬਾਲ ਜਿਨਸੀ ਸ਼ੋਸ਼ਣ ਸਮਗਰੀ), ਡੀਪਫੇਕ ਸਮਗਰੀ ਅਤੇ ਪਲੇਟਫਾਰਮ ਨੂੰ ਚਲਾਉਣ ਵਿੱਚ ਹੋਈਆਂ ਗਲਤੀਆਂ ਲਈ ਮੁਆਫੀ ਭੇਜ ਦਿੱਤੀ ਹੈ। ਉਸ ਨੇ ਸਵੀਕਾਰ ਕੀਤਾ ਕਿ ਕੁਝ ਖਾਸ ਕਿਸਮ ਦੀ ਸਮਗਰੀ ਨੂੰ ਬੂਸਟ ਕਰਨ ਲਈ ਬਹੁਤ ਸਾਰਾ ਪੈਸਾ ਦਿੱਤਾ ਗਿਆ ਸੀ। ਉਸ ਨੇ ਮੁਆਫੀ ਮੰਗੀ ਅਤੇ ਗਲਤੀ 'ਤੇ ਅਫਸੋਸ ਪ੍ਰਗਟ ਕੀਤਾ।' ਇਸ ਤੋਂ

• ਬਾਕੀ ਸਫਾ 2 'ਤੇ

## 18 ਘੰਟੇ ਬਾਥਰੂਮ 'ਚ ਫਸੀ ਰਹੀ



**ਮਲੋਟ (ਨ ਜ਼ ਸ)** : ਇੱਥੇ ਮੰਗਲਵਾਰ ਦੁਪਹਿਰ ਤੋਂ ਲਾਪਤਾ ਬੀਬੀ ਬੁੱਧਵਾਰ ਸਵੇਰੇ ਫਾਇਰ ਬ੍ਰਿਗੇਡ ਦਫਤਰ ਨੇੜੇ ਸਥਿਤ ਆਯੁਸ਼ਮਾਨ ਆਰੋਗਿਆ ਕੇਂਦਰ ਦੇ ਬਾਥਰੂਮ ਵਿੱਚੋਂ ਮਿਲੀ। ਸਟਾਫ ਵੱਲੋਂ ਅੰਦਰ ਜਾਂਚ ਕੀਤੇ ਬਿਨਾਂ ਹੀ ਕਲੀਨਿਕ ਨੂੰ ਜਿੰਦਾ ਲਗਾ ਕੇ ਚਲੇ ਜਾਣ ਕਾਰਨ ਉਹ ਲੱਗਭੱਗ 18 ਘੰਟੇ ਅੰਦਰ ਹੀ ਫਸੀ ਰਹੀ। ਵਾਰਡ ਨੰਬਰ 10 ਦੀ ਕ੍ਰਿਸ਼ਨਾ ਰਾਣੀ, ਜੋ ਕਿ ਘਰਾਂ 'ਚ ਕੰਮ ਕਰਦੀ ਹੈ, ਦਵਾਈ ਲੈਣ ਲਈ ਸਿਹਤ ਕੇਂਦਰ ਆਈ ਸੀ। ਉਹ ਕੇਂਦਰ ਦੇ ਬਾਥਰੂਮ ਵਿੱਚ ਗਈ ਸੀ, ਪਰ ਸਟਾਫ ਦੁਪਹਿਰ ਕਰੀਬ 2 ਵਜੇ ਕੇਂਦਰ ਬੰਦ ਕਰਕੇ ਚਲਾ ਗਿਆ। ਪਰਵਾਰਕ ਮੈਂਬਰ ਰਾਤ ਭਰ ਉਸ ਦੀ ਭਾਲ ਕਰਦੇ ਰਹੇ ਅਤੇ ਪੁਲਸ ਨੂੰ ਵੀ ਸੂਚਿਤ ਕੀਤਾ। ਉਸ ਦਾ ਪਤਾ ਬੁੱਧਵਾਰ ਸਵੇਰੇ 8 ਵਜੇ ਦੇ ਕਰੀਬ ਉਦੋਂ ਲੱਗਿਆ ਜਦੋਂ ਸਿਹਤ ਕੇਂਦਰ ਮੁੜ ਖੁੱਲ੍ਹਿਆ। ਮਲੋਟ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਰਾਜਿੰਦਰ ਕੁਮਾਰ ਨੇ ਕੇਂਦਰ ਦੇ ਸਟਾਫ ਤੋਂ ਲਿਖਤੀ ਜਵਾਬ ਮੰਗਿਆ ਹੈ ਅਤੇ ਉੱਥੇ ਤਾਇਨਾਤ ਡਾਕਟਰ ਨੂੰ ਹਦਾਇਤ ਕੀਤੀ ਹੈ ਕਿ ਸਟਾਫ ਉਸ ਦੇ ਘਰ ਜਾ ਕੇ ਉਸ ਦੀ ਸਿਹਤ ਦੀ ਜਾਂਚ ਕਰੇ ਅਤੇ ਲੋੜ ਪੈਣ 'ਤੇ ਉਸ ਨੂੰ ਸਿਵਲ ਹਸਪਤਾਲ ਲਿਆਂਦਾ ਜਾਵੇ।

## ਏ ਐੱਸ ਆਈ ਨੇ ਗੱਡੀ ਬਣਾ'ਤੀ ਰੇਲ ਗੱਡੀ

**ਅੰਮ੍ਰਿਤਸਰ (ਨ ਜ਼ ਸ)** ਇੱਥੇ ਸ਼ਰਾਬ ਦੇ ਨਸ਼ੇ ਵਿੱਚ ਏ ਐੱਸ ਆਈ ਨੇ ਪੀ ਸੀ ਆਰ ਗੱਡੀ ਸਿੱਧੀ ਰੇਲਵੇ ਟਰੈਕ 'ਤੇ ਚੜ੍ਹਾ ਦਿੱਤੀ। ਭਗਤਾਂਵਾਲਾ ਰੇਲਵੇ ਫਾਟਕ ਨੇੜੇ ਵਾਪਰੀ ਇਸ ਘਟਨਾ ਤੋਂ ਬਾਅਦ ਮੌਕੇ 'ਤੇ ਇਕੱਠੇ ਹੋਏ ਲੋਕਾਂ ਨੇ ਇਸ ਦੀ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਦਿੱਤੀ। ਚਸ਼ਮਦੀਦਾਂ ਮੁਤਾਬਕ ਏ ਐੱਸ ਆਈ ਬਲਵਿੰਦਰ ਸਿੰਘ ਏਨਾ ਟੱਲੀ ਸੀ ਕਿ ਗੱਡੀ ਰੇਲਵੇ ਲਾਈਨਾਂ 'ਤੇ ਲੈ ਗਿਆ, ਜਿੱਥੇ ਜਾ ਕੇ ਉਹ ਫਸ ਗਈ। ਲੋਕਾਂ ਨੇ ਉਸ ਕੋਲੋਂ ਪੁੱਛਗਿੱਛ ਕੀਤੀ ਤਾਂ ਉਸ ਨੇ ਬੇਸ਼ਰਮੀ ਨਾਲ ਜਵਾਬ ਦਿੱਤਾ, "ਮੈਂ ਤਾਂ ਥੋੜ੍ਹੀ ਜਿਹੀ ਹੀ ਪੀਤੀ ਸੀ, ਮੈਨੂੰ ਨਹੀਂ ਪਤਾ ਗੱਡੀ ਇੱਥੇ ਕਿਵੇਂ ਆ ਗਈ।" ਥਾਣਾ ਅੰਨਗੜ੍ਹ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਗੱਡੀ ਟਰੈਕ ਤੋਂ ਹਟਾਈ ਅਤੇ ਏ ਐੱਸ ਆਈ ਨੂੰ ਲੈ ਗਈ। ਜੇ ਉਸ ਵੇਲੇ ਕੋਈ ਰੇਲ ਗੱਡੀ ਆ ਜਾਂਦੀ ਤਾਂ ਪਤਾ ਨਹੀਂ ਕਿੰਨਾ ਵੱਡਾ ਹਾਦਸਾ ਹੋ ਜਾਣਾ ਸੀ। ਏ ਡੀ ਸੀ ਪੀ ਵਿਸ਼ਾਲਜੀਤ ਸਿੰਘ ਨੇ ਦੱਸਿਆ ਕਿ ਨਿਯਮਾਂ ਅਨੁਸਾਰ ਸਖਤ ਵਿਭਾਗੀ ਕਾਰਵਾਈ ਕੀਤੀ ਜਾ ਰਹੀ ਹੈ।

## ਅੱਜ-ਨਾਮਾ

ਲੀਡਰ ਲੀਡਰ ਨੂੰ ਚੈਲਿੰਜ ਹੈ ਕਰੀ ਜਾਂਦਾ,
ਅਗਲਾ ਆਗੂ ਵੀ ਲਾਊ ਫਿਰ ਦੋਸ਼ ਬੇਲੀ।
ਚਾਟੜੇ ਦੋਵਾਂ ਦੇ ਪਿੱਛੇ ਹਨ ਰਟਣ ਲੱਗਦੇ,
ਵਿਖਾਉਂਦੇ ਆਗੂ ਤੋਂ ਵੱਧ ਹੀ ਜੋਸ਼ ਬੇਲੀ।
ਮਿਲੀ ਸ਼ਾਬਾਸ਼ੀ ਤੇ ਨਹੀਂ ਵੀ ਮਿਲੀ ਭਾਵੇਂ,
ਆਪਣੀ ਪੋਸਟ ਨਾਲ ਹੁੰਦਾ ਸੰਤੋਸ਼ ਬੇਲੀ।
ਹਕੀਕਤ ਲੀਡਰ ਦੀ ਕੁਝ ਨਾ ਪਤਾ ਹੁੰਦੀ,
ਚੜ੍ਹਿਆ ਜੋਸ਼ ਭੁਲਾਉਂਦਾ ਈ ਹੋਸ਼ ਬੇਲੀ।
ਏਨੀ ਸੇਵਾ ਤੋਂ ਭਾਲਣ ਉਹ ਚੋਣ ਟਿਕਟਾਂ,
ਜਿਨ੍ਹਾਂ ਟਿਕਟਾਂ ਲਈ ਲੱਗੀ ਹੈ ਦੌੜ ਬੇਲੀ।
ਜਿੱਦਾਂ ਸਾਰੇ ਹਨ ਕੱਢਦੇ ਪਏ ਕੌੜ ਬੇਲੀ,
ਏਸੇ ਕੌੜ ਬੱਸ ਕਰਨਾ ਝੁੱਗਾ ਚੌੜ ਬੇਲੀ।

-ਤੀਸ ਮਾਰ ਖਾਂ

## ਅਜਨਾਲਾ ਕਾਂਡ ਦੇ ਗਵਾਹ ਨਾਲ ਤਕਰਾਰ ਦੌਰਾਨ ਹਵਾਈ ਫਾਇਰਿੰਗ

**ਰੋਪੜ (ਨ ਜ਼ ਸ)** : ਸਾਂਸਦ ਅੰਮ੍ਰਿਤਪਾਲ ਸਿੰਘ ਖਿਲਾਫ ਦਰਜ ਕੇਸ ਦੇ ਗਵਾਹ 'ਤੇ ਮੋਰਿੰਡਾ ਨੇੜੇ ਬੁੱਧਵਾਰ ਰਾਤ 2 ਵਜੇ ਦੇ ਕਰੀਬ ਗੋਲੀਆਂ ਦੀ ਮਾਰ ਤੋਂ ਬਾਲ-ਬਾਲ ਬਚ ਗਿਆ। ਐੱਸ ਐੱਸ ਪੀ ਮਨਿੰਦਰ ਸਿੰਘ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਮੁਤਾਬਕ ਇਹ ਗੋਲੀਬਾਰੀ ਕਿਸੇ ਸਾਜ਼ਿਸ਼ ਦਾ ਹਿੱਸਾ ਨਹੀਂ, ਸਗੋਂ ਸੜਕੀ ਤਕਰਾਰ (ਰੋਡ ਰੇਜ) ਦਾ ਨਤੀਜਾ ਹੈ।

ਪੁਲਸ ਮੁਤਾਬਕ ਅਜਨਾਲਾ ਕਾਂਡ ਵਿੱਚ ਅੰਮ੍ਰਿਤਪਾਲ ਸਿੰਘ ਖਿਲਾਫ ਸ਼ਿਕਾਇਤਕਰਤਾ ਅਤੇ ਕੇਸ ਦੇ ਗਵਾਹ ਪਿੰਡ ਸਲੇਮਪੁਰ ਦੇ ਵਰਿੰਦਰ ਸਿੰਘ ਮਾਵੀ ਨੇ ਰਾਤ 2 ਵਜੇ ਦੇ ਕਰੀਬ ਪੁਲਸ ਨੂੰ ਫੋਨ ਕਰਕੇ ਦੱਸਿਆ ਕਿ ਇੱਕ ਵਿਅਕਤੀ ਉਸ 'ਤੇ ਗੋਲੀਆਂ ਚਲਾ ਰਿਹਾ ਹੈ। ਪੁਲਸ ਟੀਮਾਂ ਤੁਰੰਤ ਮੌਕੇ 'ਤੇ ਪੁੱਜ ਗਈਆਂ। ਜਾਂਚ ਦੌਰਾਨ ਪਤਾ ਲੱਗਾ ਕਿ ਪਿੰਡ ਸਮਰੌਲੀ ਦੇ ਜਸਬੀਰ ਸਿੰਘ ਉਰਫ ਕਾਲਾ ਨੇ ਸ਼ਰਾਬ ਦੇ ਨਸ਼ੇ 'ਚ ਗੱਡੀ ਲੰਘਾਉਣ ਨੂੰ ਲੈ ਕੇ ਮਾਵੀ ਨਾਲ ਝਗੜਾ ਕੀਤਾ ਸੀ। ਮੁਲਜ਼ਮ ਨੇ ਹਵਾਈ ਫਾਇਰ ਕੀਤੇ ਅਤੇ ਮਾਵੀ ਦੀ ਗੱਡੀ ਦਾ ਪਿੱਛਾ ਕਰਦਿਆਂ ਉਸ ਦੇ ਪਿੰਡ ਤੱਕ ਪਹੁੰਚ ਕੇ ਉਸ ਦੇ ਸਾਥੀਆਂ ਨੂੰ ਧਮਕਾਇਆ, ਜਿਸ ਤੋਂ ਬਾਅਦ ਪੁਲਸ ਨੇ ਉਸ ਨੂੰ ਕਾਬੂ ਕਰ ਲਿਆ। ਐੱਸ ਐੱਸ ਪੀ ਨੇ ਦੱਸਿਆ ਕਿ ਮੁਲਜ਼ਮ ਖਿਲਾਫ ਥਾਣਾ ਸਦਰ ਮੋਰਿੰਡਾ 'ਚ ਭਾਰਤੀ ਨਿਆਂ ਸੰਹਿਤਾ ਅਤੇ ਅਸਲਾ ਐਕਟ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਘਟਨਾ ਵਿੱਚ ਕੋਈ ਜ਼ਖਮੀ ਨਹੀਂ ਹੋਇਆ। ਦੂਜੇ ਪਾਸੇ, ਇਸ ਘਟਨਾ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਤਰ੍ਹਾਂ-ਤਰ੍ਹਾਂ ਦੀਆਂ ਚਰਚਾਵਾਂ ਛਿੜ ਗਈਆਂ, ਜਿੱਥੇ ਕਈ ਪੋਸਟਾਂ ਵਿੱਚ ਦਾਅਵਾ ਕੀਤਾ ਗਿਆ ਕਿ ਮਾਵੀ ਦੇ ਗਵਾਹ ਹੋਣ ਕਾਰਨ ਅੰਮ੍ਰਿਤਪਾਲ ਸਿੰਘ ਦੇ ਸਮਰਥਕਾਂ ਵੱਲੋਂ ਹਮਲਾ ਕੀਤਾ ਗਿਆ ਹੈ। ਅੰਮ੍ਰਿਤਪਾਲ ਸਿੰਘ ਨਾਲ ਸੰਬੰਧਤ ਕੇਸਾਂ ਦੇ ਸ਼ਿਕਾਇਤਕਰਤਾਵਾਂ ਅਤੇ ਗਵਾਹਾਂ ਦੇ ਵਕੀਲ ਪਰਮਿੰਦਰ ਸਿੰਘ ਵਿੱਗ ਨੇ ਇਸ ਘਟਨਾ 'ਤੇ ਚਿੰਤਾ ਪ੍ਰਗਟਾਉਂਦਿਆਂ ਗਵਾਹਾਂ ਦੀ ਸੁਰੱਖਿਆ 'ਤੇ ਸਵਾਲ ਚੁੱਕੇ ਹਨ। ਉਨ੍ਹਾ ਕਿਹਾ ਕਿ ਅਦਾਲਤ ਦੇ ਹੁਕਮਾਂ ਦੇ ਬਾਵਜੂਦ ਮੁੱਖ ਗਵਾਹਾਂ ਨੂੰ ਲਗਾਤਾਰ ਧਮਕੀਆਂ ਮਿਲ ਰਹੀਆਂ ਹਨ, ਇਸ ਲਈ ਪ੍ਰਸ਼ਾਸਨ ਨੂੰ ਸੁਰੱਖਿਆ ਪ੍ਰਬੰਧ ਹੋਰ ਪੁਖਤਾ ਕਰਨੇ ਚਾਹੀਦੇ ਹਨ। ਪੁਲਸ ਅਧਿਕਾਰੀਆਂ ਨੇ ਲੋਕਾਂ ਨੂੰ ਸੋਸ਼ਲ ਮੀਡੀਆ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ ਦੀ ਹਦਾਇਤ ਕੀਤੀ ਹੈ। ਇਸੇ ਦੌਰਾਨ ਦਾਖਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕ ਅਤੇ 'ਵਾਰਿਸ ਪੰਜਾਬ ਦੇ' ਆਗੂ ਮਨਪ੍ਰੀਤ ਸਿੰਘ ਅਯਾਲੀ ਨੇ ਸੋਸ਼ਲ ਮੀਡੀਆ 'ਤੇ ਚੱਲ ਰਹੇ ਪ੍ਰਚਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾ ਇਸ ਟਰੋਲਿੰਗ ਨੂੰ ਵਿਰੋਧੀ ਪਾਰਟੀਆਂ ਦੇ ਆਈ ਟੀ ਸੈੱਲਾਂ ਦੀ ਸਾਜ਼ਿਸ਼ ਕਰਾਰ ਦਿੱਤਾ ਹੈ, ਜਿਸ ਦਾ ਮਕਸਦ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅਤੇ 'ਵਾਰਿਸ ਪੰਜਾਬ ਦੇ' ਦੇ ਮੁਖੀ ਅੰਮ੍ਰਿਤਪਾਲ ਸਿੰਘ ਦਾ ਅਕਸ ਖਰਾਬ ਕਰਨਾ ਹੈ। ਅਯਾਲੀ ਨੇ ਕਿਹਾ ਕਿ

• ਬਾਕੀ ਸਫਾ 2 'ਤੇ

ਅਪੀਲ
ਬਦਲਾਅ ਜ਼ਰੂਰੀ ਹੈ
ਰੈਲੀ
01 ਸਤੰਬਰ 2026 ਨੂੰ
ਭਾਰਤੀ ਕਮਿਊਨਿਸਟ ਪਾਰਟੀ ਵੱਲੋਂ
ਰਾਮਲੀਲ੍ਹਾ ਮੈਦਾਨ ਦਿੱਲੀ ਵਿਖੇ
ਪੰਜਾਬ ਤੋਂ ਸੀ ਪੀ ਆਈ ਦੇ ਦਸ ਹਜ਼ਾਰ ਤੋਂ ਵੱਧ ਸਾਥੀ ਹੁੰਮ-ਹੁਮਾ ਕੇ ਪੁੱਜਣ ਲਈ
6 ਅਗਸਤ ਤੋਂ 15 ਅਗਸਤ 2026 ਤੱਕ
ਪਿੰਡਾਂ ਅਤੇ ਸ਼ਹਿਰਾਂ ਵਿੱਚ ਜਥਾ ਮਾਰਚ/ਪਦ-ਯਾਤਰਾ ਕਰਦੇ ਹੋਏ
ਤਿਆਰੀਆਂ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ
ਦੇਸ਼ ਅਤੇ ਪੰਜਾਬ ਦੇ ਮੁੱਦੇ ਲੋਕਾਂ ਦੀ ਸੱਥ ਵਿੱਚ ਰੱਖੇ ਜਾਣਗੇ।
ਮੁੱਦੇ :
1. ਦੇਸ਼ ਬਚਾਓ, ਸੰਵਿਧਾਨ ਬਚਾਓ
2. ਮਹਿੰਗਾਈ ਨੂੰ ਨੱਥ ਪਾਓ
3. ਮਿਆਰੀ ਸਿੱਖਿਆ ਅਤੇ ਸਿਹਤ ਸਭਨਾਂ ਲਈ ਉਪਲੱਬਧ ਹੋਵੇ
4. ਐੱਮ ਐੱਸ ਪੀ ਦੀ ਗਰੰਟੀ ਦਾ ਕਾਨੂੰਨ ਬਣੇ
5. ਲੇਬਰ ਕੋਡ ਰੱਦ ਹੋਣ
6. ਪੰਜਾਬ ਦੇ ਪਾਣੀਆਂ ਦੀ ਰੱਖਿਆ ਹੋਵੇ
7. ਬੇਰੁਜ਼ਗਾਰਾਂ ਲਈ ਰੁਜ਼ਗਾਰ ਦਾ ਪੱਕਾ ਪ੍ਰਬੰਧ ਹੋਵੇ
8. ਫਿਰਕਾਪ੍ਰਸਤੀ, ਨਫਰਤ ਅਤੇ ਜਾਤ-ਪਾਤ ਦੀ ਰਾਜਨੀਤੀ ਦਾ ਖਾਤਮਾ ਹੋਵੇ
9. ਔਰਤਾਂ ਲਈ ਅਸੰਬਲੀਆਂ ਅਤੇ ਪਾਰਲੀਮੈਂਟ ਵਿਚ 33 ਫੀਸਦੀ ਰਿਜ਼ਰਵੇਸ਼ਨ ਹੋਵੇ
10. ਕਿਸਾਨਾਂ ਅਤੇ ਗਰੀਬਾਂ ਦੇ ਕਰਜ਼ੇ ਮੁਆਫ ਹੋਣ
11. ਪੰਜਾਬ ਦੇ ਮੁੱਦੇ ਹੱਲ ਕਰੋ ਅਤੇ ਵਿਤਕਰਾ ਬੰਦ ਕਰੋ
ਪੰਜਾਬ ਸੀ ਪੀ ਆਈ ਸਭ ਸਾਥੀਆਂ, ਸਹਿਯੋਗੀਆਂ ਅਤੇ ਹਮਦਰਦਾਂ ਨੂੰ ਅਪੀਲ ਕਰਦੀ ਹੈ ਕਿ 01 ਸਤੰਬਰ 2026 ਨੂੰ ਦਿੱਲੀ ਰੈਲੀ ਵਿੱਚ ਸ਼ਾਮਲ ਹੋਣ ਲਈ ਵਹੀਰਾਂ ਘੱਤ ਦਿਓ
ਵੱਲੋਂ : ਪੰਜਾਬ ਸਟੇਟ ਕੌਂਸਲ ਸੀ ਪੀ ਆਈ

# ਜਾਇਜ਼ ਮੰਗਾਂ ਨੂੰ ਨਜ਼ਰ ਅੰਦਾਜ਼ ਕਰਨ 'ਤੇ ਚੋਣਾਂ ਵਿੱਚ ਨਤੀਜੇ ਭੁਗਤਣ ਦੀ ਚਿਤਾਵਨੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ )** - ਪੰਜਾਬ ਜੇਲ੍ਹ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ, ਪਟਿਆਲਾ ਸਰਕਲ ਦੀ ਇਥੇ ਹੋਈ ਮਾਸਿਕ ਮੀਟਿੰਗ ਵਿੱਚ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਜੇਕਰ ਪੈਨਸ਼ਨਰਾਂ ਅਤੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਨਜ਼ਰ ਅੰਦਾਜ਼ ਕੀਤਾ ਗਿਆ ਤਾਂ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਨੂੰ ਇਸ ਦੇ ਰਾਜਨੀਤਿਕ ਨਤੀਜੇ ਭੁਗਤਣੇ ਪੈਣਗੇ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਐਸੋਸੀਏਸ਼ਨ ਦੇ ਪ੍ਰਧਾਨ ਜਗਮੇਲ ਸਿੰਘ ਨੇ ਨਵੇਂ ਪੈਨਸ਼ਨਰ ਸਾਥੀਆਂ ਦਾ ਸਵਾਗਤ ਕਰਦਿਆਂ ਸਮੂਹ ਪੈਨਸ਼ਨਰਾਂ ਨੂੰ ਸ਼ੁਭਕਾਮਨਾਵਾਂ ਭੇਟ ਕੀਤੀਆਂ। ਉਨ੍ਹਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਪੰਜਾਬ ਸਰਕਾਰ ਦੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤਾ (ਡੀ.ਏ.) ਦੇ ਬਕਾਏ ਸਬੰਧੀ ਦਿੱਤੇ ਇਤਿਹਾਸਕ ਫ਼ੈਸਲੇ ਲਈ ਧੰਨਵਾਦ ਪ੍ਰਗਟ ਕੀਤਾ ਅਤੇ ਇਸ ਮਹੱਤਵਪੂਰਨ ਜਿੱਤ ਲਈ ਸਮੂਹ ਪੈਨਸ਼ਨਰਾਂ ਨੂੰ ਵਧਾਈ ਦਿੱਤੀ।

## ਵਿਦਿਆਰਥੀਆਂ ਨੇ ਨਸ਼ਾ ਮੁਕਤ ਭਾਰਤ ਅਭਿਆਨ ਵਿੱਚ ਹਿੱਸਾ ਲਿਆ




**ਦੋਰਾਹਾ, (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੇ ਭਾਰਤ ਸਰਕਾਰ ਦੁਆਰਾ ਚਲਾਏ ਗਏ ਨਸ਼ਾ ਮੁਕਤ ਭਾਰਤ ਅਭਿਆਨ ਵਿੱਚ ਹਿੱਸਾ ਲਿਆ। ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੁਆਰਾ ਦੇਸ਼ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਨਸ਼ਾ ਮੁਕਤ ਭਾਰਤ ਅਭਿਆਨ ਚਲਾਇਆ ਜਾ ਰਿਹਾ ਹੈ। ਇਸ ਅਭਿਆਨ ਤਹਿਤ ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ ਲਈ ਅਹਿਦ ਲਿਆ। ਇਸ ਅਭਿਆਨ ਤਹਿਤ 2 ਅਗਸਤ ਨੂੰ ਪ੍ਰਧਾਨ ਮੰਤਰੀ ਦੁਆਰਾ ਨਸ਼ਾ ਮੁਕਤ ਭਾਰਤ ਅਭਿਆਨ ਲਈ ਦਿੱਤੇ ਗਏ ਸੰਦੇਸ਼ ਨੂੰ ਕਾਲਜ ਦੇ ਸਟਾਫ਼ ਅਤੇ ਵਿਦਿਆਰਥੀਆਂ ਦੁਆਰਾ ਆੱਨ-ਲਾਈਨ ਮਾਧਿਅਮ ਰਾਹੀਂ ਸੁਣਿਆ ਗਿਆ । ਇਸ ਆੱਨ-ਲਾਈਨ ਲਾਈਵ ਟੈਲੀਕਾਸਟ ਅਤੇ ਸਹੁੰ ਚੁੱਕਣ ਦੀ ਗਤੀਵਿਧੀ ਦਾ ਆਯੋਜਨ ਡਾ. ਗੁਰਪ੍ਰੀਤ ਸਿੰਘ ਵੱਲੋਂ ਕੀਤਾ ਗਿਆ। ਇਸ ਗਤੀਵਿਧੀ ਦੇ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਿਤ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।

## 7 ਦੀ ਰੈਲੀ ਵਿੱਚ ਪੈਨਸ਼ਨਰ ਭਾਰੀ ਗਿਣਤੀ 'ਚ ਪੁੱਜਣਗੇ



**ਬੁਢਲਾਡਾ ( ਅਸ਼ੋਕ ਲਾਕੜਾ)** - ਪੈਨਸ਼ਨਰ ਅਸੋਸੀਏਸ਼ਨ ਬੁਢਲਾਡਾ ਦੀ ਇੱਕ ਜ਼ਰੂਰੀ ਮੀਟਿੰਗ ਸਥਾਨਕ ਪੈਨਸ਼ਨਰ ਭਵਨ ਵਿਖੇ ਪਰਗਟ ਚਹਿਲ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਮਾਨਯੋਗ ਹਾਈਕੋਰਟ ਦੇ ਡੀ ਏ ਸਬੰਧੀ ਦਿੱਤੇ ਮੁਲਾਜ਼ਮਾਂ ਦੇ ਹੱਕ ਵਿੱਚ ਫੈਸਲੇ ਦੀ ਪ੍ਰਸ਼ੰਸਾ ਕੀਤੀ ਗਈ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਫੈਸਲੇ ਨੂੰ ਸੁਪਰੀਮ ਕੋਰਟ ਵਿੱਚ ਲੈ ਕੇ ਜਾਣ ਦੀ ਬਜਾਏ ਤੁਰੰਤ ਫੈਸਲਾ ਲਾਗੂ ਕੀਤਾ ਜਾਵੇ । ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਪੈਨਸ਼ਨਰ ਤੇ ਮੁਲਾਜ਼ਮ ਵਿਰੋਧੀ ਵਤੀਰੇ ਦੀ ਵੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਇਸ ਮੌਕੇ 7 ਅਗਸਤ ਨੂੰ ਮੋਹਾਲੀ ਦੇ ਸੈਕਟਰ 39 ਦੀ ਅਨਾਜ ਮੰਡੀ ਵਿਖੇ ਪੈਨਸ਼ਨਰ ਮੁਲਾਜ਼ਮਾਂ ਦੀ ਹੋਣ ਜਾ ਰਹੀ ਮਹਾ ਰੈਲੀ ਦੀ ਤਿਆਰੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਭਾਰੀ ਗਿਣਤੀ ਵਿੱਚ ਸ਼ਾਮਲ ਹੋਣ ਫੈਸਲਾ ਕੀਤਾ ਗਿਆ । ਇਸ ਸਮੇਂ ਗੁਰਚਰਨ ਸਿੰਘ ਮਾਨ, ਜਗਸੀਰ ਸਿੰਘ ਰਾਏਕੇ ਐਮ ਸੀ, ਗੁਰਮੇਲ ਸਿੰਘ, ਨਰੇਸ਼ ਕਾਂਸਲ, ਸੁਰਿੰਦਰ ਸ਼ਰਮਾ, ਪ੍ਰੀਤਮ ਸਿੰਘ ਏਐਸਆਈ, ਈਸਵਰ ਦਿਆਲ ਮਗਲਾਨੀ, ਮਿੱਤ ਸਿੰਘ, ਰਘੂਨਾਥ ਸਿੰਗਲਾ ਅਤੇ ਜਰਨੈਲ ਸਿੰਘ ਤੇ ਇਲਾਵਾ ਹੋਰਨਾਂ ਨੇ ਵੀ ਸੰਬੋਧਨ ਕੀਤਾ।

## ਵਿਧਾਇਕ ਗੋਲਡੀ ਨੇ ਮਾਰਕੀਟ ਕਮੇਟੀਆਂ ਬਣਾਉਣ ਲਈ ਰੱਖਿਆ ਪ੍ਰਸਤਾਵ



**ਜਲਾਲਾਬਾਦ (ਬਲਵਿੰਦਰ ਸਿੰਘ)**-ਜਲਾਲਾਬਾਦ ਹਲਕੇ ਦੇ ਕਿਸਾਨਾਂ ਅਤੇ ਆੜ੍ਹਤੀਆਂ ਲਈ ਇਕ ਅਹਿਮ ਕਦਮ ਚੁੱਕਦਿਆਂ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਪੰਜਾਬ ਵਿਧਾਨ ਸਭਾ ਵਿੱਚ ਮੰਡੀ ਰੋੜਾ ਵਾਲੀ ਅਮੀਨ ਗੰਜ ਅਤੇ ਘੁਬਾਇਆ ਵਿੱਚ ਨਵੀਂਆਂ ਮਾਰਕੀਟ ਕਮੇਟੀਆਂ ਬਣਾਉਣ ਦਾ ਪ੍ਰਸਤਾਵ ਰੱਖਿਆ। ਇਸ ਮੌਕੇ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪ੍ਰਸ਼ਨ ਕਾਲ ਦੀ ਮੰਗ ਨੂੰ ਗੰਭੀਰਤਾ ਨਾਲ ਵਿਚਾਰਨ ਅਤੇ ਜਲਦੀ ਹੀ ਮਾਰਕੀਟ ਕਮੇਟੀਆਂ ਬਣਾਉਣ ਲਈ ਲੋੜੀਂਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਵਿਧਾਇਕ ਗੋਲਡੀ ਨੇ ਸਦਨ ਵਿੱਚ ਕਿਹਾ ਕਿ ਮੰਡੀ ਰੋੜਾ ਵਾਲੀ ਅਮੀਨ ਗੰਜ ਅਤੇ ਘੁਬਾਇਆ ਇਲਾਕੇ ਖੇਤੀਬਾੜੀ ਪੱਖੋਂ ਮਹੱਤਵਪੂਰਨ ਹਨ ਅਤੇ ਇੱਥੇ ਵੱਡੀ ਗਿਣਤੀ ਵਿੱਚ ਕਿਸਾਨ ਆਪਣੀ ਫ਼ਸਲ ਵੇਚਣ ਲਈ ਦੂਰ-ਦਰਾਜ਼ ਮੰਡੀਆਂ ਵਿੱਚ ਜਾਣ ਲਈ ਮਜਬੂਰ ਹਨ ਜੇਕਰ ਇਨ੍ਹਾਂ ਥਾਵਾਂ 'ਤੇ ਮਾਰਕੀਟ ਕਮੇਟੀਆਂ ਦਾ ਗਠਨ ਕੀਤਾ ਜਾਂਦਾ ਹੈ ਤਾਂ ਕਿਸਾਨਾਂ ਨੂੰ ਆਪਣੀ ਫ਼ਸਲ ਦੀ ਖ਼ਰੀਦ-ਫ਼ਰੋਖ਼ਤ ਲਈ ਬਿਹਤਰ ਸਹੂਲਤਾਂ ਮਿਲਣਗੀਆਂ ਅਤੇ ਆਵਾਜਾਈ 'ਤੇ ਹੋਣ ਵਾਲਾ ਖਰਚਾ ਵੀ ਘਟੇਗਾ

## ਉਤਸ਼ਾਹ ਨਾਲ ਮਨਾਇਆ ਤੀਆਂ ਦਾ ਤਿਉਹਾਰ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)** ਸਰਕਾਰੀ ਹਾਈ ਸਕੂਲ ਕਾਲਸਾ ਵਿਖੇ ਬੁੱਧਵਾਰ ਨੂੰ ਤੀਆਂ ਦਾ ਤਿਉਹਾਰ ਰਵਾਇਤੀ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ ਗਿਆ।ਵਿਦਿਆਰਥਣਾਂ ਨੇ ਰੰਗ-ਬਿਰੰਗੇ ਪੰਜਾਬੀ ਪਹਿਰਾਵੇ ਪਾ ਕੇ ਗਿੱਧਾ ਅਤੇ ਲੋਕ ਨਾਚ ਪੇਸ਼ ਕੀਤਾ, ਜਦਕਿ ਮਹਿੰਦੀ ਰਚਾ ਕੇ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਜੀਵੰਤ ਕੀਤਾ। ਸੱਭਿਆਚਾਰਕ ਪੇਸ਼ਕਾਰੀਆਂ ਨੇ ਹਾਜ਼ਰ ਸਾਰਿਆਂ ਦਾ ਮਨ ਮੋਹ ਲਿਆ। ਸਮਾਗਮ ਦੌਰਾਨ ਅਧਿਆਪਕਾਂ ਨੇ ਵਿਦਿਆਰਥਣਾਂ ਨੂੰ ਤੀਆਂ ਦੇ ਤਿਉਹਾਰ ਦੇ ਸੱਭਿਆਚਾਰਕ ਮਹੱਤਵ ਬਾਰੇ ਜਾਣੂ ਕਰਵਾਉਂਦਿਆਂ ਆਪਣੀ ਲੋਕ-ਸੱਭਿਆਚਾਰ, ਪਰੰਪਰਾਵਾਂ ਅਤੇ ਵਿਰਾਸਤ ਨਾਲ ਜੁੜੇ ਰਹਿਣ ਦਾ ਸੰਦੇਸ਼ ਦਿੱਤਾ। ਸਮਾਗਮ ਦੇ ਅੰਤ ਵਿੱਚ ਸਕੂਲ ਦੀ ਮੁੱਖ ਅਧਿਆਪਕਾ ਸੀਮਾ ਰਾਣੀ ਨੇ ਸਾਰੇ ਭਾਗੀਦਾਰਾਂ ਦੀ ਸ਼ਲਾਘਾ ਕਰਦਿਆਂ ਤੀਆਂ ਦੇ ਪਾਵਨ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।

# ਹਲਕੇ ਦੇ ਵਿਕਾਸ 'ਚ ਕੋਈ ਕਮੀ ਨਹੀਂ ਰਹਿਣ ਦਿਆਂਗੇ : ਓ ਐਸ ਡੀ



**ਧੂਰੀ, (ਮਨੋਹਰ ਸਿੰਘ ਸੱਗੂ/ਮੋਹਿਤ ਗਰਗ/ਬਿੰਨੀ ਗਰਗ)** ਪੰਜਾਬ ਸਰਕਾਰ ਵੱਲੋਂ ਕਰਾਈ ਜਾ ਰਹੀ 'ਲੋਕ ਮਿਲਣੀ' ਲੜੀ ਤਹਿਤ ਪਿੰਡ ਧੂਰੀ ਦੇ ਬੇਨੜਾ ਦਰਵਾਜ਼ਾ ਵਿਖੇ ਓ.ਐਸ.ਡੀ. ਸੁਖਵੀਰ ਸਿੰਘ ਨੇ ਲੋਕਾਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਕਈ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਾਇਆ।ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੀ ਹਾਜ਼ਰ ਸਨ। ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਲੋਕ-ਕੇਂਦਰਿਤ ਤੇ ਪਾਰਦਰਸ਼ੀ ਪ੍ਰਸ਼ਾਸਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ, ਇਸ ਲਈ ਸਰਕਾਰੀ ਨੁਮਾਇੰਦੇ ਪਿੰਡ-ਪਿੰਡ ਪਹੁੰਚ ਰਹੇ ਹਨ।ਉਨ੍ਹਾਂ ਕਿਹਾ ਕਿ ਧੂਰੀ ਮੁੱਖ ਮੰਤਰੀ ਦਾ ਆਪਣਾ ਹਲਕਾ ਹੋਣ ਕਾਰਨ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਗਲੀਆਂ-ਨਾਲੀਆਂ, ਸੜਕਾਂ, ਧਰਮਸ਼ਾਲਾਵਾਂ, ਖੇਡ ਮੈਦਾਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਲਈ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ।ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੱਲ ਕੀਤਾ ਜਾ ਰਿਹਾ ਹੈ।

## ਭਲਾਈ ਕੇਂਦਰ ਪਹੁੰਚਣ 'ਤੇ ਨਗਰ ਕੌਂਸਲ ਕਮੇਟੀ ਦਾ ਸਵਾਗਤ



**ਬੁਢਲਾਡਾ- (ਅਸ਼ੋਕ ਲਾਕੜਾ)**- ਪਿਛਲੇ ਦਿਨੀਂ ਸਥਾਨਕ ਨਗਰ ਕੌਂਸਲ ਕਮੇਟੀ ਦੇ ਪ੍ਰਧਾਨ ਸਤਨਾਮ ਸਿੰਘ ਧਨਾਲੀਆ, ਮੀਤ ਪ੍ਰਧਾਨ ਟਿੰਕੂ ਪੰਜਾਬ, ਗੁਰਪ੍ਰੀਤ ਸਿੰਘ ਵਿਰਕ, ਜਸੀ ਸੈਣੀ, ਨੱਥਾ ਸਿੰਘ, ਸਤਨਾਮ ਸਿੰਘ ਦੁੱਗਲ , ਗੁਰਚੰਦ ਸਿੰਘ ਸਮੇਤ ਹੋਰ ਮੈਂਬਰ ਸਟੇਟ ਐਵਾਰਡੀ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਭਲਾਈ ਕੇਂਦਰ ਦੇ ਦਫਤਰ ਸ਼ਹਿਰ ਦੀ ਬੇਹਤਰੀ ਲਈ ਵਿਚਾਰ ਵਟਾਂਦਰਾ ਕਰਨ ਲਈ ਪਹੁੰਚੇ। ਸੰਸਥਾ ਮੈਂਬਰਾਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਸ਼ਹਿਰ ਦੇ ਸੁਧਾਰ ਅਤੇ ਸੁੰਦਰਤਾ ਲਈ ਕਾਫ਼ੀ ਸਮਾਂ ਬੈਠ ਕੇ ਵਿਚਾਰਾਂ ਹੋਈਆਂ। ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਅਤੇ ਕੁਲਵਿੰਦਰ ਸਿੰਘ ਈ ਓ ਨੇ ਦੱਸਿਆ ਕਿ ਬੁਢਲਾਡਾ ਦੇ ਇਤਿਹਾਸ ਵਿਚ ਪਹਿਲੀ ਵਾਰ ਕੋਈ ਨਵੀਂ ਬਣੀ ਕਮੇਟੀ ਸ਼ਹਿਰ ਦੇ ਸੁਧਾਰ ਲਈ ਇੰਨੀ ਸੁਹਿਰਦ ਹੈ ਅਤੇ ਸ਼ਹਿਰ ਦੀ ਭਲਾਈ ਲਈ ਸੰਸਥਾਵਾਂ ਨਾਲ ਵਿਚਾਰ ਵਟਾਂਦਰਾ ਕਰ ਰਹੀ ਹੈ। ਮਾਸਟਰ ਕੁਲਵੰਤ ਸਿੰਘ ਨੇ ਕਮੇਟੀ ਦੇ ਪ੍ਰਧਾਨ ਅਤੇ ਸਾਰੇ ਮੈਂਬਰਾਂ ਦਾ ਮਾਤਾ ਗੁਜਰੀ ਦੇ ਦਫ਼ਤਰ ਪਹੁੰਚਣ ਲਈ ਧੰਨਵਾਦ ਕੀਤਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਸੰਸਥਾ ਮੈਂਬਰ ਰਜਿੰਦਰ ਵਰਮਾ, ਬਲਬੀਰ ਸਿੰਘ ਕੈਂਥ, ਵਿਜੇ ਕੁਮਾਰ ਗੋਇਲ, ਇੰਦਰਜੀਤ ਸਿੰਘ ਟੋਨੀ, ਮਿਸਤਰੀ ਮਿੱਠੂ ਸਿੰਘ,ਨਰੇਸ਼ ਕੁਮਾਰ ਬੰਸੀ, ਨੱਥਾ ਸਿੰਘ, ਮਹਿੰਦਰਪਾਲ ਸਿੰਘ ਆਦਿ ਹਾਜ਼ਰ ਸਨ।

## ਰਾਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਲਈ ਸੰਕਟਮੋਚਕ ਬਣੇ ਧਰਮਵੀਰ ਗਰਗ



**ਭਵਾਨੀਗੜ੍ਹ, (ਰਾਜ ਖੁਰਮੀ)** ਰੋਟਰੀ ਇੰਟਰਨੈਸ਼ਨਲ ਦੇ ਸਾਬਕਾ ਡਿਸਟ੍ਰਿਕਟ ਗਵਰਨਰ ਧਰਮਵੀਰ ਗਰਗ ਸਰਕਾਰੀ ਮੈਡੀਕਲ ਕਾਲਜ ਤੇ ਰਾਜਿੰਦਰਾ ਹਸਪਤਾਲ, ਪਟਿਆਲਾ ਦੇ ਬਲੱਡ ਸੈਂਟਰ ਲਈ ਇੱਕ ਭਰੋਸੇਮੰਦ ਨਾਂਅ ਬਣ ਚੁੱਕੇ ਹਨ।ਜਦੋਂ ਵੀ ਬਲੱਡ ਸੈਂਟਰ ਵਿੱਚ ਖ਼ੂਨ ਦੀ ਕਮੀ ਕਾਰਨ ਮਰੀਜ਼ਾਂ ਦੀ ਜਾਨ ਬਚਾਉਣ ਦੀ ਚੁਣੌਤੀ ਖੜੀ ਹੁੰਦੀ ਹੈ ਤਾਂ ਸਭ ਤੋਂ ਪਹਿਲਾਂ ਧਰਮਵੀਰ ਗਰਗ ਸਰਗਰਮ ਹੋ ਕੇ ਐਮਰਜੈਂਸੀ ਖ਼ੂਨਦਾਨ ਕੈਂਪਾਂ ਦਾ ਪ੍ਰਬੰਧ ਕਰਦੇ ਹਨ। ਪਿਛਲੇ ਇੱਕ ਸਾਲ ਦੌਰਾਨ ਉਨ੍ਹਾਂ ਦੀ ਅਗਵਾਈ ਸਦਕਾ ਵੱਖ-ਵੱਖ ਥਾਂਵਾਂ 'ਤੇ ਖ਼ੂਨਦਾਨ ਕੈਂਪਾਂ ਰਾਹੀਂ 1200 ਤੋਂ ਵੱਧ ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਧਰਮਵੀਰ ਗਰਗ ਕਰੀਬ ਤਿੰਨ ਦਹਾਕਿਆਂ ਤੋਂ ਖ਼ੂਨਦਾਨ ਅਤੇ ਸਮਾਜ ਸੇਵਾ ਨਾਲ ਜੁੜੇ ਹੋਏ ਹਨ।ਪਿਛਲੇ ਕੁਝ ਸਾਲਾਂ ਤੋਂ ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਐਮਰਜੈਂਸੀ ਖ਼ੂਨਦਾਨ ਕੈਂਪਾਂ ਦੀ ਮੁਹਿੰਮ ਨੂੰ ਨਵੀਂ ਦਿਸ਼ਾ ਦਿੱਤੀ ਹੈ।

## ਮਾਤਾ ਨੈਣਾ ਦੇਵੀ ਲੰਗਰ ਕਮੇਟੀ ਨੇ ਸ਼ੋਭਾ ਯਾਤਰਾ ਕੱਢੀ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)** ਮਾਤਾ ਨੈਣਾ ਦੇਵੀ ਲੰਗਰ ਕਮੇਟੀ ਪਿੰਡ ਬੱਸੀਆਂ ਵੱਲੋਂ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਵਰਗੀ ਸੁਰਿੰਦਰ ਕੁਮਾਰ ਪੱਪੂ (ਬਿਜਲੀ ਵਾਲੇ) ਵੱਲੋਂ ਸ਼ੁਰੂ ਕੀਤੀ ਗਈ ਲੰਗਰ ਲਾਉਣ ਦੀ ਪ੍ਰੰਪਰਾ ਨੂੰ ਅੱਗੇ ਵਧਾਉਂਦੇ ਹੋਏ ਸਾਲਾਨਾ ਸਾਉਣ ਦੇ ਚਾਲਿਆਂ ਦੌਰਾਨ ਮਾਤਾ ਨੈਣਾ ਦੇਵੀ ਦੇ ਦਰਸ਼ਨਾ ਲਈ ਜਾ ਰਹੀਆਂ ਸੰਗਤਾਂ ਦੀ ਸਹੂਲਤ ਲਈ ਲੰਗਰ ਕਮੇਟੀ ਵੱਲੋ ਇਸ ਸਾਲ ਵੀ 25ਵਾਂ ਵਿਸ਼ਾਲ ਲੰਗਰ ਲਾਇਆ ਜਾ ਰਿਹਾ ਹੈ।ਲੰਗਰ ਕਮੇਟੀ ਵੱਲੋਂ ਸਵੇਰੇ ਸ਼ਿਵ ਮੰਦਰ ਵਿਖੇ ਹਵਨਯੱਗ ਕੀਤਾ ਗਿਆ।ਪੰਡਤ ਪ੍ਰਮੋਦ ਤਿਵਾੜੀ ਵੱਲੋਂ ਵੇਦ ਮੰਤਰਾਂ ਦਾ ਉਚਾਰਨ ਕੀਤਾ ਗਿਆ।ਹਵਨਯੱਗ 'ਚ ਸੰਗਤਾਂ ਵੱਲੋਂ ਆਹੂਤੀ ਪਾਈ ਗਈ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਉਪਰੰਤ ਝੰਡਾ ਲੈ ਕੇ ਪਿੰਡ ਵਿੱਚ ਸ਼ੋਭਾ ਯਾਤਰਾ ਕੱਢੀ ਗਈ।ਸ਼ੋਭਾ ਯਾਤਰਾ ਦਾ ਪਿੰਡ ਦੇ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਜਗ੍ਹਾ-ਜਗ੍ਹਾ ਫ਼ਲਾਂ ਦੇ ਲੰਗਰ ਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਾਈਆਂ ਗਈਆਂ ਸਨ। ਸ਼ੋਭਾ ਯਾਤਰਾ ਦੌਰਾਨ ਭੇਟ ਗਾਇਕ ਲਵਲੀ ਸ਼ਰਮਾ ਵੱਲੋ ਮਾਂ ਦੀਆਂ ਭੇਟਾਂ ਗਾਇਕ ਕੇ ਸੰਗਤਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ ਗਿਆ।ਲੰਗਰ ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ ਮਾਤਾ ਨੈਣਾ ਦੇਵੀ ਦੇ ਦਰਬਾਰ 'ਤੇ ਸਾਉਣ ਦੇ ਚਾਲਿਆਂ ਦੌਰਾਨ ਦਰਸ਼ਨਾ ਲਈ ਜਾ ਰਹੀਆਂ ਸੰਗਤਾਂ ਦੀ ਸਹੂਲਤ ਲਈ ਕੌਲਾਂ ਵਾਲਾ ਟੋਭਾ ਨਜ਼ਦੀਕ 12 ਅਗਸਤ ਤੋਂ ਲੈ ਕੇ 21 ਅਗਸਤ ਤੱਕ ਲੰਗਰ ਲਾਇਆ ਜਾਵੇਗਾ, ਜੋ ਦਿਨ-ਰਾਤ ਲਗਾਤਾਰ ਚੱਲੇਗਾ।ਉਨ੍ਹਾਂ ਕਿਹਾ ਕਿ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਇਕੱਠਾ ਕੀਤਾ ਗਿਆ ਇਕ-ਇਕ ਪੈਸਾ ਲੰਗਰ 'ਤੇ ਲਾਇਆ ਜਾਵੇਗਾ।

# ਚੰਡੀਗੜ੍ਹ ਧਰਨੇ 'ਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ : ਆਗੂ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਪੰਜਾਬ ਸਟੇਟ ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੀ ਅਹਿਮ ਮੀਟਿੰਗ ਡਿਵੀਜ਼ਨ ਪ੍ਰਧਾਨ ਇੰਜੀ. ਕੇਵਲ ਸਿੰਘ ਪੰਡੋਰੀ ਦੀ ਅਗਵਾਈ ਹੇਠ ਹੋਈ।ਇਸ ਮੌਕੇ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਗਟ ਕਰਦਿਆਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ ਅਤੇ ਸੂਬਾ ਕਮੇਟੀ ਦੇ ਸੱਦੇ ਉਪਰ 7 ਅਗਸਤ ਨੂੰ ਚੰਡੀਗੜ੍ਹ ਵਿਖੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ 'ਚ ਭਰਵੀਂ ਸ਼ਮੂਲੀਅਤ ਕਰਕੇ ਸੜਕਾਂ ਜਾਮ ਕਰਨ ਦਾ ਐਲਾਨ ਕੀਤਾ।ਇੰਜੀ. ਕੇਵਲ ਸਿੰਘ ਪੰਡੋਰੀ ਨੇ ਕਿਹਾ ਕਿ ਪੈਨਸ਼ਨਰਾਂ ਦੇ ਹੱਕ 'ਚ ਆਇਆ ਮਾਨਯੋਗ ਹਾਈ ਕੋਰਟ ਦਾ ਫ਼ੈਸਲਾ ਪੰਜਾਬ ਸਰਕਾਰ ਲਈ ਇੱਕ ਕਰਾਰਾ ਜਵਾਬ ਹੈ।ਉਨ੍ਹਾਂ ਕਿਹਾ ਕਿ ਅਦਾਲਤ ਦੇ ਫ਼ੈਸਲੇ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜੇ ਕਰ ਦਿੱਤੇ ਹਨ।ਜੇਕਰ ਸਰਕਾਰ ਨੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਨਾ ਮੰਨਿਆ ਤਾਂ ਯੂਨੀਅਨ ਆਪਣੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਵੇਗੀ। ਸੂਬਾ ਵਿੱਤ ਸਕੱਤਰ ਇੰਜੀ. ਸੁਖਜੰਟ ਸਿੰਘ ਬਰਨਾਲਾ, ਸਰਕਲ ਸਕੱਤਰ ਸਾਧੂ ਸਿੰਘ ਬੜੀ, ਮੀਤ ਪ੍ਰਧਾਨ ਬਿੱਕਰ ਸਿੰਘ ਛੀਨੀਵਾਲ, ਮੀਤ ਪ੍ਰਧਾਨ ਦਰਸ਼ਨ ਸਿੰਘ ਕਲਾਲ ਮਾਜਰਾ ਨੇ ਪੈਨਸ਼ਨਰਾਂ ਦੀਆਂ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ।ਆਗੂਆਂ ਨੇ ਮੰਗ ਕੀਤੀ ਕਿ 31 ਦਸੰਬਰ 2015 ਤੋਂ ਪਹਿਲਾਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਦੀ ਪੈਨਸ਼ਨ 2.59 ਗੁਣਾਕ ਨਾਲ ਤੁਰੰਤ ਸੋਧੀ ਜਾਵੇ, ਮਹਿੰਗਾਈ ਭੱਤੇ ਦੀਆਂ ਸਾਰੀਆਂ ਬਕਾਇਆ ਕਿਸ਼ਤਾਂ ਜਾਰੀ ਕੀਤੀਆਂ ਜਾਣ, ਰੁਕਿਆ ਹੋਇਆ 16 ਫ਼ੀਸਦੀ ਮਹਿੰਗਾਈ ਭੱਤਾ ਦਿੱਤਾ ਜਾਵੇ ਤੇ ਪੁਰਾਣੀ ਪੈਨਸ਼ਨ ਸਕੀਮ ਨੂੰ ਮੁੜ ਬਹਾਲ ਕੀਤਾ ਜਾਵੇ।ਇਸ ਤੋਂ ਇਲਾਵਾ ਪੈਨਸ਼ਨ ਏਰੀਅਰ ਇਕਮੁਸ਼ਤ ਜਾਰੀ ਕਰਨ, 200 ਰੁਪਏ ਜਜ਼ੀਆ ਟੈਕਸ ਦੀ ਕਟੌਤੀ ਬੰਦ ਕਰਨ ਤੇ ਸੱਤਵੇਂ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਤੁਰੰਤ ਲਾਗੂ ਕਰਨ ਦੀ ਵੀ ਮੰਗ ਕੀਤੀ ਗਈ। ਯੂਨੀਅਨ ਆਗੂਆਂ ਨੇ ਕਿਹਾ ਕਿ ਲਗਾਤਾਰ ਵਧ ਰਹੀ ਮਹਿੰਗਾਈ ਕਾਰਨ ਪੈਨਸ਼ਨਰਾਂ ਦੀ ਆਰਥਿਕ ਹਾਲਤ ਦਿਨੋ-ਦਿਨ ਨਾਜ਼ੁਕ ਬਣਦੀ ਜਾ ਰਹੀ ਹੈ, ਪਰ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਲਾਪ੍ਰਵਾਹੀ ਅਪਣਾਈ ਜਾ ਰਹੀ ਹੈ।ਇਸ ਮੌਕੇ ਕੇਂਦਰ ਸਰਕਾਰ ਤੋਂ ਚਾਰ ਲੇਬਰ ਕੋਡ, ਬਿਜਲੀ ਸੋਧ ਬਿੱਲ 2025 ਅਤੇ ਹੋਰ ਮਜ਼ਦੂਰ ਵਿਰੋਧੀ ਕਾਨੂੰਨਾਂ ਨੂੰ ਵਾਪਸ ਲੈਣ ਦੀ ਮੰਗ ਵੀ ਉਠਾਈ ਗਈ।ਮੀਟਿੰਗ ਦੇ ਅੰਤ ਵਿੱਚ ਜਥੇਬੰਦੀ ਨੇ ਐਲਾਨ ਕੀਤਾ ਕਿ 7 ਅਗਸਤ ਨੂੰ ਚੰਡੀਗੜ੍ਹ 'ਚ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕਰਕੇ ਸੜਕਾਂ ਜਾਮ ਕੀਤੀਆਂ ਜਾਣਗੀਆਂ।

## ਜੀ ਹੋਲੀ ਹਾਰਟ ਸਕੂਲ 'ਚ ਸੁਤੰਤਰਤਾ ਦਿਵਸ ਸੰਬੰਧੀ ਰਿਹਰਸਲ ਕਰਾਈ



**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤੇ ਐਸ.ਡੀ.ਐਮ. ਬੇਅੰਤ ਸਿੰਘ ਸਿੱਧੂ ਦੀ ਅਗਵਾਈ ਹੇਠ ਸਬ ਡਵੀਜ਼ਨ ਵਿਖੇ ਸੁਤੰਤਰਤਾ ਦਿਵਸ ਸਬੰਧੀ ਪਹਿਲੀ ਰਿਹਰਸਲ ਜੀ ਹੋਲੀ ਹਾਰਟ ਪਬਲਿਕ ਸਕੂਲ ਵਿਖੇ ਸਫ਼ਲਤਾਪੂਰਵਕ ਕਰਾਈ ਗਈ, ਜਿਸ ਵਿੱਚ ਖੇਤਰ ਦੇ ਲਗਭਗ 11 ਸਕੂਲਾਂ ਨੇ ਉਤਸ਼ਾਹ ਨਾਲ ਭਾਗ ਲਿਆ। ਕਲਚਰ ਕਮੇਟੀ ਦੇ ਕਨਵੀਨਰ ਸਟੇਟ ਐਵਾਰਡੀ ਹੈੱਡ ਮਾਸਟਰ ਕੁਲਦੀਪ ਸਿੰਘ ਕਮਲ ਨੇ ਦੱਸਿਆ ਕਿ ਲਗਭਗ 150 ਵਿਦਿਆਰਥੀ ਇਸ ਰੰਗਾ-ਰੰਗ ਪ੍ਰੋਗਰਾਮ ਵਿੱਚ ਭਾਗ ਲੈ ਰਹੇ ਹਨ, ਜਿਸ ਦੀ ਤਿਆਰੀ ਲਈ ਭੰਗੜਾ, ਗਿੱਧਾ, ਕੋਰੀਓਗ੍ਰਾਫੀ ਅਤੇ ਦੇਸ਼ ਭਗਤੀ ਦੇ ਗੀਤਾਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦਿੱਤੀਆਂ ਗਈਆਂ।ਰਿਹਰਸਲ ਦਾ ਨਿਰੀਖਣ ਕਰਨ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ ਸੁਪਰਡੈਂਟ ਵਿੱਕੀ ਡਾਬਲਾ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਇਸ ਸਮੇਂ ਕਲਚਰ ਕਮੇਟੀ ਮੈਂਬਰ ਬਲਜਿੰਦਰ ਕੁਮਾਰ, ਕਰਮਜੀਤ ਕੌਰ, ਗੁਰਪ੍ਰੀਤ ਕੌਰ, ਕਮਿਊਨਿਟੀ ਹੈੱਲਥ ਸੈਂਟਰ ਮਹਿਲ ਕਲਾਂ ਦੀ ਟੀਮ ਵੀ ਮੌਜੂਦ ਰਹੀ।ਅਖੀਰ ਵਿੱਚ ਗੁਰਪ੍ਰੀਤ ਹੋਲੀ ਹਾਰਟ ਪਬਲਿਕ ਸਕੂਲ ਦੀ ਵਾਈਸ ਪ੍ਰਿੰਸੀਪਲ ਸ੍ਰੀਮਤੀ ਪ੍ਰਦੀਪ ਕੌਰ ਗਰੇਵਾਲ ਨੇ ਆਏ ਹੋਏ ਸਾਰੇ ਮਹਿਮਾਨਾਂ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## ਸਨਮਤੀ ਵਿਮਲ ਜੈਨ ਸਕੂਲ ਦੀ ਹਾਕੀ ਟੀਮ ਜਗਰਾਓਂ ਜੋਨ 'ਚ ਦੂਸਰੇ ਸਥਾਨ 'ਤੇ ਰਹੀ




**ਜਗਰਾਉਂ (ਅਮਿਤ ਖੰਨਾ)** - ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਦੀ ਅੰਡਰ-14 ਹਾਕੀ ਟੀਮ ਨੇ ਪਹਿਲੀ ਵਾਰ ਜਗਰਾਉਂ ਜੋਨ ਹਾਕੀ ਮੁਕਾਬਲਿਆਂ ਵਿੱਚ ਭਾਗ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਟੀਮ ਨੇ ਆਪਣੇ ਪਹਿਲੇ ਹੀ ਜੋਨਲ ਟੂਰਨਾਮੈਂਟ ਵਿੱਚ ਇਲਾਕੇ ਦੀਆਂ ਕਈ ਨਾਮਵਰ ਟੀਮਾਂ ਨੂੰ ਇਕਪਾਸੜ ਮੁਕਾਬਲਿਆਂ ਵਿੱਚ ਹਰਾ ਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ। ਟੀਮ ਦੇ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਖਿਡਾਰੀਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਡੀ.ਪੀ. ਰਘੁਵੀਰ ਸਿੰਘ, ਕੋਚ ਇੰਦਰਜੀਤ ਸਿੰਘ, ਬਬਿਤਾ ਕੁਮਾਰੀ ਅਤੇ ਪਰਮਜੀਤ ਕੌਰ ਵੀ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਇੱਕ ਰੁੱਖ ਵੱਢਿਆ ਤਾਂ 10 ਲਾਉਣੇ ਪੈਣਗੇ

ਨੂੰ ਘਟਾਉਣ ਅਤੇ ਜੀ ਐੱਸ ਟੀ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣ ਲਈ 'ਪੰਜਾਬ ਵਸਤਾਂ ਅਤੇ ਸੇਵਾ ਕਰ (ਸੋਧ) ਬਿੱਲ-2026' ਵਿੱਚ ਸੋਧ ਕਰਨ ਦੀ ਪ੍ਰਵਾਨਗੀ ਵੀ ਦੇ ਦਿੱਤੀ ਹੈ, ਜਿਸ ਨਾਲ ਸੂਬੇ ਭਰ ਦੇ ਵਪਾਰ ਅਤੇ ਉਦਯੋਗ ਨੂੰ ਲਾਭ ਹੋਵੇਗਾ। ਇਸ ਸੋਧ ਨਾਲ ਪੂਰਵ ਸਮਝੌਤੇ ਦੀ ਸ਼ਰਤ ਤੋਂ ਬਿਨਾਂ ਕ੍ਰੈਡਿਟ ਨੋਟ ਜਾਰੀ ਕਰਕੇ ਸਪਲਾਈ ਦੀ ਕੀਮਤ 'ਚੋਂ ਵਿਕਰੀ ਤੋਂ ਬਾਅਦ ਦੀਆਂ ਛੋਟਾਂ ਨੂੰ ਬਾਹਰ ਰੱਖਣ ਦੀ ਇਜਾਜ਼ਤ ਮਿਲੇਗੀ। ਇਸ ਤੋਂ ਇਲਾਵਾ ਇਹ ਕਿਸੇ ਵੀ ਵਪਾਰਕ ਕਾਰਨ ਕਰਕੇ ਵਿਕਰੀ ਤੋਂ ਬਾਅਦ ਦੀਆਂ ਛੋਟਾਂ ਲਈ ਕ੍ਰੈਡਿਟ ਨੋਟ ਜਾਰੀ ਕਰਨ ਦੀ ਇਜਾਜ਼ਤ ਦੇਵੇਗਾ, ਜਿਸ ਨਾਲ ਵਪਾਰਕ ਛੋਟਾਂ ਦੇ ਪ੍ਰਬੰਧਨ ਨੂੰ ਸਰਲ ਬਣਾਇਆ ਜਾ ਸਕੇਗਾ ਅਤੇ ਪਾਲਣਾ ਦੇ ਬੋਝ ਨੂੰ ਘਟਾਇਆ ਜਾ ਸਕੇਗਾ। ਇਸੇ ਤਰ੍ਹਾਂ ਇਸ ਦਾ ਉਦੇਸ਼ ਇਨਵਰਟਿਡ ਡਿਊਟੀ ਸਟ੍ਰਕਚਰ ਦੇ ਮਾਮਲਿਆਂ ਵਿੱਚ ਆਈ ਟੀ ਸੀ ਦੇ 90 ਪ੍ਰਤੀਸ਼ਤ ਅੰਤਰਮ ਰਿਫੰਡ ਦੇ ਲਾਭ ਨੂੰ ਵਧਾਉਣਾ ਅਤੇ ਵਸਤੂਆਂ ਦੇ ਨਿਰਯਾਤ 'ਤੇ ਭੁਗਤਾਨ ਕੀਤੇ ਆਈ ਜੀ ਐੱਸ ਟੀ ਦੇ ਰਿਫੰਡ ਭਾਵੇਂ ਰਿਫੰਡ ਦੀ ਰਕਮ 1,000 ਤੋਂ ਘੱਟ ਹੋਵੇ, ਦੀ ਇਜਾਜ਼ਤ ਦੇਣਾ ਹੈ, ਜਿਸ ਨਾਲ ਲਿਕੁਡਿਟੀ ਵਿੱਚ ਸੁਧਾਰ ਹੋਵੇਗਾ ਅਤੇ ਨਿਰਯਾਤ ਨੂੰ ਉਤਸ਼ਾਹ ਮਿਲੇਗਾ।

ਕੈਬਨਿਟ ਨੇ ਪੇਂਡੂ ਵਿਕਾਸ ਵਿਭਾਗ ਦੇ ਕੰਮਕਾਜ ਨੂੰ ਸੁਚਾਰੂ ਬਣਾਉਣ ਅਤੇ ਪੰਚਾਇਤ ਸਕੱਤਰਾਂ ਅਤੇ ਗ੍ਰਾਮ ਸੇਵਕਾਂ ਦੇ ਕਾਡਰਾਂ ਦਾ ਨਵੀਂ ਅਸਾਮੀ 'ਪੰਚਾਇਤ ਡਿਵੈੱਲਪਮੈਂਟ ਸੈਕਟਰੀ' (ਪੰਚਾਇਤ ਵਿਕਾਸ ਸਕੱਤਰ) ਵਿੱਚ ਰਲੇਵਾਂ ਕਰਨ ਲਈ 'ਪੰਜਾਬ ਪੰਚਾਇਤੀ ਰਾਜ ਐਕਟ-1994' ਵਿੱਚ ਸੋਧ ਕਰਨ ਦੀ ਵੀ ਸਹਿਮਤੀ ਦੇ ਦਿੱਤੀ ਹੈ। ਮੌਜੂਦਾ ਪੰਚਾਇਤ ਸਕੱਤਰਾਂ ਨੂੰ ਇੱਕ ਸਵੈ-ਘੋਸ਼ਣਾ ਪੱਤਰ ਜਮ੍ਹਾਂ ਕਰਵਾਉਣ 'ਤੇ ਗ੍ਰਾਮ ਸੇਵਕਾਂ (ਵੀ ਡੀ ਓਜ਼) ਦੀ ਮੌਜੂਦਾ ਸੀਨੀਆਰਤਾ ਸੂਚੀ ਦੇ ਅਖੀਰ ਵਿੱਚ ਰੱਖਿਆ ਜਾਵੇਗਾ। ਜਿਹੜੇ ਮੌਜੂਦਾ ਪੰਚਾਇਤ ਸਕੱਤਰ ਨੋਟੀਫਿਕੇਸ਼ਨ ਜਾਰੀ ਹੋਣ ਦੀ ਮਿਤੀ ਤੋਂ ਇੱਕ ਮਹੀਨੇ ਦੇ ਅੰਦਰ ਲੋੜੀਂਦਾ ਸਵੈ-ਘੋਸ਼ਣਾ ਪੱਤਰ ਜਮ੍ਹਾਂ ਕਰਵਾਉਣ ਵਿੱਚ ਅਸਫਲ ਰਹਿਣਗੇ, ਉਹ ਪੰਚਾਇਤ ਸਕੱਤਰਾਂ ਦੇ ਕਾਡਰ ਵਿੱਚ ਹੀ ਰਹਿਣਗੇ, ਜਿਸ ਨੂੰ ਡਾਈਂਗ ਕਾਡਰ (ਖਤਮ ਹੋ ਰਿਹਾ ਕਾਡਰ) ਐਲਾਨਿਆ ਗਿਆ ਹੈ।

### ਅਜਨਾਲਾ ਕਾਂਡ ਦੇ ਗਵਾਹ ਨਾਲ ਤਕਰਾਰ ਦੌਰਾਨ ਹਵਾਈ ਫਾਇਰਿੰਗ

ਐੱਸ ਐੱਸ ਪੀ ਨੇ ਪਹਿਲਾਂ ਹੀ ਸਪੱਸ਼ਟ ਕਰ ਦਿੱਤਾ ਹੈ ਕਿ ਇਹ ਗੋਲੀਬਾਰੀ ਸਿਰਫ ਸੜਕੀ ਤਕਰਾਰ ਦਾ ਸਿੱਟਾ ਸੀ। ਉਨ੍ਹਾਂ ਦੋਸ਼ ਲਾਇਆ ਕਿ ਆਉਣ ਵਾਲੀਆਂ ਚੋਣਾਂ ਨੂੰ ਦੇਖਦਿਆਂ ਵਿਰੋਧੀ ਪਾਰਟੀਆਂ ਦੇ ਆਈ ਟੀ ਸੈੱਲ ਇਸ ਘਟਨਾ ਨੂੰ ਸਿਆਸੀ ਰੰਗਤ ਦੇ ਕੇ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

### ਜ਼ੁਕਰਬਰਗ ਨੇ ਮੁਆਫੀ ਮੰਗਣ 'ਚ ਹੀ ਫਾਇਦਾ ਲੱਭਿਆ...

ਪਹਿਲਾਂ ਮੈਟਾ ਦੇ ਪ੍ਰਤੀਨਿਧੀਆਂ ਨੇ ਆਈ ਟੀ ਸਕੱਤਰ ਐੱਸ ਕ੍ਰਿਸ਼ਨਨ ਨਾਲ ਵੀ ਮੁਲਾਕਾਤ ਕੀਤੀ, ਜਿਨ੍ਹਾ ਮੈਟਾ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰੀਖਿਆ ਸੁਧਾਰਾਂ ਬਾਰੇ ਵੀਡੀਓ ਨੂੰ ਪੰਜ ਘੰਟੇ ਲਈ ਹਟਾਉਣ ਅਤੇ ਆਪਣੇ ਪਲੇਟਫਾਰਮਾਂ 'ਤੇ ਜਿਨਸੀ ਸ਼ੋਸ਼ਣ ਵਾਲੀ ਸਮਗਰੀ ਹੋਣ ਕਾਰਨ ਮੁਆਫੀ ਮੰਗਣ ਲਈ ਤਿੰਨ ਦਿਨਾਂ ਦਾ ਸਮਾਂ ਦਿੱਤਾ ਸੀ। ਆਈ ਟੀ ਸੰਸਦੀ ਕਮੇਟੀ ਦੇ ਚੇਅਰਮੈਨ ਨਿਸ਼ੀ ਕਾਂਤ ਦੂਬੇ ਨੇ ਮੈਟਾ ਨੂੰ ਸਪੱਸ਼ਟ ਕਰ ਦਿੱਤਾ ਸੀ ਕਿ ਜੇ ਉਸ ਨੇ ਮੁਆਫੀ ਨਾ ਮੰਗੀ ਤਾਂ ਉਹ ਸੇਫ ਹਾਰਬਰ ਪ੍ਰਬੰਧ ਗੁਆ ਦੇਣਗੇ। ਦੂਬੇ ਨੇ ਕਿਹਾ, 'ਸੇਫ ਹਾਰਬਰ ਕਿਉਂ? ਅਪਮਾਨਜਨਕ ਭਾਸ਼ਾ, ਪ੍ਰੇਸ਼ਾਨੀ, ਹਿੰਸਾ, ਬੱਚਿਆਂ ਅਤੇ ਔਰਤਾਂ ਨਾਲ ਜੁੜੀ ਜਿਨਸੀ ਸਮਗਰੀ 'ਤੇ? ਐਲਗੋਰਿਦਮਿਕ ਟਰੈਂਡਿੰਗ ਰਾਹੀਂ ਦੇਸ਼ ਵਿਰੋਧੀ ਤਾਕਤਾਂ ਦੇ ਝੂਠੇ ਪ੍ਰਚਾਰ ਨੂੰ ਬੂਸਟ ਕਰਨ ਲਈ ਅਤੇ ਆਖਰਕਾਰ 140 ਕਰੋੜ ਭਾਰਤੀਆਂ ਲਈ ਪੀ ਐੱਮ ਮੋਦੀ ਦੀ ਵੀਡੀਓ ਨੂੰ ਪੰਜ ਘੰਟੇ ਤੱਕ ਬੰਦ ਰੱਖਣ ਲਈ? ਜਨਤਾ ਜਾਗਰੂਕ ਹੋ ਚੁੱਕੀ ਹੈ।' ਮੈਟਾ ਦੀ ਮਾਲਕੀ ਵਾਲੇ ਪਲੇਟਫਾਰਮਾਂ ਵਿੱਚ ਇੰਸਟਾਗ੍ਰਾਮ, ਫੇਸਬੁਕ ਤੇ ਵਟਸਐਪ ਆਉਂਦੇ ਹਨ। ਵੱਡੇ ਭਾਰਤੀ ਬਾਜ਼ਾਰ ਦੇ ਮੱਦੇਨਜ਼ਰ ਜ਼ੁਕਰਬਰਗ ਨੇ ਮੁਆਫੀ ਮੰਗਣ ਵਿੱਚ ਹੀ ਭਲਾ ਸਮਝਿਆ।

### ...ਕੰਢੀ ਖੇਤਰ ਨੂੰ ਸੈਰ-ਸਪਾਟਾ ਕੇਂਦਰ ਵਜੋਂ ਉਤਸ਼ਾਹਤ ਕਰਾਂਗੇ : ਮਾਨ

ਕਰ ਸਕਦਾ ਹੈ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਇਸ ਖੇਤਰ ਦੇ ਵਿਕਾਸ 'ਚ ਤੇਜ਼ੀ ਲਿਆਉਣ ਅਤੇ ਇਸ ਦੀਆਂ ਵਿਸ਼ਾਲ ਸੈਰ-ਸਪਾਟਾ ਸੰਭਾਵਨਾਵਾਂ ਦਾ ਲਾਭ ਉਠਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਇਸ ਖੇਤਰ ਦੀਆਂ ਅਣਵਰਤੀਆਂ ਸੰਭਾਵਨਾਵਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, 'ਪਿਛਲੀਆਂ ਸਰਕਾਰਾਂ ਦੀ ਨਲਾਇਕੀ ਅਤੇ ਅਣਦੇਖੀ ਕਾਰਨ ਕੰਢੀ ਖੇਤਰ ਵਿਕਾਸ ਦੀ ਰਫ਼ਤਾਰ ਵਿੱਚ ਪਿੱਛੇ ਰਹਿ ਗਿਆ ਸੀ। ਉਨ੍ਹਾ ਕਿਹਾ ਕਿ ਹਾਲਾਂਕਿ ਸਾਡੀ ਸਰਕਾਰ ਨੇ ਇਸ ਖੇਤਰ ਦੀਆਂ ਅਥਾਹ ਸੈਰ-ਸਪਾਟਾ ਸੰਭਾਵਨਾਵਾਂ ਨੂੰ ਉਜਾਗਰ ਕਰਨ ਅਤੇ ਸੈਲਾਨੀਆਂ ਨੂੰ ਇਸ ਦੀ ਕੁਦਰਤੀ ਸੁੰਦਰਤਾ ਵੱਲ ਆਕਰਸ਼ਤ ਕਰਨ ਲਈ ਸਖ਼ਤ ਉਪਰਾਲੇ ਕੀਤੇ ਹਨ। ਇਹ ਖੇਤਰ ਕੁਦਰਤੀ ਸਰੋਤਾਂ ਨਾਲ ਭਰਪੂਰ ਹੈ, ਜੋ ਦੁਨੀਆ ਭਰ ਦੇ ਸੈਲਾਨੀਆਂ ਨੂੰ ਆਕਰਸ਼ਤ ਕਰ ਸਕਦਾ ਹੈ।'

### ਰੁਜ਼ਗਾਰ ਤੇ ਸਨਅਤੀ ਨਿਵੇਸ਼ ਲਈ ਸਰਕਾਰ ਦੀ ਸ਼ਲਾਘਾ ਕਰਦਾ ਮਤਾ ਪਾਸ...

9,899 ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ। ਇਨ੍ਹਾਂ ਨਿਵੇਸ਼ ਪ੍ਰਸਤਾਵਾਂ ਨਾਲ ਸੂਬੇ ਭਰ ਵਿੱਚ 6,16,436 ਨਵੀਆਂ ਨੌਕਰੀਆਂ ਦੇ ਮੌਕੇ ਪੈਦਾ ਹੋਣ ਦੀ ਸੰਭਾਵਨਾ ਹੈ। ਮਤੇ ਵਿੱਚ ਭਰਤੀਆਂ ਦਾ ਵੇਰਵਾ ਵੀ ਸਾਂਝਾ ਕੀਤਾ ਗਿਆ, ਜਿਸ ਅਨੁਸਾਰ ਸਕੂਲ ਸਿੱਖਿਆ ਵਿਭਾਗ 'ਚ 16,316, ਗ੍ਰਹਿ ਮਾਮਲੇ ਵਿਭਾਗ 'ਚ 14,723, ਬਿਜਲੀ ਵਿਭਾਗ 'ਚ 8,706, ਸਥਾਨਕ ਸਰਕਾਰ ਵਿਭਾਗ 'ਚ 5,681 ਅਤੇ ਸਿਹਤ ਤੇ ਪਰਵਾਰ ਭਲਾਈ ਵਿਭਾਗ 'ਚ 4,758 ਨੌਕਰੀਆਂ ਦਿੱਤੀਆਂ ਗਈਆਂ।

ਮਤੇ ਵਿੱਚ ਕਿਹਾ ਗਿਆ ਕਿ ਦਹਾਕਿਆਂ ਤੋਂ ਪੰਜਾਬ ਵਿੱਚ ਸਰਕਾਰੀ ਨੌਕਰੀਆਂ ਸਿਫਾਰਸ਼ਾਂ, ਸਿਆਸੀ ਦਖਲਅੰਦਾਜ਼ੀ ਅਤੇ ਭ੍ਰਿਸ਼ਟਾਚਾਰ ਦਾ ਸ਼ਿਕਾਰ ਸਨ, ਜਿਸ ਨਾਲ ਯੋਗ ਉਮੀਦਵਾਰਾਂ ਦਾ ਭਰੋਸਾ ਉੱਠ ਚੁੱਕਾ ਸੀ। ਪੰਜਾਬ ਸਰਕਾਰ ਨੇ ਪਾਰਦਰਸ਼ੀ ਪ੍ਰੀਖਿਆਵਾਂ ਅਤੇ ਨਿਰਪੱਖ ਚੋਣ ਪ੍ਰਕਿਰਿਆ ਰਾਹੀਂ ਇਸ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਹੁਣ ਨੌਜਵਾਨਾਂ ਨੂੰ ਕਿਸੇ ਸਿਫਾਰਸ਼ 'ਤੇ ਨਿਰਭਰ ਨਹੀਂ ਰਹਿਣਾ ਪੈਂਦਾ, ਸਗੋਂ ਸਫਲਤਾ ਕੇਵਲ ਸਖ਼ਤ ਮਿਹਨਤ ਅਤੇ ਯੋਗਤਾ 'ਤੇ ਨਿਰਭਰ ਕਰਦੀ ਹੈ। ਸਦਨ ਵਿੱਚ ਜ਼ਿਕਰ ਕੀਤਾ ਗਿਆ ਕਿ ਸਿਰਫ ਸਰਕਾਰੀ ਨੌਕਰੀਆਂ ਨਾਲ ਬੇਰੁਜ਼ਗਾਰੀ ਖਤਮ ਨਹੀਂ ਕੀਤੀ ਜਾ ਸਕਦੀ। ਸੂਬਾ ਸਰਕਾਰ ਨੇ ਨੀਤੀਗਤ ਸਥਿਰਤਾ ਅਤੇ 'ਈਜ਼ ਆਫ ਡੂਇੰਗ ਬਿਜ਼ਨਸ' ਰਾਹੀਂ ਸਨਅਤੀ ਨਿਵੇਸ਼ ਨੂੰ ਉਤਸ਼ਾਹਤ ਕੀਤਾ ਹੈ।

### ਬੇਜ਼ਮੀਨੇ ਮਜ਼ਦੂਰਾਂ ਵੱਲੋਂ ਸੰਘਰਸ਼ ਪ੍ਰਚੰਡ ਕਰਨ ਦਾ ਐਲਾਨ...

ਮਜ਼ਦੂਰ ਜਥੇਬੰਦੀਆਂ ਨੇ ਮੰਗ ਕੀਤੀ ਕਿ ਵੀ ਬੀ ਜੀ ਰਾਮ ਜੀ ਕਾਨੂੰਨ ਰੱਦ ਕਰਕੇ, ਮਨਰੇਗਾ ਨੂੰ ਮੁੜ ਬਹਾਲ ਕੀਤਾ ਜਾਵੇ ਅਤੇ ਇਸ ਤਹਿਤ, ਸਾਲ ਭਰ ਲਈ ਰੁਜ਼ਗਾਰ ਤੇ ਘੱਟੋ-ਘੱਟ ਦਿਹਾੜੀ 700 ਰੁਪਏ ਕੀਤੀ ਜਾਵੇ, ਵਿਧਵਾ, ਬੁਢਾਪਾ, ਅੰਗਹੀਣ ਪੈਨਸ਼ਨ ਪ੍ਰਤੀ ਮਹੀਨਾ 5000 ਰੁਪਏ ਹੋਏ, ਔਰਤਾਂ ਦੇ ਖਾਤੇ ਵਿੱਚ ਪਿਛਲੇ ਸਾਢੇ ਚਾਰ ਸਾਲਾਂ ਦਾ ਬਕਾਇਆ ਪਾਇਆ ਜਾਵੇ, ਮਜ਼ਦੂਰਾਂ ਨੂੰ ਦਸ-ਦਸ ਮਰਲੇ ਦੇ ਰਿਹਾਇਸ਼ੀ ਪਲਾਟ ਦਿੱਤੇ ਜਾਣ, ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਮੁਆਫ਼ ਕੀਤੇ ਜਾਣ, ਜ਼ਮੀਨ ਦੀ ਕਾਣੀਵੰਡ ਖ਼ਤਮ ਕਰਨ ਲਈ ਜ਼ਮੀਨ ਹੱਦਬੰਦੀ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ 'ਚ ਵੰਡੀਆਂ ਜਾਣ, ਪੰਚਾਇਤੀ ਜ਼ਮੀਨ 'ਚੋਂ ਤੀਜੇ ਹਿੱਸੇ ਦੀ ਜ਼ਮੀਨ ਮਜ਼ਦੂਰਾਂ ਨੂੰ ਦੇਣਾ ਯਕੀਨੀ ਕੀਤਾ ਜਾਵੇ ਆਦਿਕ। ਕੁਝ ਵਿਸ਼ੇਸ਼ ਮਤੇ ਪੇਸ਼ ਕੀਤੇ ਗਏ, ਜਿਸ ਨੂੰ ਇਕੱਠ ਨੇ ਹੱਥ ਖੜ੍ਹੇ ਕਰਕੇ ਪਾਸ ਕੀਤਾ। ਚੋਟੀ ਦੇ ਇਨਕਲਾਬੀ ਕਵੀ ਅਵਤਾਰ ਪਾਸ਼ ਅਤੇ ਉਸ ਦੇ ਦੋਸਤ ਸ਼ਹੀਦ ਹੰਸਰਾਜ ਦੀ ਯਾਦ ਵਿੱਚ ਉਹਨਾਂ ਦੇ ਪਿੰਡ ਤਲਵੰਡੀ ਸਲੇਮ ਵਿਖੇ ਉਸਾਰੇ ਕੰਪਲੈਕਸ ਨੂੰ ਸੱਤਾਧਾਰੀ ਆਮ ਆਦਮੀ ਪਾਰਟੀ ਦੀ ਸ਼ਹਿ ਤੇ ਪਿੰਡ ਦੇ ਸਰਪੰਚ ਅਤੇ ਉਸ ਦੀ ਢਾਣੀ ਵਲੋਂ ਕਬਜ਼ਾ ਕਰਨ ਦੀ ਨੀਅਤ ਨਾਲ ਗੇਟਾਂ ਦੇ ਤਾਲੇ ਤੋੜ ਕੇ ਅੰਦਰ ਝੂਲੇ ਲਾਉਣ ਦੀ ਇਕੱਠ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਦੋਸ਼ੀਆਂ 'ਤੇ ਸਖ਼ਤ ਕਾਰਵਾਈ ਦੀ ਮੰਗ ਕੀਤੀ, ਪੰਜਾਬ ਅੰਦਰ ਵੱਖ-ਵੱਖ ਸੰਘਰਸ਼ਸ਼ੀਲ ਤਬਕਿਆਂ ਦੇ ਘੋਲਾਂ/ਮੰਗਾਂ ਨੂੰ ਡਾਂਗ ਦੇ ਜੋਰ ਦਬਾਉਣ ਦੀ ਜ਼ੋਰਦਾਰ ਨਿੰਦਾ ਕੀਤੀ, ਸਫ਼ਾਈ ਮਜ਼ਦੂਰਾਂ ਦੇ ਸੰਘਰਸ਼ ਦੀ ਜਿਥੇ ਇਕੱਠ ਨੇ ਹਮਾਇਤ ਕੀਤੀ, ਉੱਥੇ ਬਰਨਾਲਾ ਲਾਠੀਚਾਰਜ ਦੀ ਨਿੰਦਾ ਕੀਤੀ, ਜੰਤਰ ਮੰਤਰ ਵਿਖੇ ਨੌਜਵਾਨਾਂ ਵਿਦਿਆਰਥੀਆਂ ਦੇ ਸੰਘਰਸ਼ ਮੌਕੇ ਉਹਨਾਂ 'ਤੇ ਹੋਏ ਪੁਲਸ ਜਬਰ ਦੀ ਨਿੰਦਾ ਕਰਦਿਆਂ ਖ਼ਾਸ ਕਰਕੇ ਲੜਕੀਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਕੋਝੀਆਂ ਕਰਤੂਤਾਂ ਦੀ ਇਕੱਠ ਨੇ ਨਿੰਦਾ ਕੀਤੀ।ਆਗੂਆਂ ਨੇ ਐਲਾਨ ਕੀਤਾ ਕਿ ਆਉਂਦੇ ਦਿਨਾਂ ਵਿੱਚ ਮਜ਼ਦੂਰਾਂ ਦੀਆਂ ਇਹਨਾਂ ਮੰਗਾਂ 'ਤੇ ਸੰਘਰਸ਼ ਹੋਰ ਤਿੱਖਾ ਅਤੇ ਵਿਸ਼ਾਲ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇਕੱਠ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ, ਗੁਰਨਾਮ ਸਿੰਘ ਦਾਊਦ, ਲਛਮਣ ਸਿੰਘ ਸੇਵੇਵਾਲਾ, ਕਸ਼ਮੀਰ ਸਿੰਘ ਘੁਗਸ਼ੋਰ, ਲਖਵੀਰ ਲੌਂਗੋਵਾਲ, ਸਤਪਾਲ ਬਨੂੜ ਤੇ ਗੁਰਬਿੰਦਰ ਸਿੰਘ ਬੋੜਾਂ ਨੇ ਵੀ ਸੰਬੋਧਨ ਕੀਤਾ।ਸਟੇਜ ਸਕੱਤਰ ਦੇ ਫਰਜ਼ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਨਿਭਾਏ।


ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ
Punjab & Sind Bank
(A Govt. of India Undertaking)
B/O:- Bhamian Khurd Ludhiana (B1342)
E-mail:b1342@psb.co.in

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਇਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ ਬੈਂਕ ਤੋਂ ਲਈਆਂ ਕਰਜ਼ਾ ਸਹੂਲਤਾਂ ਦੀ ਮੂਲ ਰਕਮ ਅਤੇ ਵਿਆਜ ਦੀ ਅਦਾਇਗੀ ਕਰਨ 'ਚ ਅਸਫਲ ਰਹੇ ਹਨ ਅਤੇ ਇਹ ਸਹੂਲਤਾਂ ਨਾਨ-ਪ੍ਰਫਾਰਮਿੰਗ ਐੱਸਟਸ 'ਚ ਤਬਦੀਲ ਹੋ ਗਈਆਂ ਹਨ। ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਜਾਰੀ ਕੀਤੇ ਜਾ ਚੁੱਕੇ ਹਨ। ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ ਅਤੇ ਹੋਰ ਮਾਮਲਿਆਂ 'ਚ ਤਾਮੀਲ ਰਸੀਦਾਂ ਨਹੀਂ ਮਿਲੀਆਂ। ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| ਬਰਾਂਚ ਦਾ ਨਾਂਅ ਕਰਜ਼ਦਾਰ/ਗਰੰਟਰ/ਹਿੱਸੇਦਾਰ/ਰਹਿਣਕਾਰ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਨਾਨ-ਪ੍ਰਫਾਰਮਿੰਗ ਐੱਸਟ (ਐੱਨ ਪੀ ਏ ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|
| (1) (ਕਰਜ਼ਦਾਰ) : ਸ੍ਰੀਮਤੀ ਸ਼ੀਲਾ ਦੇਵੀ ਪਤਨੀ ਮੁਕੇਸ਼ ਕੁਮਾਰ ਵਾਸੀ ਮਕਾਨ ਨੰ. 40, ਗਲੀ ਨੰ. 1 (33 ਫੁੱਟਾ ਰੋਡ) ਰਾਮ ਨਗਰ, ਸਾਈਂ ਇਨਕਲੇਵ, ਮੁੰਡੀਆਂ ਕਲਾਂ, ਲੁਧਿਆਣਾ, ਪੰਜਾਬ-141015, ਨਾਲ ਹੀ : ਮਕਾਨ ਨੰ. 91, ਗਲੀ ਨੰ. 33 | ਜਾਇਦਾਦ/ਮਕਾਨ ਨੰ. 40, ਰਕਬਾ 57.5 ਵਰਗ ਗਜ਼, ਖਸਰਾ ਨੰ. 162, ਖਾਤਾ ਨੰ. 306/327, ਜਮ੍ਹਾਂਬੰਦੀ ਸਾਲ 2009-10 ਅਨੁਸਾਰ ਪਤਾ ਪਿੰਡ ਮੁੰਡੀਆਂ ਕਲਾਂ, ਹੱਦਬਸਤ ਨੰ. 179, ਜਗ੍ਹਾ ਸਾਈਂ ਇਨਕਲੇਵ ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਬੈਨਾਮੇ ਅਨੁਸਾਰ ਸਬ-ਰਜਿਸਟਰਾਰ ਲੁਧਿਆਣਾ ਦਫਤਰ ਨਾਲ ਰਜਿਸਟਰਡ ਵਸੀਕਾ ਨੰ. 6864 ਮਿਤੀ 29-07-2015, ਸ੍ਰੀਮਤੀ ਸ਼ੀਲਾ ਦੇਵੀ ਪਤਨੀ ਸ੍ਰੀ ਮੁਕੇਸ਼ ਕੁਮਾਰ ਦੇ ਨਾਂਅ। | 29.01-2026 | 07-05-2026 | ਰੁਪਏ 413351.44/- (ਚਾਰ ਲੱਖ ਤੇਰਾਂ ਹਜ਼ਾਰ ਤਿੰਨ ਸੌ ਇਕਵੰਜਾ ਰੁਪਏ ਅਤੇ ਚੁਤਾਲੀ ਪੈਸੇ ਕੇਵਲ) ਜਿਵੇਂ ਕਿ ਉਕਤ ਪਹਿਰਾ ਨੰ. 8 'ਚ ਵੇਰਵਾ ਦਿੱਤਾ ਗਿਆ ਹੈ ਸਮੇਤ ਭਵਿੱਖੀ ਵਿਆਜ, ਜਮ੍ਹਾਂ ਚਾਰਜਿਜ਼ 01-05-2026 ਤੋਂ ਲਾਗੂ। |

ਫੁੱਟਾ ਰੋਡ, ਭਗਤ ਸਿੰਘ ਕਾਲੋਨੀ, ਫੋਕਲ ਪੁਆਇੰਟ, ਲੁਧਿਆਣਾ-141010 (2) (ਕਰਜ਼ਦਾਰ) ਸ੍ਰੀ ਮੁਕੇਸ਼ ਕੁਮਾਰ ਪੁੱਤਰ ਸਤੀਸ਼ ਚੁਰੱਸੀਆ ਵਾਸੀ ਮਕਾਨ ਨੰ. 365, ਗਲੀ ਨੰ. 5, ਭਗਤ ਸਿੰਘ ਕਾਲੋਨੀ, ਸ਼ੇਰਪੁਰ, ਫੋਕਲ ਪੁਆਇੰਟ, ਲੁਧਿਆਣਾ, ਪੰਜਾਬ-141010, ਨਾਲ ਹੀ : ਮਕਾਨ ਨੰ. 40, ਗਲੀ ਨੰ. 1, ਰਾਮ ਨਗਰ ਸਾਈ ਇਨਕਲੇਵ, 33 ਫੁੱਟਾ ਰੋਡ, ਮੁੰਡੀਆਂ ਕਲਾਂ, ਲੁਧਿਆਣਾ-141015 (3) (ਗਰੰਟਰ) : ਸ੍ਰੀ ਸਨੀ ਕੁਮਾਰ ਪੁੱਤਰ ਮੰਗਲੇਸ਼ ਕੁਮਾਰ ਵਾਸੀ ਬੀ-B-XXI 510/10/77 ਭਾਮੀਆਂ ਰੋਡ, ਕੁਲੀਆਂਵਾਲਾ, ਸਾਵਨ ਵਿਹਾਰ ਕਾਲੋਨੀ, ਫੋਕਲ ਪੁਆਇੰਟ ਲੁਧਿਆਣਾ, ਪੰਜਾਬ-141010

ਇਹ ਧਿਆਨ ਦਿੱਤਾ ਜਾਵੇ ਕਿ ਐਕਟ ਦੀ ਧਾਰਾ 13(8) ਦੇ ਉਪਬੰਧਾਂ ਤਹਿਤ, ਤੁਹਾਨੂੰ ਬੈਂਕ ਦੇ ਬਕਾਏ ਅਤੇ ਬੈਂਕ ਦੁਆਰਾ ਕੀਤੇ ਗਏ ਸਾਰੇ ਖਰਚਿਆਂ ਤੇ ਫੀਸਾਂ ਦੀ ਅਦਾਇਗੀ ਕਰਕੇ, ਸੁਰੱਖਿਅਤ ਜਾਇਦਾਦਾਂ ਨੂੰ ਲੀਜ਼, ਅਸਾਈਨਮੈਂਟ ਜਾਂ ਵਿਕਰੀ ਰਾਹੀਂ ਤਬਦੀਲ ਕਰਨ ਲਈ ਜਨਤਕ ਨਿਲਾਮੀ, ਕੋਟੇਸ਼ਨਾਂ ਜਾਂ ਟੈਂਡਰ ਮੰਗਣ ਜਾਂ ਨਿੱਜੀ ਸਮਝੌਤੇ ਰਾਹੀਂ ਕਾਰਵਾਈ ਕਰਨ ਦੇ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ ਪਹਿਲਾਂ ਕਿਸੇ ਵੀ ਸਮੇਂ ਜਾਇਦਾਦ ਵਾਪਸ ਲੈਣ ਦਾ ਅਧਿਕਾਰ ਪ੍ਰਾਪਤ ਹੈ। ਉਪਰੋਕਤ ਕਰਜ਼ਦਾਰਾਂ/ਗਰੰਟਰਾਂ/ਗਿਰਵੀਕਰਤਾਵਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ, ਅਜਿਹਾ ਨਾ ਕਰਨ ਦੀ ਸੂਰਤ ਵਿੱਚ, ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੀ ਮਿਆਦ ਸਮਾਪਤ ਹੋਣ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰੱਕਸ਼ਨ ਆਫ਼ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ਼ ਸਕਿਉਰਿਟੀ ਇੰਟਰੈਸਟ ਐਕਟ 2002 ਦੇ ਉਪਬੰਧਾਂ ਅਨੁਸਾਰ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਐਕਟ ਦੀ ਧਾਰਾ 13 (13) ਅਨੁਸਾਰ, ਇਹ ਨੋਟਿਸ ਪ੍ਰਾਪਤ ਹੋਣ 'ਤੇ ਤੁਹਾਨੂੰ ਬੈਂਕ ਦੀ ਸਹਿਮਤੀ ਤੋਂ ਬਿਨਾਂ ਕਾਰੋਬਾਰ ਦੇ ਆਮ ਕੰਮਕਾਜ ਤੋਂ ਇਲਾਵਾ ਉਪਰੋਕਤ ਸੁਰੱਖਿਆ ਜਾਇਦਾਦਾਂ ਨੂੰ ਵੇਚਣ ਜਾਂ ਉਹਨਾਂ ਨਾਲ ਕੋਈ ਲੈਣ-ਦੇਣ ਕਰਨ ਤੋਂ ਵਰਜਿਤ ਕੀਤਾ ਜਾਂਦਾ ਹੈ। ਕਿਰਪਾ ਕਰਕੇ ਧਿਆਨ ਦਿਓ ਕਿ ਇਸ ਧਾਰਾ ਦੀ ਕਿਸੇ ਵੀ ਉਲੰਘਣਾ ਦੇ ਗੰਭੀਰ ਨਤੀਜੇ ਹੋ ਸਕਦੇ ਹਨ।

ਕਰਜ਼ਦਾਰਾਂ/ਗਰੰਟਰਾਂ/ਗਿਰਵੀਕਰਤਾਵਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸੰਬੰਧਤ ਸ਼ਾਖਾ ਤੋਂ ਨੋਟਿਸ ਦੀ ਕਾਪੀ ਪ੍ਰਾਪਤ ਕਰ ਲੈਣ।

ਮਿਤੀ : 05-08-2026 | ਸਥਾਨ : ਲੁਧਿਆਣਾ | ਅਧਿਕਾਰਤ ਅਫਸਰ



ਰਜਿਸਟਰੀ ਨੰ. ਡੀ.ਐਲ.-33004/99 | REGD.NO.D.L.-33004/99

**ਭਾਰਤ ਦਾ ਰਾਜਪੱਤਰ**

**The Gazette of India**

ਸੀ.ਜੀ.-ਡੀ.ਐਲ.-ਅ.- 20072026-274622

CG-DL-E-20072026-274622

ਅਸਾਧਾਰਨ

EXTRAORDINARY

ਭਾਗ II-ਸੈਕਸ਼ਨ 3-ਉਪ-ਸੈਕਸ਼ਨ (ii)

PART II — Section 3 — Sub-section (ii)

ਪ੍ਰਾਧਿਕਾਰ ਤੋਂ ਪ੍ਰਕਾਸ਼ਿਤ

PUBLISHED BY AUTHORITY

ਸੰ. 3714] ਨਵੀਂ ਦਿੱਲੀ, ਮੰਗਲਵਾਰ, ਜੁਲਾਈ 14, 2026/ਆਸਾਢ 23, 1948

No. 3714] NEW DELHI, TUESDAY, JULY 14, 2026/ASHADHA 23, 1948

ਰੇਲ ਮੰਤਰਾਲਾ

[(ਉੱਤਰ ਰੇਲਵੇ (ਉਸਾਰੀ ਸੰਗਠਨ)]

ਅਧਿਸੂਚਨਾ

ਨਵੀਂ ਦਿੱਲੀ, 13 ਜੁਲਾਈ, 2026

ਕਾ.ਆ. 3877 (ਅ).-ਰੇਲਵੇ (ਸੋਧ) ਅਧਿਨਿਯਮ, 2008 ਦੀ ਧਾਰਾ 20-ਐਫ (6) ਦੁਆਰਾ ਪ੍ਰਦਤ ਸ਼ਕਤੀਆਂ ਦਾ ਪ੍ਰਯੋਗ ਕਰਦੇ ਹੋਏ, ਕੇਂਦਰੀ ਸਰਕਾਰ ਇਸ ਦੁਆਰਾ ਸਰਕਾਰੀ ਰਾਜਪੱਤਰ ਵਿਚ ਅਧਿਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ ਪ੍ਰਭਾਵੀ ਹੇਠਾਂ ਤਾਲਿਕਾ ਦੇ ਕਾਲਮ (2) ਵਿਚ ਵਰਣਿਤ ਅਧਿਕਾਰੀ ਨੂੰ ਪ੍ਰਾਧਿਕ੍ਰਿਤ ਕਰਦੀ ਹੈ ਕਿ ਇਸ ਤਾਲਿਕਾ ਦੇ ਕਾਲਮ (4) ਵਿਚ ਵਰਣਿਤ ਰੇਲਵੇ ਪ੍ਰੋਜੈਕਟ ਦੇ ਕੰਮ ਨਿਪਟਾਰੇ, ਅਨੁਪਾਲਨ, ਪ੍ਰਬੰਧਨ ਅਤੇ ਪਰਿਚਾਲਨ ਲਈ ਕਾਲਮ (3) ਵਿਚ ਵਰਣਿਤ ਰਾਜ ਵਿਚ ਸਮਰਥ ਪ੍ਰਾਧਿਕਾਰੀ ਦੇ ਰੂਪ ਵਿਚ ਕੰਮ ਨਿਪਟਾਰਾ ਕਰਨ।

ਤਾਲਿਕਾ

| ਕ੍ਰਮਾਂਕ | ਸਮਰਥ ਪ੍ਰਾਧਿਕਾਰੀ | ਸੂਬਾ | ਰੇਲਵੇ ਪ੍ਰੋਜੈਕਟ ਦਾ ਨਾਮ |
|---|---|---|---|
| 1 | 2 | 3 | 4 |
| 1 | ਡਿਪਟੀ ਕਮਿਸ਼ਨਰ, ਲੁਧਿਆਣਾ | ਪੰਜਾਬ | ਨਾਰਦਰਨ ਰੇਲਵੇ ਦੇ ਢੰਡਾਰੀ ਕਲਾਂ (DDL) ਦੀ ਹੈਂਡਲਿੰਗ ਸਮਰਥਾ ਨੂੰ ਵਧਾਉਣ ਦੇ ਲਈ ਰੀਮੋਡਲਿੰਗ ਅਤੇ ਸ਼ਟਿੰਗ ਨੇਕ ਦਾ ਪ੍ਰਬੰਧ। |

[ਫਾ. ਨੰ. 190-W/Land/CDG-II/DDL]

ਸ਼ੈਲੇਸ਼ ਕੁਮਾਰ ਮਿਸ਼ਰਾ, ਮੁੱਖ ਪ੍ਰਸ਼ਾਸਨਿਕ ਅਧਿਕਾਰੀ/ਉਸਾਰੀ-I

2699/26



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# 10 ਕਿੱਲੋ ਹੈਰੋਇਨ ਸਮੇਤ ਦੋ ਕਾਬੂ

ਅੰਮ੍ਰਿਤਸਰ, ਛੇਹਰਟਾ, ਖਾਸਾ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਮਨੋਜ ਕੁਮਾਰ/ਸ਼ਸ਼ਪਾਲ ਸਿੰਘ)- ਥਾਣਾ ਘਰਿੰਡਾ ਦੀ ਪੁਲਸ ਨੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਕਰੀਬ 10 ਕਿੱਲੋ ਹੈਰੋਇਨ ਬਰਾਮਦ ਕੀਤੀ ਹੈ।



ਅੰਮ੍ਰਿਤਸਰ ਦਿਹਾਤੀ ਪੁਲਸ ਦੇ ਐੱਸ. ਐੱਸ. ਪੀ. ਕੰਵਲਪ੍ਰੀਤ ਸਿੰਘ ਚਾਹਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਐੱਸ. ਪੀ. (ਪੀ.ਬੀ.ਆਈ.) ਗੁਰਜੀਤ ਸਿੰਘ, ਡੀ. ਐੱਸ. ਪੀ. (ਡੀ) ਗੁਰਿੰਦਰਪਾਲ ਸਿੰਘ ਨਾਗਰਾ, ਡੀ. ਐੱਸ. ਪੀ. ਅਟਾਰੀ ਯਾਦਵਿੰਦਰ ਸਿੰਘ ਤੇ ਐੱਸ. ਐੱਚ. ਓ. ਘਰਿੰਡਾ ਵੱਲੋਂ 2 ਮੁਲਜ਼ਮਾਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਕਰੀਬ 10 ਕਿੱਲੋ ਹੈਰੋਇਨ ਬਰਾਮਦ ਕੀਤੀ ਹੈ।ਉਨ੍ਹਾਂ ਦੱਸਿਆ ਕਿ 4 ਅਗਸਤ ਨੂੰ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਵਿਚ ਸ਼ਪੈਸ਼ਲ ਰੈੱਡ ਅਲਰਟ ਦੌਰਾਨ ਥਾਣਾ ਘਰਿੰਡਾ ਦੇ ਇਲਾਕਾ ਵਿਚ ਪੁਲਿਸ ਪਾਰਟੀ ਵੱਲੋਂ ਚੈਕਿੰਗ ਦੌਰਾਨ ਦੋ ਮੋਟਰਸਾਈਕਲ ਸਵਾਰਾਂ ਜਸਬੀਰ ਸਿੰਘ ਉਰਫ਼ ਮੋਨੂੰ (ਉਮਰ 21-22 ਸਾਲ) ਤੇ ਅੰਮ੍ਰਿਤਪਾਲ ਸਿੰਘ ਉਰਫ਼ ਮੋਟਾ ਵਾਸੀਆਨ ਪਿੰਡ ਰਣਗੜ੍ਹ (ਉਮਰ 21-22 ਸਾਲ) ਨੂੰ ਕਾਬੂ ਕਰ ਕੇ ਤਲਾਸ਼ੀ ਲੈਣ 'ਤੇ ਉਨ੍ਹਾਂ ਦੇ ਕਬਜ਼ੇ ਵਿਚੋਂ 10.030 ਕਿੱਲੋ ਗ੍ਰਾਮ ਹੈਰੋਇਨ ਬਰਾਮਦ ਹੋਈ।ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਥਾਣਾ ਘਰਿੰਡਾ ਵਿਚ ਮਾਮਲਾ ਦਰਜ਼ ਕਰ ਲਿਆ ਗਿਆ ਹੈ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਕੋਲੋਂ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਉਨ੍ਹਾਂ ਦੇ ਪਾਕਿਸਤਾਨੀ ਸਮੱਗਲਰ ਸ਼ਾਹ ਨਾਲ ਸਿੱਧੇ ਸਬੰਧ ਹਨ, ਜਿਸ ਵੱਲੋਂ ਭੇਜੀ ਗਈ ਖੇਪ ਉਹ ਬਾਰਡਰ ਇਲਾਕੇ ਵਿਚੋਂ ਚੁੱਕ ਕੇ ਅੱਗੇ ਸਪਲਾਈ ਕਰਦੇ ਹਨ।ਇਸ ਤੋਂ ਇਲਾਵਾ ਗ੍ਰਿਫ਼ਤਾਰ ਮੁਲਜ਼ਮ ਅੰਮ੍ਰਿਤਪਾਲ ਸਿੰਘ ਉਰਫ਼ ਮੋਟਾ ਖ਼ਿਲਾਫ਼ ਪਹਿਲਾਂ ਸਾਲ 2025 ਵਿਚ ਥਾਣਾ ਛੇਹਰਟਾ ਵਿਚ ਐੱਨਡੀਪੀਐੱਸ ਐਕਟ ਅਧੀਨ ਮਾਮਲਾ ਦਰਜ ਹੋਇਆ ਸੀ।

# ਪਿੰਗਲਵਾੜਾ ਕੰਪਲੈਕਸ ਵਿਖੇ ਰੱਖਿਆ ਮਿਊਜ਼ੀਅਮ ਦਾ ਨੀਂਹ ਪੱਥਰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਭਗਤ ਪੂਰਨ ਸਿੰਘ ਸੰਸਥਾਪਕ ਪਿੰਗਲਵਾੜਾ ਸੰਸਥਾ ਦੀ 34ਵੀਂ ਬਰਸੀ ਨੂੰ ਸਮਰਪਿਤ ਤਿੰਨ ਰੋਜ਼ਾ ਪ੍ਰੋਗਰਾਮ ਦੀ ਲੜੀ ਤਹਿਤ ਦੂਸਰੇ ਦਿਨ ਮਾਨਾਂਵਾਲਾ ਬ੍ਰਾਂਚ ਵਿਖੇ ਪੰਜ ਪਿਆਰਿਆਂ, ਗਿਆਨੀ ਕੇਵਲ ਸਿੰਘ ਸਾਬਕਾ ਜਥੇਦਾਰ, ਸ. ਅਵਤਾਰ ਸਿੰਘ ਘੁੱਲਾ, ਡਾ. ਮਹਿਲ ਸਿੰਘ ਕੁਲਪਤੀ, ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ, ਸ. ਗੁਰਿੰਦਰ ਸਿੰਘ ਪ੍ਰਿੰਟਵੈੱਲ ਪ੍ਰੈੱਸ ਵਲੋਂ ਭਗਤ ਪੂਰਨ ਸਿੰਘ ਮਿਊਜ਼ੀਅਮ ਦੀ ਵਿਸ਼ਾਲ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਜੈਕਾਰਿਆਂ ਦੀ ਗੂੰਜ ਵਿੱਚ ਨੀਂਹ ਪੱਥਰ ਰੱਖਣ ਮੌਕੇ ਪਿੰਗਲਵਾੜਾ ਸੰਸਥਾ ਦੇ ਮੁੱਖ ਸੇਵਾਦਾਰ ਡਾ. ਇੰਦਰਜੀਤ ਕੌਰ ਨੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਆਖਿਆ ਕਿ ਉਨ੍ਹਾਂ ਦਾ ਬੜੇ ਲੰਬੇ ਸਮੇਂ ਤੋਂ ਸੁਪਨਾ ਸੀ ਕਿ ਭਗਤ ਪੂਰਨ ਸਿੰਘ ਜੀ ਦੀਆਂ ਯਾਦਾਂ ਨੂੰ ਸੰਜੋਅ ਕੇ ਰੱਖਣ ਵਾਲਾ ਇਕ ਮਿਊਜ਼ੀਅਮ ਤਿਆਰ ਕਰਵਾਇਆ ਜਾਵੇ ਜੋ ਕਿ ਅੱਜ ਅਮਲੀ ਰੂਪ ਲੈਣ ਲੱਗਾ ਹੈ। ਉਨ੍ਹਾਂ ਕਿਹਾ ਕਿ ਇਸ ਮਿਊਜ਼ੀਅਮ ਲਈ ਪਿੰਗਲਵਾੜਾ ਸੰਸਥਾ ਅੰਦਰ ਵਧੀ ਪਲੀ ਬੇਟੀ ਪੂਜਾ ਅਤੇ ਉਨ੍ਹਾਂ ਦੇ ਪਤੀ ਜੋਧ ਸਿੰਘ ਮਾਨ ਜੋ ਕਿ ਪੇਸ਼ੇ ਤੋਂ ਵਧੀਆ ਆਰਕੀਟੈਕਟ ਹਨ, ਨੇ ਇਸ ਬਿਲਡਿੰਗ ਦਾ ਨਕਸ਼ਾ ਤਿਆਰ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਪਿੰਗਲਵਾੜਾ ਸੰਸਥਾ ਸੰਗਰੂਰ ਬ੍ਰਾਂਚ ਵਿਖੇ ਵੀ ਨਵੇਂ ਮਿਊਜ਼ੀਅਮ ਦੀ ਇਮਾਰਤ ਦੇ ਨਿਰਮਾਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਇਕ ਸਵਾਲ ਦੇ ਜਵਾਬ ਵਿੱਚ ਡਾ. ਇੰਦਰਜੀਤ ਕੌਰ ਨੇ ਕਿਹਾ ਕਿ ਅੱਜ ਦੀ ਪੀੜ੍ਹੀ ਕੋਲ ਕੋਈ ਰੋਲ ਮਾਡਲ ਨਹੀਂ ਹੈ ਅਤੇ ਜ਼ਰੂਰਤ ਹੈ ਆਉਣ ਵਾਲੀਆਂ ਮੌਜੂਦਾ ਪੀੜ੍ਹੀਆਂ ਨੂੰ ਭਗਤ ਪੂਰਨ ਸਿੰਘ ਜੀ ਵਰਗਾ ਰੋਲ ਮਾਡਲ ਦਿਖਾਇਆ ਜਾਵੇ, ਜਿਸਨੇ ਸਿਰਫ ਤੇ ਸਿਰਫ ਆਪਣਾ ਸਾਰਾ ਜੀਵਨ ਮਨੁੱਖਤਾ ਦੀ ਸੇਵਾ ਲਈ ਲੇਖੇ ਲਾ ਦਿੱਤਾ। ਇਸ ਮੌਕੇ ਅੰਮ੍ਰਿਤਸਰ ਦੇ ਵਿਧਾਇਕ ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਕਿਹਾ ਕਿ ਉਹ ਅੱਜ ਬਹੁਤ ਖ਼ੁਸ਼ ਹਨ ਕਿ ਮਿਊਜ਼ੀਅਮ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਭਗਤ ਪੂਰਨ ਸਿੰਘ ਵਰਗੀਆਂ ਸ਼ਖ਼ਸੀਅਤਾਂ ਵਿਰਲੀਆ ਹੀ ਪੈਦਾ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਭਗਤ ਪੂਰਨ ਸਿੰਘ ਜੀ ਦੇ ਉੱਚੇ-ਸੁੱਚੇ ਜੀਵਨ ਅਤੇ ਉਹਨਾਂ ਦੁਆਰਾ ਕੀਤੀ ਗਈ ਸੇਵਾ ਇਸ ਮਿਊਜ਼ੀਅਮ ਰਾਹੀਂ ਦਿਖਾਈ ਜਾਵੇਗੀ। ਇਸ ਸਮੇਂ ਡਾ. ਜਗਦੀਪਕ ਸਿੰਘ, ਮੁਖਤਾਰ ਸਿੰਘ ਗੁਰਾਇਆ, ਰਾਜਬੀਰ ਸਿੰਘ, ਹਰਜੀਤ ਸਿੰਘ ਅਰੋੜਾ, ਬੀਬੀ ਪ੍ਰੀਤਇੰਦਰ ਕੌਰ, ਡਾ. ਨਿਰਮਲ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ, ਯੋਗੇਸ਼ ਸੂਰੀ, ਤਿਲਕ ਰਾਜ, ਰਜਿੰਦਰ ਸਿੰਘ, ਜੈ ਸਿੰਘ, ਪਵਨ ਸ਼ਰਮਾ, ਹਰਪਾਲ ਸਿੰਘ ਸੰਧੂ, ਗੁਲਸ਼ਨ ਰੰਜਨ ਆਦਿ ਹਾਜ਼ਰ ਸਨ।

# ਸੋਨੀਆ ਮਾਨ ਵੱਲੋਂ 'ਆਪ' ਵਰਕਰਾਂ ਨੂੰ ਚੋਣਾਂ ਲਈ ਹੁਣ ਤੋਂ ਕਮਰ ਕੱਸਣ ਦੀ ਅਪੀਲ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਵਿਧਾਨ ਸਭਾ ਹਲਕਾ ਰਾਜਾਸਾਂਸੀ ਅਧੀਨ ਪੈਂਦੇ ਪਿੰਡ ਬਲੱਗਣ ਸਿੱਧੂ ਵਿਖੇ ਆਮ ਆਦਮੀ ਪਾਰਟੀ ਦੀ ਹੰਗਾਮੀ ਮੀਟਿੰਗ 'ਆਪ' ਵਰਕਰ



ਦਲਜੀਤ ਸਿੰਘ ਸੋਨੀ ਬਲੱਗਣ ਸਿੱਧੂ ਦੇ ਗ੍ਰਹਿ ਵਿਖੇ ਹਲਕਾ ਇੰਚਾਰਜ ਸੋਨੀਆ ਮਾਨ ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ ਵਰਕਰਾਂ ਨਾਲ ਗੱਲਬਾਤ ਕਰਦਿਆਂ ਸੋਨੀਆ ਮਾਨ ਨੇ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਪਾਰਟੀ ਵਰਕਰਾਂ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਕਮਰ ਕੱਸਣ ਦੀ ਅਪੀਲ ਕਰਦਿਆਂ ਕਿਹਾ ਕਿ ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਅਤੇ ਸਰਕਾਰ ਦੀਆਂ ਨੀਤੀਆਂ ਤੇ ਲੋਕ ਭਲਾਈ ਦੇ ਕੰਮਾਂ ਨੂੰ ਘਰ-ਘਰ ਪਹੁੰਚਾਉਣ ਲਈ ਸਰਗਰਮ ਭੂਮਿਕਾ ਨਿਭਾਉਣ। ਉਨ੍ਹਾਂ ਦਾਅਵਾ ਕੀਤਾ ਕਿ ਭਗਵੰਤ ਮਾਨ ਸਰਕਾਰ ਨੇ ਲੋਕਾਂ ਨਾਲ ਕੀਤੀਆਂ ਗਾਰੰਟੀਆਂ ਵਿੱਚੋਂ ਬਹੁਤ ਸਾਰੇ ਵਾਅਦੇ ਪੂਰੇ ਕੀਤੇ ਹਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਮੁੜ ਸ਼ਾਨ ਨਾਲ ਸਰਕਾਰ ਬਣਾਏਗੀ।ਇਸ ਮੌਕੇ ਰੇਸ਼ਮ ਸਿੰਘ ਵੜੈਚ, ਤੇਜਬੀਰ ਸਿੰਘ ਬੱਗਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਕੁਲਦੀਪ ਸਿੰਘ ਸ਼ਾਹੂਗਾਰ, ਦਲੇਰ ਸਿੰਘ, ਕਮਲ ਮਾਨ, ਅੰਗਰੇਜ਼ ਸਿੰਘ, ਬਲਕਾਰ ਸਿੰਘ, ਮੈਂਬਰ ਬਚਿੱਤਰ ਸਿੰਘ, ਜਥੇਦਾਰ ਗੁਰਜੀਤ ਸਿੰਘ, ਡਾ. ਨਰਿੰਦਰ ਸਿੰਘ, ਸੁਖਦੇਵ ਸਿੰਘ ਨੰਬਰਦਾਰ, ਦਵਿੰਦਰ ਸਿੰਘ ਮੈਂਬਰ, ਸਰਵਨ ਸਿੰਘ ਬਲੱਗਣ ਸਿੱਧੂ, ਦੂਲਾ ਸਿੰਘ ਓਠੀਆਂ, ਅਮਿਤੋਜ ਸਿੰਘ ਪੀ.ਏ. ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਦੀ ਫੁੱਟਬਾਲ ਟੀਮ ਰਹੀ ਜੇਤੂ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)- ਜ਼ੋਨ ਲੈਵਲ ਦੇ ਹੋ ਰਹੇ ਖੇਡ ਮੁਕਾਬਲਿਆਂ ਵਿੱਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਦੀ ਫੁੱਟਬਾਲ ਟੀਮ ਨੇ ਹਿੱਸਾ ਲਿਆ ਅਤੇ ਹੋਰਨਾਂ ਟੀਮਾਂ ਨੂੰ ਹਰਾ ਕੇ ਪਹਿਲਾ ਸਥਾਨ ਹਾਸਿਲ ਕੀਤਾ।ਸਕੂਲ ਪ੍ਰਿੰਸੀਪਲ ਮੁਕਤਾ ਤਰੇ ਵੱਲੋਂ ਸਕੂਲ ਦੇ ਫੁੱਟਬਾਲ ਟੀਮ ਦੇ ਕੋਚ ਰਜੀਵ ਕੁਮਾਰ ਅਤੇ ਰਜਿੰਦਰ ਸਿੰਘ ਨੂੰ ਵਧਾਈ ਦਿੰਦੇ ਹੋਏ ਫੁੱਟਬਾਲ ਟੀਮ ਦੇ ਮੈਂਬਰਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਸਕੂਲ ਮੈਨੇਜਿੰਗ ਕਮੇਟੀ ਦੇ ਮੈਂਬਰ ਇੰਚਾਰਜ ਦਰਸ਼ਨ ਸਿੰਘ ਨਿੱਜਰ, ਭਰਪੂਰ ਸਿੰਘ, ਐਡਵੋਕੇਟ ਇੰਦਰਜੀਤ ਸਿੰਘ ਅੜੀ, ਗੁਰਭੇਜ ਸਿੰਘ ਨੇ ਜੇਤੂ ਟੀਮ ਨੂੰ ਵਧਾਈ ਦਿੱਤੀ ਅਤੇ ਹੋਰ ਵੀ ਉੱਚ ਪੱਧਰੀ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਕਿਤਾਬਾਂ ਨਵੀਂ ਪੀੜ੍ਹੀ ਨੂੰ ਸਹੀ ਦਿਸ਼ਾ ਦੇਣ ਲਈ ਸ਼ਕਤੀਸ਼ਾਲੀ ਮਾਧਿਅਮ : ਰਾਧਿਕਾ ਚੁੱਘ

ਛੇਹਰਟਾ, (ਮਨੋਜ ਕੁਮਾਰ) : ਸ੍ਰੀ ਗੁਰੂ ਅਰਜਨ ਦੇਵ ਜੀ ਗਰੁੱਪ ਆਫ ਇੰਸਟੀਚਿਊਟਸ, ਝਬਾਲ ਰੋਡ ਨੇ ਨਵੇਂ ਸੈਸ਼ਨ ਦੀ ਸ਼ੁਰੂਆਤ ਕਰਦੇ ਹੋਏ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਦੇ ਸਵਾਗਤ ਲਈ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ। ਇਸ ਮੌਕੇ ਸੰਸਥਾ ਦੀ



ਡਾਇਰੈਕਟਰ ਰਾਧਿਕਾ ਚੁੱਘ ਨੇ ਅਦਾਰੇ ਦੀ ਪ੍ਰਿੰਸੀਪਲ ਡਾ. ਸੁਖਬੀਰ ਕੌਰ ਵੱਲੋਂ ਲਿਖੀ ਕਿਤਾਬ ਰਿਲੀਜ਼ ਕੀਤੀ। ਇਸ ਮੌਕੇ ਰਾਧਿਕਾ ਚੁੱਘ ਨੇ ਕਿਹਾ ਕਿ ਕਿਤਾਬਾਂ ਨਾ ਸਿਰਫ਼ ਗਿਆਨ ਦਾ ਮਾਧਿਅਮ ਹਨ, ਸਗੋਂ ਸਮਾਜ ਤੇ ਨਵੀਂ ਪੀੜ੍ਹੀ ਨੂੰ ਸਹੀ ਦਿਸ਼ਾ ਦੇਣ ਲਈ ਸ਼ਕਤੀਸ਼ਾਲੀ ਮਾਧਿਅਮ ਵੀ ਹਨ। ਡਾ. ਸੁਖਬੀਰ ਕੌਰ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਸਿੱਖਿਆ ਤੇ ਸੱਭਿਆਚਾਰ ਦੇ ਤਾਲਮੇਲ ਰਾਹੀਂ ਹੀ ਦੇਸ਼ ਦਾ ਉੱਜਵਲ ਭਵਿੱਖ ਸਿਰਜਿਆ ਜਾ ਸਕਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਕਿਤਾਬਾਂ ਨੂੰ ਆਪਣਾ ਸੱਚਾ ਦੋਸਤ ਬਣਾਉਣ, ਲਗਾਤਾਰ ਅਧਿਐਨ ਕਰਨ ਅਤੇ ਸਮਾਜ ਤੇ ਰਾਸ਼ਟਰ ਦੇ ਨਿਰਮਾਣ ਲਈ ਆਪਣੇ ਗਿਆਨ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਇਸ ਮੌਕੇ ਡਾ. ਸੁਖਬੀਰ ਕੌਰ ਨੇ ਆਪਣੀ ਕਿਤਾਬ ਦੇ ਉਦੇਸ਼ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇਹ ਵਿਦਿਆਰਥੀਆਂ ਨੂੰ ਜੀਵਨ ਵਿਚ ਉੱਤਮਤਾ ਪ੍ਰਾਪਤ ਕਰਨ ਲਈ ਗਿਆਨ, ਪ੍ਰੇਰਨਾ ਤੇ ਮਾਰਗਦਰਸ਼ਨ ਪ੍ਰਦਾਨ ਕਰੇਗੀ। ਉਨ੍ਹਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ, ਸਿੱਖਣ, ਆਤਮ-ਵਿਸ਼ਵਾਸ ਬਣਾਈ ਰੱਖਣ ਤੇ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ ਲਈ ਉਤਸ਼ਾਹਿਤ ਕੀਤਾ। ਪ੍ਰੋਗਰਾਮ ਦੌਰਾਨ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਨੂੰ ਅਦਾਰੇ ਦੀਆਂ ਅਕਾਦਮਿਕ ਗਤੀਵਿਧੀਆਂ, ਵੱਖ-ਵੱਖ ਕੋਰਸਾਂ, ਆਧੁਨਿਕ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੰਸਥਾ ਦੀ ਮੈਨੇਜਰ ਐਡਮਿਨਿਸਟਰੇਟਰ ਮੋਨਿਕਾ ਤਲਵਾੜ, ਰਮਨਦੀਪ ਕੌਰ, ਪਾਇਲ, ਹਰਸੁਮੀਤ ਕੌਰ, ਸਨੇਹਾ, ਅਰਸ਼, ਸਵਿਤਾ ਸ਼ਰਮਾ, ਜਸ਼ਨ ਉਬੈਦ ਆਦਿ ਮੌਜੂਦ ਸਨ।

# ਉਤਸ਼ਾਹ ਨਾਲ ਮਨਾਇਆ ਤੀਆਂ ਦਾ ਤਿਓਹਾਰ

ਛੇਹਰਟਾ, (ਮਨੋਜ ਕੁਮਾਰ) : ਸਾਉਣ ਦੇ ਮਹੀਨੇ ਦੇ ਸਬੰਧ ਵਿਚ ਸ੍ਰੀ ਗੁਰੂ ਅਰਜਨ ਦੇਵ ਜੀ ਗਰੁੱਪ ਆਫ ਇੰਸਟੀਚਿਊਸ਼ਨਜ਼ ਐਂਡ ਨਰਸਿੰਗ ਕਾਲਜ, ਝਬਾਲ ਰੋਡ ਵਿਚ ਤੀਆਂ ਦਾ ਤਿਓਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸੰਸਥਾ



ਦੀ ਡਾਇਰੈਕਟਰ ਰਾਧਿਕਾ ਚੁੱਘ ਦੀ ਮੌਜੂਦਗੀ ਨੇ ਸਮਾਗਮ ਦੀ ਸ਼ਾਨ ਨੂੰ ਹੋਰ ਵਧਾ ਦਿੱਤਾ। ਡਾ. ਨੇਹਾ ਸੇਠੀ, ਐਸੋਸੀਏਟ ਪ੍ਰੋਫੈਸਰ (ਫਿਜ਼ਿਓਥੈਰੇਪੀ ਸਾਇੰਸ) ਅਤੇ ਸਮਾਜ ਸੇਵਕਾ ਤੇ ਭਾਜਪਾ ਆਗੂ ਡਾ. ਨੁਗੀਨ ਮਹਾਜਨ ਸਮਾਗਮ ਦੇ ਮੁੱਖ ਮਹਿਮਾਨ ਸਨ। ਅਦਾਰੇ ਵੱਲੋਂ ਦੋਵਾਂ ਮਹਿਮਾਨਾਂ ਦਾ ਗੁਲਦਸਤੇ ਤੇ ਯਾਦਗਾਰੀ ਚਿੰਨ੍ਹ ਦੇ ਕੇ ਨਿੱਘਾ ਸਵਾਗਤ ਕੀਤਾ ਗਿਆ। ਤੀਆਂ ਦੌਰਾਨ ਵਿਦਿਆਰਥੀਆਂ ਨੇ ਲੋਕ ਗੀਤਾਂ, ਗਿੱਧੇ ਤੇ ਭੰਗੜੇ ਰਾਹੀਂ ਪੰਜਾਬ ਦੀ ਸਭਿਆਚਾਰਕ ਵਿਰਾਸਤ ਨੂੰ ਪੇਸ਼ ਕੀਤਾ। ਇਸ ਮੌਕੇ ਆਪਣੇ ਸੰਬੋਧਨ ਵਿਚ ਰਾਧਿਕਾ ਚੁੱਘ ਨੇ ਕਿਹਾ ਕਿ ਤੀਆਂ ਸਿਰਫ਼ ਤਿਓਹਾਰ ਹੀ ਨਹੀਂ, ਸਗੋਂ ਪੰਜਾਬੀ ਸੱਭਿਆਚਾਰ, ਮਹਿਲਾ ਸਸ਼ਕਤੀਕਰਨ ਤੇ ਪਰਿਵਾਰਕ ਕਦਰਾਂ-ਕੀਮਤਾਂ ਦਾ ਪ੍ਰਤੀਕ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਸੱਭਿਆਚਾਰਕ ਵਿਰਾਸਤ 'ਤੇ ਮਾਣ ਕਰਨ ਅਤੇ ਸਿੱਖਿਆ ਦੇ ਨਾਲ-ਨਾਲ ਸਮਾਜਿਕ, ਸੱਭਿਆਚਾਰਕ ਤੇ ਰਚਨਾਤਮਕ ਗਤੀਵਿਧੀਆਂ ਵਿਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਡਾ. ਨੁਗੀਨ ਮਹਾਜਨ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਨਾ ਸਿਰਫ਼ ਵਿਦਿਆਰਥੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਦੇ ਹਨ, ਸਗੋਂ ਉਨ੍ਹਾਂ ਦੇ ਆਤਮ-ਵਿਸ਼ਵਾਸ, ਲੀਡਰਸ਼ਿਪ ਹੁਨਰ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੇ ਹਨ। ਡਾ. ਨੇਹਾ ਸੇਠੀ ਨੇ ਕਿਹਾ ਕਿ ਸਿੱਖਿਆ ਸਿਰਫ਼ ਕਿਤਾਬਾਂ ਤਕ ਸੀਮਤ ਨਹੀਂ ਹੈ, ਸੱਭਿਆਚਾਰਕ ਤੇ ਰਵਾਇਤੀ ਗਤੀਵਿਧੀਆਂ ਵੀ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਪ੍ਰੋਗਰਾਮ ਦੇ ਅੰਤ ਵਿਚ ਸਾਰੇ ਮਹਿਮਾਨਾਂ ਦੇ ਧੰਨਵਾਦ ਕੀਤਾ ਗਿਆ।

# ਅਧਿਆਪਕ ਆਗੂ ਤੇ ਚੋਣ ਇੰਚਾਰਜ ਵਿਚਲਾ ਵਿਵਾਦ ਹੱਲ

ਧਾਰੀਵਾਲ (ਮਨਦੀਪ ਵਿੱਕੀ)- ਈਟੀਟੀ ਅਧਿਆਪਕ ਯੂਨੀਅਨ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਓਂਕਾਰ ਸਿੰਘ ਜੋ ਕਿ ਬਤੌਰ ਬੀਐੱਲਓ ਵਜੋਂ ਕੰਮ ਕਰ ਰਹੇ ਹਨ ਉਨ੍ਹਾਂ ਨਾਲ ਐੱਸਡੀਐੱਮ ਦਫ਼ਤਰ ਵਿੱਚ ਆਰਜ਼ੀ ਤੌਰ 'ਤੇ ਨਿਯੁਕਤ ਚੋਣ



ਇੰਚਾਰਜ ਦੀਪਕ ਕੁਮਾਰ ਵੱਲੋਂ ਦਫ਼ਤਰ ਵਿਖੇ ਕੀਤੀ ਬਦਸਲੂਕੀ ਵਿਰੁੱਧ ਜ਼ਿਲ੍ਹਾ ਗੁਰਦਾਸਪੁਰ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਅਧਿਆਪਕ ਆਗੂ ਨੂੰ ਇਨਸਾਫ਼ ਦਿਵਾਉਣ ਲਈ ਧਰਨਾ ਦਿੱਤਾ ਗਿਆ ਸੀ ਅਤੇ ਲੰਘੇ ਸੋਮਵਾਰ ਨੂੰ ਜਥੇਬੰਦੀਆਂ ਵੱਲੋਂ ਧਰਨੇ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ ਜਿਸ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਧਿਆਪਕ ਜਥੇਬੰਦੀਆਂ ਨੂੰ ਗੱਲਬਾਤ ਦਾ ਸੱਦਾ ਦਿੱਤਾ ਗਿਆ ਸੀ।ਏ ਡੀ ਸੀ ਜਨਰਲ ਗੁਰਸਿਮਰਨ ਸਿੰਘ ਢਿੱਲੋਂ, ਜ਼ਿਲ੍ਹਾ ਚੋਣ ਇੰਚਾਰਜ, ਐੱਸ ਡੀ ਐੱਮ ਅਸ਼ੋਕ ਕੁਮਾਰ ਅਤੇ ਸਮੂਹ ਅਧਿਆਪਕ ਜਥੇਬੰਦੀਆਂ ਦੀ ਹਾਜ਼ਰੀ ਵਿੱਚ ਚੋਣ ਇੰਚਾਰਜ ਵੱਲੋਂ ਕੰਮ ਦਾ ਦਬਾਅ ਹੋਣ ਕਾਰਨ ਹੋਈ ਗ਼ਲਤੀ ਦਾ ਅਹਿਸਾਸ ਕਰ ਲੈਣ ਕਾਰਨ ਵਿਵਾਦ ਖ਼ਤਮ ਹੋ ਗਿਆ।ਇਸ ਵਿਵਾਦ ਨੂੰ ਖ਼ਤਮ ਕਰਨ ਵਿਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਅਧਿਆਪਕ ਆਗੂਆਂ ਵੱਲੋਂ ਵਧੀਆ ਰੋਲ ਨਿਭਾਇਆ ਗਿਆ।ਇਸ ਮੌਕੇ ਅਧਿਆਪਕ ਆਗੂਆਂ ਕੁਲਦੀਪ ਪੁਰੋਵਾਲ, ਅਸ਼ਵਨੀ ਕੁਮਾਰ ਫੱਜੂਪੁਰ, ਤਰਸੇਮ ਪਾਲ, ਬਲਰਾਜ ਸਿੰਘ, ਸਤਨਾਮ ਸਿੰਘ, ਸੋਮ ਸਿੰਘ, ਗੁਰਵਿੰਦਰ ਸਿੰਘ, ਰਾਜ ਕੁਮਾਰ, ਸ਼ੁਭਵਿੰਦਰ ਸਿੰਘ, ਬਲਵਿੰਦਰ ਕੌਰ, ਦਿਲਦਾਰ ਭੰਡਾਲ, ਗੁਰਿੰਦਰ ਸਿੰਘ ਸਿੱਧੂ, ਤੇਜਿੰਦਰ ਸਿੰਘ, ਸਰਬਜੀਤ ਸਿੰਘ ਨੇ ਏ ਡੀ ਸੀ ਗੁਰਸਿਮਰਨ ਸਿੰਘ ਢਿੱਲੋਂ ਤੋਂ ਮੰਗ ਕੀਤੀ ਕਿ ਅਧਿਆਪਕਾਂ ਨੂੰ ਗੈਰ ਵਿੱਦਿਅਕ ਕੰਮਾਂ ਤੋਂ ਛੋਟ ਦਿੱਤੀ ਜਾਵੇ।ਐੱਸ ਆਈ ਆਰ ਦੇ ਕੰਮ ਮੁੱਕਣ ਤੋਂ ਫੌਰੀ ਬਾਦ ਸਮੂਹ ਅਧਿਆਪਕਾਂ ਨੂੰ ਵਾਪਿਸ ਸਕੂਲ ਭੇਜਿਆ ਜਾਵੇ।

# ਗੋਲੀ ਲੱਗਣ ਨਾਲ ਦੋ ਸਕੇ ਭਰਾਵਾਂ ਦੀ ਮੌਤ

**ਮਾਮਲਾ ਗੱਡੀ ਨੂੰ ਰਸਤਾ ਨਾ ਦੇਣ ਤੋਂ ਹੋਈ ਤਕਰਾਰ ਦਾ**

ਝਬਾਲ (ਹਰਜਿੰਦਰ ਸਿੰਘ ਸੋਨੀ)- ਕਸਬਾ ਝਬਾਲ ਦੇ ਤਰਨਤਾਰਨ ਰੋਡ 'ਤੇ ਸ਼ਾਮ ਵੇਲੇ ਘਟੀ ਮੰਦਭਾਗੀ ਘਟਨਾ ਵਿੱਚ ਦੋ ਸਕੇ ਭਰਾਵਾਂ ਦੀ ਗੋਲੀ ਲੱਗਣ ਨਾਲ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ।ਜਾਣਕਾਰੀ ਮੁਤਾਬਕ ਸਨਮ ਪੁੱਤਰ ਗੁਰਵਿੰਦਰ ਸਿੰਘ ਫੌਜੀ ਸਾਬਕਾ ਪ੍ਰਧਾਨ ਗੁਰਦੁਆਰਾ ਬੀਬੀ ਵੀਰੋ ਜੀ ਝਬਾਲ ਗੱਡੀ 'ਤੇ ਆਪਣੇ ਘਰ ਜਾ ਰਿਹਾ ਸੀ ਕਿ



ਅੱਗਿਓਂ ਕੀਰਤ ਸਿੰਘ ਨਾਂਅ ਦਾ ਨੌਜਵਾਨ ਟਰੈਕਟਰ 'ਤੇ ਆ ਰਿਹਾ ਸੀ।ਰਸਤਾ ਨਾ ਦੇਣ 'ਤੇ ਆਪਸ ਵਿੱਚ ਤਕਰਾਰ ਹੋ ਗਈ। ਪੈ ਰਹੇ ਰੌਲੇ ਦੀ ਆਵਾਜ਼ ਸੁਣ ਕੇ ਸਨਮ ਦੇ ਪਿਤਾ ਗੁਰਵਿੰਦਰ ਸਿੰਘ ਅਤੇ ਚਾਚਾ ਕੁਲਵਿੰਦਰ ਸਿੰਘ ਮਿੰਟੂ ਮੌਕੇ 'ਤੇ ਪੁੱਜੇ ਜਿਸ 'ਤੇ ਕੀਰਤ ਸਿੰਘ ਨੇ ਡੱਬ ਵਿੱਚੋਂ ਪਿਸਤੌਲ ਕੱਢ ਕੇ ਉਨ੍ਹਾਂ 'ਤੇ ਗੋਲੀ ਚਲਾ ਦਿੱਤੀ ਜਿਸ ਨਾਲ ਗੁਰਵਿੰਦਰ ਸਿੰਘ ਫੌਜੀ ਤੇ ਉਨ੍ਹਾਂ ਦੇ ਛੋਟੇ ਭਾਈ ਕੁਲਵਿੰਦਰ ਸਿੰਘ ਮਿੰਟੂ ਪੁੱਤਰਾਨ ਡਾ. ਮੋਹਣ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਤੁਰੰਤ ਅੰਮ੍ਰਿਤਸਰ ਦੇ ਪ੍ਰਾਈਵੇਟ ਹਸਪਤਾਲ ਲਿਜਾਇਆ ਗਿਆ ਜਿੱਥੇ ਜ਼ਖ਼ਮਾਂ ਦੀ ਤਾਬ ਨਾ ਝੱਲਦੇ ਹੋਏ ਦੋਵੇਂ ਭਰਾਵਾਂ ਦੀ ਮੌਤ ਹੋ ਗਈ।ਥਾਣਾ ਝਬਾਲ ਦੀ ਪੁਲਸ ਨੇ ਮੌਕੇ 'ਤੇ ਟਰੈਕਟਰ ਕਬਜ਼ੇ ਵਿੱਚ ਲੈ ਕੇ ਅਗਲੇਰੀ ਜਾਂਚ ਆਰੰਭ ਕਰ ਦਿੱਤੀ ਹੈ।ਜ਼ਿਕਰਯੋਗ ਹੈ ਕਿ ਕੁਝ ਸਮਾਂ ਪਹਿਲਾਂ ਵੀ ਸਨਮ ਅਤੇ ਕੀਰਤ ਦਾ ਆਪਸ ਵਿਚ ਲੜਾਈ ਝਗੜਾ ਹੋਇਆ ਸੀ।

# ਅੱਖਾਂ ਦੀ ਜਾਂਚ ਲਈ ਚਵਿੰਡਾ ਦੇਵੀ ਵਿਖੇ ਵਿਸ਼ੇਸ਼ ਕੈਂਪ ਲਗਾਇਆ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਵਿਸ਼ੇਸ਼ ਉਪਰਾਲੇ ਤਹਿਤ ਅੱਖਾਂ ਦੀ ਜਾਂਚ ਲਈ



ਚਵਿੰਡਾ ਦੇਵੀ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ।ਇਸ ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਦੀ ਨਜ਼ਰ ਦੀ ਜਾਂਚ ਕੀਤੀ ਗਈ ਅਤੇ ਲੋੜਵੰਦਾਂ ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ।ਇਸ ਮੌਕੇ ਸਰਪੰਚ ਹਰਦੇਪ ਸਿੰਘ ਨੇ ਪੰਜਾਬ ਸਰਕਾਰ ਦੀ ਇਸ ਲੋਕ-ਭਲਾਈ ਯੋਜਨਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਪਿੰਡਾਂ ਦੇ ਲੋਕਾਂ ਲਈ ਬਹੁਤ ਲਾਹੇਵੰਦ ਸਾਬਤ ਹੋ ਰਹੇ ਹਨ।ਉਨ੍ਹਾਂ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਲੋੜਵੰਦ ਲੋਕਾਂ ਨੂੰ ਘਰ ਦੇ ਨੇੜੇ ਹੀ ਸਿਹਤ ਸਹੂਲਤਾਂ ਮਿਲ ਰਹੀਆਂ ਹਨ।ਦੀਪਕ ਭੰਡਾਰੀ ਚੇਅਰਮੈਨ ਨੇ ਵੀ ਇਸ ਉਪਰਾਲੇ ਲਈ ਪੰਜਾਬ ਸਰਕਾਰ ਅਤੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਕੀਤੇ ਜਾ ਰਹੇ ਅਜਿਹੇ ਉਪਰਾਲੇ ਸ਼ਲਾਘਾਯੋਗ ਹਨ।ਇਸ ਮੌਕੇ ਮੈਂਬਰ ਕਰਮਜੀਤ ਸਿੰਘ, ਜਸਪਾਲ ਸ਼ਰਮਾ, ਨੰਬਰਦਾਰ ਹਰਪਾਲ ਸਿੰਘ ਸਮੇਤ ਹੋਰ ਕਈ ਮੋਹਤਬਰ ਸ਼ਖ਼ਸੀਅਤਾਂ ਅਤੇ ਪਿੰਡ ਵਾਸੀ ਹਾਜ਼ਰ ਸਨ।

# ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਦਾ ਆਯੋਜਨ



ਮਜੀਠਾ (ਸੋਇਮ ਆਨੰਦ)- ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਮਜੀਠਾ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਊਧਮ ਸਿੰਘ ਦੀ ਸ਼ਾਹਦਤ ਨੂੰ ਸ਼ਰਧਾ ਅਤੇ ਸਤਿਕਾਰ ਸਹਿਤ ਯਾਦ ਕੀਤਾ ਗਿਆ।ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ ਦੀ ਅਗਵਾਈ ਵਿਚ ਇੱਕ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ ਜਿਸ ਵਿੱਚ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।ਸਮਾਗਮ ਦੀ ਸ਼ੁਰੂਆਤ ਵਿਚ ਡਾ: ਮੰਗਲ ਸਿੰਘ ਕਿਸ਼ਨਪੁਰੀ, ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ, ਮੈਡਮ ਹਰਜਿੰਦਰਪਾਲ ਕੌਰ, ਡਾਇਰੈਕਟਰ ਪ੍ਰਿੰਸੀਪਲ ਅਮਨਦੀਪ ਕੌਰ ਵੱਲੋਂ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ ਗਏ ਅਤੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਨਮਨ ਕੀਤਾ ਗਿਆ।ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਦਾ ਜੀਵਨ, ਉਨ੍ਹਾਂ ਦੀ ਦੇਸ਼ ਭਗਤੀ, ਜਲ੍ਹਿਆਂਵਾਲਾ ਬਾਗ ਕਾਂਡ ਤੋਂ ਬਾਅਦ ਲਿਆ ਗਿਆ ਦ੍ਰਿੜ ਸੰਕਲਪ ਅਤੇ ਦੇਸ਼ ਦੀ ਆਜ਼ਾਦੀ ਲਈ ਦਿੱਤੀ ਗਈ ਅਦੁੱਤੀ ਕੁਰਬਾਨੀ ਅੱਜ ਦੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹੈ ਅਤੇ ਦੇਸ਼ ਸੇਵਾ ਲਈ ਪ੍ਰੇਰਿਤ ਕਰਦੀ ਹੈ।ਇਸ ਮੌਕੇ ਸਕੂਲ ਪ੍ਰਿੰਸੀਪਲ ਮਿਨਾਕਸ਼ੀ ਤ੍ਰੇਹਨ ਵੱਲੋਂ ਸ਼ਹੀਦ ਊਧਮ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਉਹ ਨੌਜਵਾਨਾਂ ਲਈ ਇੱਕ ਮਹਾਨ ਪ੍ਰੇਰਨਾ ਸਰੋਤ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਸ਼ਹੀਦਾਂ ਦੇ ਦੱਸੇ ਹੋਏ ਰਾਹ 'ਤੇ ਚੱਲ ਕੇ ਦੇਸ਼ ਪ੍ਰੇਮ, ਇਮਾਨਦਾਰੀ ਅਤੇ ਸਮਾਜ ਸੇਵਾ ਦੇ ਗੁਣ ਆਪਣੇ ਜੀਵਨ ਵਿਚ ਅਪਨਾਉਣੇ ਚਾਹੀਦੇ ਹਨ।ਅੰਤ ਵਿੱਚ ਵਾਈਸ ਪ੍ਰਿੰ. ਮੈਡਮ ਸ਼ਿਖਾ, ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਸ਼ਹੀਦ ਊਧਮ ਸਿੰਘ ਦੇ ਉਚੇ ਆਦਰਸ਼ਾਂ, ਦੇਸ਼ ਪ੍ਰੇਮ ਅਤੇ ਸੁਚੱਜੀ ਸੋਚ 'ਤੇ ਪਹਿਰਾ ਦੇਣ ਤੇ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਪ੍ਰਣ ਲਿਆ ਗਿਆ।

# ਖੇਤੀਬਾੜੀ ਤੇ ਜੰਗਲਾਤ ਵਿਭਾਗ ਕਾਦੀਆਂ ਨੇ ਸਾਂਝੇ ਤੌਰ 'ਤੇ ਲਾਇਆ ਕੈਂਪ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਖੇਤੀਬਾੜੀ ਦਫਤਰ ਕਾਦੀਆਂ ਤੇ ਜੰਗਲਾਤ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਖੇਤੀਬਾੜੀ ਦਫਤਰ ਕਾਦੀਆਂ ਵਿਖੇ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਖੇਤੀਬਾੜੀ ਦਫਤਰ ਕਾਦੀਆਂ ਦੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨ ਕਿਸਾਨ ਵੀਰਾਂ ਨੂੰ ਸਰਕਾਰ ਵੱਲੋਂ ਨਿਕਲੀ ਸਬਸਿਡੀ ਮੁਹੱਈਆ ਕਰਵਾਈ ਗਈ ਜਿਸ ਵਿੱਚ ਸੁਪਰ ਸੀਡਰ ਅਤੇ ਕਈ ਤਰ੍ਹਾਂ ਦੀ ਮਸ਼ੀਨਰੀ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਅਤੇ ਜੰਗਲਾਤ ਵਿਭਾਗ ਕਾਦੀਆਂ ਵੱਲੋਂ ਕਿਸਾਨਾਂ ਨੂੰ ਫਲਦਾਰ ਬੂਟਿਆਂ ਦੀ ਵੰਡ ਕੀਤੀ ਗਈ, ਨਾਲ ਹੀ ਕਿਸਾਨਾਂ ਨੇ ਆਪਣੇ ਸੁਪਰਸੀਡਰ ਵੈਰੀਫਾਈ ਕਰਾਏ ਅਤੇ ਨਾਲ ਹੀ ਫਲਦਾਰ ਬੂਟੇ ਆਪਣੇ ਘਰਾਂ ਨੂੰ ਲੈ ਕੇ ਗਏ ।ਹਰ ਮਨੁੱਖ ਲਾਵੇ ਰੁੱਖ ਵਾਲੀ ਗੱਲ ਅੱਜ ਦੇ ਯੁੱਗ ਵਿੱਚ ਬਹੁਤ ਹੀ ਸੱਚੀ ਗੱਲ ਹੋਈ ਕਿਉਂਕਿ ਜੇ ਆਪਾਂ ਰੁੱਖ ਲਾਵਾਂਗੇ ਤਾਂ ਹੀ ਸਾਡੀਆਂ ਆਉਣ ਵਾਲੀਆਂ ਨਸਲਾਂ ਸੌਖਾ ਸਾਹ ਲੈਣਗੀਆਂ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਲੋਕ ਵੱਧ ਤੋਂ ਵੱਧ ਆਪਣੇ ਆਲੇ ਦੁਆਲੇ ਬੂਟੇ ਲਗਾਉਣ ਤਾਂ ਜੋ ਵਾਤਾਵਰਨ ਨੂੰ ਸਾਫ ਸੁਥਰਾ ਰੱਖਿਆ ਜਾ ਸਕੇ ।ਇਸ ਮੌਕੇ ਖੇਤੀਬਾੜੀ ਵਿਸਥਾਰ ਅਫਸਰ ਹਰਪ੍ਰੀਤ ਸਿੰਘ ਬੋਪਾਰਾਏ, ਖੇਤੀਬਾੜੀ ਵਿਸਥਾਰ ਅਫਸਰ ਮਨਪ੍ਰੀਤ ਸਿੰਘ, ਖੇਤੀਬਾੜੀ





ਇੰਸਪੈਕਟਰ ਨਵਜੋਤ ਕੌਰ, ਜੰਗਲਾਤ ਵਿਭਾਗ ਤੋਂ ਆਏ ਹੋਏ ਅਫਸਰ ਜਤਿੰਦਰ ਸਿੰਘ, ਅਮਰਜੀਤ ਸਿੰਘ ਅਤੇ ਉਨ੍ਹਾਂ ਦਾ ਸਟਾਫ ਅਤੇ ਉਚੇਚੇ ਤੌਰ 'ਤੇ ਸਾਡੇ ਵਿਚਕਾਰ ਇੰਜੀਨੀਅਰਿੰਗ ਵਿਭਾਗ ਤੋਂ ਆਏ ਜੂਨੀਅਰ ਟੈਕਨੀਸ਼ੀਅਨ ਹਰਜੀਤ ਸਿੰਘ, ਸ਼ਰਨਜੀਤ ਸਿੰਘ, ਹਰਜਿੰਦਰ ਸਿੰਘ, ਹਰਵਿੰਦਰ ਸਿੰਘ ਅਤੇ ਕਿਸਾਨ ਵੀਰ ਹਾਜ਼ਰ ਸਨ।

# ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਸ਼ਹਿਜ਼ਾਦਾ ਤੋਂ ਪਹਿਲੀ ਬੱਸ ਰਵਾਨਾ



ਚਵਿੰਡਾ, (ਖੁਸ਼ਹਾਲ ਸੁੰਦਰ)- ਪੰਜਾਬ ਸਰਕਾਰ ਦੀ ਭਗਵੰਤ ਮਾਨ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਮਜੀਠਾ ਦੇ ਵੱਖ-ਵੱਖ ਪਿੰਡਾਂ ਵਿੱਚੋਂ ਸ਼ਰਧਾਲੂਆਂ ਨੂੰ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ।ਇਸੇ ਲੜੀ ਤਹਿਤ ਪਿੰਡ ਸ਼ਹਿਜ਼ਾਦਾ ਤੋਂ ਸ਼ਰਧਾਲੂਆਂ ਨਾਲ ਭਰੀ ਪਹਿਲੀ ਬੱਸ ਰਵਾਨਾ ਕੀਤੀ ਗਈ।ਇਸ ਮੌਕੇ ਵੱਡੀ ਗਿਣਤੀ ਵਿੱਚ ਹਾਜ਼ਰ ਸੰਗਤਾਂ ਨੇ ਪੰਜਾਬ ਸਰਕਾਰ ਦੇ ਇਸ ਲੋਕ-ਭਲਾਈ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਧੰਨਵਾਦ ਪ੍ਰਗਟ ਕੀਤਾ। ਸ਼ਰਧਾਲੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਮੁਫ਼ਤ ਤੀਰਥ ਯਾਤਰਾ ਦੀ ਸਹੂਲਤ ਮਿਲਣ ਨਾਲ ਉਨ੍ਹਾਂ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਪ੍ਰਾਪਤ ਹੋਇਆ ਹੈ।ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਦੱਸਿਆ ਕਿ ਭਗਵੰਤ ਮਾਨ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਮਜੀਠਾ ਦੇ ਪਿੰਡ-ਪਿੰਡ ਵਿੱਚੋਂ ਸ਼ਰਧਾਲੂਆਂ ਨੂੰ ਤੀਰਥ ਯਾਤਰਾ ਲਈ ਭੇਜਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਉਪਰਾਲੇ ਦਾ ਸਾਰਾ ਸਿਹਰਾ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਰਹਿਨਮਾਈ ਅਤੇ ਯਤਨਾਂ ਨੂੰ ਜਾਂਦਾ ਹੈ, ਜਿਨ੍ਹਾਂ ਦੀ ਅਗਵਾਈ ਹੇਠ ਇਹ ਯੋਜਨਾ ਲੋਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਹਲਕਾ ਮਜੀਠਾ ਦੇ ਹੋਰ ਪਿੰਡਾਂ ਵਿੱਚੋਂ ਇਸੇ ਤਰ੍ਹਾਂ ਸ਼ਰਧਾਲੂਆਂ ਨੂੰ ਤੀਰਥ ਯਾਤਰਾ ਲਈ ਰਵਾਨਾ ਕੀਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਲੋਕ ਇਸ ਯੋਜਨਾ ਦਾ ਲਾਭ ਲੈ ਸਕਣ।

# ਸ੍ਰੀ ਗੁਰੂ ਰਾਮਦਾਸ ਕਾਲਜ ਆਫ਼ ਐਜੂਕੇਸ਼ਨ ਪੰਧੇਰ ਦਾ ਬੀ.ਐੱਡ. ਦਾ ਨਤੀਜਾ ਰਿਹਾ ਸ਼ਾਨਦਾਰ

ਫਤਿਹਗੜ੍ਹ ਚੂੜੀਆਂ, ਚੇਤਨਪੁਰਾ (ਜਸਦੇਵ ਸਿੰਘ ਮਾਨ, ਸੁਖਵੰਤ ਚੇਤਨਪੁਰੀ)- ਸ੍ਰੀ ਗੁਰੂ ਰਾਮਦਾਸ ਕਾਲਜ ਆਫ਼ ਐਜੂਕੇਸ਼ਨ, ਪੰਧੇਰ ਦੇ ਬੀ.ਐੱਡ. ਸਮੈਸਟਰ-4 ਦਾ ਨਤੀਜਾ ਸ਼ਾਨਦਾਰ ਰਿਹਾ।ਕਾਲਜ ਦੇ ਵਿਦਿਆਰਥੀਆਂ ਨੇ ਉਚ ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਯੂਨੀਵਰਸਿਟੀ ਵੱਲੋਂ ਐਲਾਨੇ ਨਤੀਜਿਆਂ ਅਨੁਸਾਰ ਮਾਲਿਨੀ ਖੰਨਾ, ਪੁੱਤਰੀ ਰਵਿੰਦਰ ਖੰਨਾ ਨੇ 83 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਸਿਮਰਨਜੀਤ ਕੌਰ, ਪੁੱਤਰੀ ਗੁਰਮੇਜ ਸਿੰਘ 79.9 ਫੀਸਦੀ ਅੰਕ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਸੁਪ੍ਰੀਆ ਕੌਰ, ਪੁੱਤਰੀ ਸ. ਹਰਦੇਵ ਸਿੰਘ ਅਤੇ ਸੁਪਨਦੀਪ ਕੌਰ ਨੇ 79.3 ਫੀਸਦੀ ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਸੋਸਾਇਟੀ ਦੀ ਚੇਅਰਪਰਸਨ ਹਰਜਿੰਦਰਪਾਲ ਕੌਰ, ਮੈਨੇਜ਼ਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ, ਕਾਲਜ ਦੇ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਨੇ ਸਫ਼ਲ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਸੰਸਥਾ ਵੱਲੋਂ ਦਿੱਤੀ ਜਾ ਰਹੀ ਗੁਣਵੱਤਾ ਭਰਪੂਰ ਸਿੱਖਿਆ ਦਾ ਪ੍ਰਤੀਕ ਹਨ। ਉਨ੍ਹਾਂ ਕਿਹਾ ਕਿ ਸੰਸਥਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਉੱਚ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਨ ਲਈ ਹਮੇਸ਼ਾ ਵਚਨਬੱਧ ਹੈ।ਉਨ੍ਹਾਂ ਸਾਰੇ ਸਫ਼ਲ ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਆਸ ਪ੍ਰਗਟਾਈ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਫ਼ਲਤਾ ਦੇ ਨਵੇਂ ਕੀਰਤੀਮਾਨ ਸਥਾਪਿਤ ਕਰਦੇ ਰਹਿਣਗੇ।



# ਬਾਇਰ ਨੇ ਲਾਂਚ ਕੀਤਾ ਅਗਲੀ ਪੀੜ੍ਹੀ ਦਾ ਉੱਲੀਨਾਸ਼ਕ ਜਿਵਾਨਾ ਸਮਾਰਟਮ

ਜਲੰਧਰ : ਬਾਇਰ ਨੇ ਆਪਣੇ ਨਵੇਂ ਉੱਲੀਨਾਸ਼ਕ ਜਿਵਾਨਾ ਸਮਾਰਟ ਨੂੰ ਲਾਂਚ ਕਰਨ ਦਾ ਐਲਾਨ ਕੀਤਾ।ਇਹ ਕੰਪਨੀ ਵੱਲੋਂ ਫੰਗੀਸਾਈਡ ਖੇਤਰ ਵਿੱਚ ਕੀਤਾ ਗਿਆ ਨਵਾਂ ਵਿਗਿਆਨਕ ਨਵੀਨਤਾ ਭਰਿਆ ਉਤਪਾਦ ਹੈ, ਜਿਸ ਨੂੰ ਉੱਚ ਮੁੱਲ ਵਾਲੀਆਂ ਬਾਗਬਾਨੀ ਫਸਲਾਂ ਨੂੰ ਡਾਊਨੀ ਮਿਲਡੀਊ (ਨਰਮ ਉੱਲੀ) ਅਤੇ ਲੇਟ ਬਲਾਈਟ (ਪਿਛੇਤਾ ਝੁਲਸਾ) ਵਰਗੇ ਖਤਰਨਾਕ ਰੋਗਾਂ ਤੋਂ ਸੁਰੱਖਿਅਤ ਰੱਖਣ ਲਈ ਤਿਆਰ ਕੀਤਾ ਗਿਆ ਹੈ।ਐੱਫ. ਆਰ. ਏ. ਸੀ. ਗਰੁੱਪ 49 ਦੇ ਨਵੇਂ ਐਕਟਿਵ ਇੰਗ੍ਰੀਡੀਐਂਟ ਨਾਲ ਲੈਸ ਜਿਵਾਨਾ ਸਮਾਰਟ ਅੰਗੂਰ, ਕੱਕੜ ਵਰਗ (ਕੁਕਰਬਿਟ), ਆਲੂ ਅਤੇ ਟਮਾਟਰ ਦੀਆਂ ਫਸਲਾਂ ਵਿੱਚ ਰੋਗਾਂ 'ਤੇ ਸ਼ਾਨਦਾਰ ਕੰਟਰੋਲ ਪ੍ਰਦਾਨ ਕਰਦਾ ਹੈ।ਇਸ ਨਾਲ ਕਿਸਾਨਾਂ ਨੂੰ ਫਸਲ ਦੀ ਗੁਣਵੱਤਾ ਕਾਇਮ ਰੱਖਣ, ਪੈਦਾਵਾਰ ਵਧਾਉਣ ਅਤੇ ਬਿਹਤਰ ਆਰਥਿਕ ਲਾਭ ਹਾਸਲ ਕਰਨ ਵਿੱਚ ਮਦਦ ਮਿਲੇਗੀ।ਜਿਵਾਨਾ ਸਮਾਰਟ ਆਪਣੇ ਆਧੁਨਿਕ ਕਿਰਿਆ ਦੇ ਢੰਗ (ਮੋਡ ਆਫ ਐਕਸ਼ਨ) ਨਾਲ ਇਸ ਚੁਣੌਤੀ ਦਾ ਪ੍ਰਭਾਵਸ਼ਾਲੀ ਹੱਲ ਪੇਸ਼ ਕਰਦਾ ਹੈ।ਇਹ ਊਮਾਈਸੀਟ ਸਮੂਹ ਦੇ ਰੋਗਾਂ ਖ਼ਿਲਾਫ਼ ਆਪਣੀ ਸ਼੍ਰੇਣੀ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਂਦਾ ਹੈ।ਲਾਂਚ ਮੌਕੇ ਬਾਇਰ ਦੇ ਕ੍ਰਾਪ ਸਾਇੰਸ ਡਿਵੀਜ਼ਨ (ਭਾਰਤ) ਦੇ ਚੀਫ਼ ਆਪਰੇਟਿੰਗ ਅਫ਼ਸਰ ਮੋਹਨ ਬਾਬੂ ਨੇ ਕਿਹਾ ਕਿ ਭਾਰਤ ਦੀ ਪੋਸ਼ਣ ਸੁਰੱਖਿਆ ਅਤੇ ਕਿਸਾਨਾਂ ਦੀ ਖੁਸ਼ਹਾਲੀ ਵਿੱਚ ਬਾਗਬਾਨੀ ਦਾ ਬਹੁਤ ਮਹੱਤਵਪੂਰਨ ਯੋਗਦਾਨ ਹੈ।ਜਿਵਾਨਾ ਸਮਾਰਟ ਰਾਹੀਂ ਬਾਇਰ ਵਿਗਿਆਨ-ਅਧਾਰਿਤ ਨਵੀਨਤਾ ਨੂੰ ਸਿੱਧੇ ਕਿਸਾਨਾਂ ਤੱਕ ਪਹੁੰਚਾ ਰਿਹਾ ਹੈ।

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਕਰਵਾਇਆ ਇਨਵੈਸਟੀਚਰ ਸੈਰੇਮਨੀ ਸਮਾਰੋਹ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)- ਨੌਜਵਾਨਾਂ ਨੂੰ ਸ਼ਕਤੀ ਪ੍ਰਦਾਨ ਕਰਨ ਲਈ ਅਤੇ ਲੀਡਰਸ਼ਿਪ ਕੁਆਲਿਟੀ ਪੈਦਾ ਕਰਨ ਲਈ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ



ਜੰਡਿਆਲਾ ਗੁਰੂ ਵਿੱਚ ਇਨਵੈਸਟੀਚਰ ਸੈਰੇਮਨੀ ਦਾ ਆਯੋਜਨ ਕੀਤਾ ਗਿਆ।ਇਹ ਪ੍ਰੋਗਰਾਮ ਸਕੂਲ ਦੇ ਸ਼ਾਨਦਾਰ ਆਡੀਟੋਰੀਅਮ ਵਿੱਚ ਬੜੇ ਜੋਸ਼ੋ ਖਰੋਸ਼ ਅਤੇ ਉਤਸ਼ਾਹ ਨਾਲ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਬੱਚਿਆਂ ਦੇ ਮਾਤਾ ਪਿਤਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਨੌਜਵਾਨ ਆਗੂਆਂ ਨੂੰ ਰਸਮੀ ਤੌਰ 'ਤੇ ਵੱਖ-ਵੱਖ ਜ਼ਿੰਮੇਵਾਰੀਆਂ ਜਿਵੇਂ, ਹੈਡ ਬੁਆਏ, ਹੈੱਡ ਗਰਲ, ਡਿਪਟੀ ਹੈੱਡ ਬੁਆਏ, ਡਿਪਟੀ ਹੈੱਡ ਗਰਲ, ਸਪੀਕਰ, ਵੈੱਲਨੈੱਸ ਕੈਪਟਨ, ਕੈਂਪਸ ਰਿਸਪੌਂਸੀਬਿਲਟੀ ਅੰਬੈਸਡਰ, ਅੰਬੈਸਡਰ ਹਾਊਸ ਕੈਪਟਨ, ਵਾਈਸ ਹਾਊਸ ਕੈਪਟਨ ਅਤੇ ਪ੍ਰੈਫੈਕਟਸ ਦੇ ਬੈਜ ਅਤੇ ਸੈਸ਼ੇ ਨਾਲ ਸਨਮਾਨਿਤ ਕੀਤਾ ਗਿਆ ਜੋ ਕਿ ਲੀਡਰਸ਼ਿਪ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਅਤੇ ਸੇਵਾ ਦੇ ਮੁੱਲਾਂ ਨੂੰ ਬਰਕਰਾਰ ਰੱਖਣ ਦੀ ਉਨਾਂ ਦੀ ਵਚਨਬੱਧਤਾ ਦਾ ਪ੍ਰਤੀਕ ਹੈ।ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਕਰਨਲ ਕਰਨੈਲ ਸਿੰਘ (ਕਮਾਂਡਿੰਗ ਆਫਿਸਰ ਸੀ. ਓ) 11 ਪੰਜਾਬ ਬਟਾਲੀਅਨ ਐੱਨ. ਸੀ. ਸੀ. ਅਤੇ ਉਨਾਂ ਦੀ ਧਰਮ ਪਤਨੀ ਪਰਮਿੰਦਰ ਕੌਰ ਉਚੇਚੇ ਤੌਰ 'ਤੇ ਸ਼ਾਮਿਲ ਹੋਏ।ਉਨਾਂ ਬੱਚਿਆਂ ਨੂੰ ਸਖਤ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਆਪਣੇ ਮੰਜ਼ਿਲ ਨੂੰ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਕਿਹਾ ਕਿ ਅਗਰ ਤੁਸੀਂ ਸਖਤ ਮਿਹਨਤ ਨਾਲ ਆਪਣੀ ਮੰਜ਼ਿਲ ਵੱਲ ਵਧਦੇ ਹੋ ਤਾਂ ਸਫਲਤਾ ਤੁਹਾਡੇ ਜ਼ਰੂਰ ਪੈਰ ਚੁੰਮਦੀ ਹੈ।ਇਸ ਲਈ ਆਪਣੀ ਜ਼ਿੰਦਗੀ ਨੂੰ ਬਿਹਤਰ ਬਣਾਉਣ ਲਈ ਇੱਕ ਟਾਰਗੇਟ ਰੱਖੋ ਅਤੇ ਉਸ ਟਾਰਗੈੱਟ ਨੂੰ ਹਾਸਲ ਕਰਨ ਲਈ ਸਖਤ ਮਿਹਨਤ ਕਰੋ।ਨਵੇਂ ਚੁਣੇ ਗਏ ਨੌਜਵਾਨ ਆਗੂਆਂ ਨੇ ਆਪਣੇ ਅਹੁਦੇ ਦੀ ਸਹੁੰ ਚੁੱਕੀ ਅਤੇ ਇਮਾਨਦਾਰੀ, ਵਚਨਬੱਤਾ ਅਤੇ ਟੀਮ ਵਰਕ ਦੀ ਭਾਵਨਾ ਨਾਲ ਆਪਣੇ ਫਰਜ਼ ਨਿਭਾਉਣ ਦਾ ਪ੍ਰਣ ਲਿਆ। ਸਕੂਲ ਮੈਨੇਜਮੈਂਟ ਅਤੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਨਵੀਂ ਚੁਣੀ ਗਈ ਵਿਦਿਆਰਥੀ ਪ੍ਰੀਸ਼ਦ ਅਤੇ ਹਾਊਸ ਲੀਡਰਾਂ ਨੂੰ ਵਧਾਈ ਦਿੱਤੀ ਅਤੇ ਉਨਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਵੱਡੀ ਸਫਲਤਾ ਦੀ ਕਾਮਨਾ ਕੀਤੀ।ਇਹ ਪ੍ਰੋਗਰਾਮ ਇੱਕ ਪ੍ਰੇਰਨਾਦਾਇਕ ਅਤੇ ਸਕੂਲ ਦੇ ਆਤਮ ਵਿਸ਼ਵਾਸੀ, ਦੂਰਦਰਸ਼ੀ ਅਤੇ ਭਵਿੱਖ ਦੇ ਨੇਤਾਵਾਂ ਅਤੇ ਆਪਣੇ ਕੰਮ ਨੂੰ ਮਿਹਨਤ ਲਗਨ ਨਾਲ ਕਰਨ ਦੀ ਭਾਵਨਾ ਨੂੰ ਦਰਸਾਉਂਦਾ ਰਿਹਾ।ਇਸ ਮੌਕੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰ. ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਜੋਬਨ ਰੰਧਾਵਾ ਦੀ ਅਗਵਾਈ 'ਚ ਸ਼ਾਨਦਾਰ ਜਿੱਤ ਪ੍ਰਾਪਤ ਕਰਾਂਗੇ : ਪ੍ਰਿੰ. ਹਰਪਿੰਦਰਪਾਲ ਸਿੰਘ ਸੰਧੂ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਆਮ ਆਦਮੀ ਪਾਰਟੀ ਵੱਲੋਂ ਇਕ ਅਹਿਮ ਫੈਸਲਾ ਲੈਂਦਿਆਂ ਨੌਜਵਾਨ ਲੀਡਰ ਜੋਬਨ ਰੰਧਾਵਾ ਨੂੰ ਵਿਧਾਨ ਸਭਾ ਹਲਕਾ ਫਤਿਹਗੜ੍ਹ ਤੋਂ ਹਲਕਾ ਇੰਚਾਰਜ ਨਿਯੁਕਤ ਕੀਤਾ



ਗਿਆ ਹੈ।ਇਸ ਸੰਬੰਧੀ ਸੀਨੀਅਰ ਆਗੂ ਪ੍ਰਿੰ. ਹਰਪਿੰਦਰਪਾਲ ਸਿੰਘ ਸੰਧੂ ਨੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪਾਰਟੀ ਹਾਈਕਮਾਂਡ ਦਾ ਲਿਆ ਗਿਆ ਇਹ ਫੈਸਲਾ ਬੜਾ ਹੀ ਪ੍ਰਸ਼ੰਸਾਯੋਗ ਹੈ।ਉਨ੍ਹਾਂ ਕਿਹਾ ਕਿ ਪਿਛਲੇ ਦੋ ਸਾਲਾਂ ਤੋਂ ਜੋਬਨ ਰੰਧਾਵਾ ਨੇ ਬਿਨਾਂ ਦਿਨ ਰਾਤ ਦੀ ਪ੍ਰਵਾਹ ਕੀਤੇ ਆਮ ਆਦਮੀ ਪਾਰਟੀ ਲਈ ਬਹੁਤ ਕੰਮ ਕੀਤੇ ਹਨ।ਉਹ ਆਪਣੇ ਕੀਮਤੀ ਰੁਝੇਵਿਆਂ ਨੂੰ ਛੱਡ ਕੇ ਪਾਰਟੀ ਵੱਲੋਂ ਲਗਾਈ ਗਈ ਹਰ ਡਿਊਟੀ ਨੂੰ ਤਨਦੇਹੀ ਨਾਲ ਨਿਭਾਉਂਦੇ ਹਨ।ਉਨ੍ਹਾਂ ਪਾਰਟੀ ਦੀ ਬਿਹਤਰੀ ਲਈ ਹਰ ਸੰਭਵ ਯਤਨ ਕੀਤਾ ਹੈ।ਸਭ ਤੋਂ ਵੱਡੀ ਗੱਲ ਇਹ ਹੈ ਕਿ ਜੋਬਨ ਰੰਧਾਵਾ ਦੀ ਨਿਯੁਕਤੀ ਨਾਲ ਨੌਜਵਾਨ ਵਰਗ ਵੱਡੇ ਪੱਧਰ ਤੇ ਆਮ ਆਦਮੀ ਪਾਰਟੀ ਨਾਲ ਜੁੜ ਰਿਹਾ ਹੈ।ਇਹ ਸਭ ਵੇਖਦਿਆਂ ਇਹ ਗੱਲ ਦਾਅਵੇ ਨਾਲ ਕਹੀ ਜਾ ਸਕਦੀ ਹੈ ਕਿ ਇਸ ਵਾਰ ਦੀਆਂ ਚੋਣਾਂ ਵਿੱਚ ਯਕੀਨਨ ਜਿੱਤ ਦਾ ਸਿਹਰਾ ਜੋਬਨ ਰੰਧਾਵਾ ਦੇ ਸਿਰ ਬੱਝੇਗਾ।ਪ੍ਰਿੰਸੀਪਲ ਸੰਧੂ ਨੇ ਕਿਹਾ ਕਿ ਅਸੀਂ ਪਾਰਟੀ ਲੀਡਰਸ਼ਿਪ ਨੂੰ ਭਰੋਸਾ ਦਿਵਾਉਂਦੇ ਹਾਂ ਕਿ ਜੋਬਨ ਰੰਧਾਵਾ ਦੀ ਜਿੱਤ ਵਾਸਤੇ ਹਰ ਸੰਭਵ ਕੋਸ਼ਿਸ਼ ਕਰਾਂਗੇ।

# ਸ਼੍ਰੀ ਜਗਨਨਾਥ ਪਾਲਕੀ ਯਾਤਰਾ ਕੱਢੀ



ਅੰਮ੍ਰਿਤਸਰ, (ਜਗਦੀਸ਼ ਕਮਲੇਸ਼)- ਪ੍ਰਭੂ ਰਾਏ ਰਾਮਾਨੰਦ ਦਾਸ ਦੀ ਅਗਵਾਈ ਹੇਠ ਸ਼੍ਰੀ ਜਗਨਨਾਥ ਪਾਲਕੀ ਯਾਤਰਾ ਗ੍ਰੀਨ ਫੀਲਡ ਮਜੀਠਾ ਰੋਡ 'ਤੇ ਸੰਜੇ ਧਵਨ ਦੇ ਨਿਵਾਸ ਸਥਾਨ ਤੋਂ ਬਹੁਤ ਸ਼ਰਧਾ ਅਤੇ ਧੂਮਧਾਮ ਨਾਲ ਸ਼ੁਰੂ ਹੋਈ।ਨਗਰ ਨਿਗਮ ਦੀ ਸੀਨੀਅਰ ਡਿਪਟੀ ਮੇਅਰ ਪ੍ਰਿਯੰਕਾ ਸ਼ਰਮਾ ਨੇ ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ, ਠਾਕੁਰ ਜੀ ਦੇ ਦਰਬਾਰ ਵਿੱਚ ਆਪਣਾ ਸਿਰ ਝੁਕਾਇਆ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਸ਼ਰਧਾਲੂ ਹਰੇ ਰਾਮ ਹਰੇ ਰਾਮ ਰਾਮ ਰਾਮ ਹਰੇ, ਹਰੇ ਕ੍ਰਿਸ਼ਨ ਹਰੇ ਕ੍ਰਿਸ਼ਨ ਕ੍ਰਿਸ਼ਨ ਕ੍ਰਿਸ਼ਨ ਕ੍ਰਿਸ਼ਨ ਹਰੇ ਹਰੇ ਦੇ ਜੈਕਾਰਿਆਂ 'ਤੇ ਆਪ ਮੁਹਾਰੇ ਨੱਚੇ।ਸਥਾਨਕ ਨਿਵਾਸੀਆਂ ਨੇ ਫੁੱਲਾਂ ਦੀ ਵਰਖਾ ਕਰਕੇ ਯਾਤਰਾ ਦਾ ਸਵਾਗਤ ਕੀਤਾ।ਇਸ ਮੌਕੇ ਰਘੁਪਤੀ ਰਾਮ ਦਾਸ, ਅਮਰ ਨਿਤਾਈ ਦਾਸ, ਦੀਨ ਦਿਆਲ ਦਾਸ, ਇੰਦਰ ਦੇਵ ਦਾਸ, ਧਨਵੰਤਰੀ ਦਾਸ, ਰਾਧਾ ਦਾਮੋਦਰ ਦਾਸ, ਵਰਿੰਦਾ ਨਾਥ ਦਾਸ, ਅਸ਼ੋਕ ਕੁਮਾਰ ਸ਼ਰਮਾ, ਤਨਿਸ਼ ਕੁਮਾਰ ਕੋਮਲ ਧਵਨ, ਵੰਦਨਾ ਸ਼ਰਮਾ, ਪੂਜਾ ਮਲਹੋਤਰਾ, ਸੋਮਿਆ ਸ਼ਰਮਾ, ਮਹਾਜਨ ਸ਼ਰਮਾ, ਪੋਹ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ ।

# ਜੋਸ਼ ਦੀ ਯਾਦਗਾਰ ਤੇ ਪੁਸਤਕ ਦੁਆਰਾ ਚੇਤਨਪੁਰਾ ਦੀ ਰੈਨੋਵੇਸ਼ਨ ਲਈ ਫੰਡਾਂ ਦੀ ਕਮੀ ਨਹੀਂ ਆਉਣ ਦਿਆਂਗੇ : ਸੁੱਖ ਅੌਜਲਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਦੇ ਭਰਾਤਾ ਸੁਖਜਿੰਦਰ ਸਿੰਘ ਸੁਖ ਔਜਲਾ ਜੋ 2027 ਦੀ ਵਿਧਾਨ ਸਭਾ ਚੋਣਾ ਵਿੱਚ ਹਲਕਾ ਅਜਨਾਲਾ ਤੋਂ ਆਪਣੇ ਆਪ ਨੂੰ ਕਾਂਗਰਸ ਪਾਰਟੀ ਵੱਲੋਂ ਉਮੀਦਵਾਰ ਹੋਣ ਦਾ ਦਾਅਵਾ ਕਰ ਰਹੇ ਹਨ, ਹਲਕਾ ਅਜਨਾਲਾ ਦੇ ਇਤਿਹਾਸਿਕ ਨਗਰ ਚੇਤਨਪੁਰਾ ਵਿਖੇ ਪਹੁੰਚੇ।ਇਸ ਸਮੇਂ ਉਨ2ਾਂ ਨਗਰ ਦੇ ਮਹਾਨ ਆਜ਼ਾਦੀ ਘੁਲਾਟੀਏ ਕਾਮਰੇਡ ਸੋਹਨ ਸਿੰਘ ਜੋਸ਼ ਦੀ ਯਾਦਗਾਰ ਅਤੇ ਪੁਸਤਕ ਦੁਆਰਾ ਚੇਤਨਪੁਰਾ ਦੀ ਰੈਨੋਵੇਸ਼ਨ ਦੇ ਚੱਲ ਰਹੇ ਕੰਮ ਦੀ ਸ਼ਲਾਘਾ ਕਰਦਿਆਂ ਯਾਦਗਾਰ ਅਤੇ ਲਾਇਬ੍ਰੇਰੀ ਨੂੰ ਹਰ ਸੰਭਵ ਆਰਥਿਕ ਮਦਦ ਕਰਨ ਦਾ ਭਰੋਸਾ ਕੀਤਾ।ਇਸ ਸਮੇਂ ਬੋਲਦਿਆਂ ਉਨ੍ਹਾਂ ਕਿਹਾ ਕਿ ਕਾਮਰੇਡ ਸੋਹਨ ਸਿੰਘ ਜੋਸ਼ ਦਾ ਦੇਸ਼ ਦੀ ਆਜ਼ਾਦੀ ਵਿੱਚ ਬਹੁਤ ਵੱਡਾ ਯੋਗਦਾਨ ਰਿਹਾ ਹੈ, ਜਿਸ ਸਦਕਾ ਅਸੀਂ ਸਾਰੇ ਅੱਜ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ।ਉਹ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੋਂ ਇਲਾਵਾ ਕਾਂਗਰਸ ਦੇ ਉਚ ਅਹੁਦਿਆਂ ਤੇ ਤਾਇਨਾਤ ਰਹੇ ਹਨ। ਉਹ ਕਿਰਤੀ ਕਿਸਾਨ ਪਾਰਟੀ ਦੇ ਮੋਢੀਆਂ ਵਿੱਚੋਂ ਇੱਕ ਅਤੇ ਸ਼ਹੀਦ ਭਗਤ ਸਿੰਘ ਦੇ ਸਭ ਤੋਂ ਨਜ਼ਦੀਕ ਸਾਥੀ ਸਨ। ਉਨ੍ਹਾਂ ਵੱਲੋਂ ਦੇਸ਼ ਅਤੇ ਦੇਸ਼ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਕੀਤੀ ਘਾਲਣਾ ਦੀ ਦਾਤ ਦੇਣੀ ਬਣਦੀ ਹੈ, ਜਿਸ ਅੱਗੇ ਉਹਨਾਂ ਦਾ ਸਿਰ ਝੁਕਦਾ ਹੈ ਉਹ ਇਥੋਂ ਅਸ਼ੀਰਵਾਦ ਲੈਣ ਹੀ ਇੱਥੇ ਆਏ ਹਨ। ਉਹਨਾਂ ਕਿਹਾ ਕਿ ਯਾਦਗਾਰ ਦੇ ਚੱਲ ਰਹੇ ਕੰਮ ਵਿੱਚ ਫੰਡਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਉਹਨਾਂ ਅੱਗੇ ਕਿਹਾ ਕਿ ਅੱਜ ਦੇਸ਼ ਵਿੱਚ ਫਿਰਕੂ ਸੋਚ ਵਾਲੀਆਂ ਤਾਕਤਾਂ ਦਾ ਉਭਾਰ ਸਾਡੇ ਦੇਸ਼ ਲਈ ਘਾਤਕ ਹੈ। ਦੇਸ਼ ਤੇ ਕਾਬਜ਼ ਨਰਿੰਦਰ ਮੋਦੀ ਦੀ ਸਰਕਾਰ ਸਭ ਹੱਦਾਂ ਬੰਨੇ ਟੱਪ ਚੁੱਕੀ ਹੈ, ਜਿਸ ਲਈ ਲੋੜ ਹੈ ਕਿ ਦੇਸ਼ ਵਿੱਚ ਸਿਰ ਚੁੱਕ ਰਹੀਆਂ ਫਾਸ਼ੀਵਾਦੀ ਤਾਕਤਾਂ ਨੂੰ ਭਾਂਜ ਦਿੱਤੀ ਜਾਵੇ, ਇਹੋ ਹੀ ਕਾਮਰੇਡ ਜੋਸ਼ ਨੂੰ ਸਾਡੀ ਸੱਚੀ ਸ਼ਰਧਾਂਜਲੀ ਹੋਵੇਗੀ।ਇਸ ਸਮੇਂ ਉਨ੍ਹਾਂ ਨਾਲ ਮਨਪ੍ਰੀਤ ਸਿੰਘ ਭਿੱਟੇਵੱਡ, ਪੀ.ਏ. ਰਿਤਿਸ ਭਾਰਦਵਾਜ, ਧਰਮਿੰਦਰ ਸਿੰਘ ਲਾਡੀ ਅਤੇ ਸੰਦੀਪ ਬਤਰਾ ਆਦਿ ਆਗੂ ਹਾਜ਼ਰ ਸਨ।



# ਨੌਜਵਾਨ ਦੇ ਗਲ 'ਚੋਂ ਸੋਨੇ ਦੀ ਚੇਨੀ ਲਾਹ ਕੇ ਲੁਟੇਰੇ ਫਰਾਰ

ਧਾਰੀਵਾਲ, (ਮਨਦੀਪ ਵਿੱਕੀ)- ਥਾਣਾ ਧਾਰੀਵਾਲ ਅਧੀਨ ਪੈਂਦੇ ਪਿੰਡ ਜਫਰਵਾਲ ਤੋਂ ਮੱਲ੍ਹੀਆਂ ਫਕੀਰਾਂ ਨੂੰ ਜਾਂਦੀ ਸੜਕ ਉੱਪਰ ਮੋਟਰਸਾਈਕਲ ਸਵਾਰ ਮੂੰਹ ਬੰਨ੍ਹ ਕੇ ਆਏ ਚਾਰ ਲੁਟੇਰੇ ਇੱਕ ਸਕੂਟਰੀ ਸਵਾਰ ਲੜਕੇ ਦੇ ਗਲ ਵਿੱਚ ਪਾਈ ਕਰੀਬ ਡੇਢ ਤੋਲਾ ਸੋਨੇ ਦੀ ਚੇਨੀ ਵਿਰੋਧ ਕਰਨ ਦੇ ਬਾਵਜੂਦ ਧੱਕੇ ਨਾਲ ਲਾਹ ਕੇ ਫਰਾਰ ਹੋ



ਗਏ ਅਤੇ ਜਾਂਦੇ ਸਮੇਂ ਇੱਕ ਲੁਟੇਰੇ ਦਾ ਐਪਲ ਕੰਪਨੀ ਦਾ ਮੋਬਾਇਲ ਫੋਨ ਵੀ ਉਥੇ ਡਿੱਗ ਗਿਆ।ਪੀੜਤ ਲੜਕੇ ਨੇ ਬੜੀ ਹੁਸ਼ਿਆਰੀ ਵਰਤਦੇ ਹੋਏ ਆਪਣੇ ਮੋਬਾਇਲ ਨਾਲ ਮੋਟਰਸਾਈਕਲ ਤੇ ਸਵਾਰ ਲੁਟੇਰਿਆਂ ਦੀ ਫਰਾਰ ਹੋਣ ਸਮੇਂ ਦੀ ਕੁਝ ਸੈਕਿੰਡ ਦੀ ਵੀਡੀਓ ਬਣਾ ਲਈ।ਪੀੜਤ ਲੜਕੇ ਆਸ਼ਿਸ਼ ਪੁੱਤਰ ਰੋਬਿਨ ਮਸੀਹ ਵਾਸੀ ਪਿੰਡ ਫੈਜ਼ਉਲਾਹ ਚੱਕ ਨੇ ਦੱਸਿਆ ਕਿ ਉਹ ਬਾਅਦ ਦੁਪਹਿਰ ਆਪਣੇ ਘਰੋਂ ਸਕੂਟਰੀ ਤੇ ਸਵਾਰ ਹੋ ਕੇ ਪਿੰਡ ਜਫਰਵਾਲ ਵਿਖੇ ਸਥਿਤ ਇੱਕ ਜਿਮ ਵਿੱਚ ਰੋਜ਼ਾਨਾ ਦੀ ਤਰ੍ਹਾਂ ਗਿਆ ਅਤੇ ਆਪਣੇ ਵਿਦੇਸ਼ ਗਏ ਚਾਚੇ ਵੱਲੋਂ ਗਿਫਟ ਕੀਤੀ ਕਰੀਬ ਡੇਢ ਤੋਲਾ ਸੋਨੇ ਦੀ ਚੇਨੀ ਉਸ ਨੇ ਆਪਣੇ ਗਲ ਵਿੱਚ ਪਾਈ ਹੋਈ ਸੀ।ਉਹ ਸ਼ਾਮ ਨੂੰ ਕਰੀਬ ਪੌਣੇ ਛੇ ਵਜੇ ਜਿਮ ਵਿੱਚੋਂ ਵਾਪਸ ਆਪਣੇ ਘਰ ਪਿੰਡ ਫੈਜ਼ਉਲਾਹ ਚੱਕ ਨੂੰ ਜਾ ਰਿਹਾ ਸੀ। ਅੱਗੋਂ ਸਪਲੈਂਡਰ ਮੋਟਰਸਾਈਕਲ ਤੇ ਸਵਾਰ ਆਏ ਚਾਰ ਲੁਟੇਰਿਆਂ ਨੇ ਮੇਰੀ ਸਕੂਟਰੀ ਰੋਕ ਕੇ ਮੇਰੇ ਗਲ ਵਿੱਚ ਪਈ ਸੋਨੇ ਦੀ ਚੇਨੀ ਲਾਹ ਲਈ।ਮੇਰੇ ਵੱਲੋਂ ਵਿਰੋਧ ਕਰਨ ਦੇ ਬਾਵਜੂਦ ਵੀ ਉਕਤ ਚਾਰੇ ਲੁਟੇਰੇ ਮੇਰੀ ਚੇਨੀ ਲੈ ਕੇ ਫਰਾਰ ਹੋ ਗਏ ਅਤੇ ਇੱਕ ਲੁਟੇਰੇ ਦਾ ਐਪਲ ਕੰਪਨੀ ਦਾ ਮੋਬਾਇਲ ਵੀ ਘਟਨਾ ਵਾਲੇ ਸਥਾਨ ਤੇ ਡਿੱਗ ਗਿਆ। ਆਸ਼ਿਸ਼ ਦੇ ਪਿਤਾ ਰੋਬਿਨ ਮਸੀਹ ਨੇ ਦੱਸਿਆ ਕਿ ਇਸ ਲੁੱਟ ਖੋਹ ਦੀ ਵਾਰਦਾਤ ਸਬੰਧੀ ਥਾਣਾ ਧਾਰੀਵਾਲ ਦੀ ਪੁਲਸ ਨੂੰ ਸੂਚਨਾ ਦੇ ਦਿੱਤੀ ਹੈ। ਐੱਸ ਐੱਚ ਓ ਇੰਸਪੈਕਟਰ ਅੰਮ੍ਰਿਤਪਾਲ ਸਿੰਘ ਨੇ ਕਿਹਾ ਮਾਮਲੇ ਦੀ ਜਾਂਚ ਕਰਕੇ ਲੁਟੇਰਿਆਂ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ।

# ਪ੍ਰਿੰ. ਡਾ. ਸੁਨੀਤਾ ਕੌਸ਼ਲ (ਸਟੇਟ ਐਵਾਰਡੀ) ਦਾ ਮੁਹਾਲੀ ਵਿਖੇ ਵਿਸ਼ੇਸ਼ ਸਨਮਾਨ





ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਪੀਐੱਮਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ (ਸਟੇਟ ਅਵਾਰਡੀ) ਨੂੰ ਸਿੱਖਿਆ ਮੰਤਰੀ ਪੰਜਾਬ ਸ.ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਸਿੱਖਿਆ ਮੰਤਰੀ ਮਨੀਸ਼ ਸਿਸੋਦੀਆ ਵੱਲੋਂ ਮੁਹਾਲੀ ਵਿਖੇ ਰਾਜ ਪੱਧਰੀ ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਕੂਲ ਪਹੁਚਣ 'ਤੇ ਪ੍ਰਿੰਸੀਪਲ ਡਾ. ਕੌਸ਼ਲ ਦਾ ਸਮੂਹ ਸਟਾਫ ਵੱਲੋਂ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਵਿੱਦਿਅਕ ਮਿਆਰ ਨੂੰ ਉੱਚਾ ਚੁੱਕਣ ਅਤੇ ਬੱਚਿਆਂ ਦੇ ਬਿਹਤਰੀਨ ਮਾਰਗਦਰਸ਼ਨ ਲਈ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਵੱਲੋਂ 300 ਤੋਂ ਵੱਧ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਹ ਪ੍ਰਿੰਸੀਪਲ ਉਨ੍ਹਾਂ ਸਕੂਲਾਂ ਨਾਲ ਸਬੰਧਤ ਹਨ, ਜਿਨ੍ਹਾਂ ਦੇ ਵਿਦਿਆਰਥੀਆਂ ਨੇ ਜੇਈਈ (ਮੇਨ), ਜੇਈਈ (ਐਡਵਾਂਸਡ) ਅਤੇ ਨੀਟ-ਯੂਜੀ 2026 ਦੀਆਂ ਪ੍ਰੀਖਿਆਵਾਂ ਵਿਚ ਰਿਕਾਰਡਤੋੜ ਸਫਲਤਾ ਹਾਸਲ ਕੀਤੀ ਹੈ।ਜ਼ਿਕਰਯੋਗ ਹੈ ਕਿ ਸਕੂਲ ਮੁਖੀ ਡਾ. ਸੁਨੀਤਾ ਕੌਸ਼ਲ ਅਤੇ ਸਮੂਹ ਸਟਾਫ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ ਕਿ ਸਕੂਲ ਵਿੱਚ ਸਾਇੰਸ ਸਟ੍ਰੀਮ ਸ਼ੁਰੂ ਹੋਏ ਸਿਰਫ ਚਾਰ ਸਾਲ ਹੀ ਹੋਏ ਹਨ ਪਰ ਸਕੂਲ ਦੇ ਅਨੇਕਾਂ ਵਿਦਿਆਰਥੀ ਐੱਮ.ਬੀ.ਬੀ.ਐੱਸ, ਇੰਜੀਨੀਅਰਿੰਗ, ਵੈਟਰਨਰੀ ਕਾਲਜਾਂ ਵਿੱਚ ਦਾਖਲਾ ਲੈਣ ਵੱਚ ਕਾਮਯਾਬ ਹੋ ਰਹੇ ਹਨ।

# ਭਾਜਪਾ ਦਾ ਨਿਘਾਰ ਸ਼ੁਰੂ

*ਪਿਛਲੇ ਦਿਨੀਂ ਤਿੰਨ ਰਾਜਾਂ ਦੀਆਂ ਤਿੰਨ ਵਿਧਾਨ ਸਭਾ ਸੀਟਾਂ 'ਤੇ ਉਪ ਚੋਣਾਂ ਹੋਈਆਂ ਸਨ। ਇਹ ਸੀਟਾਂ ਸਨ ਬਿਹਾਰ ਦੀ ਬਾਂਕੀਪੁਰ, ਮੱਧ ਪ੍ਰਦੇਸ਼ ਦੀ ਦਤੀਆ ਤੇ ਗੁਜਰਾਤ ਦੀ ਮਾਂਜਲਪੁਰ। ਇਨ੍ਹਾਂ ਸੀਟਾਂ ਵਾਲੇ ਤਿੰਨਾਂ ਹੀ ਰਾਜਾਂ ਵਿੱਚ ਭਾਜਪਾ ਦੀਆਂ ਸਰਕਾਰਾਂ ਹਨ। ਆਮ ਤੌਰ 'ਤੇ ਉਪ ਚੋਣਾਂ ਵਿੱਚ 90 ਫੀਸਦੀ ਰਾਜ ਕਰਦੀ ਪਾਰਟੀ ਦੇ ਉਮੀਦਵਾਰ ਹੀ ਜਿੱਤਦੇ ਰਹੇ ਹਨ। ਇਨ੍ਹਾਂ ਚੋਣਾਂ ਵਿੱਚ ਇਸ ਦੇ ਉਲਟ ਹੋਇਆ ਹੈ। ਬਾਂਕੀਪੁਰ ਤੇ ਦਤੀਆ ਵਿੱਚ ਭਾਜਪਾ ਉਮੀਦਵਾਰ ਕਾਫੀ ਵੱਡੇ ਫਰਕ ਨਾਲ ਹਾਰੇ ਹਨ, ਉਸ ਦੇ ਪੱਲੇ ਸਿਰਫ ਮਾਂਜਲਪੁਰ ਸੀਟ ਹੀ ਪਈ ਹੈ।*

*ਬਾਂਕੀਪੁਰ ਦਾ ਨਤੀਜਾ ਹੈਰਾਨ ਕਰਨ ਵਾਲਾ ਹੈ। ਇਹ ਪਟਨਾ ਦੀ ਸ਼ਹਿਰੀ ਸੀਟ ਹੈ। ਇਸ ਸੀਟ 'ਤੇ 35 ਫੀਸਦੀ ਸਵਰਣ ਵੋਟਾਂ ਹਨ ਤੇ ਇਹ ਭਾਜਪਾ ਦਾ ਗੜ੍ਹ ਮੰਨੀ ਜਾਂਦੀ ਰਹੀ ਹੈ। ਇਹ ਸੀਟ 1995 ਤੋਂ ਭਾਜਪਾ ਕੋਲ ਰਹੀ ਹੈ। ਪਹਿਲਾਂ ਇਸ ਸੀਟ ਤੋਂ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਦਾ ਪਿਤਾ ਜਿੱਤਦਾ ਰਿਹਾ ਤੇ ਉਸ ਤੋਂ ਬਾਅਦ ਨਿਤਿਨ ਨਬੀਨ ਖੁਦ ਇਸ ਸੀਟ 'ਤੇ ਕਾਬਜ਼ ਰਿਹਾ ਹੈ। ਪਿਛਲੀ ਵਾਰ ਉਸ ਨੇ ਇਹ ਸੀਟ 52 ਹਜ਼ਾਰ ਦੇ ਵੱਡੇ ਫਰਕ ਨਾਲ ਜਿੱਤੀ ਸੀ। ਨਿਤਿਨ ਨਬੀਨ ਨੇ ਭਾਜਪਾ ਦਾ ਕੌਮੀ ਪ੍ਰਧਾਨ ਬਣਾਏ ਜਾਣ ਤੋਂ ਬਾਅਦ ਤੇ ਰਾਜ ਸਭਾ ਲਈ ਚੁਣੇ ਜਾਣ ਤੋਂ ਬਾਅਦ ਇਹ ਸੀਟ ਖਾਲੀ ਕੀਤੀ ਸੀ। ਬਾਂਕੀਪੁਰ ਵਿੱਚ ਜਨਸੁਰਾਜ ਪਾਰਟੀ ਦੇ ਬਾਨੀ ਪ੍ਰਸ਼ਾਂਤ ਕਿਸ਼ੋਰ ਨੇ ਭਾਜਪਾ ਦੇ ਨੀਰਜ ਕੁਮਾਰ ਨੂੰ 19324 ਵੋਟਾਂ ਦੇ ਫਰਕ ਨਾਲ ਹਰਾਇਆ ਹੈ। ਪ੍ਰਸ਼ਾਂਤ ਕਿਸ਼ੋਰ ਕੋਲ ਹੇਠਲੇ ਪੱਧਰ 'ਤੇ ਕੋਈ ਵਰਕਰ ਨਹੀਂ ਸੀ, ਸਿਰਫ ਆਮ ਜਨਤਾ ਦੇ ਸਹਾਰੇ ਉਸ ਨੇ ਇਹ ਜਿੱਤ ਪ੍ਰਾਪਤ ਕੀਤੀ ਹੈ। ਇਹ ਜਿੱਤ ਹੋਰ ਵੀ ਵੱਡੀ ਹੋ ਸਕਦੀ ਸੀ ਜੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਨਾ ਕੀਤੀ ਹੁੰਦੀ। ਇਸ ਵਾਰ ਇਸ ਸੀਟ 'ਤੇ ਸਿਰਫ 34 ਫ਼ੀਸਦੀ ਵੋਟ ਪੋਲ ਹੋਈ। ਇਸ ਦਾ ਕਾਰਨ ਪਟਨਾ ਦੇ ਪੁਲਸ ਮੁਖੀ ਵੱਲੋਂ ਦਹਿਸ਼ਤ ਦਾ ਮਾਹੌਲ ਪੈਦਾ ਕਰਨਾ ਸੀ। ਇਹ ਜਿਹੜੇ ਵੋਟਰ ਪੁਲਸ ਦੀ ਗੁੰਡਾਗਰਦੀ ਕਾਰਨ ਵੋਟ ਪਾਉਣ ਘਰਾਂ ਵਿੱਚੋਂ ਨਹੀਂ ਨਿਕਲ ਸਕੇ, ਇਹ ਸਾਰੀ ਵੋਟ ਭਾਜਪਾ ਦੇ ਵਿਰੁੱਧ ਭੁਗਤਣੀ ਸੀ। ਭਾਜਪਾ ਰਾਜ ਵਿੱਚ ਪਹਿਲੀ ਵਾਰ ਸੱਤਾ ਵਿੱਚ ਆਈ ਸੀ ਤੇ ਨਵੇਂ ਬਣੇ ਮੁੱਖ ਮੰਤਰੀ ਸਮਰਾਟ ਚੌਧਰੀ ਨੇ ਇਸ ਸੀਟ ਨੂੰ ਵਕਾਰ ਦਾ ਸਵਾਲ ਬਣਾਇਆ ਹੋਇਆ ਸੀ। ਇਸ ਦੇ ਬਾਵਜੂਦ ਲੋਕਾਂ ਨੇ ਭਾਜਪਾ ਨੂੰ ਬੁਰੀ ਤਰ੍ਹਾਂ ਹਰਾ ਦਿੱਤਾ।*

*ਪ੍ਰਸ਼ਾਂਤ ਕਿਸ਼ੋਰ ਦੀ ਜਿੱਤ ਤੇ ਭਾਜਪਾ ਦੀ ਹਾਰ ਦੇ ਕਈ ਪਹਿਲੂ ਹਨ। ਇਹ ਸੀਟ ਮੱਧ ਵਰਗ ਦੀ ਸੀਟ ਹੈ, ਜਿਹਨੂੰ ਭਾਜਪਾ ਦਾ ਕੋਰ ਵੋਟਰ ਮੰਨਿਆ ਜਾਂਦਾ ਹੈ। ਇਹ ਵੋਟ ਭਾਜਪਾ ਨੂੰ ਤਿਲਾਂਜਲੀ ਦੇ ਚੁੱਕੀ ਹੈ। ਨਿਤੀਸ਼ ਕੁਮਾਰ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾਉਣਾ ਵੀ ਲੋਕਾਂ ਨੇ ਪਸੰਦ ਨਹੀਂ ਕੀਤਾ। ਅਸਲ ਵਿੱਚ ਭਾਜਪਾ ਆਪਣੇ ਆਪ ਬਿਹਾਰ ਵਿੱਚ ਅਜਿਹੀ ਤਾਕਤ ਨਹੀਂ, ਜੋ ਇਕੱਲਿਆਂ ਸੱਤਾ ਹਾਸਲ ਕਰ ਸਕੇ। ਉਸ ਨੂੰ ਜਨਤਾ ਦਲ (ਯੂ) ਦਾ ਸਹਾਰਾ ਹੀ ਇੱਥੋਂ ਤੱਕ ਲਿਆਇਆ ਹੈ। ਪ੍ਰਸ਼ਾਂਤ ਕਿਸ਼ੋਰ ਵੱਲੋਂ ਚੋਣਾਂ ਦੇ ਐਲਾਨ ਤੋਂ ਬਾਅਦ ਪ੍ਰਿਅੰਕਾ ਗਾਂਧੀ ਨਾਲ ਮੀਟਿੰਗ ਕੀਤੀ ਗਈ ਸੀ, ਜਿਸ ਤੋਂ ਬਾਅਦ ਕਾਂਗਰਸ ਵੋਟਰਾਂ ਨੇ ਪ੍ਰਸ਼ਾਂਤ ਕਿਸ਼ੋਰ ਦਾ ਸਾਥ ਦਿੱਤਾ। ਕਾਂਗਰਸ ਨੇ ਤਾਂ ਰਾਸ਼ਟਰੀ ਜਨਤਾ ਦਲ ਆਗੂ ਤੇਜਸਵੀ ਯਾਦਵ ਨੂੰ ਵੀ ਕਿਹਾ ਸੀ ਕਿ ਉਹ ਆਪਣਾ ਉਮੀਦਵਾਰ ਖੜ੍ਹਾ ਨਾ ਕਰੇ ਪਰ ਉਹ ਮੰਨਿਆ ਨਹੀਂ, ਸਿੱਟੇ ਵਜੋਂ ਉਸ ਦੀ ਉਮੀਦਵਾਰ ਰੇਖਾ ਗੁਪਤਾ ਆਪਣੀ ਜ਼ਮਾਨਤ ਵੀ ਨਹੀਂ ਬਚਾ ਸਕੀ। ਆਰ ਜੇ ਡੀ ਦਾ ਐੱਮ ਵਾਈ ਯਾਨੀ ਮੁਸਲਿਮ-ਯਾਦਵ ਵੋਟਰ ਵੀ ਉਸ ਨਾਲੋਂ ਟੁੱਟ ਕੇ ਪ੍ਰਸ਼ਾਂਤ ਕਿਸ਼ੋਰ ਦੇ ਹੱਕ ਵਿੱਚ ਭੁਗਤਿਆ।*

*ਨੀਟ ਪ੍ਰੀਖਿਆਵਾਂ ਵਿੱਚ ਪੇਪਰ ਲੀਕ ਵਿਰੁੱਧ ਅੰਦੋਲਨ ਦਾ ਵੀ ਇਨ੍ਹਾਂ ਚੋਣਾਂ ਵਿੱਚ ਪ੍ਰਛਾਵਾਂ ਰਿਹਾ। ਜਿੱਥੇ ਕਾਕਰੋਚਾਂ ਨੇ ਦਿੱਲੀ ਵਿੱਚ ਮੋਰਚਾ ਲਾਇਆ ਸੀ, ਉਥੇ ਪਟਨਾ ਵਿੱਚ ਵੀ ਨੌਜਵਾਨ, ਵਿਦਿਆਰਥੀ ਡਾਂਗਾਂ ਖਾ ਕੇ ਵੀ ਆਪਣੀਆਂ ਮੰਗਾਂ ਲਈ ਡਟੇ ਰਹੇ ਤੇ ਅੱਜ ਵੀ ਡਟੇ ਹੋਏ ਹਨ। ਜੇ ਘਰ ਦੇ ਬਜ਼ੁਰਗ ਭਾਜਪਾ ਨਾਲ ਸਨ ਤਾਂ ਨੌਜਵਾਨ ਪ੍ਰਸ਼ਾਂਤ ਕਿਸ਼ੋਰ ਦੇ ਹੱਕ ਵਿੱਚ ਲਾਈਨਾਂ ਬਣਾ ਕੇ ਭੁਗਤਦੇ ਦੇਖੇ ਗਏ। ਭਾਜਪਾ ਵਿੱਚ ਜਿੱਥੇ ਉਮੀਦਵਾਰ ਬਣਨ ਲਈ ਮਾਰਧਾੜ ਹੁੰਦੀ ਰਹਿੰਦੀ ਸੀ, ਐਤਕੀਂ ਹਾਲਾਤ ਬਦਲੇ ਨਜ਼ਰ ਆਏ। ਭਾਜਪਾ ਨੇ ਪਹਿਲਾਂ ਅਭਿਸ਼ੇਕ ਕੁਮਾਰ ਸਿਨਹਾ ਨੂੰ ਉਮੀਦਵਾਰ ਬਣਾਇਆ ਸੀ, ਪਰ ਆਪਣੀ ਹਾਰ ਦੇਖਦਿਆਂ ਉਸ ਨੇ 10 ਜੁਲਾਈ ਨੂੰ ਚੋਣ ਲੜਨ ਤੋਂ ਨਾਂਹ ਕਰ ਦਿੱਤੀ ਸੀ। ਦਿਲਚਸਪ ਗੱਲ ਇਹ ਹੈ ਕਿ ਇਸ ਤੋਂ ਕੁਝ ਘੰਟੇ ਪਹਿਲਾਂ ਮੁੱਖ ਮੰਤਰੀ ਸਮਰਾਟ ਚੌਧਰੀ ਉਸ ਦੇ ਹੱਕ ਵਿੱਚ ਪ੍ਰਚਾਰ ਕਰਕੇ ਗਏ ਸਨ। ਇਸ ਤੋਂ ਬਾਅਦ ਭਾਜਪਾ ਨੇ ਆਪਣੇ ਪੁਰਾਣੇ ਵਰਕਰ ਨੀਰਜ ਕੁਮਾਰ ਨੂੰ ਉਮੀਦਵਾਰ ਬਣਾਇਆ। ਪ੍ਰਸ਼ਾਂਤ ਕਿਸ਼ੋਰ ਦੀ ਇਸ ਜਿੱਤ ਨੇ ਤਾਮਿਲਨਾਡੂ ਵਾਂਗ ਬਿਹਾਰ ਵਿੱਚ ਵੀ ਨਵਾਂ ਤੀਜਾ ਬਦਲ ਬਣਨ ਦਾ ਰਾਹ ਖੋਲ੍ਹ ਦਿੱਤਾ ਹੈ।*

*ਹੁਣ ਲਓ, ਮੱਧ ਪ੍ਰਦੇਸ਼ ਦੀ ਦਤੀਆ ਸੀਟ ਦਾ ਹਾਲ। ਇਹ ਸੀਟ ਵੀ ਭਾਜਪਾ ਦਾ ਗੜ੍ਹ ਮੰਨੀ ਜਾਂਦੀ ਰਹੀ ਹੈ। ਇਸ ਸੀਟ ਤੋਂ ਭਾਜਪਾ ਦਾ ਵੱਡਾ ਜਗੀਰਦਾਰ ਨਰੋਤਮ ਮਿਸ਼ਰਾ ਲਗਾਤਾਰ ਜਿੱਤਦਾ ਰਿਹਾ ਸੀ, ਪਰ ਪਿਛਲੀ ਵਾਰ ਉਹ ਕਾਂਗਰਸ ਦੇ ਰਜਿੰਦਰ ਭਾਰਤੀ ਤੋਂ ਹਾਰ ਗਿਆ ਸੀ। ਦਤੀਆ ਸ਼ਹਿਰ ਦੁਆਲੇ ਮੁਗਲ ਕਾਲ ਵੇਲੇ ਦੀ ਇੱਕ ਪੱਥਰਾਂ ਦੀ ਦੀਵਾਰ ਹੁੰਦੀ ਸੀ। ਆਪਣੀ ਵਿਧਾਇਕੀ ਕਾਲ ਦੌਰਾਨ ਨਰੋਤਮ ਮਿਸ਼ਰਾ ਨੇ ਇਸ ਦੀਵਾਰ ਨੂੰ ਬੁਲਡੋਜ਼ਰ ਚਲਾ ਕੇ ਜ਼ਮੀਨਦੋਜ਼ ਕਰ ਦਿੱਤਾ ਸੀ, ਜਿਸ ਦਾ ਲੋਕਾਂ ਨੇ ਬੁਰਾ ਮਨਾਇਆ ਤੇ ਉਸ ਨੂੰ ਹਾਰ ਦਾ ਮੂੰਹ ਦੇਖਣਾ ਪਿਆ ਸੀ। ਰਜਿੰਦਰ ਭਾਰਤੀ ਨੂੰ ਇੱਕ ਕੇਸ ਵਿੱਚ ਸਜ਼ਾ ਹੋਣ ਤੋਂ ਬਾਅਦ ਇਹ ਸੀਟ ਖਾਲੀ ਹੋ ਗਈ ਸੀ। ਇਸ ਵਾਰ ਭਾਜਪਾ ਨੇ ਆਰ ਐੱਸ ਐੱਸ ਦੀ ਪਿੱਠਭੂਮੀ ਵਾਲੇ ਆਸ਼ੂਤੋਸ਼ ਤਿਵਾੜੀ ਤੇ ਕਾਂਗਰਸ ਨੇ ਘਣਸ਼ਾਮ ਸਿੰਘ ਨੂੰ ਉਮੀਦਵਾਰ ਬਣਾਇਆ ਸੀ। ਚੰਦਰ ਸ਼ੇਖਰ ਦੀ ਅਜ਼ਾਦ ਸਮਾਜ ਪਾਰਟੀ ਨੇ ਵੀ ਦਮੋਦਰ ਯਾਦਵ ਨੂੰ ਖੜ੍ਹਾ ਕੀਤਾ ਸੀ। ਚੋਣ ਨਤੀਜਾ ਆਉਣ 'ਤੇ ਕਾਂਗਰਸੀ ਉਮੀਦਵਾਰ ਨੇ ਭਾਜਪਾ ਉਮੀਦਵਾਰ ਨੂੰ 6 ਹਜ਼ਾਰ ਤੋਂ ਵੱਧ ਵੋਟਾਂ ਨਾਲ ਹਰਾ ਦਿੱਤਾ। ਇਹ ਅੰਤਰ ਹੋਰ ਵੀ ਵੱਡਾ ਹੋਣਾ ਸੀ ਜੇ ਅਜ਼ਾਦ ਸਮਾਜ ਪਾਰਟੀ ਦਾ ਉਮੀਦਵਾਰ ਦਮੋਦਰ ਯਾਦਵ 22 ਹਜ਼ਾਰ ਤੋਂ ਵੱਧ ਵੋਟਾਂ ਨਾ ਲੈ ਜਾਂਦਾ, ਕਿਉਂਕਿ ਇਹ ਵੋਟ ਵੀ ਭਾਜਪਾ ਵਿਰੋਧੀ ਵੋਟ ਸੀ। ਇਸ ਸੀਟ 'ਤੇ ਯਾਦਵ ਵੋਟਾਂ ਦੀ ਵੱਡੀ ਗਿਣਤੀ ਹੈ, ਪਰ ਅਖਿਲੇਸ਼ ਯਾਦਵ ਇੰਡੀਆ ਗੱਠਜੋੜ ਦਾ ਹਿੱਸਾ ਹੋਣ ਦੇ ਬਾਵਜੂਦ ਇੱਕ ਦਿਨ ਵੀ ਕਾਂਗਰਸੀ ਉਮੀਦਵਾਰ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਨਾ ਆਇਆ। ਜੇ ਉਹ ਆਉਂਦਾ ਤਾਂ ਕਾਂਗਰਸੀ ਉਮੀਦਵਾਰ ਦੀ ਵੋਟ ਹੋਰ ਵੀ ਵਧ ਜਾਂਦੀ। ਇਸ ਚੋਣ ਨੇ ਇੰਡੀਆ ਗੱਠਜੋੜ ਦੇ ਆਗੂਆਂ ਨੂੰ ਇਹ ਸੰਦੇਸ਼ ਦਿੱਤਾ ਹੈ ਕਿ ਉਹ ਅਜ਼ਾਦ ਸਮਾਜ ਪਾਰਟੀ ਵੱਲ ਆਪਣੀ ਪਹੁੰਚ ਬਦਲ ਕੇ ਉਸ ਨੂੰ ਆਪਣੇ ਨਾਲ ਮਿਲਾਉਣ।*

*ਤੀਜੀ ਸੀਟ ਗੁਜਰਾਤ ਦੇ ਮਾਂਜਲਪੁਰ ਦੀ ਹੈ। ਇਹ ਸੀਟ ਭਾਜਪਾ ਨੇ ਜਿੱਤ ਤਾਂ ਲਈ ਹੈ, ਪਰ ਉਸ ਦਾ ਅੰਤਰ ਬਹੁਤ ਘਟ ਗਿਆ ਹੈ। 2022 ਦੀਆਂ ਵਿਧਾਨ ਸਭਾ ਚੋਣਾਂ ਮੌਕੇ ਭਾਜਪਾ ਨੇ ਇਹ ਸੀਟ ਇੱਕ ਲੱਖ ਤੋਂ ਵੱਧ ਵੋਟਾਂ ਦੇ ਫਰਕ ਨਾਲ ਜਿੱਤੀ ਸੀ। ਇਸ ਵਾਰ ਇਹ ਅੰਤਰ ਘਟ ਕੇ 30630 ਵੋਟਾਂ 'ਤੇ ਆ ਗਿਆ ਹੈ। ਇਨ੍ਹਾਂ ਤਿੰਨਾਂ ਚੋਣਾਂ ਦੇ ਨਤੀਜੇ ਦੱਸਦੇ ਹਨ ਕਿ ਭਾਜਪਾ ਦਾ ਗਰਾਫ ਲਗਾਤਾਰ ਡਿਗਦਾ ਜਾ ਰਿਹਾ ਹੈ। ਹੁਣ ਉਸ ਦੇ ਅੰਦਰ ਵੀ ਭਗਦੜ ਮਚੇਗੀ। ਲੋੜ ਇੰਡੀਆ ਗੱਠਜੋੜ ਨੂੰ ਹੋਰ ਮਜ਼ਬੂਤ ਕਰਕੇ ਇੱਕ ਧੱਕੇ ਦੀ ਹੈ।*

**-ਚੰਦ ਫਤਿਹਪੁਰੀ**

# ਕਾਨੂੰਨ ਪ੍ਰਬੰਧ, ਚੁੱਪ ਅਤੇ ਉਠਦੇ ਸਵਾਲ



ਗੁਰਮੀਤ ਸਿੰਘ ਪਲਾਹੀ

ਇਤਿਹਾਸ ਗਵਾਹ ਹੈ ਕਿ ਸਿਫ਼ਾਰਸ਼ੀ ਕਮੇਟੀਆਂ ਬਣਦੀਆਂ ਹਨ, ਰਿਪੋਰਟਾਂ ਆਉਂਦੀਆਂ ਹਨ, ਪਰ ਫਿਰ ਵੀ ਪ੍ਰਬੰਧ ਉੱਥੇ ਦਾ ਉੱਥੇ ਹੀ ਖੜ੍ਹਾ ਰਹਿੰਦਾ ਹੈ। ਸਾਲ-ਦਰ-ਸਾਲ ਪ੍ਰੀਖਿਆਵਾਂ ਦੇ ਪਰਚੇ ਲੀਕ ਹੁੰਦੇ ਰਹਿੰਦੇ ਹਨ। ਸਰਕਾਰ, ਪ੍ਰੀਖਿਆ ਪ੍ਰਣਾਲੀ ਅਤੇ ਪ੍ਰਬੰਧ ਵਿੱਚ ਸੁਧਾਰ ਲਿਆਉਣ ਪ੍ਰਤੀ ਆਖਰ ਚੁੱਪ ਵੱਟੀ ਕਿਉਂ ਬੈਠੀ ਰਹਿੰਦੀ ਹੈ?

ਸਾਲ 2020 ਤੋਂ 2025 ਦੇ ਵਿਚਕਾਰ 45 ਵੱਡੇ ਪੇਪਰ ਲੀਕ ਹੋਏ, ਪਰ ਸਿਰਫ਼ ਦੋ ਮਾਮਲਿਆਂ ਵਿੱਚ ਹੀ ਦੋਸ਼ੀਆਂ ਨੂੰ ਸਜ਼ਾ ਮਿਲ ਸਕੀ। ਸਾਲ 2024 ਵਿੱਚ ਪੇਪਰ ਲੀਕ ਦੇ ਮਾਮਲਿਆਂ ਨੂੰ ਰੋਕਣ ਲਈ ਕੇਂਦਰ ਸਰਕਾਰ ਵੱਲੋਂ 'ਪਬਲਿਕ ਐਗਜ਼ਾਮੀਨੇਸ਼ਨ (ਪ੍ਰੀਵੈਂਸ਼ਨ ਆਫ਼ ਅਨਫੇਅਰ ਮੀਨਜ਼) ਐਕਟ' ਬਣਾਇਆ ਗਿਆ ਸੀ, ਪਰ 2026 ਵਿੱਚ ਫਿਰ ਤੋਂ ਨੀਟ ਵਰਗੀਆਂ ਮੁੱਖ ਪ੍ਰੀਖਿਆਵਾਂ ਦੇ ਪਰਚੇ ਲੀਕ ਹੋ ਗਏ। ਇਸ ਤੋਂ ਬਾਅਦ ਇੱਕ ਹੋਰ ਨਵਾਂ ਸੋਧ ਬਿੱਲ ਪਾਸ ਕਰਕੇ ਸਜ਼ਾ ਵਧਾ ਦਿੱਤੀ ਗਈ ਹੈ।

ਨਵੇਂ ਕਾਨੂੰਨ ਦੇ ਮੁੱਖ ਤੱਥਾਂ 'ਤੇ ਨਜ਼ਰ ਮਾਰੀਏ ਤਾਂ ਇਸ ਵਿੱਚ ਅਪਰਾਧੀਆਂ ਲਈ 3 ਤੋਂ 5 ਸਾਲ ਦੀ ਕੈਦ ਨੂੰ ਵਧਾ ਕੇ 5 ਤੋਂ 10 ਸਾਲ ਤੱਕ ਕਰ ਦਿੱਤਾ ਗਿਆ ਹੈ ਅਤੇ ਜੁਰਮਾਨਾ 10 ਲੱਖ ਤੋਂ ਵਧਾ ਕੇ 1 ਕਰੋੜ ਰੁਪਏ ਤੱਕ ਮਿੱਥਿਆ ਗਿਆ ਹੈ। ਸੰਗਠਿਤ ਅਪਰਾਧਿਕ ਗਰੋਹਾਂ ਦੀਆਂ ਸੰਪਤੀਆਂ ਜ਼ਬਤ ਕਰਨ, ਪ੍ਰੀਖਿਆ ਸੰਚਾਲਨ ਕਰਨ ਵਾਲੀਆਂ ਏਜੰਸੀਆਂ ਦੇ ਦੋਸ਼ੀ ਅਧਿਕਾਰੀਆਂ 'ਤੇ ਸਖ਼ਤ ਕਾਰਵਾਈ ਕਰਨ ਅਤੇ ਕੇਸਾਂ ਨੂੰ ਗੈਰ-ਜ਼ਮਾਨਤੀ ਸ਼੍ਰੇਣੀ ਵਿੱਚ ਰੱਖਣ ਦੇ ਉਪਬੰਧ ਕੀਤੇ ਗਏ ਹਨ, ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਸਿਰਫ਼ ਕਾਨੂੰਨ ਦੀਆਂ ਕਿਤਾਬਾਂ ਵਿੱਚ ਸਜ਼ਾਵਾਂ ਸਖ਼ਤ ਲਿਖ ਦੇਣ ਨਾਲ ਪੇਪਰ ਲੀਕ ਹੋਣਾ ਬੰਦ ਹੋ ਜਾਵੇਗਾ? ਅਸਲ ਮੁੱਦਾ ਤਾਂ ਇਹ ਹੈ ਕਿ ਪੇਪਰ ਲੀਕ ਹੋਣ ਦੇ ਮੁੱਖ ਕਾਰਨਾਂ ਅਤੇ ਪ੍ਰਬੰਧਕੀ ਨਾਕਾਮੀਆਂ 'ਤੇ ਸਰਕਾਰ ਕੀ ਕਾਰਵਾਈ ਕਰ ਰਹੀ ਹੈ? ਇਸ ਦਾ ਜਵਾਬ ਫਿਲਹਾਲ ਕਿਧਰੇ ਨਜ਼ਰ ਨਹੀਂ ਆਉਂਦਾ।

ਜੇਕਰ ਹਾਲੀਆ ਘਟਨਾਵਾਂ 'ਤੇ ਝਾਤ ਮਾਰੀਏ ਤਾਂ ਸਰਕਾਰ ਅਤੇ ਪ੍ਰੀਖਿਆ ਏਜੰਸੀਆਂ ਦੇ ਭੈੜੇ ਪ੍ਰਬੰਧ ਦੀ ਪੋਲ ਖੁੱਲ੍ਹ ਜਾਂਦੀ ਹੈ। ਨੀਟ-ਯੂ ਜੀ ਸੀ- 2024 ਪ੍ਰੀਖਿਆ ਦੌਰਾਨ ਪਟਨਾ ਵਿੱਚ ਉਮੀਦਵਾਰਾਂ ਨੂੰ ਪ੍ਰਸ਼ਨ ਪੱਤਰ ਰਟਵਾਏ ਜਾਣ ਦੇ ਖੁਲਾਸੇ ਹੋਏ, ਗੋਧਰਾ ਵਿੱਚ ਕੇਂਦਰ ਸੈਟਿੰਗ ਦੇ ਮਾਮਲੇ ਸਾਹਮਣੇ ਆਏ ਅਤੇ ਅਚਾਨਕ ਦਰਜਨਾਂ ਵਿਦਿਆਰਥੀਆਂ ਦੇ ਪੂਰੇ ਅੰਕ ਆਉਣ ਨਾਲ ਦੇਸ਼ ਭਰ ਵਿੱਚ ਹਾਹਾਕਾਰ ਮਚ ਗਈ। ਇਸ ਤੋਂ ਤੁਰੰਤ ਬਾਅਦ ਯੂ ਜੀ ਸੀ-ਨੀਟ ਪ੍ਰੀਖਿਆ ਨੂੰ ਗ੍ਰਹਿ ਮੰਤਰਾਲੇ ਦੀਆਂ ਰਿਪੋਰਟਾਂ ਤੋਂ ਬਾਅਦ ਰੱਦ ਕਰਨਾ ਪਿਆ ਅਤੇ ਸੀ ਐੱਸ ਆਈ ਆਰ-ਨੀਟ ਦੀਆਂ ਪ੍ਰੀਖਿਆਵਾਂ ਮੁਲਤਵੀ ਕਰਨੀਆਂ ਪਈਆਂ। ਹੱਦ ਤਾਂ ਉਦੋਂ ਹੋ ਗਈ, ਜਦੋਂ 2026 ਵਿੱਚ ਸੀਕਰ ਗਰੋਹ ਵੱਲੋਂ ਫਿਰ ਤੋਂ ਪਰਚਾ ਲੀਕ ਕਰਨ ਦਾ ਮਾਮਲਾ ਸਾਹਮਣੇ ਆਇਆ। ਇਹ ਘਟਨਾਵਾਂ ਸਾਬਤ ਕਰਦੀਆਂ ਹਨ ਕਿ ਸਰਕਾਰ ਦਾ ਪ੍ਰਬੰਧਕੀ ਢਾਂਚਾ ਅੰਦਰੋਂ ਬਿਲਕੁਲ ਖੋਖਲਾ ਹੋ ਚੁੱਕਾ ਹੈ।

ਪੇਪਰ ਲੀਕ ਮਾਮਲੇ 'ਤੇ ਇੱਕ ਬਹੁਤ ਹੀ ਮਹੱਤਵਪੂਰਨ ਸਮਿਤੀ 'ਇਸਰੋ' ਦੇ ਸਾਬਕਾ ਮੁਖੀ ਡਾ. ਰਾਧਾਕ੍ਰਿਸ਼ਨਨ ਦੀ ਅਗਵਾਈ ਹੇਠ ਬਣਾਈ ਗਈ ਸੀ। ਉਸ ਸਮਿਤੀ ਨੇ 101 ਮਹੱਤਵਪੂਰਨ ਸਿਫ਼ਾਰਸ਼ਾਂ ਦਿੱਤੀਆਂ ਸਨ, ਪਰ ਅਫ਼ਸੋਸ ਕਿ ਉਹਨਾਂ ਵਿੱਚੋਂ ਇੱਕ ਵੀ ਲਾਗੂ ਨਹੀਂ ਕੀਤੀ ਗਈ। ਹੁਣ ਇੱਕ ਹੋਰ ਨਵੀਂ ਕਮੇਟੀ ਨੰਦਨ ਨੀਲੇਕਣੀ ਦੀ ਅਗਵਾਈ ਵਿੱਚ ਗਠਿਤ ਕਰ ਦਿੱਤੀ ਗਈ ਹੈ।

ਨਵਾਂ ਕਾਨੂੰਨ ਪਾਸ ਕਰਨ ਪਿੱਛੇ ਆਖਰ ਸਰਕਾਰ ਦਾ ਕੀ ਮਕਸਦ ਸੀ? ਕੀ ਸਿਰਫ਼ ਨੌਜਵਾਨਾਂ ਵਿੱਚ ਵਧ ਰਹੇ ਰੋਸ ਨੂੰ ਠੰਢਾ ਕਰਨਾ ਸੀ ਜਾਂ ਇਹ ਦਿਖਾਉਣਾ ਸੀ ਕਿ ਸਰਕਾਰ ਉਹਨਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਹੈ?

ਦਿਲਚਸਪ ਗੱਲ ਇਹ ਹੈ ਕਿ ਦੇਸ਼ ਦੇ ਕਈ ਰਾਜਾਂ ਵਿੱਚ ਪੇਪਰ ਲੀਕ ਮਾਮਲਿਆਂ ਲਈ ਪਹਿਲਾਂ ਹੀ ਬਹੁਤ ਸਖ਼ਤ ਸਜ਼ਾਵਾਂ ਦਾ ਉਪਬੰਧ ਹੈ। ਉੱਤਰ ਪ੍ਰਦੇਸ਼ ਵਿੱਚ 2024 ਦੇ ਕਾਨੂੰਨ ਅਨੁਸਾਰ ਅਪਰਾਧ ਕਰਨ ਵਾਲੇ ਨੂੰ 1 ਕਰੋੜ ਰੁਪਏ ਜੁਰਮਾਨਾ, ਉਮਰ ਕੈਦ ਦੀ ਸਜ਼ਾ ਅਤੇ ਬਿਨਾਂ ਜ਼ਮਾਨਤ ਦਾ ਪ੍ਰਬੰਧ ਹੈ। ਰਾਜਸਥਾਨ ਵਿੱਚ 2023 ਦੀ ਸੋਧ ਅਨੁਸਾਰ 10 ਸਾਲ ਤੋਂ ਲੈ ਕੇ ਉਮਰ ਕੈਦ ਅਤੇ 10 ਲੱਖ ਤੋਂ 10 ਕਰੋੜ ਰੁਪਏ ਤੱਕ ਦਾ ਜੁਰਮਾਨਾ ਹੈ।ਉੜੀਸ਼ਾ, ਗੁਜਰਾਤ, ਝਾਰਖੰਡ, ਛੱਤੀਸਗੜ੍ਹ ਅਤੇ ਉੱਤਰਾਖੰਡ ਵਿੱਚ ਵੀ ਅਜਿਹੇ ਹੀ ਸਖ਼ਤ ਕਾਨੂੰਨ ਹਨ। ਇਹਨਾਂ ਸਾਰੇ ਸਖ਼ਤ ਕਾਨੂੰਨਾਂ ਦੇ ਬਾਵਜੂਦ ਉੱਤਰ ਪ੍ਰਦੇਸ਼ ਸਮੇਤ ਕਈ ਰਾਜਾਂ ਵਿੱਚ ਪਰਚੇ ਲੀਕ ਹੁੰਦੇ ਰਹੇ। ਜਦੋਂ 2026 ਵਿੱਚ ਪਰਚਾ ਲੀਕ ਹੋਇਆ ਤਾਂ ਲਗਭਗ 2.27 ਕਰੋੜ ਵਿਦਿਆਰਥੀ ਪ੍ਰਭਾਵਤ ਹੋਏ ਅਤੇ ਪ੍ਰੀਖਿਆਵਾਂ ਰੱਦ ਕਰਨੀਆਂ ਪਈਆਂ। ਸੰਸਦ ਵਿੱਚ ਸੋਧ ਕਰਕੇ ਸਜ਼ਾਵਾਂ ਵਧਾਈਆਂ ਗਈਆਂ, ਫਾਸਟ-ਟ੍ਰੈਕ ਅਦਾਲਤਾਂ ਅਤੇ ਐੱਸ ਟੀ ਐੱਫ ਦੀ ਜਾਂਚ ਦਾ ਅਧਿਕਾਰ ਦਿੱਤਾ ਗਿਆ, ਪਰ ਇੱਕ ਰਿਪੋਰਟ ਅਨੁਸਾਰ, 30 ਅਪ੍ਰੈਲ 2026 ਤੱਕ ਦੇਸ਼ ਵਿੱਚ 775 ਫਾਸਟ-ਟ੍ਰੈਕ ਅਦਾਲਤਾਂ ਹਨ, ਜਿਨ੍ਹਾਂ ਵਿੱਚ 2,45,000 ਮਾਮਲੇ ਲੰਬਿਤ ਪਏ ਹਨ। ਸਾਲ 2024 ਵਿੱਚ ਇਹਨਾਂ ਅਦਾਲਤਾਂ ਨੇ 85,595 ਮਾਮਲੇ ਨਿਪਟਾਏ, ਜੋ 2025 ਵਿੱਚ ਘਟ ਕੇ 66,500 ਰਹਿ ਗਏ। ਜੇਕਰ ਫਾਸਟ-ਟਰੈਕ ਅਦਾਲਤਾਂ ਦੀ ਰਫ਼ਤਾਰ ਹੀ ਇਹ ਰਹੇਗੀ, ਤਾਂ ਤੁਰੰਤ ਇਨਸਾਫ਼ ਦੀ ਉਮੀਦ ਕਿਵੇਂ ਕੀਤੀ ਜਾ ਸਕਦੀ ਹੈ?

ਇਸ ਪੂਰੀ ਖੇਡ ਵਿੱਚ ਸਭ ਤੋਂ ਖ਼ਤਰਨਾਕ ਅਤੇ ਸ਼ਰਮਨਾਕ ਭੂਮਿਕਾ ਦੇਸ਼ ਵਿੱਚ ਫੈਲੇ 'ਕੋਚਿੰਗ ਮਾਫ਼ੀਆ' ਦੀ ਹੈ। ਅਖ਼ਬਾਰਾਂ ਦੇ ਪੂਰੇ-ਪੂਰੇ ਸਫ਼ਿਆਂ 'ਤੇ ਛਪਣ ਵਾਲੇ ਕਰੋੜਾਂ ਰੁਪਏ ਦੇ ਦਿਲ ਖਿੱਚਵੇਂ ਇਸ਼ਤਿਹਾਰ ਇਸ ਗੱਲ ਦਾ ਪ੍ਰਤੱਖ ਸਬੂਤ ਹਨ ਕਿ ਇਹ ਕੋਚਿੰਗ ਸੈਂਟਰ ਹੁਣ ਵਿੱਦਿਆ ਦੇ ਮੰਦਰ ਨਹੀਂ, ਸਗੋਂ ਵਪਾਰਕ ਅੱਡੇ ਬਣ ਚੁੱਕੇ ਹਨ। ਲੱਖਾਂ ਰੁਪਏ ਦੀਆਂ ਮੋਟੀਆਂ ਫੀਸਾਂ ਬਟੋਰ ਕੇ ਇਹ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਦਾ ਖੁੱਲ੍ਹੇਆਮ ਆਰਥਿਕ ਅਤੇ ਮਾਨਸਿਕ ਸ਼ੋਸ਼ਣ ਕਰਦੇ ਹਨ। ਜੋ ਵਿਦਿਆਰਥੀ ਭਾਰੀ ਫੀਸਾਂ ਭਰਨ ਤੋਂ ਅਸਮਰੱਥ ਹੁੰਦੇ ਹਨ, ਉਹਨਾਂ ਨੂੰ ਜਿਸ ਮਾਨਸਿਕ ਤਸ਼ੱਦਦ, ਹੀਣ ਭਾਵਨਾ ਅਤੇ ਤਣਾਅ ਵਿੱਚੋਂ ਲੰਘਣਾ ਪੈਂਦਾ ਹੈ, ਉਸ ਦਾ ਅੰਦਾਜ਼ਾ ਲਗਾਉਣਾ ਵੀ ਔਖਾ ਹੈ। ਇਹੋ ਕੋਚਿੰਗ ਸੰਸਥਾਵਾਂ ਅਤੇ ਉਹਨਾਂ ਦੇ ਦਲਾਲ ਕਰੋੜਾਂ ਰੁਪਏ ਦੇ ਕਾਲੇ ਧਨ ਦੇ ਦਮ 'ਤੇ ਪ੍ਰੀਖਿਆ ਪ੍ਰਣਾਲੀ ਵਿੱਚ ਅੰਦਰ ਤੱਕ ਘੁਸਪੈਠ ਕਰਦੇ ਹਨ।

ਅਖੌਤੀ ਸਫ਼ਲਤਾ ਦੇ ਦਾਅਵੇ ਵੇਚਣ ਲਈ ਇਹ ਮਾਫ਼ੀਆ ਆਪ ਹੀ ਕਰੋੜਾਂ ਰੁਪਏ ਲਗਾ ਕੇ ਪੇਪਰ ਲੀਕ ਕਰਵਾਉਣ ਵਿੱਚ ਸਹਾਈ ਹੁੰਦਾ ਹੈ। ਇਹ ਸਿਰਫ਼ ਇੱਕ ਪ੍ਰੀਖਿਆ ਦੀ ਗੜਬੜੀ ਨਹੀਂ, ਸਗੋਂ ਪੂਰੇ ਦੇਸ਼ ਵਿੱਚ ਫੈਲਿਆ ਇੱਕ ਅਜਿਹਾ ਸੰਗਠਿਤ ਅਪਰਾਧਿਕ ਜਾਲ ਹੈ, ਜਿਸ ਦਾ ਮੁੱਖ ਮਕਸਦ ਵਿਦਿਆਰਥੀਆਂ ਦੇ ਹੱਕਾਂ 'ਤੇ ਡਾਕਾ ਮਾਰਨਾ ਅਤੇ ਲਾਚਾਰੀ ਦਾ ਫਾਇਦਾ ਚੁੱਕਣਾ ਹੈ।

ਜਾਂਚ ਰਿਪੋਰਟਾਂ ਦੱਸਦੀਆਂ ਹਨ ਕਿ ਪੇਪਰ ਲੀਕ ਦੇ ਨੈੱਟਵਰਕ ਵਿੱਚ ਪ੍ਰੀਖਿਆ ਕੇਂਦਰ, ਛਪਾਈ ਪ੍ਰੈੱਸ, ਵਿਚੋਲੇ ਅਤੇ ਇਹ ਕੋਚਿੰਗ ਗਰੋਹ ਆਪਸ ਵਿੱਚ ਮਿਲੇ ਹੁੰਦੇ ਹਨ। ਨੀਟ 2024 (ਪਟਨਾ), ਯੂ ਜੀ ਸੀ ਨੈੱਟ ਅਤੇ ਨੀਟ 2026 (ਸੀਕਰ ਗਰੋਹ) ਦੇ ਮਾਮਲਿਆਂ ਵਿੱਚ ਗ੍ਰਿਫ਼ਤਾਰੀਆਂ ਤਾਂ ਹੋਈਆਂ, ਪਰ ਅੰਤ ਵਿੱਚ ਮਾਮਲਾ ਠੰਢਾ ਪੈ ਜਾਂਦਾ ਹੈ।

ਸਾਲ 2022 ਤੋਂ 2025 ਤੱਕ 43 ਮਾਮਲਿਆਂ ਵਿੱਚੋਂ ਸਿਰਫ਼ 2 ਵਿੱਚ ਹੀ ਸਜ਼ਾ ਹੋ ਸਕੀ। ਬਾਕੀ ਮਾਮਲਿਆਂ ਵਿੱਚ ਦੋਸ਼ੀ ਕੌਣ ਸਨ, ਕੋਈ ਨਹੀਂ ਜਾਣਦਾ। ਸਰਕਾਰ ਦੀ ਸਭ ਤੋਂ ਵੱਡੀ ਨਾਕਾਮੀ ਇਹ ਹੈ ਕਿ ਉਹ ਅਫ਼ਸਰਸ਼ਾਹੀ ਦੀ ਅਣਗਹਿਲੀ, ਰਾਜਨੀਤਕ ਸਰਪ੍ਰਸਤੀ ਅਤੇ ਇਸ ਕੋਚਿੰਗ ਮਾਫ਼ੀਆ 'ਤੇ ਚੁੱਪ ਧਾਰੀ ਬੈਠੀ ਹੈ।

ਸਾਲ 2024 ਵਿੱਚ ਚਰਚਾ ਵਿੱਚ ਆਈ ਨੈਸ਼ਨਲ ਟੈਸਟਿੰਗ ਏਜੰਸੀ ਯਾਨੀ 'ਐੱਨ ਟੀ ਏ' ਵੱਲੋਂ ਹੁਣ ਤੱਕ 5.4 ਕਰੋੜ ਤੋਂ ਵੱਧ ਉਮੀਦਵਾਰਾਂ ਲਈ 240 ਤੋਂ ਵੱਧ ਪ੍ਰੀਖਿਆਵਾਂ ਕਰਵਾਈਆਂ ਗਈਆਂ ਹਨ, ਪਰ ਇਸ ਸੰਸਥਾ ਦੀ ਸਮਰੱਥਾ ਅਤੇ ਕਾਰਜ-ਕੁਸ਼ਲਤਾ ਵਿੱਚ ਕੋਈ ਸੁਧਾਰ ਨਹੀਂ ਹੋਇਆ। ਇਹ ਏਜੰਸੀ ਅਚਾਨਕ ਪ੍ਰੀਖਿਆ ਦੀਆਂ ਤਰੀਕਾਂ ਅਤੇ ਸ਼ਡਿਊਲ ਵਿੱਚ ਬਦਲਾਅ ਕਰ ਦਿੰਦੀ ਹੈ, ਜਿਸ ਨਾਲ ਵਿਦਿਆਰਥੀਆਂ 'ਤੇ ਮਾਨਸਿਕ ਬੋਝ ਹੋਰ ਵਧ ਜਾਂਦਾ ਹੈ।

ਪੇਪਰ ਲੀਕ ਦੀ ਸਮੱਸਿਆ ਸਿਰਫ਼ ਭਾਰਤ ਵਿੱਚ ਹੀ ਨਹੀਂ, ਸਗੋਂ ਦੁਨੀਆ ਦੇ ਹੋਰਨਾਂ ਦੇਸ਼ਾਂ ਵਿੱਚ ਵੀ ਰਹੀ ਹੈ, ਪਰ ਉਹਨਾਂ ਨੇ ਇਸ ਦਾ ਠੋਸ ਹੱਲ ਕੱਢਿਆ ਹੈ। ਚੀਨ ਨੇ ਇਸ ਨੂੰ ਰਾਸ਼ਟਰੀ ਸੁਰੱਖਿਆ ਦਾ ਮੁੱਦਾ ਮੰਨਦਿਆਂ ਸਖ਼ਤ ਸੁਰੱਖਿਆ ਪ੍ਰੋਟੋਕੋਲ ਅਤੇ ਆਧੁਨਿਕ ਤਕਨੀਕ ਲਾਗੂ ਕੀਤੀ। ਅਮਰੀਕਾ ਨੇ ਕੰਪਿਊਟਰ-ਆਧਾਰਤ ਪ੍ਰੀਖਿਆਵਾਂ ਲਾਗੂ ਕਰਕੇ ਪਰਚਾ ਲੀਕ ਕਰਨ ਵਾਲੇ ਗਰੋਹਾਂ ਦਾ ਜਾਲ ਤੋੜਿਆ। ਬਰਤਾਨੀਆ ਨੇ 'ਕੰਟਰੈਕਟ ਚੀਟਿੰਗ' (ਪੈਸੇ ਦੇ ਕੇ ਆਨਲਾਈਨ ਟੈਸਟ ਦਿਵਾਉਣਾ) ਨੂੰ ਰੋਕਣ ਲਈ 'ਸਕਿੱਲਜ਼ ਐਂਡ ਪੋਸਟ-16 ਐਜੂਕੇਸ਼ਨ ਐਕਟ 2022' ਬਣਾ ਕੇ ਅਜਿਹੀਆਂ ਸੇਵਾਵਾਂ ਨੂੰ ਪੂਰੀ ਤਰ੍ਹਾਂ ਗ਼ੈਰ-ਕਾਨੂੰਨੀ ਕਰਾਰ ਦਿੱਤਾ। ਡਾ. ਰਾਧਾਕ੍ਰਿਸ਼ਨਨ ਸਮਿਤੀ ਨੇ ਸੁਝਾਅ ਦਿੱਤਾ ਸੀ ਕਿ ਪੇਪਰ ਦੀ ਛਪਾਈ ਤੋਂ ਲੈ ਕੇ ਪ੍ਰੀਖਿਆ ਕੇਂਦਰਾਂ ਤੱਕ ਪਹੁੰਚਾਉਣ, ਉਮੀਦਵਾਰਾਂ ਦੀ ਸ਼ਨਾਖਤ ਅਤੇ ਸ਼ਿਕਾਇਤ ਨਿਵਾਰਨ ਲਈ ਸੀ ਪੀ ਪੀ ਟੀ ਯਾਨੀ ਸੁਰੱਖਿਅਤ ਡਿਜੀਟਲ ਪ੍ਰਣਾਲੀ ਅਪਣਾਈ ਜਾਵੇ, ਪਰ ਇਹਨਾਂ ਸੁਝਾਵਾਂ 'ਤੇ ਅਮਲ ਨਹੀਂ ਕੀਤਾ ਗਿਆ।

ਪੇਪਰ ਲੀਕ ਸਿਰਫ਼ ਪ੍ਰਬੰਧਕੀ ਨਾਕਾਮੀ ਨਹੀਂ, ਸਗੋਂ ਲੱਖਾਂ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਹੈ, ਜੋ ਉਹਨਾਂ ਦੀਆਂ ਸਾਲਾਂ ਦੀ ਮਿਹਨਤ 'ਤੇ ਪਾਣੀ ਫੇਰ ਦਿੰਦਾ ਹੈ। ਸਿਰਫ਼ ਕਾਗਜ਼ੀ ਕਾਨੂੰਨ ਬਣਾ ਕੇ ਸਰਕਾਰ ਆਪਣੀ ਜਵਾਬਦੇਹੀ ਤੋਂ ਭੱਜ ਨਹੀਂ ਸਕਦੀ। ਇਸ ਲਈ ਡਿਜੀਟਲ ਡਿਲੀਵਰੀ, ਰੈਂਡਮ ਪ੍ਰਸ਼ਨ ਪੱਤਰ ਪ੍ਰਣਾਲੀ, ਏ ਆਈ ਆਧਾਰਤ ਬਾਇਓਮੈਟ੍ਰਿਕ ਪਛਾਣ ਅਤੇ ਸਿਆਸੀ ਇੱਛਾ-ਸ਼ਕਤੀ ਦੀ ਲੋੜ ਹੈ।

ਜੇਕਰ ਇਹ ਵੱਡੇ ਸੁਧਾਰ ਨਾ ਕੀਤੇ ਗਏ, ਤਾਂ ਮੋਬਾਈਲ ਫੋਨ, ਐਕਸ (ਟਵਿੱਟਰ), ਫੇਸਬੁਕ ਅਤੇ ਇੰਸਟਾਗ੍ਰਾਮ ਦੇ ਜ਼ਰੀਏ ਨਾਗਰਿਕਾਂ ਦੀ ਇਹ ਚੁੱਪੀ ਜ਼ਰੂਰ ਟੁੱਟੇਗੀ। ਜਿਸ ਤਰ੍ਹਾਂ ਨੌਜਵਾਨਾਂ ਨੇ ਹਰ ਕਿਸਮ ਦਾ ਡਰ ਭੁਲਾ ਕੇ-ਚਾਹੇ ਉਹ ਪੁਲਸ ਦੀ ਨੀਲੀ ਵਰਦੀ ਹੋਵੇ, ਲਾਠੀ, ਅੱਥਰੂ ਗੈਸ, ਬੰਦੂਕ ਜਾਂ ਗ੍ਰਿਫ਼ਤਾਰੀਆਂ ਦਾ ਖ਼ੌਫ਼- ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ ਹੈ, ਉਹੀ ਰੂਪ ਫਿਰ ਦੇਖਣ ਨੂੰ ਮਿਲੇਗਾ।

ਕਾਨੂੰਨ ਦੇ ਨਾਂਅ 'ਤੇ ਥੋਪੀ ਗਈ ਨੈਤਿਕਤਾ ਅਤੇ ਵਿਤਕਰੇ ਖ਼ਿਲਾਫ਼ ਲੜਨ ਲਈ ਨੌਜਵਾਨ ਆਪ-ਮੁਹਾਰੇ ਸੜਕਾਂ 'ਤੇ ਉਤਰ ਆਉਣਗੇ।

**# ਸੰਪਰਕ : 98158-02070**

## ਹੀਰੋਸ਼ੀਮਾ ਅਤੇ ਨਾਗਾਸਾਕੀ ਪਰਮਾਣੂ ਤਬਾਹੀ ਨੂੰ ਯਾਦ ਕਰਦਿਆਂ

# ਪਰਮਾਣੂ ਹਥਿਆਰ, ਅਮਰੀਕੀ ਸਾਮਰਾਜਵਾਦ ਅਤੇ ਅਮਨ ਲਈ ਸੰਘਰਸ਼

**ਬੂਟਾ ਸਿੰਘ ਮਹਿਮੂਦਪੁਰ**





6 ਅਤੇ 9 ਅਗਸਤ 1945 ਨੂੰ ਹੀਰੋਸ਼ੀਮਾ ਅਤੇ ਨਾਗਾਸਾਕੀ ਉੱਤੇ ਕੀਤੀ ਗਈ ਪਰਮਾਣੂ ਬੰਬਾਰੀ ਮਨੁੱਖੀ ਇਤਿਹਾਸ ਦੀਆਂ ਸਭ ਤੋਂ ਵਿਨਾਸ਼ਕਾਰੀ ਕਾਰਵਾਈਆਂ ਵਿੱਚੋਂ ਇੱਕ ਹੈ। ਪਲਾਂ ਵਿੱਚ ਹੀ ਜਪਾਨ ਦੇ ਦੋ ਘੁੱਗ ਵੱਸਦੇ ਸ਼ਹਿਰ ਮਲਬੇ ਦੇ ਢੇਰ ਬਣਾ ਦਿੱਤੇ ਗਏ। ਲੱਖਾਂ ਆਮ ਨਾਗਰਿਕ ਥਾਏਂ ਮਾਰੇ ਗਏ ਜਾਂ ਅਗਲੇ ਮਹੀਨਿਆਂ ਤੇ ਸਾਲਾਂ ਦੌਰਾਨ ਪਰਮਾਣੂ ਧਮਾਕੇ ਨਾਲ ਲੂਹੇ ਜਾਣ, ਸੱਟਾਂ ਅਤੇ ਰੇਡੀਏਸ਼ਨ ਨਾਲ ਸੰਬੰਧਤ ਬਿਮਾਰੀਆਂ ਕਾਰਨ ਮੌਤ ਦੇ ਮੂੰਹ ਵਿੱਚ ਚਲੇ ਗਏ। ਅੱਠ ਦਹਾਕਿਆਂ ਬਾਅਦ ਵੀ ਇਸ ਪਰਮਾਣੂ ਕਹਿਰ ਤੋਂ ਜ਼ਿੰਦਾ ਬਚੇ ਲੋਕ ਅਤੇ ਉਨ੍ਹਾਂ ਦੀਆਂ ਅਗਲੀਆਂ ਪੀੜ੍ਹੀਆਂ ਪਰਮਾਣੂ ਯੁੱਧ ਦੇ ਸਰੀਰਕ ਅਤੇ ਮਨੋਵਿਗਿਆਨਕ ਨਤੀਜੇ ਭੁਗਤ ਰਹੀਆਂ ਹਨ।

ਲਿਹਾਜ਼ਾ, ਹੀਰੋਸ਼ੀਮਾ ਅਤੇ ਨਾਗਾਸਾਕੀ ਦੀ 81ਵੀਂ ਵਰ੍ਹੇਗੰਢ ਨਾ ਸਿਰਫ਼ ਪੀੜਤਾਂ ਨੂੰ ਯਾਦ ਕਰਨ ਅਤੇ ਉਨ੍ਹਾਂ ਦਾ ਸੋਗ ਮਨਾਉਣ ਦੀ ਘੜੀ ਹੈ, ਸਗੋਂ ਪਰਮਾਣੂ ਹਥਿਆਰਾਂ ਦੀ ਸਾਮਰਾਜਵਾਦੀ ਰਾਜਨੀਤਿਕ ਵਿਰਾਸਤ ਦੀ ਪੜਤਾਲ ਕਰਨ ਦਾ ਵੀ ਮੌਕਾ ਹੈ। ਸਾਮਰਾਜਵਾਦੀ ਅਮਰੀਕਾ ਨੇ ਯੁੱਧ ਵਿੱਚ ਪਰਮਾਣੂ ਹਥਿਆਰਾਂ ਦੀ ਸ਼ੁਰੂਆਤ ਕੀਤੀ ਅਤੇ ਇਸ ਤੋਂ ਬਾਅਦ ਆਲਮੀ ਪੱਧਰ 'ਤੇ ਆਪਣਾ ਦਬਦਬਾ ਕਾਇਮ ਰੱਖਣ ਲਈ ਆਪਣੀ ਫ਼ੌਜੀ, ਆਰਥਿਕ ਅਤੇ ਕੂਟਨੀਤਕ ਤਾਕਤ ਦੀ ਬੇਲਗਾਮ ਵਰਤੋਂ ਕੀਤੀ। ਇਸ ਤਰ੍ਹਾਂ ਉਹ ਪਰਮਾਣੂ ਟਕਰਾਅ ਅਤੇ ਪਰਮਾਣੂ ਹਥਿਆਰਾਂ ਦੇ ਫੈਲਾਅ ਨੂੰ ਅੱਗੇ ਵਧਾਉਣ ਵਾਲੀ ਪ੍ਰਮੁੱਖ, ਸਾਮਰਾਜਵਾਦੀ ਤਾਕਤ ਬਣਿਆ ਹੋਇਆ ਹੈ। ਅੱਜ ਵੀ ਜਾਰੀ ਪਰਮਾਣੂ ਖ਼ਤਰਿਆਂ ਨੂੰ ਅਮਰੀਕਾ ਵੱਲੋਂ ਵਿਸ਼ਵ-ਪੱਧਰੀ ਸਰਦਾਰੀ ਕਾਇਮ ਰੱਖਣ ਦੀ ਲਗਾਤਾਰ ਕੋਸ਼ਿਸ਼ ਤੋਂ ਵੱਖ ਕਰਕੇ ਨਹੀਂ ਸਮਝਿਆ ਜਾ ਸਕਦਾ।

6 ਅਗਸਤ 1945 ਨੂੰ ਸਾਮਰਾਜਵਾਦੀ ਅਮਰੀਕਾ ਨੇ ਹੀਰੋਸ਼ੀਮਾ ਉੱਪਰ ਪਹਿਲਾ ਪਰਮਾਣੂ ਬੰਬ ਲਿਟਲ ਬੁਆਏ ਸੁੱਟਿਆ, ਜੋ ਯੂਰੇਨੀਅਮ ਨਾਲ ਬਣਿਆ ਹਥਿਆਰ ਸੀ। ਤਿੰਨ ਦਿਨ ਬਾਅਦ ਅਮਰੀਕਾ ਨੇ ਨਾਗਾਸਾਕੀ 'ਤੇ ਪਲੂਟੋਨੀਅਮ ਬੰਬ ਸੁੱਟਿਆ। ਇਨ੍ਹਾਂ ਦੋਵਾਂ ਹਮਲਿਆਂ ਕਾਰਨ 1945 ਦੇ ਅੰਤ ਤੱਕ ਲੱਗਭੱਗ 2,00,000 ਲੋਕ ਮਾਰੇ ਗਏ, ਜਦਕਿ ਅਣਗਿਣਤ ਹੋਰ ਲੋਕ ਇਸ ਤੋਂ ਬਾਅਦ ਕਈ ਦਹਾਕਿਆਂ ਤੱਕ ਰੇਡੀਏਸ਼ਨ ਕਾਰਨ ਹੋਏ ਕੈਂਸਰ, ਜਮਾਂਦਰੂ ਨੁਕਸਾਂ, ਲੰਮੇ ਸਮੇਂ ਦੀਆਂ ਬਿਮਾਰੀਆਂ ਅਤੇ ਪੀੜ੍ਹੀ-ਦਰ-ਪੀੜ੍ਹੀ ਚੱਲਦੇ ਸਦਮੇ ਦਾ ਭਿਆਨਕ ਸੰਤਾਪ ਝੱਲਦੇ ਰਹੇ।

ਉਦੋਂ ਦੇ ਘਟਨਾਕ੍ਰਮ ਦਾ ਨਿਰਪੱਖ ਵੇਰਵਾ ਦੱਸਦਾ ਹੈ ਕਿ ਦੂਜੇ ਆਲਮੀ ਯੁੱਧ ਨੂੰ ਖ਼ਤਮ ਕਰਨ ਲਈ ਇਹ ਬੰਬਾਰੀ ਫ਼ੌਜੀ ਪੱਖੋਂ ਉੱਕਾ ਹੀ ਜ਼ਰੂਰੀ ਨਹੀਂ ਸੀ। ਜਰਮਨੀ ਪਹਿਲਾਂ ਹੀ ਆਤਮ-ਸਮਰਪਣ ਕਰ ਚੁੱਕਾ ਸੀ, ਜਪਾਨ ਫ਼ੌਜੀ ਤੌਰ 'ਤੇ ਥੱਕ ਕੇ ਚੂਰ ਹੋ ਗਿਆ ਸੀ ਅਤੇ ਆਤਮ-ਸਮਰਪਣ ਲਈ ਕੂਟਨੀਤਕ ਕੋਸ਼ਿਸ਼ਾਂ ਜਾਰੀ ਸਨ। ਇਨ੍ਹਾਂ ਤੱਥਾਂ ਨੂੰ ਦੇਖਦਿਆਂ, ਇਸ ਵਿਨਾਸ਼ਕਾਰੀ ਬੰਬਾਰੀ ਦਾ ਮਕਸਦ ਯੁੱਧ ਖ਼ਤਮ ਕਰਨਾ ਨਹੀਂ, ਸਗੋਂ ਯੁੱਧ ਤੋਂ ਪਿੱਛੋਂ ਦੇ ਯੁੱਗ ਦੀ ਸ਼ੁਰੂਆਤ ਵਿੱਚ ਅਮਰੀਕਾ ਦੀ ਬੇਮਿਸਾਲ ਫ਼ੌਜੀ ਤਾਕਤ ਦੀ ਨੁਮਾਇਸ਼ ਲਾਉਣਾ ਅਤੇ ਹੋਰ ਤਾਕਤਾਂ, ਖ਼ਾਸ ਕਰਕੇ ਸਮਾਜਵਾਦੀ ਸੋਵੀਅਤ ਯੂਨੀਅਨ, ਨੂੰ ਭੈਅ ਭੀਤ ਕਰਨਾ ਸੀ।

ਇਸ ਅਮਰੀਕੀ ਪਰਮਾਣੂ ਹਮਲੇ ਨੇ ਇੱਕ ਅਜਿਹੀ ਨਵੀਂ ਵਿਸ਼ਵ-ਵਿਵਸਥਾ ਦੇ ਉਭਾਰ ਦਾ ਐਲਾਨ ਕੀਤਾ, ਜਿਸ ਵਿੱਚ ਪਰਮਾਣੂ ਹਥਿਆਰ ਸਿਰਫ਼ ਯੁੱਧ ਦੇ ਸਾਧਨ ਹੀ ਨਹੀਂ ਰਹੇ, ਸਗੋਂ ਰਾਜਨੀਤਿਕ ਦਬਾਅ, ਸੰਸਾਰ ਚੌਧਰ ਤੇ ਸਾਮਰਾਜਵਾਦੀ ਧੌਂਸ ਦੇ ਹਥਿਆਰ ਵੀ ਬਣ ਗਏ।

1945 ਤੋਂ ਬਾਅਦ ਸੰਯੁਕਤ ਰਾਜ ਅਮਰੀਕਾ ਨੇ ਤੇਜ਼ੀ ਨਾਲ ਆਪਣੇ ਪਰਮਾਣੂ ਹਥਿਆਰਾਂ ਦੇ ਭੰਡਾਰਾਂ ਦਾ ਵਿਸਥਾਰ ਕੀਤਾ ਅਤੇ ਪਰਮਾਣੂ ਯੁੱਧਨੀਤੀ ਨੂੰ ਆਪਣੀ ਬਦੇਸ਼ ਨੀਤੀ ਦਾ ਅਟੁੱਟ ਹਿੱਸਾ ਬਣਾ ਲਿਆ। ਇਹੀ ਕਾਰਨ ਹੈ ਕਿ ਸਮੁੱਚੇ ਸੀਤ ਯੁੱਧ ਦੌਰਾਨ ਪਰਮਾਣੂ ਵਧਾਰਾ-ਪਸਾਰਾ ਉਸ ਦੇ ਭੂ-ਰਾਜਨੀਤਿਕ ਪ੍ਰਭਾਵ ਦਾ ਕੇਂਦਰੀ ਅੰਗ ਬਣਿਆ ਰਿਹਾ।

ਭਾਵੇਂ ਸੋਵੀਅਤ ਸੰਘ ਨੇ ਅੰਤ ਵਿੱਚ ਆਪਣੀ ਪਰਮਾਣੂ ਸਮਰੱਥਾ ਵਿਕਸਿਤ ਕਰਕੇ ਤਾਕਤ ਦਾ ਦੋ-ਧਰੁਵੀ ਸੰਤੁਲਨ ਕਾਇਮ ਕੀਤਾ, ਪਰ ਇਤਿਹਾਸਕ ਸਚਾਈ ਇਹ ਹੈ ਕਿ ਪਰਮਾਣੂ ਹਥਿਆਰਾਂ ਦੀ ਦੌੜ ਅਤੇ ਸੰਸਾਰਕ ਤਬਾਹੀ ਦੇ ਖ਼ਤਰੇ ਦੋਵਾਂ ਦੀ ਸ਼ੁਰੂਆਤ ਅਮਰੀਕੀ ਸਾਮਰਾਜਵਾਦੀ ਰਾਜ ਵੱਲੋਂ ਯੁੱਧ ਵਿੱਚ ਪਰਮਾਣੂ ਹਥਿਆਰ ਵਰਤਣ ਅਤੇ ਆਪਣੀ ਯੁੱਧਨੀਤਕ ਸਰਬਉੱਚਤਾ ਕਾਇਮ ਰੱਖਣ ਦੇ ਧੌਂਸਬਾਜ਼ ਫ਼ੈਸਲੇ ਨਾਲ ਹੋਈ।

ਪਰਮਾਣੂ ਹਥਿਆਰਾਂ ਤੋਂ ਇਲਾਵਾ ਅਮਰੀਕਾ ਨੇ ਵੀਅਤਨਾਮ ਵਰਗੇ ਯੁੱਧਾਂ ਵਿੱਚ ਰਸਾਇਣਕ ਅਤੇ ਜੈਵਿਕ ਹਥਿਆਰ ਵੀ ਵਿਕਸਿਤ ਅਤੇ ਵਰਤੇ। ਉੱਥੇ ਏਜੰਟ ਔਰੇਂਜ ਦੀ ਵਰਤੋਂ ਨੇ ਮਨੁੱਖਾਂ ਅਤੇ ਵਾਤਾਵਰਣ 'ਤੇ ਲੰਮੇ ਸਮੇਂ ਤੱਕ ਰਹਿਣ ਵਾਲੇ ਭਿਆਨਕ ਪ੍ਰਭਾਵ ਛੱਡੇ। ਇਸੇ ਤਰ੍ਹਾਂ ਪ੍ਰਸ਼ਾਂਤ ਮਹਾਂਸਾਗਰੀ ਖੇਤਰ ਵਿੱਚ ਵੱਡੇ ਪੱਧਰ 'ਤੇ ਕੀਤੇ ਗਏ ਪਰਮਾਣੂ ਤਜਰਬਿਆਂ ਨੇ ਸਥਾਨਕ ਆਬਾਦੀਆਂ ਨੂੰ ਰੇਡੀਏਸ਼ਨ ਦੇ ਸੰਪਰਕ ਵਿੱਚ ਲਿਆਂਦਾ ਅਤੇ ਵਾਤਾਵਰਣ ਨੂੰ ਪੱਕੇ ਤੌਰ 'ਤੇ ਤਬਾਹ ਕੀਤਾ।

ਸੀਤ ਯੁੱਧ ਤੋਂ ਬਾਅਦ ਦੇ ਦੌਰ ਵਿੱਚ ਅਮਰੀਕੀ ਫ਼ੌਜੀਵਾਦ ਘਟਿਆ ਨਹੀਂ, ਸਗੋਂ ਹੋਰ ਵਧਿਆ-ਫੈਲਿਆ। ਅਫ਼ਗਾਨਿਸਤਾਨ, ਇਰਾਕ, ਲਿਬੀਆ, ਯਮਨ, ਸੀਰੀਆ ਅਤੇ ਹੋਰ ਥਾਵਾਂ 'ਤੇ ਕੀਤੀਆਂ ਫ਼ੌਜੀ ਦਖ਼ਲਅੰਦਾਜ਼ੀਆਂ ਇਸ ਗੱਲ ਦਾ ਸਬੂਤ ਹਨ ਕਿ ਅੰਤਰਰਾਸ਼ਟਰੀ ਰਾਜਨੀਤਿਕ ਨਤੀਜਿਆਂ ਨੂੰ ਆਪਣੇ ਅਨੁਸਾਰ ਢਾਲਣ ਲਈ ਅਮਰੀਕਾ ਵੱਲੋਂ ਘੋਰ ਫ਼ੌਜੀ ਤਾਕਤ 'ਤੇ ਨਿਰਭਰਤਾ ਨਾ ਸਿਰਫ਼ ਜਾਰੀ ਰੱਖੀ ਜਾ ਰਹੀ ਹੈ, ਸਗੋਂ ਦਿਨੋ-ਦਿਨ ਵਧਾਈ ਜਾ ਰਹੀ ਹੈ। ਚਲੀ ਆ ਰਹੀ ਲਗਾਤਾਰਤਾ 'ਚ, ਘੋਰ ਸੱਜੇਪੱਖੀ ਟਰੰਪ ਪ੍ਰਸ਼ਾਸਨ ਵੱਲੋਂ ਅਮਰੀਕੀ ਫ਼ੌਜੀ ਬਜਟ ਵਿਚ ਬਹੁਤ ਤੇਜ਼ੀ ਨਾਲ ਵਾਧਾ ਇਸ ਦੀ ਗਵਾਹੀ ਦਿੰਦਾ ਹੈ।

ਅਮਰੀਕੀ ਦਖ਼ਲਅੰਦਾਜ਼ੀਆਂ, ਫ਼ੌਜੀ ਗੱਠਜੋੜ, ਪਾਬੰਦੀਆਂ, ਗੁਪਤ ਕਾਰਵਾਈਆਂ ਅਤੇ ਹਕੂਮਤਾਂ ਬਦਲਣ ਦੀਆਂ ਮੁਹਿੰਮਾਂ ਸਪੱਸ਼ਟ ਤੌਰ 'ਤੇ ਅਮਰੀਕੀ ਹੁਕਮਰਾਨ ਜਮਾਤ ਦੀ ਵਿਸ਼ਵ-ਅਗਵਾਈ ਕਾਇਮ ਰੱਖਣ ਦੀ ਵਿਆਪਕ ਯੁੱਧਨੀਤੀ ਦਾ ਹਿੱਸਾ ਹਨ।ਆਰਥਿਕ ਪਾਬੰਦੀਆਂ, ਕੂਟਨੀਤਕ ਅਲਹਿਦਗੀ ਅਤੇ ਖ਼ੁਫ਼ੀਆ ਕਾਰਵਾਈਆਂ ਨੂੰ ਫ਼ੌਜੀ ਤਾਕਤ ਦੇ ਨਾਲ-ਨਾਲ ਵਰਤੇ ਜਾਣ ਵਾਲੇ ਦਬਾਅ-ਪਾਊ ਪੂਰਕ ਸਾਧਨ ਹਨ।

ਇਕ ਪਾਸੇ, ਅਮਰੀਕੀ ਹੁਕਮਰਾਨ ਪਰਮਾਣੂ ਹਥਿਆਰਾਂ ਦੇ ਫੈਲਾਅ ਦੀ ਨਿੰਦਾ ਕਰਦੇ ਹਨ, ਜਦਕਿ ਦੂਜੇ ਪਾਸੇ ਉਹ ਦੁਨੀਆ ਦੇ ਸਭ ਤੋਂ ਵੱਡੇ ਪਰਮਾਣੂ ਹਥਿਆਰ-ਭੰਡਾਰਾਂ ਵਿੱਚੋਂ ਇੱਕ ਨੂੰ ਕਾਇਮ ਰੱਖਦੇ ਅਤੇ ਬੇਹੱਦ ਵੱਡੀ ਵਿੱਤੀ ਲਾਗਤ ਨਾਲ ਉਸ ਦਾ ਆਧੁਨਿਕੀਕਰਨ ਕਰਦੇ ਹਨ। ਅੰਤਰ-ਰਾਸ਼ਟਰੀ ਪਰਮਾਣੂ ਨੀਤੀ 'ਚ ਅਮਰੀਕੀ ਸਾਮਰਾਜਵਾਦੀਆਂ ਦੇ ਦੋਹਰੇ ਮਾਪਦੰਡ ਜੱਗ ਜ਼ਾਹਿਰ ਹਨ। ਈਰਾਨ ਦੇ ਮਾਮਲੇ 'ਚ ਪਰਮਾਣੂ ਹਥਿਆਰਾਂ ਨੂੰ ਲੈ ਕੇ ਵਿਵਾਦ ਅਮਰੀਕੀ ਦੋਗਲੇਪਣ ਦਾ ਸਭ ਤੋਂ ਤਾਜ਼ਾ ਸਬੂਤ ਹੈ।

ਈਰਾਨ ਦਾ ਕਹਿਣਾ ਹੈ ਕਿ ਉਸ ਦਾ ਪਰਮਾਣੂ ਪ੍ਰੋਗਰਾਮ ਸ਼ਾਂਤੀਪੂਰਨ ਨਾਗਰਿਕ ਉਦੇਸ਼ਾਂ ਲਈ ਹੈ ਅਤੇ ਉਸ ਨੇ ਵਾਰ-ਵਾਰ ਪਰਮਾਣੂ ਹਥਿਆਰਾਂ ਦੀ ਅਪ੍ਰਸਾਰ ਸੰਬੰਧੀ ਸੰਧੀ (ਐੱਨ ਪੀ ਟੀ) ਅਧੀਨ ਆਪਣੇ ਅਧਿਕਾਰਾਂ ਦੀ ਪੁਸ਼ਟੀ ਕੀਤੀ ਹੈ। ਵਿਆਪਕ ਨਿਰੀਖਣਾਂ ਅਤੇ ਗੱਲਬਾਤ ਰਾਹੀਂ ਹੋਏ ਸਮਝੌਤਿਆਂ ਦੇ ਬਾਵਜੂਦ ਅਮਰੀਕੀ ਹੁਕਮਰਾਨਾਂ ਵੱਲੋਂ ਈਰਾਨ ਨੂੰ ਪਾਬੰਦੀਆਂ, ਗੁਪਤ ਤੋੜ-ਫੋੜ, ਪਰਮਾਣੂ ਵਿਗਿਆਨੀਆਂ ਦੇ ਕਤਲਾਂ ਅਤੇ ਪਰਮਾਣੂ ਟਿਕਾਣਿਆਂ 'ਤੇ ਫ਼ੌਜੀ ਹਮਲਿਆਂ ਦਾ ਨਿਸ਼ਾਨਾ ਬਣਾਇਆ ਜਾਂਦਾ ਰਿਹਾ ਹੈ। ਇਸ ਦੇ ਮੁਕਾਬਲੇ ਅਮਰੀਕੀ ਹੁਕਮਰਾਨਾਂ ਨੇ ਮੱਧ ਪੂਰਬ ਵਿਚ ਆਪਣੇ ਯੁੱਧਨੀਤਕ ਜੋਟੀਦਾਰ ਇਜ਼ਰਾਈਲ ਦਾ ਅਣਐਲਾਨਿਆ ਪਰਮਾਣੂ ਹਥਿਆਰ-ਭੰਡਾਰ ਐੱਨ ਪੀ ਟੀ ਦੀ ਵਿਵਸਥਾ ਅਤੇ ਅੰਤਰਰਾਸ਼ਟਰੀ ਨਿਰੀਖਣਾਂ ਤੋਂ ਬਾਹਰ ਰੱਖਿਆ ਹੋਇਆ ਹੈ, ਜੋ ਕਿ ਅੰਤਰਰਾਸ਼ਟਰੀ ਕਾਨੂੰਨ ਨੂੰ ਚੋਣਵੇਂ ਢੰਗ ਨਾਲ ਲਾਗੂ ਕਰਨ ਅਤੇ ਦੋਹਰੇ ਮਾਪਦੰਡਾਂ ਦਾ ਅਗਲਾ ਸਬੂਤ ਹੈ।

2018 ਵਿੱਚ ਸੰਯੁਕਤ ਰਾਜ ਅਮਰੀਕਾ ਵੱਲੋਂ ਸਾਂਝੀ ਵਿਆਪਕ ਕਾਰਜ ਯੋਜਨਾ (ਜੇ ਸੀ ਪੀ ਓ ਏ) ਤੋਂ ਪਿੱਛੇ ਹਟਣਾ ਇਸ ਦਾ ਇਕ ਹੋਰ ਸਬੂਤ ਹੈ ਕਿ ਕੂਟਨੀਤਕ ਸਮਝੌਤਿਆਂ ਨੂੰ ਅਸਲ ਪਰਮਾਣੂ ਅਪ੍ਰਸਾਰ ਦੀ ਥਾਂ ਭੂ-ਰਾਜਨੀਤਿਕ ਉਦੇਸ਼ਾਂ ਦੇ ਅਧੀਨ ਰੱਖਿਆ ਜਾਂਦਾ ਹੈ। ਅਜਿਹੀਆਂ ਨੀਤੀਆਂ ਮੁਲਕਾਂ ਨੂੰ ਇਹ ਨਤੀਜਾ ਕੱਢਣ ਲਈ ਉਤਸ਼ਾਹਿਤ ਕਰਦੀਆਂ ਹਨ ਕਿ ਸਿਰਫ਼ ਸੁਤੰਤਰ ਪਰਮਾਣੂ ਪ੍ਰਤੀਰੋਧਕ ਸਮਰੱਥਾ ਹੀ ਉਨ੍ਹਾਂ ਨੂੰ ਬਾਹਰੀ ਦਖ਼ਲਅੰਦਾਜ਼ੀ ਤੋਂ ਬਚਾ ਸਕਦੀ ਹੈ।

ਯੂਕਰੇਨ ਵਿਰੁੱਧ ਯੁੱਧ ਨੂੰ ਵੀ ਇਸੇ ਤਰ੍ਹਾਂ ਪਰਮਾਣੂ ਸ਼ਕਤੀਆਂ ਵਿਚਾਲੇ ਯੁੱਧਨੀਤਕ ਮੁਕਾਬਲੇਬਾਜ਼ੀ ਦੇ ਨਜ਼ਰੀਏ ਤੋਂ ਦੇਖਿਆ ਜਾਣਾ ਚਾਹੀਦਾ ਹੈ। ਨਾਟੋ ਦੇ ਲਗਾਤਾਰ ਪੂਰਬ ਵੱਲ ਵਿਸਥਾਰ, ਰੂਸ ਦੀਆਂ ਸਰਹੱਦਾਂ ਨੇੜੇ ਫ਼ੌਜੀ ਢਾਂਚੇ ਦੀ ਤਾਇਨਾਤੀ ਅਤੇ ਹਥਿਆਰ ਕੰਟਰੋਲ ਸੰਬੰਧੀ ਮੁੱਖ ਸਮਝੌਤਿਆਂ ਦੇ ਟੁੱਟਣ, ਜਿਨ੍ਹਾਂ ਵਿੱਚ ਦਰਮਿਆਨੀ ਦੂਰੀ ਵਾਲੀਆਂ ਪਰਮਾਣੂ ਤਾਕਤਾਂ ਬਾਰੇ ਸੰਧੀ (ਆਈ ਐੱਨ ਐੱਫ਼ ਸੰਧੀ) ਤੋਂ ਅਮਰੀਕਾ ਦਾ ਪਿੱਛੇ ਹਟਣਾ ਵੀ ਸ਼ਾਮਲ ਹੈ, ਨੇ ਪਰਮਾਣੂ ਟਕਰਾਅ ਦੇ ਖ਼ਤਰਿਆਂ ਵਿੱਚ ਕਾਫ਼ੀ ਇਜ਼ਾਫਾ ਕੀਤਾ ਹੈ। ਨਿਊ ਸਟਾਰਟ ਸੰਧੀ ਵਰਗੀਆਂ ਬਾਕੀ ਹਥਿਆਰ-ਨਿਯੰਤਰਣ ਵਿਵਸਥਾਵਾਂ ਦੀ ਮਿਆਦ ਖ਼ਤਮ ਹੋਣ ਜਾਂ ਉਨ੍ਹਾਂ ਦਾ ਨਵੀਨੀਕਰਨ ਨਾ ਕੀਤੇ ਜਾਣ ਦੀ ਸੰਭਾਵਨਾ ਨੇ ਇਹ ਚਿੰਤਾ ਪੈਦਾ ਕੀਤੀ ਹੈ ਕਿ ਦੁਨੀਆ ਦੀਆਂ ਦੋ ਸਭ ਤੋਂ ਵੱਡੀਆਂ ਪਰਮਾਣੂ ਤਾਕਤਾਂ ਛੇਤੀ ਹੀ ਯੁੱਧਨੀਤਕ ਹਥਿਆਰਾਂ 'ਤੇ ਬਿਨਾਂ ਕਿਸੇ ਕਾਰਗਰ ਕਾਨੂੰਨੀ ਰੋਕ ਤੋਂ ਕੰਮ ਕਰਨਾ ਸ਼ੁਰੂ ਕਰ ਸਕਦੀਆਂ ਹਨ।

ਮੌਜੂਦਾ ਯੁੱਧ ਸੰਕਟ ਸਿਰਫ਼ ਖੇਤਰੀ ਟਕਰਾਅ ਨਹੀਂ, ਸਗੋਂ ਮੁਕਾਬਲੇਬਾਜ਼ ਸਾਮਰਾਜਵਾਦੀ ਧੜਿਆਂ ਵਿਚਾਲੇ ਭੂ-ਰਾਜਨੀਤਿਕ ਪ੍ਰਭਾਵ ਲਈ ਚੱਲ ਰਹੇ ਵੱਡੇ ਸੰਘਰਸ਼ ਦਾ ਹਿੱਸਾ ਹੈ, ਜਿਸ ਵਿੱਚ ਸਭ ਤੋਂ ਵੱਧ ਖ਼ਤਰਾ ਆਮ ਲੋਕਾਂ ਨੂੰ ਝੱਲਣਾ ਪੈਂਦਾ ਹੈ।

ਪਰਮਾਣੂ ਹਥਿਆਰਾਂ ਦੇ ਫੈਲਾਅ ਨੂੰ ਰੋਕਣ ਦੀ ਥਾਂ ਅਮਰੀਕੀ ਫ਼ੌਜੀ ਨੀਤੀ ਹੋਰ ਮੁਲਕਾਂ ਨੂੰ ਪਰਮਾਣੂ ਸਮਰੱਥਾ ਹਾਸਲ ਅਤੇ ਵਿਕਸਿਤ ਕਰਨ ਲਈ ਪ੍ਰੇਰਦੀ ਤੇ ਉਕਸਾਉਂਦੀ ਹੈ। ਫ਼ੌਜੀ-ਉਦਯੋਗਿਕ ਗੱਠਜੋੜ ਅਤੇ ਯੁੱਧ-ਆਧਾਰਤ ਆਰਥਿਕਤਾ, ਵਿਸ਼ਵ ਪੱਧਰੀ ਫ਼ੌਜੀਕਰਨ ਦੀ ਨਿਰੰਤਰਤਾ ਵਿਕਸਿਤ ਸਰਮਾਏਦਾਰਾ ਆਰਥਿਕਤਾ ਦੀ ਬਣਤਰ ਦਾ ਅਟੁੱਟ ਹਿੱਸਾ ਹਨ। ਅਮਰੀਕੀ ਫ਼ੌਜੀ-ਉਦਯੋਗਿਕ ਗੱਠਜੋੜ ਸਿਰਫ਼ ਰੱਖਿਆ ਸੰਸਥਾ ਵਜੋਂ ਕੰਮ ਨਹੀਂ ਕਰਦਾ, ਸਗੋਂ ਸਰਮਾਇਆ ਸੰਗ੍ਰਹਿ ਕਰਨ ਦੇ ਵੱਡੇ ਸਾਧਨ ਵਜੋਂ ਵੀ ਕੰਮ ਕਰਦਾ ਹੈ। ਭਾਰੀ ਫ਼ੌਜੀ ਖ਼ਰਚੇ ਲਾਭਦਾਇਕ ਉਦਯੋਗਾਂ ਨੂੰ ਕਾਇਮ ਰੱਖਦੇ ਹਨ ਅਤੇ ਤਕਨੀਕੀ ਫ਼ੌਜੀ ਵਿਕਾਸ ਨੂੰ ਹੁਲਾਰਾ ਦਿੰਦੇ ਹਨ। ਸਭ ਤੋਂ ਵਧ ਕੇ ਉਹ ਲਗਾਤਾਰ ਭੂ-ਰਾਜਨੀਤਿਕ ਟਕਰਾਅ ਨੂੰ ਵੀ ਉਤਸ਼ਾਹਿਤ ਕਰਦੇ ਹਨ, ਜੋ ਅੱਗੇ ਹੋਰ ਫ਼ੌਜੀ ਵਿਸਥਾਰ ਨੂੰ ਜਾਇਜ਼ ਠਹਿਰਾਉਂਦਾ ਹੈ। ਇਸ ਤਰ੍ਹਾਂ ਯੁੱਧ, ਪਾਬੰਦੀਆਂ ਅਤੇ ਅੰਤਰਰਾਸ਼ਟਰੀ ਅਸਥਿਰਤਾ ਤਾਕਤਵਰ ਕਾਰਪੋਰੇਟ ਹਿੱਤਾਂ ਲਈ ਆਰਥਿਕ ਤੌਰ 'ਤੇ ਲਾਭਦਾਇਕ ਹਨ। ਬੁਨਿਆਦੀ ਮਨੁੱਖੀ ਲੋੜਾਂ ਦੀ ਪੂਰਤੀ ਨੂੰ ਪਹਿਲ ਦੇਣ ਦੀ ਬਜਾਏ ਪਰਮਾਣੂ ਹਥਿਆਰਾਂ ਦੇ ਆਧੁਨਿਕੀਕਰਨ 'ਤੇ ਬੇਅੰਤ ਵਿੱਤੀ ਸਰੋਤ ਪਾਣੀ ਵਾਂਗ ਵਹਾਉਣਾ ਅਸਲ ਸੁਰੱਖਿਆ ਲੋੜਾਂ ਦੀ ਥਾਂ ਇਨ੍ਹਾਂ ਸਾਮਰਾਜਵਾਦੀ ਢਾਂਚਾਗਤ ਪ੍ਰੇਰਨਾਵਾਂ 'ਚੋਂ ਹੀ ਉਪਜਦਾ ਹੈ।

ਵਿਸ਼ਵ ਯੁੱਧ-ਆਧਾਰਤ ਆਰਥਿਕਤਾ ਵਿਆਪਕ ਸਮਾਜਿਕ ਨਤੀਜੇ ਪੈਦਾ ਕਰਦੀ ਹੈ, ਜਿਨ੍ਹਾਂ ਵਿੱਚ ਉਜਾੜਾ, ਵਾਤਾਵਰਣੀ ਤਬਾਹੀ, ਆਰਥਿਕ ਨਾਬਰਾਬਰੀ, ਕਮਜ਼ੋਰ ਹੁੰਦੀਆਂ ਮਜ਼ਦੂਰ ਲਹਿਰਾਂ ਅਤੇ ਦੁਨੀਆ ਭਰ ਦੇ ਕਰੋੜਾਂ ਲੋਕਾਂ ਨੂੰ ਪ੍ਰਭਾਵਿਤ ਕਰਨ ਵਾਲੇ ਮਾਨਵੀ ਸੰਕਟ ਸ਼ਾਮਲ ਹਨ। ਵੱਡੀਆਂ ਤਾਕਤਾਂ ਵੱਲੋਂ ਆਪਣੇ ਵਿਸ਼ਾਲ ਹਥਿਆਰ-ਭੰਡਾਰ ਕਾਇਮ ਰੱਖਦਿਆਂ ਕਮਜ਼ੋਰ ਦੇਸ਼ਾਂ 'ਤੇ ਥੋਪੇ ਗਏ ਚੋਣਵੇਂ ਪਰਮਾਣੂ ਨਿਸ਼ਸਤਰੀਕਰਨ ਅਮਨ ਦੇ ਸਾਧਨ ਨਹੀਂ ਹਨ। ਭਾਵੇਂ ਪਰਮਾਣੂ ਹਥਿਆਰਾਂ ਦੀ ਮਨਾਹੀ ਬਾਰੇ ਸੰਯੁਕਤ ਰਾਸ਼ਟਰ ਦੀ ਸੰਧੀ ਵਰਗੀਆਂ ਅੰਤਰਰਾਸ਼ਟਰੀ ਪਹਿਲ-ਕਦਮੀਆਂ ਪਰਮਾਣੂ ਹਥਿਆਰਾਂ ਦੀ ਵਾਜਬੀਅਤ ਨੂੰ ਚੁਣੌਤੀ ਦੇਣ ਵੱਲ ਮਹੱਤਵਪੂਰਨ ਕਦਮ ਹਨ, ਪਰ ਜਦੋਂ ਤੱਕ ਪ੍ਰਮੁੱਖ ਪਰਮਾਣੂ ਤਾਕਤਾਂ ਆਪਣੇ ਹਥਿਆਰ-ਭੰਡਾਰ ਖ਼ਤਮ ਕਰਨ ਤੋਂ ਇਨਕਾਰੀ ਬਣੀਆਂ ਰਹਿਣਗੀਆਂ, ਉਦੋਂ ਤੱਕ ਅਰਥਪੂਰਨ ਤਰੱਕੀ ਸੰਭਵ ਨਹੀਂ ਹੋਵੇਗੀ।

ਇਸ ਲਈ, ਪਰਮਾਣੂ ਹਥਿਆਰਾਂ ਵਿਰੁੱਧ ਸੰਘਰਸ਼ ਨੂੰ ਫ਼ੌਜਵਾਦ, ਵਿਦੇਸ਼ੀ ਦਖ਼ਲ-ਅੰਦਾਜ਼ੀ, ਫ਼ੌਜੀ ਗੱਠਜੋੜਾਂ, ਪਾਬੰਦੀਆਂ ਅਤੇ ਸਾਮਰਾਜੀ ਦਬਦਬੇ ਤੇ ਧੌਂਸ ਦੇ ਢਾਂਚਿਆਂ ਵਿਰੁੱਧ ਵਿਆਪਕ ਵਿਰੋਧ ਨਾਲ ਜੋੜ ਕੇ ਸਮਝਣ ਦੀ ਜ਼ਰੂਰਤ ਹੈ। ਅਸਲ ਅੰਤਰ-ਰਾਸ਼ਟਰੀ ਸੁਰੱਖਿਆ ਲਈ ਮੁਲਕਾਂ ਵਿਚਾਲੇ ਬਰਾਬਰੀ, ਪ੍ਰਭੂਸੱਤਾ ਦਾ ਸਤਿਕਾਰ, ਵਿਆਪਕ ਪਰਮਾਣੂ ਨਿਸ਼ਸਤਰੀਕਰਨ ਅਤੇ ਫ਼ੌਜੀ ਟਕਰਾਅ ਦੀ ਥਾਂ ਸ਼ਾਂਤੀਪੂਰਨ ਸਹਿਯੋਗ ਜ਼ਰੂਰੀ ਹੈ।

ਅੱਜ ਜਦੋਂ ਹੀਰੋਸ਼ੀਮਾ ਅਤੇ ਨਾਗਾਸਾਕੀ ਤੋਂ ਇਕਾਸੀ ਸਾਲ ਬਾਅਦ ਵੀ ਮਨੁੱਖਤਾ ਪਰਮਾਣੂ ਤਬਾਹੀ ਦੇ ਸਾਏ ਹੇਠ ਜੀਅ ਰਹੀ ਹੈ ਤਾਂ 1945 ਦੀ ਬੰਬਾਰੀ ਸਾਨੂੰ ਪਰਮਾਣੂ ਯੁੱਧ ਦੀ ਭਿਆਨਕ ਮਨੁੱਖੀ ਕੀਮਤ ਅਤੇ ਅਜਿਹੇ ਹਥਿਆਰ ਰੱਖਣ ਵਾਲੇ ਮੁਲਕਾਂ ਦੀ ਜਵਾਬਦੇਹੀ ਦੇ ਬੇਹੱਦ ਮਹੱਤਵਪੂਰਨ ਸਵਾਲਾਂ ਦੇ ਰੂਬਰੂ ਕਰਾਉਂਦੀ ਹੈ। ਪਰਮਾਣੂ ਖ਼ਤਰੇ ਦੀ ਲਗਾਤਾਰ ਮੌਜੂਦਗੀ ਦੀਆਂ ਜੜ੍ਹਾਂ ਅਮਰੀਕਾ ਦੀ ਅਗਵਾਈ ਹੇਠ ਚੱਲ ਰਹੇ ਵਿਸ਼ਵ ਫ਼ੌਜੀ ਦਬਦਬੇ ਅਤੇ ਅੰਤਰਰਾਸ਼ਟਰੀ ਕਾਨੂੰਨ ਦੀ ਚੋਣਵੀਂ ਵਰਤੋਂ ਵਿੱਚ ਹਨ। ਜੋ ਫ਼ੌਜੀ ਗੱਠਜੋੜਾਂ, ਪਾਬੰਦੀਆਂ, ਆਪਣੇ ਮੋਹਰਾ ਰਾਜਾਂ ਰਾਹੀਂ ਯੁੱਧਾਂ ਅਤੇ ਪਰਮਾਣੂ ਧੌਂਸਬਾਜ਼ੀ ਨੂੰ ਆਪਣੀ ਕੌਮਾਂਤਰੀ ਚੌਧਰ ਨੂੰ ਕਾਇਮ ਰੱਖਣ ਦੇ ਸੰਦਾਂ ਵਜੋਂ ਵਰਤ ਰਿਹਾ ਹੈ। ਜੇਕਰ ਅੱਜ ਵੀ ਸੰਸਾਰ ਪਰਮਾਣੂ ਤਬਾਹੀ ਦੇ ਖ਼ਤਰੇ ਹੇਠ ਜੀਅ ਰਿਹਾ ਹੈ ਤਾਂ ਇਸ ਕਾਰਨ ਕਿ ਅਮਰੀਕੀ ਸਾਮਰਾਜਵਾਦ ਆਪਣੀ ਫ਼ੌਜੀ ਤਾਕਤ ਦੇ ਜ਼ੋਰ ਇਸ ਲਈ ਬਜ਼ਿੱਦ ਹੈ ਕਿ ਦੁਨੀਆ ਦੇ ਸਾਰੇ ਮੁਲਕ ਉਸ ਦੇ ਹੁਕਮਾਂ ਅੱਗੇ ਡੰਡੌਤ ਕਰਨ। ਸੰਸਾਰ ਦੇ ਵੱਖ-ਵੱਖ ਹਿੱਸਿਆਂ ਵਿੱਚ ਲੜੀਆਂ ਜਾ ਰਹੀਆਂ ਅਣਗਿਣਤ ਜੰਗਾਂ ਵਿੱਚ ਅਮਰੀਕੀ ਸਾਮਰਾਜਵਾਦ ਦਾ ਸਿੱਧਾ ਤੇ ਅਸਿੱਧਾ ਹੱਥ ਹੈ।

ਇਸ ਧਰਤੀ 'ਤੇ ਸਥਾਈ ਅਮਨ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਇਹ ਲਾਜ਼ਮੀ ਹੈ ਕਿ ਦੁਨੀਆ ਦੇ ਮਿਹਨਤਕਸ਼ ਅਤੇ ਹੋਰ ਸਮੂਹ ਅਮਨ-ਪ੍ਰੇਮੀ ਲੋਕ ਅਮਰੀਕੀ ਸਾਮਰਾਜਵਾਦ ਵਿਰੁੱਧ ਸੰਘਰਸ਼ ਕਰਨ ਲਈ ਇਕਜੁੱਟ ਹੋਣ। ਹੀਰੋਸ਼ੀਮਾ ਅਤੇ ਨਾਗਾਸਾਕੀ ਪਰਮਾਣੂ ਤਬਾਹੀ ਦੇ ਸਬਕ ਸਿਰਫ਼ ਪੀੜਤਾਂ ਨੂੰ ਯਾਦ ਕਰਨ ਦੀ ਹੀ ਮੰਗ ਨਹੀਂ ਕਰਦੇ, ਸਗੋਂ ਪਰਮਾਣੂ ਹਥਿਆਰ-ਭੰਡਾਰਾਂ ਨੂੰ ਖ਼ਤਮ ਕਰਨ, ਫ਼ੌਜੀਵਾਦ ਦਾ ਵਿਰੋਧ ਕਰਨ, ਕੌਮੀ ਪ੍ਰਭੂਸੱਤਾ ਦੀ ਰੱਖਿਆ ਕਰਨ ਅਤੇ ਲੋਕਾਂ ਵਿਚਾਲੇ ਅਮਨ, ਨਿਆਂ ਅਤੇ ਬਰਾਬਰੀ 'ਤੇ ਆਧਾਰਤ ਨਿਆਂਪੂਰਨ ਸੰਸਾਰ ਦੀ ਉਸਾਰੀ ਲਈ ਨਿਰੰਤਰ ਅੰਤਰਰਾਸ਼ਟਰੀ ਯਤਨਾਂ ਦੀ ਵੀ ਮੰਗ ਕਰਦੇ ਹਨ। ਅਜਿਹਾ ਸੁਹਿਰਦ ਸੰਘਰਸ਼ ਹੀ ਹੀਰੋਸ਼ੀਮਾ-ਨਾਗਾਸਾਕੀ ਜਾਂ ਹੋਰ ਮਾਨਵਤਾ ਵਿਰੋਧੀ ਜੁਰਮਾਂ ਦੇ ਮ੍ਰਿਤਕਾਂ ਅਤੇ ਪੀੜਤਾਂ ਨੂੰ ਸੱਚੇ ਮਾਇਨਿਆਂ 'ਚ ਯਾਦ ਕਰਨਾ ਹੋਵੇਗਾ।

**# ਸੰਪਰਕ : 94634-74342**

## ਚੰਡੀਗੜ੍ਹ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ



**ਮਾਨਸਾ (ਆਤਮਾ ਸਿੰਘ ਪਮਾਰ)**-ਸਥਾਨਕ ਬੱਚਤ ਭਵਨ ਵਿਖੇ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਅਤੇ ਸਾਂਝੇ ਫਰੰਟ ਦੀ ਇੱਕ ਅਹਿਮ ਸਾਂਝੀ ਮੀਟਿੰਗ ਪ੍ਰਤਾਪ ਸਿੰਘ ਖੁਡਾਲ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸੂਬਾ ਕਮੇਟੀ ਦੇ ਸੱਦੇ 'ਤੇ ਦਿੱਤੇ ਗਏ ਦੋ-ਰੋਜ਼ਾ ਮੁਕੰਮਲ ਬੰਦ ਦੇ ਸੱਦੇ ਦੇ ਪਹਿਲੇ ਦਿਨ ਦੀ ਸਮੀਖਿਆ ਕੀਤੀ ਗਈ।ਮੀਟਿੰਗ ਦੌਰਾਨ 7 ਅਗਸਤ ਨੂੰ ਚੰਡੀਗੜ੍ਹ ਵਿਖੇ ਪ੍ਰਸਤਾਵਿਤ ਸੂਬਾਈ ਮਹਾਂ-ਰੈਲੀ ਦੀਆਂ ਤਿਆਰੀਆਂ ਦਾ ਵੀ ਜਾਇਜ਼ਾ ਲਿਆ ਗਿਆ। ਜ਼ਿਲ੍ਹਾ ਮਾਨਸਾ ਤੋਂ ਹਜ਼ਾਰਾਂ ਦੀ ਗਿਣਤੀ 'ਚ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਨਿਸਟਰੀਅਲ ਸਟਾਫ਼ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਡਿਊਟੀਆਂ ਲਾਈਆਂ ਗਈਆਂ। ਮੀਟਿੰਗ ਵਿਚ ਹਰਪ੍ਰੀਤ ਸਿੰਘ (ਪ੍ਰਧਾਨ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਅਤੇ ਸਿਕੰਦਰ ਸਿੰਘ ਘਰਾਂਗਣਾਂ ਪੈਨਸ਼ਨਰਜ਼ ਯੂਨੀਅਨ , ਲਖਨ ਲਾਲ ਮੌੜ, ਬਿੱਕਰ ਸਿੰਘ ਮਾਖਾ, ਬਿੱਕਰ ਸਿੰਘ ਮੰਘਾਣੀਆਂ, ਬਾਬੂ ਸਿੰਘ, ਦਰਸ਼ਨ ਸਿੰਘ, ਰਾਜ ਕੁਮਾਰ ਰੰਗਾ, ਜਸਵੰਤ ਸਿੰਘ ਮੌਜੋ, ਸੰਦੀਪ ਸਿੰਘ ਵਾਲੀਆ, ਨਵਨੀਤ ਸਿੰਘ, ਜਾਦਵਿੰਦਰ ਸਿੰਘ ਵਿਰਕ, ਸੁਖਵਿੰਦਰ ਸਿੰਘ, ਅਤੇ ਰਵਨੀਤ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਹਾਜ਼ਰ ਹੋਏ।

## ਮਨਿਸਟਰੀਅਲ ਕਾਮਿਆਂ ਨੇ ਵਿੱਢਿਆ ਤਿੱਖਾ ਸੰਘਰਸ਼, ਕੰਮ ਠੱਪ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪ੍ਰਸ਼ਾ)** - ਸਾਂਝਾ ਮੁਲਾਜ਼ਮ ਮੰਚ ਅਤੇ ਸਾਂਝੀ ਐਕਸ਼ਨ ਤਾਲਮੇਲ ਕਮੇਟੀ ਦੇ ਝੰਡੇ ਹੇਠ ਪੰਜਾਬ ਦੀਆਂ ਵੱਖ-ਵੱਖ ਜੁਝਾਰੂ ਅਤੇ ਜਮਹੂਰੀ ਜਥੇਬੰਦੀਆਂ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ, ਤਨਖਾਹ ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕਰਨ ਅਤੇ ਕੱਚੇ ਮੁਲਾਜ਼ਮ ਪੱਕੇ ਕਰਨ ਆਦਿ ਹੱਕੀ ਮੰਗਾਂ ਦੀ ਪੂਰਤੀ ਨਾ ਹੋਣ ਦੇ ਰੋਸ ਵਜੋਂ ਤਿੱਖਾ ਸੰਘਰਸ਼ ਵਿੱਢ ਦਿੱਤਾ ਗਿਆ ਹੈ। ਜਿਸ ਦੇ ਚਲਦਿਆਂ ਬੁੱਧਵਾਰ ਪੰਜਾਬ ਦੇ ਵੱਖ ਵੱਖ ਵਿਭਾਗਾਂ ਜਿਵੇਂ ਡਿਪਟੀ ਕਮਿਸ਼ਨਰ ਦਫ਼ਤਰ, ਉਪ ਮੰਡਲ ਮੈਜਿਸਟ੍ਰੇਟ, ਦਫ਼ਤਰ, ਤਹਿਸੀਲ, ਸਬ ਤਹਿਸੀਲ, ਖਜ਼ਾਨਾ ਦਫ਼ਤਰ, ਆਬਕਾਰੀ ਵਿਭਾਗ, ਜੰਗਲਾਤ ਵਿਭਾਗ, ਰੋਡਵੇਜ਼ ਵਿਭਾਗ, ਨਹਿਰੀ ਵਿਭਾਗ, ਸਿਹਤ ਵਿਭਾਗ, ਸਿੱਖਿਆ ਵਿਭਾਗ, ਸਮਾਜਿਕ ਸੁਰੱਖਿਆ ਆਦਿ ਵਿੱਚ ਕੰਮ ਕਰਦੇ ਸਮੂਹ ਮਨਿਸਟਰੀਅਲ ਅਤੇ ਕਲੈਰੀਕਲ ਕਾਮਿਆਂ ਵੱਲੋਂ 2 ਦਿਨਾਂ ਕਲਮਛੋੜ ਹੜਤਾਲ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਮਨਿਸਟਰੀਅਲ ਕਰਮਚਾਰੀ ਯੂਨੀਅਨ ਦੇ ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਅਤੇ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ 4 ਸਾਲ ਦੇ ਕਾਰਜਕਾਲ ਦੌਰਾਨ ਸਰਕਾਰੀ ਕਰਮਚਾਰੀਆਂ ਦੀ ਕਿਸੇ ਵੀ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ, ਬਲਕਿ ਵਾਰ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਜਾਂ ਤਾਂ ਮੀਟਿੰਗਾਂ ਤੋਂ ਮੁੱਕਰਿਆ ਜਾਂਦਾ ਹੈ ਜਾਂ ਮੀਟਿੰਗਾਂ ਵਿੱਚ ਬਣੀ ਸਹਿਮਤੀ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਹੀ ਨਹੀਂ ਕੀਤਾ ਜਾਂਦਾ । ਸਰਕਾਰ ਦੇ ਰਵਈਏ ਵਿਰੁੱਧ 5 ਅਤੇ 6 ਅਗਸਤ ਨੂੰ ਕਲਮਛੋੜ ਹੜਤਾਲ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ ਜਿਸ ਤਹਿਤ ਕਲਮਛੋੜ ਹੜਤਾਲ ਦੌਰਾਨ ਸਥਾਨਕ ਨਹਿਰੀ ਕਲੋਨੀ ਵਿਖੇ ਹੋਈ ਮੁਲਾਜ਼ਮਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਕਿਹਾ ਕਿ ਸਰਕਾਰ ਦੇ ਨਾਂਹ ਪਖੀ ਰਵਈਏ ਵਿਰੁੱਧ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ, ਸੀਨੀਅਰ ਆਗੂ ਕਾਲਾ ਸਿੰਘ ਬੇਦੀ, ਡੀ.ਸੀ. ਦਫ਼ਤਰ ਤੋਂ ਡੇਲਾ ਰਾਮ ਸੁਪਰਡੈਂਟ, ਗੁਰਮੀਤ ਪਾਲ ਗੋਇਲ, ਰੁਪਿੰਦਰ ਸਿੰਘ ਬਾਠ, ਵਿਪਨ ਕੁਮਾਰ, ਅਜੇਦੀਪ, ਸਿੱਖਿਆ ਵਿਭਾਗ ਤੋਂ ਸੰਦੀਪ ਸਿੰਘ ਭੱਠਲਾ, ਅਮਰਦੀਪ ਸਿੰਘ, ਰੋਡਵੇਜ਼ ਵਿਭਾਗ ਤੋਂ ਗੁਰਮੀਤ ਸਿੰਘ, ਭਲਾਈ ਵਿਭਾਗ ਤੋਂ ਮਨੀ ਅਤੇ ਬਲਜਿੰਦਰ ਸਿੰਘ, ਰੁਜ਼ਗਾਰ ਦਫ਼ਤਰ ਤੋਂ ਸਾਹਿਲ, ਵਾਟਰ ਸਪਲਾਈ ਵਿਭਾਗ ਤੋਂ ਵਿਕਰਮਜੀਤ ਸਿੰਘ, ਜਲ ਸ੍ਰੋਤ ਵਿਭਾਗ ਤੋਂ ਗੁਰਮੀਤ ਸਿੰਘ, ਵੀਰ ਚੰਦ, ਸਮਾਜਿਕ ਸੁਰੱਖਿਆ ਵਿਭਾਗ ਤੋਂ ਭੁਪਿੰਦਰ ਸਿੰਘ, ਸੀ.ਡੀ.ਪੀ.ਓ. ਦਫ਼ਤਰ ਤਤੋਂ ਪਵਨ ਕੁਮਾਰ, ਬੀ.ਐਂਡ.ਆਰ. ਤੋਂ ਪਰਮਦੀਪ ਸਿੰਘ, ਗੌਰਮਿੰਟ ਟੀਚਰਜ਼ ਯੂਨੀਅਨ ਤੋਂ ਵਿਕਰਮਜੀਤ ਸਿੰਘ, ਕੋਆਪ੍ਰੇਟਿਵ ਬੈਂਕ ਤੋਂ ਅਰਵਿੰਦਰ ਸਿੰਘ ਅਤੇ ਧਰਮ ਚੰਦ, ਖੇਤੀਬਾੜੀ ਵਿਭਾਗ ਤੋਂ ਗੁਰਪ੍ਰੀਤ ਸਿੰਘ ਸਟੈਨੋ, ਖੁਰਾਕ ਤੇ ਸਿਵਲ ਸਪਲਾਈ ਵਿਭਾਗ ਤੋਂ ਸੁਰਿੰਦਰ ਕੁਮਾਰ ਅਤੇ ਡੀ.ਪੀ.ਆਰ.ਓ. ਦਫ਼ਤਰ ਤੋਂ ਮੇਹਰ ਚੰਦ ਸਮੇਤ ਵੱਡੀ ਗਿਣਤੀ ਵਿੱਚ ਕਰਮਚਾਰੀ ਹਾਜ਼ਰ ਸਨ।



## ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਪਾਤੜਾਂ-ਪਟਿਆਲਾ ਮੁੱਖ ਸੜਕ ਜਾਮ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਸਬ ਡਿਵੀਜ਼ਨ ਪਾਤੜਾਂ ਕਸਬਾ ਘੱਗਾ ਵਿਖੇ ਝੁੱਗੀਆਂ ਵਿੱਚ ਪਿਛਲੇ ਲੰਮੇ ਸਮੇਂ ਤੋਂ ਰਹਿ ਰਹੇ ਮਜ਼ਦੂਰ ਪਰਿਵਾਰਾਂ ਨੂੰ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਦੇ ਲਈ ਯੋਗ ਮੁਆਵਜ਼ਾ ਦੇਣ ਦੀ ਮੰਗ ਨੂੰ ਲੈ ਕੇ ਨੌਜਵਾਨ ਭਾਰਤ ਸਭਾ ਵੱਲੋਂ ਪਾਤੜਾਂ-ਪਟਿਆਲਾ ਮੁੱਖ ਸੜਕ ਉੱਪਰ ਰੋਸ ਧਰਨਾ ਦੇ ਕੇ ਜਾਮ ਲਗਾਇਆ ਗਿਆ। ਰੋਡ ਜਾਮ ਵਿੱਚ ਮਜ਼ਦੂਰ ਪਰਿਵਾਰਾਂ ਨੇ ਸ਼ਮੂਲੀਅਤ ਕੀਤੀ। ਲੱਗਭੱਗ ਢਾਈ ਘੰਟੇ ਤੱਕ ਚੱਲੇ ਜਾਮ ਤੋਂ ਬਾਅਦ ਨਾਇਬ ਤਹਿਸੀਲਦਾਰ ਹਰਸਿਮਰਨ ਸਿੰਘ ਮੌਕੇ 'ਤੇ ਪਹੁੰਚੇ ਅਤੇ ਉਨ੍ਹਾਂ ਵੱਲੋਂ ਲਿਖਤੀ ਭਰੋਸਾ ਦਿੱਤਾ ਗਿਆ ਕਿ ਪੰਜ ਦਿਨਾਂ ਦੇ ਅੰਦਰ-ਅੰਦਰ ਮਜ਼ਦੂਰ ਪਰਿਵਾਰਾਂ ਨੂੰ 5-5 ਮਰਲੇ ਦੇ ਪਲਾਟ ਦੇਣ ਸਬੰਧੀ ਮਤਾ ਪਾਸ ਕਰਵਾ ਕੇ ਅਗਲੀ ਕਾਰਵਾਈ ਕੀਤੀ ਜਾਵੇਗੀ।ਲਿਖਤੀ ਭਰੋਸਾ ਮਿਲਣ ਤੋਂ ਬਾਅਦ ਨੌਜਵਾਨ ਭਾਰਤ ਸਭਾ ਦੇ ਆਗੂਆਂ ਨੇ ਜਾਮ ਖੋਲ੍ਹਿਆ। ਇਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਸਭਾ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ, ਜ਼ਿਲ੍ਹਾ ਆਗੂ ਖੁਸ਼ਵੰਤ ਹਨੀ ਅਤੇ ਰਾਹੁਲ ਨੇ ਕਿਹਾ ਕਿ ਕਸਬਾ ਘੱਗਾ ਵਿਖੇ ਸੈਂਕੜੇ ਪਰਿਵਾਰ ਪਿਛਲੇ ਪੰਜ ਛੇ ਦਹਾਕਿਆਂ ਤੋਂ ਝੁੱਗੀਆਂ ਝੌਪੜੀਆਂ ਵਿੱਚ ਰਹਿ ਰਹੇ ਹਨ ਪਰ ਬਦਕਿਸਮਤੀ ਦੀ ਗੱਲ ਹੈ ਕਿ ਸਰਕਾਰਾਂ ਵੱਲੋਂ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿਤਪਾਲ ਕਲਵਾਣੂ ਪ੍ਰਦੀਪ ਨਾਨਕਪੁਰਾ, ਜਸਵੀਰ ਸਿੰਘ, ਰਾਹੁਲ ਸਿੰਘ, ਬਿੱਟੂ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਤੇ ਮਜ਼ਦੂਰ ਸ਼ਾਮਲ ਹੋਏ ।

## ਏ ਐਸ ਆਈ ਤੇ ਰੀਡਰ 1 ਲੱਖ ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਪੰਜਾਬ ਵਿਜੀਲੈਂਸ ਬਿਊਰੋ ਦੇ ਮੋਹਾਲੀ ਫਲਾਇੰਗ ਸਕੁਐਡ ਨੇ ਬੁੱਧਵਾਰ ਨੂੰ ਬਠਿੰਡਾ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਵਿਖੇ ਇੱਕ ਵੱਡਾ ਆਪ੍ਰੇਸ਼ਨ ਕੀਤਾ, ਜਿਸ ਵਿੱਚ ਏ ਐਸ ਆਈ ਸਵਰੂਪ ਸਿੰਘ ਅਤੇ ਸਟੇਸ਼ਨ ਹਾਊਸ ਅਫ਼ਸਰ (ਐਸ ਐਚ ਓ) ਰੀਡਰ ਗੁਰਚਰਨ ਸਿੰਘ ਨੂੰ 1 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਗਿਆ। ਇੱਕ ਘੰਟੇ ਦੀ ਕਾਰਵਾਈ ਤੋਂ ਬਾਅਦ, ਵਿਜੀਲੈਂਸ ਟੀਮ ਦੋਵਾਂ ਮੁਲਜ਼ਮਾਂ ਨੂੰ ਮੋਹਾਲੀ ਲੈ ਗਈ। ਇਹ ਆਪ੍ਰੇਸ਼ਨ ਬਠਿੰਡਾ ਕੰਪਲੈਕਸ ਵਿੱਚ ਹੋਇਆ ਜਿੱਥੇ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਅਤੇ ਸਦਰ ਪੁਲਿਸ ਸਟੇਸ਼ਨ ਇੱਕੋ ਇਮਾਰਤ ਵਿੱਚ ਕੰਮ ਕਰਦੇ ਹਨ।ਬਠਿੰਡਾ ਦੀ ਰਹਿਣ ਵਾਲੀ ਸ਼ਿਕਾਇਤਕਰਤਾ ਰਿਤੂ ਰਾਣੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਸ ਦੇ ਪੁੱਤਰ ਦੀ ਇੱਕ ਨੌਜਵਾਨ ਔਰਤ ਨਾਲ ਦੋਸਤੀ ਸੀ। ਇਸ ਦੌਰਾਨ, ਦੋਵਾਂ ਵਿਅਕਤੀਆਂ ਦੀਆਂ ਕੁਝ ਤਸਵੀਰਾਂ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈਆਂ। ਔਰਤ ਦੇ ਪਰਿਵਾਰ ਦੀ ਸ਼ਿਕਾਇਤ ਤੋਂ ਬਾਅਦ, ਉਸ ਦੇ ਪੁੱਤਰ ਵਿਰੁੱਧ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਵਿੱਚ ਮਾਮਲਾ ਦਰਜ ਕੀਤਾ ਗਿਆ। ਰਿਤੂ ਰਾਣੀ ਦਾ ਦੋਸ਼ ਹੈ ਕਿ ਪੁਲਿਸ ਉਸ ਦੇ ਪੁੱਤਰ ਨੂੰ ਗ੍ਰਿਫ਼ਤਾਰ ਕਰਨ ਲਈ ਲਗਾਤਾਰ ਦਬਾਅ ਪਾ ਰਹੀ ਸੀ ਅਤੇ ਵਾਰ-ਵਾਰ ਉਸ ਦੇ ਘਰ ਛਾਪੇਮਾਰੀ ਕਰ ਰਹੀ ਸੀ।ਪੁਲਿਸ ਅਧਿਕਾਰੀ ਨੇ ਕਿਹਾ ਕਿ ਜੇਕਰ ਉਹ ਆਪਣੇ ਪੁੱਤਰ ਨੂੰ ਗ੍ਰਿਫ਼ਤਾਰੀ ਤੋਂ ਬਚਾਉਣਾ ਚਾਹੁੰਦੀ ਹੈ, ਤਾਂ ਉਸ ਨੂੰ ਇੱਕ ਲੱਖ ਰੁਪਏ ਦੇਣੇ ਪੈਣਗੇ।ਉਸ ਨੇ ਕਿਹਾ ਕਿ ਰਿਸ਼ਵਤ ਮੰਗਣ ਤੋਂ ਤੁਰੰਤ ਬਾਅਦ ਉਸ ਨੇ ਪੂਰੇ ਮਾਮਲੇ ਦੀ ਜਾਣਕਾਰੀ ਮੋਹਾਲੀ ਦੇ ਵਿਜੀਲੈਂਸ ਬਿਊਰੋ ਨੂੰ ਦਿੱਤੀ। ਸ਼ਿਕਾਇਤ ਮਿਲਣ ਤੋਂ ਬਾਅਦ, ਮੋਹਾਲੀ ਵਿਜੀਲੈਂਸ ਫਲਾਇੰਗ ਸਕੁਐਡ ਨੇ, ਯੋਜਨਾ ਅਨੁਸਾਰ, ਬੁੱਧਵਾਰ ਦੁਪਹਿਰ ਨੂੰ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਵਿੱਚ ਇੱਕ ਜਾਲ ਵਿਛਾਇਆ । ਜਿਵੇਂ ਹੀ ਇੱਕ ਲੱਖ ਰੁਪਏ ਦੀ ਰਿਸ਼ਵਤ ਦੀ ਰਕਮ ਲਈ ਗਈ, ਵਿਜੀਲੈਂਸ ਟੀਮ ਨੇ ਮੌਕੇ 'ਤੇ ਛਾਪਾ ਮਾਰਿਆ ਅਤੇ ਐਸ ਐਚ ਓ ਦੇ ਰੀਡਰ ਗੁਰਚਰਨ ਸਿੰਘ ਅਤੇ ਏ ਐਸ ਆਈ ਸਵਰੂਪ ਸਿੰਘ ਨੂੰ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ।

## ਕਾਤਰਾਂ

### ਪਠਾਣਮਾਜਰਾ ਨੇ ਬਠਿੰਡਾ ਜੇਲ 'ਚ ਪਾਣੀ ਦੀ ਘਾਟ ਦਾ ਚੁੱਕਿਆ ਮੁੱਦਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਹੁਕਮਰਾਨ ਧਿਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਵੱਲੋਂ ਪੁੱਛੇ ਗਏ ਸਵਾਲ 'ਤੇ ਸਦਨ ਵਿੱਚ ਸਾਰੇ ਹੱਸ ਪਏ।ਪਠਾਣਮਾਜਰਾ ਨੇ ਬਠਿੰਡਾ ਜੇਲ ਵਿੱਚ ਵਾਟਰ ਕੂਲਰ ਲਾਉਣ ਦਾ ਮੁੱਦਾ ਚੁੱਕਦੇ ਹੋਏ ਕਿਹਾ ਕਿ ਜੇਲ੍ਹ ਵਿੱਚ ਸਿਰਫ ਇੱਕ ਵਾਟਰ ਕੂਲਰ ਹੈ, ਜਦੋਂ ਕਿ ਜੇਲ੍ਹ ਵਿੱਚ ਕੈਦੀਆਂ ਦੀ ਗਿਣਤੀ 2000 ਤੋਂ ਉੱਪਰ ਹੈ, ਜਿਸ ਕਰਕੇ ਕੈਦੀਆਂ ਨੂੰ ਪੀਣ ਵਾਲੇ ਪਾਣੀ ਦੀ ਬਹੁਤ ਕਿੱਲਤ ਹੁੰਦੀ ਹੈ।ਪਠਾਣਮਾਜਰਾ ਨੇ ਕਿਹਾ ਕਿ ਉਨ੍ਹਾਂ ਨੂੰ ਜੇਲ੍ਹ ਵਿੱਚ ਜਾਣ ਦਾ ਤਜਰਬਾ ਹੋਇਆ ਹੈ, ਪਰ ਹੁਣ ਤਾਂ ਕਈ ਜਣੇ ਜੇਲ੍ਹ ਜਾ ਚੁੱਕੇ ਹਨ ਇਹ ਵੀ ਨਹੀਂ ਪਤਾ ਕਿ ਕਦੋਂ ਕਿਸੇ ਨੂੰ ਜੇਲ੍ਹ ਜਾਣਾ ਪੈ ਜਾਵੇ। ਇਸ ਦੇ ਜਵਾਬ ਵਿੱਚ ਜੇਲ੍ਹ ਮੰਤਰੀ ਰਵਜੋਤ ਸਿੰਘ ਨੇ ਕਿਹਾ ਕਿ ਸਰਕਾਰ ਸਾਰੀਆਂ ਜੇਲ੍ਹਾਂ ਵਿੱਚ ਵਾਟਰ ਕੂਲਰ ਲਾਉਣ ਜਾ ਰਹੀ ਹੈ, ਬਕਾਇਦਾ ਇਸਦਾ ਟੈਂਡਰ ਹੋ ਚੁੱਕਿਆ ਹੈ।ਡਾਕਟਰ ਰਵਜੋਤ ਸਿੰਘ ਨੇ ਜੇਲ੍ਹਾਂ ਵਿੱਚ ਸਮਰੱਥਾ ਤੋਂ ਵੱਧ ਕੈਦੀ ਹੋਣ ਦੀ ਗੱਲ ਵੀ ਕਹੀ।

### ਬਲਧੀਰ ਮਾਹਲਾ ਦਾ ਨਵਾਂ ਗੀਤ 'ਉਜਾੜਾ-47' ਜਲਦ ਰਿਲੀਜ਼

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਪ੍ਰਸਿੱਧ ਲੋਕ ਗਾਇਕ ਬਲਧੀਰ ਮਾਹਲਾ ਦਾ ਨਵਾਂ ਗੀਤ 'ਉਜਾੜਾ-47' (ਦਰਦ-ਏ-ਪੰਜਾਬ) ਆਜ਼ਾਦੀ ਦਿਵਸ ਦੇ ਸ਼ੁਭ ਅਵਸਰ 'ਤੇ ਲੋਕ ਅਰਪਣ ਕੀਤਾ ਜਾਵੇਗਾ। 'ਬਲਧੀਰ ਮਾਹਲਾ ਰਿਕਾਰਡਜ਼' ਦੇ ਪ੍ਰੈੱਸ ਸਕੱਤਰ ਡਾ. ਧਰਮ ਪ੍ਰਵਾਨਾ ਨੇ ਦੱਸਿਆ ਕਿ ਬਲਧੀਰ ਮਾਹਲਾ ਨੇ ਹਮੇਸ਼ਾ ਅਰਥ-ਭਰਪੂਰ ਅਤੇ ਸਮਾਜਿਕ ਸਰੋਕਾਰਾਂ ਵਾਲੀ ਗਾਇਕੀ ਨੂੰ ਤਰਜੀਹ ਦਿੱਤੀ ਹੈ।ਪਹਿਲਾਂ ਡਾ. ਹਰਿਭਜਨ ਸਿੰਘ, ਅੰਮ੍ਰਿਤਾ ਪ੍ਰੀਤਮ, ਸੁਰਜੀਤ ਪਾਤਰ, ਪ੍ਰੋ. ਗੁਰਭਜਨ ਗਿੱਲ ਅਤੇ ਡਾ. ਲਖਵਿੰਦਰ ਜੌਹਲ ਵਰਗੇ ਸ਼ਾਹਕਾਰ ਸਾਹਿਤਕਾਰਾਂ ਦੀ ਸ਼ਾਇਰੀ ਨੂੰ ਆਪਣੀ ਆਵਾਜ਼ ਦੇਣ ਤੋਂ ਬਾਅਦ, ਹੁਣ ਉਹ ਨਾਮਵਰ ਲੇਖਕ ਜਰਨੈਲ ਸਿੰਘ ਭੱਟੀ ਝੰਡੇ ਵਾਲਾ ਦਾ ਲਿਖਿਆ ਗੀਤ ਲੈ ਕੇ ਆ ਰਹੇ ਹਨ।

### ਦੋ ਨਾਬਾਲਿਗ ਬੱਚੇ ਰੈਸਕਿਊ, ਪੁਨਰਵਾਸ ਲਈ ਚਾਈਲਡ ਵੈਲਫੇਅਰ ਕਮੇਟੀ ਹਵਾਲੇ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪੈਨ ਇੰਡੀਆ ਰੈਸਕਿਊ ਐਂਡ ਰੀਹੈਬਿਲੀਟੇਸ਼ਨ ਪ੍ਰੋਗਰਾਮ ਤਹਿਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਬਾਲ ਮਜ਼ਦੂਰੀ ਦੇ ਖ਼ਾਤਮੇ ਲਈ ਮਹਿਲ ਕਲਾਂ 'ਚ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ।ਇਸ ਦੌਰਾਨ ਦੋ ਨਾਬਾਲਗ ਬੱਚਿਆਂ ਨੂੰ ਬਾਲ ਮਜ਼ਦੂਰੀ ਕਰਦੇ ਹੋਏ ਰੈਸਕਿਊ ਕੀਤਾ ਗਿਆ।ਇਹ ਅਭਿਆਨ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀਮਤੀ ਰਤਿੰਦਰਪਾਲ ਕੌਰ ਧਾਰੀਵਾਲ ਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼੍ਰੀਮਤੀ ਗੁਰਜੀਤ ਕੌਰ ਦੀ ਅਗਵਾਈ ਹੇਠ ਲੇਬਰ ਵਿਭਾਗ ਅਤੇ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਚਲਾਇਆ ਗਿਆ।ਟੀਮ ਨੇ ਮਹਿਲ ਕਲਾਂ ਦੇ ਵੱਖ-ਵੱਖ ਹੋਟਲਾਂ, ਦੁਕਾਨਾਂ, ਰੇਹੜੀਆਂ ਤੇ ਵਰਕਸ਼ਾਪਾਂ ਦੀ ਜਾਂਚ ਕਰਦਿਆਂ ਬੱਚਿਆਂ ਨੂੰ ਬਾਲ ਮਜ਼ਦੂਰੀ ਤੋਂ ਮੁਕਤ ਕਰਾਉਣ ਲਈ ਕਾਰਵਾਈ ਕੀਤੀ। ਚੈਕਿੰਗ ਦੌਰਾਨ ਰੈਸਕਿਊ ਕੀਤੇ ਗਏ ਦੋਵੇਂ ਬੱਚਿਆਂ ਦੀ ਸੁਰੱਖਿਆ, ਭਲਾਈ ਤੇ ਭਵਿੱਖ ਨੂੰ ਧਿਆਨ 'ਚ ਰੱਖਦਿਆਂ ਉਨ੍ਹਾਂ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਤੇ ਪੁਨਰਵਾਸ ਲਈ ਚਾਈਲਡ ਵੈਲਫੇਅਰ ਕਮੇਟੀ ਦੇ ਸਾਹਮਣੇ ਪੇਸ਼ ਕੀਤਾ ਗਿਆ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਬੱਚਿਆਂ ਤੋਂ ਕਿਸੇ ਵੀ ਤਰ੍ਹਾਂ ਦੀ ਬਾਲ ਮਜ਼ਦੂਰੀ ਨਾ ਕਰਾਈ ਜਾਵੇ।ਬਾਲ ਮਜ਼ਦੂਰੀ ਕਰਾਉਣ ਵਾਲਿਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।ਪ੍ਰਸ਼ਾਸਨ ਨੇ ਇਹ ਵੀ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਥਾਂ 'ਤੇ ਕੋਈ ਬੱਚਾ ਮਜ਼ਦੂਰੀ ਕਰਦਾ ਨਜ਼ਰ ਆਵੇ ਤਾਂ ਤੁਰੰਤ ਚਾਈਲਡ ਹੈਲਪਲਾਈਨ 1098 ਜਾਂ ਸਬੰਧਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ, ਤਾਂ ਜੁ ਬੱਚਿਆਂ ਨੂੰ ਸਮੇਂ ਸਿਰ ਸੁਰੱਖਿਆ ਅਤੇ ਪੁਨਰਵਾਸ ਮਿਲ ਸਕੇ।

## ਜੰਗਲੀ ਸੂਰਾਂ ਤੇ ਨੀਲ ਗਾਵਾਂ ਦਾ ਮੁੱਦਾ ਵਿਧਾਨ ਸਭਾ 'ਚ ਚੁੱਕਿਆ

**ਹਠੂਰ (ਲਵਲੀ ਕੁਮਾਰ)**- ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਪਿਛਲੇ ਮਹੀਨੇ ਦੇਹੜਕਾ ਵਿਖੇ ਲੋਕ ਮਿਲਣੀ ਕੀਤੀ ਗਈ ਸੀ।ਇਸ ਮੌਕੇ ਪਿੰਡ ਦੀਆਂ ਹੋਰ ਮੰਗਾਂ ਤੋਂ ਇਲਾਵਾ ਸੁਸਾਇਟੀ ਪ੍ਰਧਾਨ ਗੁਰਮੀਤ ਸਿੰਘ ਸਿੱਧੂ, 'ਆਪ' ਆਗੂ ਜੀਵਨ ਸਿੰਘ ਧਾਲੀਵਾਲ, 'ਆਪ' ਆਗੂ ਕੁਲਵਿੰਦਰ ਸਿੰਘ



ਲਾਡੀ ਅਤੇ ਕਿਸਾਨਾਂ ਨੇ ਮੰਗ ਰੱਖੀ ਸੀ ਕਿ ਖੇਤਾਂ ਵਿਚ ਨੀਲ ਗਾਵਾਂ ਦੇ ਕਾਰਨ ਫਸਲਾਂ ਦਾ ਬਹੁਤ ਨੁਕਸਾਨ ਹੁੰਦਾ ਹੈ ਅਤੇ ਇਨ੍ਹਾਂ ਤੋਂ ਲੋਕਾਂ ਤੇ ਪਸ਼ੂਆਂ ਨੂੰ ਖਤਰਾ ਬਣਿਆ ਰਹਿੰਦਾ ਹੈ। ਇਸ ਮੁੱਦੇ ਨੂੰ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਵਿਧਾਨ ਸਭਾ ਪੁਰਜ਼ੋਰ ਨਾਲ ਚੁੱਕਿਆ ਗਿਆ ਹੈ, ਜਿਸ ਲਈ ਪ੍ਰਧਾਨ ਗੁਰਮੀਤ ਸਿੰਘ ਸਿੱਧੂ, 'ਆਪ' ਆਗੂ ਜੀਵਨ ਸਿੰਘ ਧਾਲੀਵਾਲ, 'ਆਪ' ਆਗੂ ਕੁਲਵਿੰਦਰ ਸਿੰਘ ਲਾਡੀ ਅਤੇ ਕਿਸਾਨਾਂ ਨੇ ਬੀਬੀ ਮਾਣੂੰਕੇ ਦਾ ਧੰਨਵਾਦ ਕੀਤਾ।ਬੀਬੀ ਮਾਣੂੰਕੇ ਨੇ ਵਿਧਾਨ ਸਭਾ ਵਿਚ ਬੋਲਦਿਆਂ ਕਿਹਾ ਕਿ ਜੰਗਲੀ ਸੂਰ ਤੇ ਨੀਲ ਗਾਵਾਂ ਦੀ ਗਿਣਤੀ ਦਾ ਸਰਵੇ ਕਰਵਾਇਆ ਜਾਵੇ।ਜਗਰਾਉਂ ਹਲਕੇ ਦੇ ਸਤਲੁਜ ਦਰਿਆ ਨੇੜਲੇ ਬੇਟ ਇਲਾਕੇ 'ਚ ਜੰਗਲੀ ਸੂਰਾਂ ਦਾ ਕਹਿਰ ਹੈ ਅਤੇ ਮੈਦਾਨੀ ਇਲਾਕੇ 'ਚ ਪਿੰਡ ਕਾਉਂਕੇ ਕਲਾਂ ਤੋਂ ਕਸਬਾ ਹਠੂਰ ਦੇ ਬੁਰਜ ਕੁਲਾਰਾ ਤੱਕ ਦੇ ਪਿੰਡਾਂ 'ਚ ਨੀਲ ਗਾਵਾਂ ਕਿਸਾਨਾਂ ਦੀਆਂ ਫ਼ਸਲਾਂ ਦਾ ਨੁਕਸਾਨ ਕਰਦੀਆਂ ਹਨ।

## ਚੇਅਰਮੈਨ ਬਰਸਟ ਨੇ ਪਾਰਟੀ ਵਲੰਟੀਅਰਾਂ ਨਾਲ ਕੀਤੀ ਵਿਸ਼ੇਸ਼ ਮੁਲਾਕਾਤ

**ਸਮਾਣਾ, (ਗੁਰਪਿਆਰ ਸਿੰਘ ਬੱਲ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ (ਆਪ), ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਵੱਲੋਂ ਪਾਰਟੀ ਵਲੰਟੀਅਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਜਨ-ਕਲਿਆਨਕਾਰੀ ਨੀਤੀਆਂ ਨੂੰ ਆਮ ਲੋਕਾਂ ਤੱਕ ਪੁਚਾਉਣ ਤੇ ਇਲਾਕੇ ਦੇ ਲੋਕਾਂ ਨਾਲ ਜੁੜੇ ਅਹਿਮ ਮੁੱਦਿਆਂ ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਹਰ ਵਰਗ ਦੀ ਭਲਾਈ ਅਤੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਲਕਾ ਸਮਾਣਾ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ।ਇਲਾਕੇ ਦੀਆਂ ਮੰਡੀਆਂ ਦੇ ਸੁਧਾਰ, ਲਿੰਕ ਸੜਕਾਂ ਦੀ ਮੁਰੰਮਤ ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜਾਬ ਮੰਡੀ ਬੋਰਡ ਵੱਲੋਂ ਵਿਸ਼ੇਸ਼ ਤੌਰ 'ਤੇ ਕੰਮ ਕੀਤੇ ਜਾ ਰਹੇ ਹਨ ਤਾਂ ਜੁ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਸੂਬਾ ਜਨਰਲ ਸਕੱਤਰ ਨੇ ਵਲੰਟੀਅਰਾਂ ਨੂੰ ਅਪੀਲ ਕੀਤੀ ਕਿ ਉਹ ਮਾਨ ਸਰਕਾਰ ਦੀਆਂ ਇਤਿਹਾਸਕ ਅਤੇ ਲੋਕ-ਪੱਖੀ ਨੀਤੀਆਂ ਜਿਵੇਂ ਕਿ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕ, ਵਧੀਆ ਸਿੱਖਿਆ ਪ੍ਰਣਾਲੀ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕਿਆਂ, ਮਾਵਾਂ-ਧੀਆਂ ਸਤਿਕਾਰ ਯੋਜਨਾ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁਫ਼ਤ ਅਤੇ ਕੈਸ਼ਲੈਸ ਇਲਾਜ ਦੀ ਸਹੂਲਤ ਬਾਰੇ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰਨ।ਉਨ੍ਹਾਂ ਕਿਹਾ ਕਿ ਵਲੰਟੀਅਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਤੇ ਸਰਕਾਰ ਦੀਆਂ ਸਕੀਮਾਂ ਦਾ ਲਾਭ ਹਰ ਘਰ ਤੱਕ ਪੁਚਾਉਣਾ ਸਾਡੀ ਸਭ ਦੀ ਮੁੱਖ ਜ਼ਿੰਮੇਵਾਰੀ ਹੈ। ਵਲੰਟੀਅਰਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਤੇ ਮੁੱਦਿਆਂ ਨੂੰ ਚੇਅਰਮੈਨ ਕੋਲ ਰੱਖਿਆ।ਤਬਰਸਟ ਨੇ ਸਾਰੇ ਮੁੱਦਿਆਂ ਨੂੰ ਬਹੁਤ ਗੰਭੀਰਤਾ ਨਾਲ ਸੁਣਿਆ।ਉਨ੍ਹਾਂ ਭਰੋਸਾ ਦਿੱਤਾ ਕਿ ਜਨਤਾ ਦੀ ਆਵਾਜ਼ ਨੂੰ ਹਮੇਸ਼ਾ ਬੁਲੰਦ ਰੱਖਿਆ ਜਾਵੇਗਾ ਅਤੇ ਪ੍ਰਸ਼ਾਸਨਿਕ ਪੱਧਰ 'ਤੇ ਲੋਕਾਂ ਨੂੰ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਅਖੀਰ ਪਾਰਟੀ ਵਲੰਟੀਅਰਾਂ ਵੱਲੋਂ ਚੇਅਰਮੈਨ ਹਰਚੰਦ ਸਿੰਘ ਬਰਸਟ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।



## ਥਾਣੇ 'ਚ ਪਾਖੰਡੀ ਬਾਬੇ ਤੋਂ ਪ੍ਰੇਸ਼ਾਨ ਵਿਅਕਤੀ ਵੱਲੋਂ ਖ਼ੁਦਕੁਸ਼ੀ ਦੀ ਘਟਨਾ ਦੀ ਨਿੰਦਾ



**ਸੰਗਰੂਰ, (ਪ੍ਰਵੀਨ ਸਿੰਘ)** ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂਆਂ ਮਾਸਟਰ ਪਰਮਵੇਦ, ਸੀਤਾ ਰਾਮ ਬਾਲਦ ਕਲਾਂ, ਸੁਰਿੰਦਰ ਪਾਲ, ਕ੍ਰਿਸ਼ਨ ਸਿੰਘ ਦੁੱਗਾਂ, ਪ੍ਰਗਟ ਸਿੰਘ ਬਾਲੀਆਂ, ਗੁਰਜੰਟ ਸਿੰਘ ਤੇ ਗੁਰਦੀਪ ਸਿੰਘ ਨੇ ਖੰਨਾ ਦੇ ਸਿਟੀ-1 ਥਾਣੇ ਵਿੱਚ ਵਾਪਰੀ ਮੰਦਭਾਗੀ ਘਟਨਾ 'ਤੇ ਡੂੰਘਾ ਦੁੱਖ ਅਤੇ ਰੋਸ ਪ੍ਰਗਟ ਕੀਤਾ ਹੈ।ਉਨ੍ਹਾਂ ਕਿਹਾ ਕਿ ਲੁਧਿਆਣਾ ਦੇ ਗੋਬਿੰਦ ਸਿੰਘ ਨੇ ਪਾਖੰਡੀ ਬਾਬਾ ਚਰਨ ਦਾਸ ਤੇ ਉਸਦੇ ਸਾਥੀਆਂ ਵੱਲੋਂ ਕਥਿਤ 53 ਹਜ਼ਾਰ ਰੁਪਏ ਦੀ ਧੋਖਾਧੜੀ ਤੋਂ ਪ੍ਰੇਸ਼ਾਨ ਹੋ ਕੇ ਥਾਣੇ ਦੇ ਬਾਥਰੂਮ ਵਿੱਚ ਆਪਣੇ ਆਪ ਨੂੰ ਅੱਗ ਲਾ ਕੇ ਖ਼ੁਦਕੁਸ਼ੀ ਕਰ ਲਈ।

ਆਗੂਆਂ ਨੇ ਕਿਹਾ ਕਿ ਇਹ ਘਟਨਾ ਸਾਡੇ ਸਮਾਜ ਵਿੱਚ ਫੈਲ ਰਹੇ ਪਾਖੰਡ, ਅੰਧਵਿਸ਼ਵਾਸ ਅਤੇ ਠੱਗੀ ਦੇ ਧੰਦੇ ਦੀ ਸਭ ਤੋਂ ਵੱਡੀ ਮਿਸਾਲ ਹੈ।ਗੋਬਿੰਦ ਸਿੰਘ ਨੇ ਪਹਿਲਾਂ ਹੀ ਪੁਲਸ ਨੂੰ ਲਿਖਤੀ ਸ਼ਿਕਾਇਤ ਦਿੱਤੀ ਸੀ ਕਿ ਜੇਕਰ ਉਸ ਨੂੰ ਕੁਝ ਹੋਇਆ ਤਾਂ ਇਸਦੇ ਜ਼ਿੰਮੇਵਾਰ ਇਹ ਬਾਬਾ ਅਤੇ ਉਸਦੇ ਸਾਥੀ ਹੋਣਗੇ।ਫਿਰ ਵੀ ਸਮੇਂ ਸਿਰ ਕਾਰਵਾਈ ਨਾ ਹੋਣ ਕਾਰਨ ਇੱਕ ਕੀਮਤੀ ਜਾਨ ਚਲੀ ਗਈ।ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਕਥਿਤ ਦੋਸ਼ੀ ਬਾਬਾ ਚਰਨ ਦਾਸ ਅਤੇ ਉਸਦੇ ਸਾਥੀਆਂ ਖਿਲਾਫ਼ ਕੇਸ ਦਰਜ ਕਰਕੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।

ਉਨ੍ਹਾਂ ਜ਼ੋਰਦਾਰ ਸ਼ਬਦਾਂ ਵਿੱਚ ਮੰਗ ਕੀਤੀ ਕਿ ਪੰਜਾਬ ਸਰਕਾਰ ਜਲਦੀ ਤੋਂ ਜਲਦੀ ਅੰਧਵਿਸ਼ਵਾਸ ਵਿਰੋਧੀ ਕਾਨੂੰਨ ਬਣਾ ਕੇ ਤੁਰੰਤ ਲਾਗੂ ਕਰੇ ਤੇ ਪਾਖੰਡੀ ਬਾਬਿਆਂ, ਅਖੌਤੀ ਸਿਆਣਿਆਂ, ਤਾਂਤਰਿਕਾਂ ਦੀ ਨਕੇਲ ਕਸੇ ਤਾਂ ਜੁ ਉਹ ਲੋਕਾਂ ਨੂੰ ਲੁੱਟ ਦਾ ਸ਼ਿਕਾਰ ਨਾ ਬਣਾ ਸਕਣ।ਉਨ੍ਹਾਂ ਕਿਹਾ ਕਿ ਸਕੂਲਾਂ, ਕਾਲਜਾਂ ਤੇ ਪਿੰਡਾਂ ਵਿੱਚ ਵਿਗਿਆਨਕ ਚੇਤਨਾ ਅਤੇ ਤਰਕਸ਼ੀਲਤਾ ਦੇ ਪ੍ਰਚਾਰ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇ।➡

## ਚੰਡੀਗੜ੍ਹ 'ਚ ਹੋਣ ਵਾਲੀ ਮਹਾਂ ਰੈਲੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਕਾਮਰੇਡ ਜਰਨੈਲ ਸਿੰਘ ਭਵਨ ਵਿਚ ਓਮ ਪ੍ਰਕਾਸ਼ ਚੇਅਰਮੈਨ ਤੇ ਪ੍ਰਧਾਨ ਬਲਵੰਤ ਸਿੰਘ ਸੰਧੂ ਦੀ ਪ੍ਰਧਾਨਗੀ ਵਿੱਚ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਮੇਜਰ ਸਿੰਘ ਰਿਟਾ. ਲੈਕਚਰਾਰ ਦੇ ਸਾਲੇ ਦੀ ਲੜਕੇ ਦੀ ਮੌਤ ਹੋਣ ਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਵਿਚ ਤਾਨਾਸ਼ਾਹੀ ਸਰਕਾਰ ਵੱਲੋਂ ਮੁਲਾਜ਼ਮਾਂ, ਪੈਨਸ਼ਨਰਾਂ ਪ੍ਰਤੀ ਵਰਤੇ ਜਾ ਰਹੇ ਰਵੱਈਏ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ। ਪੈਨਸ਼ਨਰ ਆਗੂਆਂ ਮਲਕੀਤ ਚੰਦ ਪਾਸੀ, ਗੁਰਤੇਜ ਸਿੰਘ ਬਰਾੜ, ਹਰਨਾਮ ਸਿੰਘ, ਮਨਜੀਤ ਸਿੰਘ, ਬਲਬੀਰ ਸਿੰਘ ਸੰਧੂ ਅਤੇ ਕੁਲਦੀਪ ਸਿੰਘ ਖੁੰਗਰ ਨੇ ਕਿਹਾ ਕਿ ਇਹ ਸਰਕਾਰ ਹੱਕ ਮੰਗਦੇ ਲੋਕਾਂ ਤੇ ਡਾਂਗਾ ਵਰ੍ਹਾ ਰਹੀ ਹੈ ਤੇ ਸੰਘਰਸ਼ ਨੂੰ ਦਬਾਉਣਾ ਚਾਹੁੰਦੀ ਹੈ। ਸਾਢੇ 4 ਸਾਲ ਬੀਤ ਜਾਣ ਤੇ ਵੀ ਸਰਕਾਰ ਨੇ ਕੀਤੇ ਵਾਅਦੇ ਪੂਰੇ ਨਹੀਂ ਕੀਤੇ। ਆਗੂਆਂ ਨੇ ਕਿਹਾ ਕਿ ਸਰਕਾਰ ਮਾਣਯੋਗ ਹਰਿਆਣਾ, ਹਾਈਕੋਰਟ ਦੇ ਸ਼ਲਾਘਾਯੋਗ ਕੀਤੇ ਫੈਸਲੇ ਅਨੁਸਾਰ 18 ਪ੍ਰਤੀਸ਼ਤ ਡੀਏ, ਡੀਏ ਦੀਆਂ 6 ਕਿਸ਼ਤਾਂ ਅਤੇ ਛੇਵੇਂ ਪੇ ਕਮਿਸ਼ਨ ਦਾ ਬਕਾਇਆ ਇਕ ਮੁਸ਼ਤ ਜਲਦੀ ਜਾਰੀ ਕਰੇ। ਆਗੂਆਂ ਨੇ ਕਿਹਾ ਕਿ 7 ਅਗਸਤ ਨੂੰ ਚੰਡੀਗੜ੍ਹ ਹੋਣ ਵਾਲੀ ਮਹਾਂਰੈਲੀ ਵਿਚ ਪੰਜਾਬ ਪੈਨਸ਼ਨਰ ਯੂਨੀਅਨ ਦੇ ਪੈਨਸ਼ਨਰ ਵੱਡੀ ਗਿਣਤੀ ਵਿਚ ਪਹੁੰਚਣਗੇ। ਇਸ ਮੌਕੇ ਨਰਿੰਦਰ ਸਿੰਘ ਟੁਰਨਾ ਨੂੰ 80 ਸਾਲ ਦੀ ਉਮਰ ਪੂਰੀ ਹੋਣ ਤੇ ਸਨਮਾਨਿਤ ਕੀਤਾ।

## ਹਿੰਮਤਪੁਰਾ ਤੋਂ ਖੋਟਿਆਂ ਤੱਕ ਸੜਕ ਦੀ ਖ਼ਸਤਾ ਹਾਲਤ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** : ਹਿੰਮਤਪੁਰਾ ਤੋਂ ਖੋਟਿਆਂ ਤੱਕ ਜਾਣ ਵਾਲੀ ਸੜਕ ਦੀ ਖ਼ਸਤਾ ਹਾਲਤ ਕਾਰਨ ਇਲਾਕੇ ਦੇ ਵਪਾਰੀਆਂ, ਕਿਸਾਨਾਂ ਅਤੇ ਆਮ ਲੋਕਾਂ ਨੂੰ ਰੋਜ਼ਾਨਾ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੜਕ 'ਤੇ ਥਾਂ-ਥਾਂ ਪਏ ਡੂੰਘੇ ਖੱਡਿਆਂ



ਕਾਰਨ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ ਅਤੇ ਹਰ ਸਮੇਂ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ।ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਪ੍ਰਧਾਨ ਭਾਰਤੀ ਪੱਤੋ ਨੇ ਕਿਹਾ ਕਿ ਇਹ ਸੜਕ ਇਲਾਕੇ ਦੀ ਇੱਕ ਅਹਿਮ ਸੰਪਰਕ ਸੜਕ ਹੈ, ਜਿਸ ਰਾਹੀਂ ਹਰ ਰੋਜ਼ ਵੱਡੀ ਗਿਣਤੀ ਵਿੱਚ ਵਪਾਰੀ, ਕਿਸਾਨ, ਵਿਦਿਆਰਥੀ ਅਤੇ ਹੋਰ ਲੋਕ ਸਫ਼ਰ ਕਰਦੇ ਹਨ। ਉਨ੍ਹਾਂ ਮੰਗ ਕੀਤੀ ਹੈ ਕਿ ਇਹ ਸੜਕ ਤੁਰੰਤ ਜੰਗੀ ਪੱਧਰ 'ਤੇ ਬਣਾਈ ਜਾਵੇ।

## ਤੋਤਾ ਸਿੰਘ ਵਾਲਾ ਦੀ ਗ੍ਰਾਮ ਪੰਚਾਇਤ ਨੇ ਚਿੱਟਾ ਪੀਣ ਤੇ ਵੇਚਣ ਵਾਲਿਆਂ ਖ਼ਿਲਾਫ਼ ਪਾਇਆ ਮਤਾ



**ਮੋਗਾ (ਇਕਬਾਲ ਸਿੰਘ ਖਹਿਰਾ)**- ਪਿੰਡ ਤੋਤਾ ਸਿੰਘ ਵਾਲਾ (ਜ਼ਿਲ੍ਹਾ ਮੋਗਾ) ਦੀ ਗ੍ਰਾਮ ਪੰਚਾਇਤ ਅਤੇ ਸਮੂਹ ਪਿੰਡ ਵਾਸੀਆਂ ਵੱਲੋਂ ਪਿੰਡ ਵਿੱਚ ਚਿੱਟਾ ਪੀਣ ਅਤੇ ਵੇਚਣ ਵਾਲੇ ਅਨਸਰਾਂ ਖ਼ਿਲਾਫ਼ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ। ਪੰਚਾਇਤ ਨੇ ਕਿਹਾ ਕਿ ਨਸ਼ੇ ਦੀ ਬੁਰਾਈ ਕਾਰਨ ਪਿੰਡ ਦਾ ਮਾਹੌਲ ਖ਼ਰਾਬ ਹੋ ਰਿਹਾ ਹੈ ਅਤੇ ਨੌਜਵਾਨ ਪੀੜ੍ਹੀ ਇਸ ਦੀ ਲਪੇਟ ਵਿੱਚ ਆ ਰਹੀ ਹੈ, ਜਿਸ ਨੂੰ ਹਰ ਹਾਲ ਵਿੱਚ ਰੋਕਣਾ ਜ਼ਰੂਰੀ ਹੈ। ਪੰਚਾਇਤ ਅਤੇ ਪਿੰਡ ਵਾਸੀਆਂ ਨੇ ਦੱਸਿਆ ਕਿ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਚੋਰਾਂ ਵੱਲੋਂ ਕਈ ਵਾਰ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਗਿਆ। ਇਨ੍ਹਾਂ ਚੋਰੀਆਂ ਦੌਰਾਨ ਸਕੂਲ ਵਿੱਚੋਂ ਚਾਰ ਪਾਣੀ ਵਾਲੀਆਂ ਮੱਛੀ ਮੋਟਰਾਂ,ਤਿੰਨ ਗੈਸ ਸਿਲੰਡਰ, ਸੀ.ਸੀ.ਟੀ.ਵੀ ਕੈਮਰੇ, ਐਲ.ਸੀ.ਡੀ, ਰਸੋਈ ਦੇ ਭਾਂਡੇ,ਗੈਸ ਚੁੱਲਾ ਅਤੇ ਸ਼ਮਸ਼ਾਨਘਾਟ (ਸਿਵਿਆਂ) ਦਾ ਗੇਟ ਅਤੇ ਬਾਰੀ ਵੀ ਚੋਰੀ ਕਰ ਲਈ ਗਈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇਹ ਘਟਨਾਵਾਂ ਪਿੰਡ ਵਿੱਚ ਨਸ਼ੇ ਦੀ ਸਮੱਸਿਆ ਨਾਲ ਜੁੜੀਆਂ ਹੋ ਸਕਦੀਆਂ ਹਨ। ਉਨ੍ਹਾਂ ਨੇ ਪੁਲਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚੋਰੀ ਦੀਆਂ ਇਨ੍ਹਾਂ ਘਟਨਾਵਾਂ ਦੀ ਗੰਭੀਰਤਾ ਨਾਲ ਜਾਂਚ ਕਰਕੇ ਦੋਸ਼ੀਆਂ ਦੀ ਜਲਦ ਪਛਾਣ ਕੀਤੀ ਜਾਵੇ ਅਤੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

## ਤੀਰਥ ਯਾਤਰਾ ਯੋਜਨਾ ਤਹਿਤ ਹਡਾਣਾ ਨੇ ਬੱਸ ਨੂੰ ਦਿੱਤੀ ਹਰੀ ਝੰਡੀ



**ਭੁਨਰਹੇੜੀ (ਰਾਜਿੰਦਰ ਸਿੰਘ ਥਿੰਦ )**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਤਿਹਾਸਕ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਹਲਕਾ ਸਨੌਰ ਵਿੱਚ ਇੱਕ ਹੋਰ ਵੱਡਾ ਮੀਲ ਪੱਥਰ ਸਥਾਪਿਤ ਹੋਇਆ ਹੈ। ਇਸ ਯੋਜਨਾ ਤਹਿਤ ਹਲਕਾ ਸਨੌਰ ਦੇ ਪਿੰਡ ਤੇਜ਼ਾ ਤੋਂ 100ਵੀਂ ਬੱਸ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ-ਦੀਦਾਰੇ ਕਰਵਾਉਣ ਲਈ ਉਚੇਚੇ ਤੌਰ 'ਤੇ ਰਵਾਨਾ ਕੀਤੀ ਗਈ।ਇਸ ਮੌਕੇ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਮਾਨ ਸਰਕਾਰ ਵੱਲੋਂ ਚਲਾਈ ਗਈ ਇਹ ਯੋਜਨਾ ਬਜ਼ੁਰਗਾਂ ਅਤੇ ਸ਼ਰਧਾਲੂਆਂ ਲਈ ਇੱਕ ਵਰਦਾਨ ਸਾਬਤ ਹੋ ਰਹੀ ਹੈ ।

## ਸੰਯੁਕਤ ਕਿਸਾਨ ਮੋਰਚਾ ਨੇ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤਾ



**ਸ੍ਰੀ ਮੁਕਤਸਰ ਸਾਹਿਬ (ਕੁਲ ਭੂਸ਼ਨ ਚਾਵਲਾ)**-ਸੰਯੁਕਤ ਕਿਸਾਨ ਮੋਰਚਾ (ਗ਼ੈਰ ਰਾਜਨੀਤਿਕ) ਦੇ ਇਕ ਵਫ਼ਦ ਵੱਲੋਂ ਵੱਲੋਂ ਕਿਸਾਨੀ ਅਤੇ ਸਮਾਜਿਕ ਮੁੱਦਿਆਂ ਨੂੰ ਲੈ ਕੇ ਮੁੱਖ ਮੰਤਰੀ ਪੰਜਾਬ ਦੇ ਨਾਂ ਇੱਕ ਵਿਸ਼ੇਸ਼ ਮੰਗ ਪੱਤਰ ਤਹਿਸੀਲਦਾਰ ਨੂੰ ਸੌਂਪਦਿਆਂ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇ। ਜਥੇਬੰਦੀ ਦੇ ਜਿਲ੍ਹਾ ਪ੍ਰਧਾਨ ਮਨਜੀਤ ਸਿੰਘ ਤਰਮਾਲਾ ਨੇ ਦੱਸਿਆ ਕਿ ਹੋਰ ਮੰਗਾਂ ਤੋਂ ਇਲਾਵਾ ਮੁੱਖ ਮੰਗਾਂ ਵਿੱਚ ਪੰਜਾਬ ਸਰਕਾਰ ਵੱਲੋਂ ਦੁਬਾਰਾ ਸ਼ੁਰੂ ਕੀਤੀ ਗਈ ਸੋਧੀ ਹੋਈ 'ਲੈਂਡ ਪੂਲਿੰਗ ਨੀਤੀ' ਨੂੰ ਪੂਰੀ ਤਰ੍ਹਾਂ ਰੱਦ ਕਰਨਾ ਤੇ ਪੰਜਾਬ ਵਿਧਾਨ ਸਭਾ ਵਿੱਚ ਮਤਾ ਪਾਸ ਕਰਕੇ ਕੇਂਦਰ ਸਰਕਾਰ ਦੇ 'ਬਿਜਲੀ ਐਕਟ 2025' ਨੂੰ ਰੱਦ ਕਰਨ ਦੀ ਮੰਗ ਸ਼ਾਮਿਲ ਹੈ।

## ਸਾਂਝੇ ਵਿਦਿਆਰਥੀ ਮੋਰਚੇ ਨੇ ਭਾਰੀ ਫੀਸ ਵਾਧੇ ਖਿਲਾਫ਼ ਕੀਤਾ ਰੋਸ ਵਿਖਾਵਾ




**ਪਟਿਆਲਾ (ਰਾਜਿੰਦਰ ਸਿੰਘ ਥਿੰਦ )**-ਬੁੱਧਵਾਰ ਨੂੰ ਸਾਂਝੇ ਵਿਦਿਆਰਥੀ ਮੋਰਚੇ ਵਿੱਚ ਸ਼ਾਮਲ ਵਿਦਿਆਰਥੀ ਜਥੇਬੰਦੀਆਂ (ਪੰਜਾਬ ਸਟੂਡੈਂਟਸ ਯੂਨੀਅਨ, ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ, ਪੰਜਾਬ ਸਟੂਡੈਂਟਸ ਫੈਡਰੇਸ਼ਨ) ਵੱਲੋਂ ਵਿਦਿਆਰਥੀ ਮੰਗਾਂ ਨੂੰ ਲੈ ਕੇ ਡੀਨ ਅਕਾਦਮਿਕ ਦਫਤਰ ਦੇ ਬਾਹਰ ਧਰਨਾ ਦਿੱਤਾ ਗਿਆ। ਪੀ.ਐਸ.ਯੂ ਤੋਂ ਗੁਰਦਾਸ ਸਿੰਘ ਨੇ ਕਿਹਾ ਕਿ ਵਿੱਦਿਅਕ ਸੈਸ਼ਨ 2026-27 ਦੀ ਸ਼ੁਰੂਆਤ ਵਿੱਚ ਹੀ ਪੰਜਾਬੀ ਯੂਨੀਵਰਸਿਟੀ ਦੁਆਰਾ ਵਿਦਿਆਰਥੀਆਂ ਦੀਆਂ ਹੋਸਟਲ ਅਤੇ ਵਿਭਾਗੀ ਫੀਸਾਂ ਵਿੱਚ ਭਾਰੀ ਵਾਧੇ ਕੀਤੇ ਗਏ ਹਨ। ਹੋਸਟਲ ਫੀਸਾਂ ਵਿੱਚ ਲਗਭਗ 30 ਤੋਂ ਲੈ ਕੇ 42% ਤੱਕ ਵਾਧਾ ਕੀਤਾ ਗਿਆ ਹੈ ਅਤੇ ਵਿਭਾਗੀ ਫੀਸਾਂ ਵਿੱਚ 10 ਫੀਸਦੀ ਤੋਂ ਲੈ ਕੇ 65% ਫੀਸਦੀ ਤੱਕ ਵਾਧੇ ਕੀਤੇ ਗਏ ਹਨ। ਜਿਵੇਂ ਕਿ ਫਿਲਮ ਮੇਕਿੰਗ ਵਿਭਾਗ ਵਿੱਚ ਫੀਸ 16 ਹਜ਼ਾਰ ਤੋਂ ਵਧਾ ਕੇ 122000 ਕਰ ਦਿੱਤੀ ਗਈ ਹੈ। ਐੱਸ.ਐਫ.ਆਈ ਤੋਂ ਰਮਨਦੀਪ ਸਿੰਘ ,ਪੀ.ਐਸ.ਐਫ ਤੋਂ ਗਗਨਦੀਪ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਵਿੱਚ ਹੋਸਟਲਾਂ ਦੀ ਵੀ ਵੱਡੀ ਘਾਟ ਹੈ, ਸਿਰਫ਼ 30% ਕੁੜੀਆਂ ਨੂੰ ਹੋਸਟਲ ਮਿਲਦਾ ਹੈ ਤੇ ਲਗਭਗ ਅੱਧੀਆਂ ਵਿਦਿਆਰਥਣਾਂ ਹੋਸਟਲ ਤੋਂ ਵਾਂਝੀਆਂ ਰਹਿ ਜਾਂਦੀਆਂ ਹਨ। ਏ.ਆਈ.ਐਸ.ਐਫ ਦੇ ਆਗੂ ਰਾਹੁਲ ਨੇ ਕਿਹਾ ਕਿ ਮੌਜੂਦਾ ਹੋਸਟਲਾਂ ਦੀ ਹਾਲਤ ਵੀ ਖ਼ਸਤਾ ਹੋ ਚੁੱਕੀ ਹੈ। ਪ੍ਰਦਰਸ਼ਨ ਦੇ ਦੌਰਾਨ ਡੀਨ ਵਿਦਿਆਰਥੀ ਭਲਾਈ ਦਫਤਰ ਚੋਂ ਅਧਿਕਾਰੀ ਪਹੁੰਚੇ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਹੋਈ।

## 9ਵੀਂ ਵਾਰ ਪ੍ਰਧਾਨ ਬਣਨ 'ਤੇ ਹਰਮੀਤ ਸਿੰਘ ਮਾਨ ਦਾ ਸਨਮਾਨ

**ਨਾਭਾ (ਅਮਨ ਗਰਗ)** - ਪ੍ਰੈਸ ਕਲੱਬ ਰਜਿਸਟਰਡ ਨਾਭਾ ਦੇ ਲਗਾਤਾਰ 9ਵੀਂ ਵਾਰ ਸਰਬਸੰਮਤੀ ਨਾਲ ਚੁਣੇ ਗਏ ਪ੍ਰਧਾਨ ਹਰਮੀਤ ਸਿੰਘ ਮਾਨ ਦਾ ਮੰਗਲਵਾਰ ਸਮਾਜਿਕ ਅਤੇ ਉਦਯੋਗਿਕ ਖੇਤਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਮਲਕੀਤ ਐਗਰੋਟੈਕ ਪ੍ਰਾਈਵੇਟ ਲਿਮਟਿਡ ਦੇ ਐਮ.ਡੀ. ਚਰਨ ਸਿੰਘ ਅਤੇ ਹਰਦੇਵ ਕੰਬਾਈਨ ਨਾਭਾ ਦੇ ਐਮ ਡੀ ਪਾਖਰ ਸਿੰਘ ਸਹੋਲੀ ਨੇ ਹਰਮੀਤ ਸਿੰਘ ਮਾਨ ਨੂੰ ਸਿਰੋਪਾ ਪਾ ਕੇ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਦਿਆਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਹਰਮੀਤ ਸਿੰਘ ਮਾਨ ਨੇ ਪੱਤਰਕਾਰ ਭਾਈਚਾਰੇ ਦੀ ਏਕਤਾ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਨਿਰਪੱਖ ਢੰਗ ਨਾਲ ਪ੍ਰਸ਼ਾਸਨ ਤੱਕ ਪਹੁੰਚਾਉਣ ਵਿੱਚ ਹਮੇਸ਼ਾ ਅਹਿਮ ਭੂਮਿਕਾ ਨਿਭਾਈ ਹੈ।



## ਸੰਤ ਲੌਂਗੋਵਾਲ ਦੀ ਬਰਸੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ ਭਲਕੇ

**ਸੰਗਰੂਰ/ਲੌਂਗੋਵਾਲ ( ਪ੍ਰਵੀਨ ਸਿੰਘ )**- : ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਜ਼ਿਲ੍ਹਾ ਪ੍ਰਧਾਨ ਸ਼੍ਰੀ ਰਾਮਪਾਲ ਸਿੰਘ ਬਹਿਣੀਵਾਲ ਅਤੇ ਰਿਪੁਦਮਨ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਪਵਿੱਤਰ ਯਾਦ ਨੂੰ ਸਮਰਪਿਤ 41ਵੀਂ ਬਰਸੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਇੱਕ ਅਹਿਮ ਮੀਟਿੰਗ 7 ਅਗਸਤ (ਸ਼ੁਕਰਵਾਰ) ਸਵੇਰੇ 9:00 ਵਜੇ ਗੁਰਦੁਆਰਾ ਸ਼੍ਰੀ ਕੈਂਬੋਵਾਲ ਸਾਹਿਬ, ਲੌਂਗੋਵਾਲ ਵਿਖੇ ਹੋਵੇਗੀ।ਉਨ੍ਹਾਂ ਕਿਹਾ ਕਿ ਇਹ ਮੀਟਿੰਗ ਬਰਸੀ ਸਮਾਗਮ ਦੀਆਂ ਤਿਆਰੀਆਂ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਦੇ ਉਦੇਸ਼ ਨਾਲ ਬੁਲਾਈ ਗਈ ਹੈ। ਇਸ ਮੀਟਿੰਗ ਵਿੱਚ ਸ. ਪਰਮਿੰਦਰ ਸਿੰਘ ਢੀਂਡਸਾ, ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬੂ ਪ੍ਰਕਾਸ਼ ਚੰਦ ਗਰਗ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ, ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਜਥੇਬੰਦੀਆਂ ਦੇ ਨੁਮਾਇੰਦੇ ਅਤੇ ਇਲਾਕੇ ਦੀ ਸਮੁੱਚੀ ਸੰਗਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰੇਗੀ।

## ਪਿੰਡਾਂ 'ਚ ਲੋਕ ਮਿਲਣੀ ਪ੍ਰੋਗਰਾਮਾਂ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ : ਪ੍ਰਿੰਸੀਪਲ ਬੁੱਧ ਰਾਮ

**ਬੁਢਲਾਡਾ (ਅਸ਼ੋਕ ਲਾਕੜਾ)**- ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਤੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਲਈ ਚਲਾਈ ਗਈ ਲੋਕ ਮਿਲਣੀ ਮੁਹਿੰਮ ਤਹਿਤ ਪਿੰਡ ਬੀਰੇਵਾਲਾ ਡੋਗਰਾ ਤੇ ਪਿੰਡ ਰਾਮਗੜ੍ਹ ਸ਼ਾਹਪੁਰੀਆਂ ਵਿਖੇ ਸਮਾਗਮ ਕਰਾਏ ਗਏ, ਜਿਨ੍ਹਾਂ ਵਿੱਚ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਕੀਤਾ ਹਰ ਵਾਅਦਾ ਅਤੇ ਗਰੰਟੀ ਇੱਕ-ਇੱਕ ਕਰਕੇ ਪੂਰੀ ਕੀਤੀ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪੁਚਾਉਣ ਲਈ 142 ਕਰੋੜ ਰੁਪਏ ਤੋਂ ਵੱਧ ਖਰਚ ਕੀਤੇ ਗਏ ਹਨ।ਇਸ ਤੋਂ ਇਲਾਵਾ ਆਮ ਲੋਕਾਂ ਨੂੰ 300 ਯੂਨਿਟ ਮੁਫ਼ਤ ਬਿਜਲੀ, ਨੌਜਵਾਨਾਂ ਨੂੰ 68 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ, ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਦਵਾਈਆਂ ਤੇ ਟੈਸਟ ਤੇ ਸਰਕਾਰੀ ਸਕੂਲਾਂ ਦੀ ਕਾਇਆ-ਕਲਪ ਵਰਗੇ ਇਤਿਹਾਸਕ ਕਦਮ ਚੁੱਕੇ ਗਏ ਹਨ।ਉਨ੍ਹਾਂ ਇਹ ਵੀ ਦੱਸਿਆ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਯੋਗ ਮਹਿਲਾਵਾਂ ਦੇ ਖਾਤਿਆਂ ਵਿੱਚ ਵਿੱਤੀ ਸਹਾਇਤਾ ਵਜੋਂ ਰਾਸ਼ੀ ਜਮ੍ਹਾਂ ਕਰਾਈ ਜਾ ਰਹੀ ਹੈ।ਪੰਜਾਬ ਸਰਕਾਰ ਦੇ ਇਨ੍ਹਾਂ ਲੋਕ ਹਿਤੈਸ਼ੀ ਉਪਰਾਲਿਆਂ ਦਾ ਹਾਜ਼ਰ ਲੋਕਾਂ ਨੇ ਤਾੜੀਆਂ ਦੀ ਗੂੰਜ ਨਾਲ ਜ਼ੋਰਦਾਰ ਸਵਾਗਤ ਕੀਤਾ।ਵਿਕਾਸ ਕਾਰਜਾਂ ਬਾਰੇ ਪ੍ਰਿੰਸੀਪਲ ਬੁੱਧ ਰਾਮ ਨੇ ਦੱਸਿਆ ਕਿ ਪਿੰਡ ਬੀਰੇਵਾਲਾ ਡੋਗਰਾ ਦੇ ਵਿਕਾਸ ਲਈ ਪਿਛਲੇ 4 ਸਾਲਾਂ ਵਿੱਚ ਕਰੋੜਾਂ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਜਾ ਚੁੱਕੀ ਹੈ ਤੇ ਹੁਣ ਪਿੰਡ ਦੇ ਹੋਰ ਸੁਧਾਰ ਲਈ 9 ਲੱਖ ਰੁਪਏ ਦੀ ਨਵੀਂ ਗ੍ਰਾਂਟ ਦੇਣ ਦਾ ਐਲਾਨ ਕੀਤਾ ਗਿਆ ਹੈ।ਇਸੇ ਤਰ੍ਹਾਂ ਪਿੰਡ ਰਾਮਗੜ੍ਹ ਸ਼ਾਹਪੁਰੀਆਂ ਵਿੱਚ ਪਹਿਲਾਂ ਵੀ 70 ਲੱਖ ਰੁਪਏ ਦੇ ਵਿਕਾਸ ਕੰਮ ਕਰਾਏ ਗਏ ਹਨ ਤੇ ਹੁਣ 13 ਲੱਖ ਰੁਪਏ ਦੀ ਹੋਰ ਗ੍ਰਾਂਟ ਦਿੱਤੀ ਜਾ ਰਹੀ ਹੈ।



## ਸਟੀਫਨ ਇੰਟਰਨੈਸ਼ਨਲ ਸਕੂਲ ਵਿਖੇ ਐਥਲੈਟਿਕਸ ਮੁਕਾਬਲਿਆਂ ਦਾ ਸ਼ਾਨਦਾਰ ਆਯੋਜਨ



**ਸੁਨਾਮ ਊਧਮ ਸਿੰਘ ਵਾਲਾ( ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟੀਫ਼ਨ ਇੰਟਰਨੈਸ਼ਨਲ ਸਕੂਲ ਵਿਖੇ 70ਵੀਆਂ ਪੰਜਾਬ ਸਕੂਲ ਖੇਡਾਂ ਅਧੀਨ ਜ਼ੋਨ ਪੱਧਰੀ ਐਥਲੈਟਿਕਸ ਮੁਕਾਬਲਿਆਂ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਖੇਡ ਸਮਾਗਮ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਖਿਡਾਰੀਆਂ, ਕੋਚਾਂ ਅਤੇ ਖੇਡ ਅਧਿਕਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸ੍ਰੀ ਦੀਪਕ ਗੁਪਤਾ ਅਤੇ ਡਾਇਰੈਕਟਰ-ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਮੁਕਾਬਲਿਆਂ ਦੌਰਾਨ ਦੌੜਾਂ ਅਤੇ ਹੋਰ ਐਥਲੈਟਿਕਸ ਪ੍ਰਤੀਯੋਗਿਤਾਵਾਂ ਵਿੱਚ ਖਿਡਾਰੀਆਂ ਨੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ । ਚੇਅਰਮੈਨ ਸ੍ਰੀ ਦੀਪਕ ਗੁਪਤਾ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਲੀਡਰਸ਼ਿਪ ਅਤੇ ਟੀਮ ਭਾਵਨਾ ਨੂੰ ਮਜ਼ਬੂਤ ਬਣਾਉਂਦੀਆਂ ਹਨ। ਡਾਇਰੈਕਟਰ-ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸ਼ਰਮਾ ਨੇ ਸਮੂਹ ਭਾਗੀਦਾਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਆਯੋਜਨ ਨੂੰ ਸਫਲ ਬਣਾਉਣ ਲਈ ਸਮੂਹ ਸਟਾਫ਼, ਖੇਡ ਅਧਿਕਾਰੀਆਂ, ਕੋਚਾਂ ਅਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ।

# ਸਥਿਰਤਾ ਅਤੇ ਸੁਰੱਖਿਆ ਸਿਰਫ਼ ਕਾਂਗਰਸ ਹੀ ਦੇ ਸਕਦੀ ਹੈ-ਬਘੇਲ

**ਫਿਰੋਜ਼ਪੁਰ (ਗੁਰਬਚਨ ਸਿੰਘ)-** ਆਲ ਇੰਡੀਆ ਕਾਂਗਰਸ ਕਮੇਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਨੇ ਫਿਰੋਜ਼ਪੁਰ ਵਿੱਚ ਕਰਵਾਏ ਗਏ 'ਹਰ ਬੂਥ, ਕਾਂਗਰਸ ਮਜ਼ਬੂਤ' ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਨੂੰ ਸਥਿਰ ਅਤੇ ਸੁਰੱਖਿਅਤ ਸਰਕਾਰ ਸਿਰਫ਼ ਕਾਂਗਰਸ ਹੀ ਦੇ ਸਕਦੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਦੌਰੇ ਦੌਰਾਨ ਉਨ੍ਹਾਂ ਨੂੰ ਇਹ ਮਹਿਸੂਸ ਹੋਇਆ ਹੈ ਕਿ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਨਿਰਾਸ਼ ਹਨ ਅਤੇ ਮੁੜ ਕਾਂਗਰਸ ਨੂੰ ਸੱਤਾ ਵਿੱਚ ਲਿਆਉਣਾ ਚਾਹੁੰਦੇ ਹਨ। ਭੂਪੇਸ਼ ਬਘੇਲ ਨੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਛੋਟੇ-ਮੋਟੇ ਮਤਭੇਦ ਭੁਲਾ ਕੇ ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋਣ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਵਿਚਾਰਾਂ ਦਾ ਅੰਤਰ ਸੁਭਾਵਿਕ ਹੁੰਦਾ ਹੈ, ਪਰ ਵੱਡੀ ਲੜਾਈ ਜਿੱਤਣ ਲਈ ਸਾਰਿਆਂ ਨੂੰ ਇਕੱਠੇ ਹੋਣਾ ਪੈਂਦਾ ਹੈ। ਉਨ੍ਹਾਂ ਨੇ ਆਮ ਆਦਮੀ ਪਾਰਟੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਖਰਾਬ ਹੋ ਚੁੱਕੀ ਹੈ ਅਤੇ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੇ। ਉਨ੍ਹਾਂ ਦੋਸ਼ ਲਾਇਆ ਕਿ ਸੂਬੇ ਵਿੱਚ ਗੈਂਗਸਟਰਾਂ ਦਾ ਖੌਫ਼ ਵਧ ਗਿਆ ਹੈ ਅਤੇ ਰੇਤ, ਜ਼ਮੀਨ ਅਤੇ ਮਾਈਨਿੰਗ ਮਾਫੀਆ ਨੂੰ ਖੁੱਲ੍ਹੀ ਛੁੱਟ ਮਿਲੀ ਹੋਈ ਹੈ।



ਬਘੇਲ ਨੇ ਕਿਹਾ ਕਿ ਕਾਂਗਰਸ ਦੀ ਸਰਕਾਰ ਹੀ ਪੰਜਾਬ ਨੂੰ ਇਸ ਹਾਲਤ ਤੋਂ ਬਾਹਰ ਕੱਢ ਸਕਦੀ ਹੈ। ਇਸ ਮੌਕੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਕਾਂਗਰਸ ਪਾਰਟੀ ਅਤੇ ਰਾਹੁਲ ਗਾਂਧੀ ਨੇ ਉਨ੍ਹਾਂ ਨੂੰ ਹਮੇਸ਼ਾ ਮਾਣ-ਸਨਮਾਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹੁਣ ਉਨ੍ਹਾਂ ਦਾ ਇਕੋ ਸੁਪਨਾ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਪੰਜਾਬ ਵਿੱਚ ਕਾਂਗਰਸ ਦਾ ਮੁੱਖ ਮੰਤਰੀ ਸਹੁੰ ਚੁੱਕਦਾ ਵੇਖਣ। ਰਾਜਾ ਵੜਿੰਗ ਨੇ ਸਪੱਸ਼ਟ ਕੀਤਾ ਕਿ ਪਾਰਟੀ ਦੇ ਅੰਦਰ ਰਹਿ ਕੇ ਵਿਰੋਧੀਆਂ ਦੀ ਮਦਦ ਕਰਨ ਵਾਲਿਆਂ ਕਥਿਤ 'ਸਲੀਪਰ ਸੈੱਲ' ਤਾਕਤਾਂ ਨੂੰ ਕਿਸੇ ਵੀ ਹਾਲਤ ਵਿੱਚ ਟਿਕਟ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਮੀਦਵਾਰਾਂ ਦੀ ਚੋਣ ਹਾਈਕਮਾਨ ਕਰੇਗੀ, ਪਰ ਉਹ ਇਹ ਯਕੀਨੀ ਬਣਾਉਣਗੇ ਕਿ ਪਾਰਟੀ ਨਾਲ ਗੱਦਾਰੀ ਕਰਨ ਵਾਲਿਆਂ ਨੂੰ ਟਿਕਟ ਨਾ ਮਿਲੇ। ਉਨ੍ਹਾਂ ਕਿਹਾ ਕਿ ਕਾਂਗਰਸ ਪ੍ਰਤੀ ਵਫ਼ਾਦਾਰੀ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਰਾਜਾ ਵੜਿੰਗ ਨੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ 'ਤੇ ਵੀ ਤੰਜ ਕੱਸਦਿਆਂ ਕਿਹਾ ਕਿ ਉਨ੍ਹਾਂ ਨੂੰ ਕਾਂਗਰਸ ਨੇ ਸਭ ਕੁਝ ਦਿੱਤਾ, ਪਰ ਪਾਰਟੀ ਛੱਡਣ ਤੋਂ ਬਾਅਦ ਅੱਜ ਉਹ ਰਾਜਨੀਤੀ ਵਿੱਚ ਕੋਈ ਖਾਸ ਸਥਾਨ ਨਹੀਂ ਰੱਖਦੇ। ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਸਰਕਾਰ 'ਤੇ ਹਮਲਾ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨਸ਼ੇ ਅਤੇ ਕਰਜ਼ੇ ਵਿੱਚ ਡੁੱਬ ਚੁੱਕਾ ਹੈ। ਉਨ੍ਹਾਂ ਸਵਾਲ ਕੀਤਾ ਕਿ ਵਿਦੇਸ਼ੀ ਨਿਵੇਸ਼ ਲਿਆਉਣ ਦੇ ਕੀਤੇ ਵਾਅਦੇ ਕਿੱਥੇ ਗਏ, ਜਦ ਕਿ ਪੰਜਾਬ ਦੇ ਨੌਜਵਾਨ ਆਪਣੀ ਜ਼ਮੀਨ ਵੇਚ ਕੇ ਵਿਦੇਸ਼ ਜਾਣ ਲਈ ਮਜਬੂਰ ਹਨ ਅਤੇ ਕਈਆਂ ਨੂੰ ਉੱਥੋਂ ਬੇਇੱਜ਼ਤੀ ਨਾਲ ਵਾਪਸ ਭੇਜਿਆ ਜਾ ਰਿਹਾ ਹੈ। ਇਸ ਪ੍ਰੋਗਰਾਮ ਵਿੱਚ ਰਵੀ ਦਲਵੀ, ਹੀਨਾ ਕਾਵਰੇ, ਸੁਖਮਿੰਦਰ ਡੈਨੀ, ਕੁਲਬੀਰ ਜ਼ੀਰਾ, ਪਰਮਿੰਦਰ ਸਿੰਘ ਪਿੰਕੀ ਸਮੇਤ ਕਈ ਸੀਨੀਅਰ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

## ਟਰੱਕ ਦੀ ਲਪੇਟ 'ਚ ਆ ਕੇ ਔਰਤ ਦੀ ਮੌਕੇ ਉਪਰ ਮੌਤ



**ਭਵਾਨੀਗੜ੍ਹ (ਰਾਜ ਕੁਮਾਰ)-** ਸਥਾਨਕ ਨਵੇਂ ਬੱਸ ਅੱਡੇ ਨੇੜੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਇੱਕ ਔਰਤ ਦੀ ਟਰੱਕ ਹੇਠਾਂ ਆਉਣ ਕਾਰਨ ਮੌਕੇ 'ਤੇ ਹੀ ਮੌਤ ਹੋ ਗਈ। ਰਾਮ ਮੂਰਤੀ ਉਰਫ਼ ਨੇਹਾ ਸਿੰਗਲਾ, ਪਤਨੀ ਵਿਜੇ ਕੁਮਾਰ ਸਿੰਗਲਾ ਆਪਣੇ ਮੁਹੱਲੇ ਦੀਆਂ ਦੋ ਹੋਰ ਔਰਤਾਂ ਨਾਲ ਸ਼ਿਵ ਮੰਦਰ ਵਿਖੇ ਕਿਸੇ ਦੇ ਭੋਗ ਸਮਾਗਮ ਤੋਂ ਵਾਪਸ ਘਰ ਪਰਤ ਰਹੀ ਸੀ। ਜਦੋਂ ਉਹ ਟਰੱਕ ਯੂਨੀਅਨ ਤੋਂ ਕੁਝ ਅੱਗੇ ਪਹੁੰਚੀਆਂ ਤਾਂ ਉੱਥੇ ਮੁੱਖ ਸੜਕ 'ਤੇ ਖੜ੍ਹੇ ਇੱਕ ਟਰੱਕ ਦੇ ਚਾਲਕ ਨੇ ਬਿਨਾਂ ਆਲੇ-ਦੁਆਲੇ ਦੇਖੇ ਟਰੱਕ ਚਲਾ ਦਿੱਤਾ। ਇਸ ਦੌਰਾਨ ਰਾਮ ਮੂਰਤੀ ਟਰੱਕ ਦੀ ਲਪੇਟ ਵਿੱਚ ਆ ਗਈ।

## ਬਾਰਸ਼ ਦੇ ਦੋ ਦਿਨ ਬਾਅਦ ਵੀ ਪਾਰਕ ਪਾਣੀ ਨਾਲ ਭਰਿਆ

**ਸ੍ਰੀ ਮੁਕਤਸਰ ਸਾਹਿਬ (ਕੁਲ ਭੂਸ਼ਨ ਚਾਵਲਾ)-** ਸ਼ਹਿਰ ਦਾ ਇਕਲੌਤਾ ਸ੍ਰੀ ਗੁਰੂ ਗੋਬਿੰਦ ਸਿੰਘ ਪਾਰਕ ਬਾਰਸ਼ ਹੋਣ ਤੋਂ ਬਾਅਦ ਕਈ-ਕਈ ਦਿਨ ਵਰਤੋਂ ਦੇ ਕਾਬਲ ਨਹੀਂ ਹੁੰਦਾ ਜਿਸ ਕਰਕੇ ਸੈਰ ਕਰਨ ਵਾਲੇ ਲੋਕਾਂ ਨੂੰ ਡਾਢੀ ਦਿੱਕਤ ਤੇ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਵਾਰ ਬਾਰਸ਼ ਪੈਣ ਦੇ ਦੋ ਦਿਨਾਂ ਬਾਅਦ ਵੀ ਪਾਰਕ ਦੇ ਮੈਦਾਨਾਂ ਅਤੇ ਫੁੱਟਪਾਥ ਉਪਰ ਪਾਣੀ ਖੜ੍ਹਾ ਰਿਹਾ। ਜੇਕਰ ਬਾਰਸ਼ ਨਾ ਆਈ ਤਾਂ ਵੀ ਕਰੀਬ ਇਕ ਹਫਤਾ ਇਸ ਵਿੱਚ ਚਿੱਕੜ ਬਣਿਆ ਰਹੇਗਾ। ਪਾਣੀ ਦੀ ਵਜ੍ਹਾ ਕਰਕੇ ਮੱਛਰਾਂ, ਮੱਖੀਆਂ ਦੀ ਭਰਮਾਰ ਹੈ। ਵਾਤਾਵਰਣ ਪ੍ਰੇਮੀ ਅੰਮ੍ਰਿਤਪਾਲ ਸਿੰਘ ਅਤੇ ਡਾ. ਸੀਮਾ ਗੋਇਲ ਨੇ ਦੱਸਿਆ ਕਿ ਪਾਰਕ ਵਿੱਚ ਖੜ੍ਹੇ ਇਸ ਪਾਣੀ ਨੂੰ ਭੂ-ਜਲ ਰੀਚਾਰਜ ਸਿਸਟਮ ਰਾਹੀਂ ਧਰਤੀ ਵਿੱਚ ਭੇਜਿਆ ਜਾ ਸਕਦਾ ਹੈ। ਇਸ ਨਾਲ ਇਕ ਤਾਂ ਧਰਤੀ ਹੇਠਲਾ ਜਲ ਭੰਡਾਰ ਭਰ ਜਾਵੇਗਾ ਅਤੇ ਦੂਸਰਾ ਧਰਤੀ ਦੇ ਉਪਰ ਗੰਦਗੀ ਨਹੀਂ ਫੈਲੇਗੀ।

## ਸਨੌਰ ਦਾ ਹਰ ਕਾਂਗਰਸੀ ਵਰਕਰ ਪਾਰਟੀ ਨਾਲ ਡਟ ਕੇ ਖੜ੍ਹਾ : ਨਿਰਮਲ ਭੱਟੀਆਂ



**ਸਨੌਰ /ਪਟਿਆਲਾ (ਰਾਜਿੰਦਰ ਸਿੰਘ ਥਿੰਦ)-** ਆਲ ਇੰਡੀਆ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ, ਪੰਜਾਬ ਦੇ ਇੰਚਾਰਜ ਪ੍ਰਧਾਨ ਰਾਜਾ ਵੜਿੰਗ ਦੀ ਹਾਜ਼ਰੀ 'ਚ ਸਮਾਗਮ ਨੂੰ ਸੰਬੋਧਨ ਕਰਦਿਆਂ ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਹਲਕਾ ਸਨੌਰ ਦਾ ਹਰ ਕਾਂਗਰਸੀ ਵਰਕਰ ਕਾਂਗਰਸ ਪਾਰਟੀ ਨਾਲ ਡਟ ਕੇ ਖੜ੍ਹਾ ਹੈ। ਉਨ੍ਹਾਂ ਕਿਹਾ ਕਿ 2027 ਵਿਚ ਕਾਂਗਰਸ ਪਾਰਟੀ ਇਸ ਹਲਕੇ ਤੋਂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰੇਗੀ। ਉਨਾਂ ਕਿਹਾ ਕਿ ਕਾਂਗਰਸ ਪਾਰਟੀ ਸਰਵਉੱਚ ਹੈ। ਕੋਈ ਵੀ ਲੀਡਰ ਇਸ ਗਲਤਫਹਿਮੀ 'ਚ ਨਾ ਰਹੇ ਕਿ ਉਸ ਤੋਂ ਬਿਨਾਂ ਪਾਰਟੀ ਦਾ ਗੁਜਾਰਾ ਨਹੀਂ ਹੈ।

**PUBLIC NOTICE**

Under the instruction of IDFC FIRST BANK LTD, I hereby informed the general public that Rahul Kumar s/o Raj Kumar & Poonam w/o Rahul Kumar are absolute owners of Property Plot Private no 46-B measuring length 33 feet breadth 15 feet, Total measuring 55 sq yards bearing Khasra no. 122/1 min, Bounded as East: Remaining portion of Plot no 46-B, West: Plot no 46-A, North: Plot no 46-A, South: Gali 16 feet wide, situated at Rakhshikargah Abadi New Green Field Near Indra Colony, Tehsil & District Amritsar. That in the Jamabandi for the year 2007-08 Kirti Kumaria D/o Kharaiti Lal is the owner of 3.5 Marla of property. Then Kirti Kumaria D/o Kharaiti Lal sold 2 Marlas of property to Sukhpal Singh s/o Baldev Singh vide sale deed regd dated 15.10.2008 as doc no.9737 of which mutation no.22182 has been sanctioned by revenue authorities and same is remained as owner of 2 Marlas in the Jamabandi for the year 2012-13, 2017-18. Then Sukhpal Singh s/o Baldev Singh died and after his death his 2 Marlas of property was inherited by Balbir Kaur w/o Baldev Singh, Narinder Kaur w/o Sukhpal Singh, Tarunpreet Singh s/o Sukhpal Singh, Noordeep Kaur, Amandeep Kaur daughters of Sukhpal Singh of which mutation no. 44023 has been sanctioned by revenue authorities. Then Balbir Kaur w/o Baldev Singh(1/5 share), Tarunpreet Singh s/o Sukhpal Singh (1/5 share) in person and Narinder Kaur w/o Sukhpal Singh(1/5 share) in person and as SPA of Noordeep Kaur D/o Sukhpal Singh(1/5 share) and SPA of Amandeep Kaur d/o Sukhpal Singh (1/5 share) sold 55 sq yards of property to Rahul Kumar s/o Raj Kumar & Poonam w/o Rahul Kumar vide sale deed regd dated 07.05.2026 as doc no. 2026-27/93/1/2469 of which mutation no. 44571 has been sanctioned by revenue authorities, and after the death of Sukhpal Singh s/o Baldev Singh his legal heirs were Balbir Kaur w/o Baldev Singh, Narinder Kaur w/o Sukhpal Singh, Tarunpreet Singh s/o Sukhpal Singh, Noordeep Kaur, Amandeep Kaur daughters of Sukhpal Singh of which mutation no. 44023 has been sanctioned by revenue authorities, and apart from these there are no other legal heirs. Anybody having claim or claiming any prior rights or interest in any manner in this property or has raised loan by depositing the aforesaid documents to any person / bank / corporation /financial institution may approach the undersigned and may submit objection in writing witin 7 days from the date of this public notice. After the expiry of the period of this notice, no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with IDFC FIRST BANK LTD.

ADV. VIKAS VERMA
MB. 9815156302

**PUBLIC NOTICE**

This is to inform general public that M/S Shri Balaji Godowns(Sharu Garg,Asha Rani&Aditi Garg)village Gagowal Teh & District Mansa.has applied for credit facilities from Punjab and Sind Bank(PSB) ,Maur against the mortgage of property measuring 91k-14.5m within the revenue limits of village Gagowal the& Dist.Mansa.

It is further stated that previous title deed no.3247 dt 6-03-2019 executed by jugraj singh s/oGursewak Singh in favour of Sukhdeep Singh s/o Jugraj Singh,title deed no.4113 dt 18-12-2017 executed by Jarnail Singh s/o Gurdev Singh in favour of Jagmandeep Singh so Jarnail Singh and Ttitle deed no.5882 dt 27-03-2018 executed by Nachhattar Kaur wdo Gurnam Singh in favour of Avtar Singh and Jagtar Singh have been lost and missing report vide DDR no. LAR-2026-MNS-756848 Dt 23-07-2026 in concerned police station has been filed and been published in bilungal newspapers.It is further stated that no credit facility from bank,FI or any person or any other way has been availed by pledging the above lost title deeds and is free from any encumberances.Now,PSB Maur is allowing credit facility against the said property to M/S Shri Balaji Godowns Gagowal Dist. Mansa. By way of equitable mortgage of said property.It is hereby circulated that if any person,FI,bank has any objection or interest against eqm of said property or have any knowledge about lost title deeds,may approach the PSB,MAUR within 15 days of this circulation.Thereafter bank will not entertain any claim against the said title deeds and any claim raised thereafter will be treated as null and void.

**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ/ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਮੰਗ ਕਰਦੇ ਹਨ, ਜੋ www.ireps.gov.in ਉਤੇ ਉਪਲਬਧ ਹੈ ਅਤੇ ਜਿਨ੍ਹਾਂ ਦੀ ਬੰਦ ਹੋਣ ਦੀ ਮਿਤੀ 25.08.2026 ਦੁਪਿਹਰ 15.00 ਵਜੇ ਤਕ ਹੈ। ਟੈਂਡਰਕਰਤਾ ਕੇਵਲ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਅਪਣੀ ਮੂਲ ਜਾਂ ਸੰਸ਼ੋਧਿਤ ਟੈਂਡਰਾ ਪੇਸ਼ ਕਰ ਸਕਣਗੇ। ਇਸ ਟੈਂਡਰ ਦੇ ਵਿਰੁਧ ਮੈਨੂੰਅਲ ਟੈਂਡਰਾ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੁੰਦੀ ਹੈ, ਤਾਂ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਟੈਂਡਰ ਦੇ ਲਈ ਟੈਂਡਰ ਸ਼ੁਲਕ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਭੁਗਤਾਨ ਦੁਆਰਾ, ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਦੇ ਦੁਆਰਾ ਤੋਂ ਹੀ ਕਰ ਸਕਣਗੇ। ਡਿਮਾਂਡ ਡਰਾਫਟ, ਬੈਂਕਰਸ ਚੇਕ, ਜਮਾ ਰਸੀਦ, ਐਫ.ਡੀ.ਆਰ. ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਸਵੀਕਾਰ ਨਹੀਂ ਕੀਤਾ ਜਾਵੇਗਾ। ਜ਼ਿਆਦਾ ਜਾਣਕਾਰੀ ਦੇ ਲਈ www.ireps.gov.in ਉਤੇ ਲਾਗ ਆਨ ਕਰੋ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
| 03.08.2026 | 11.08.2026 | 25.08.2026, 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 75-2026-27-SrDEN-III-FZR | ਸਹਾਇਕ ਮੰਡਲ ਇੰਜੀਨੀਅਰ-ਤੀਸਰੀ, ਫ਼ਿਰੋਜ਼ਪੁਰ, ਸੈਕਸ਼ਨ ਵਿਚ 76 ਲੇਵਲ ਕਰੋਸਿੰਗ ਉਤੇ ਰਬੜ ਲਗਾਣ ਦੇ ਕੰਮ ਦੇ ਨਾਲ-ਨਾਲ 55 ਲੇਵਲ ਕਰੋਸਿੰਗ ਉਤੇ ਵੀ ਰਬੜ ਲਗਾਣਾ ਦਾ ਕੰਮ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 5,45,58,932.70 | 10,91,200.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ : "ਸੜਕ ਕੰਮ ਜਾਂ ਐਲਸੀ ਗੇਟ ਰੋਡ ਜਾਂ ਫਰਸ਼ ਕੰਮ"। | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਨੰ: 75-2026-27-SrDEN-III-FZR ਮਿਤੀ : 04.08.2026 2692/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**UMMEED HOUSING FINANCE PVT. LTD**
Registered office at: Unit 2009-14,20th Floor, Magnum Global Park, Golf Course Extension Road,Sec-58, Gurugram (Haryana)-122011)
CIN: U65922HR2016PTC057984.

ਅੰਤਿਕਾ IV [ਦੇਖੋ ਰੂਲ 8 (1)] ਕਬਜ਼ਾ ਨੋਟਿਸ

ਜਦੋਂਕਿ ਨਿਮਨਹਸਤਾਖਰੀ 'ਸਕਿਉਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ 2002 (54 ਆਫ 2002) ਅਧੀਨ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ (ਰੂਲ 3) ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਏ ਕਰਜ਼ਦਾਰ/ਕਰਜ਼ਦਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਰਕਮ ਦੀ ਅਸਲ ਅਦਾਇਗੀ ਤੱਕ ਨੋਟਿਸ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਸੀ।

ਉਕਤ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਵਾਪਸ ਅਦਾ ਕਰਨ 'ਚ ਅਸਫਲ ਰਹੇ ਹਨ ਅਤੇ ਉਨ੍ਹਾਂ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰ/ਰਹਿਣਕਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਆਮ ਤੌਰ 'ਤੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤੀ ਗਈ ਕੋਈ ਵੀ ਸੌਦੇਬਾਜ਼ੀ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਨੂੰ ਰਕਮ ਅਤੇ ਉਸ ਉੱਪਰ ਵਿਆਜ, ਲਾਗਤਾਂ ਅਤੇ ਚਾਰਜਿਜ਼ ਆਦਿ ਨੂੰ ਨਿਮਨਲਿਖਤ ਨਿਰਧਾਰਤ ਮਿਤੀਆਂ ਤੋਂ ਮੁਕੰਮਲ ਅਦਾਇਗੀ ਤੱਕ ਹੱਕਦਾਰ ਬਣਾਏਗੀ।

ਉਪਲਬੱਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ ਗਰੰਟਰਾਂ, ਸਕਿਉਰਿਟੀਜ਼, ਬਕਾਇਆ ਰਕਮਾਂ, ਡਿਮਾਂਡ ਨੋਟਿਸ ਦੇ ਵੇਰਵੇ ਸੈਕਸ਼ਨ 13 (2) ਅਧੀਨ ਭੇਜੇ ਗਏ ਹਨ ਅਤੇ ਇਸ ਅਧੀਨ ਦਾਅਵਾ ਕੀਤੀ ਗਈ ਰਕਮ ਅਤੇ ਕਬਜ਼ੇ ਦੀ ਮਿਤੀ ਹੇਠਾਂ ਦਰਸਾਏ ਅਨੁਸਾਰ ਹੈ :

| ਲੜੀ ਨੰ: | ਕਰਜ਼ਦਾਰ, ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ ਅਤੇ ਪਤਾ ਕਰਜ਼ ਖਾਤਾ ਨੰ. ਅਤੇ ਕਰਜ਼ੇ ਦੀ ਰਕਮ | ਡਿਮਾਂਡ ਨੋਟਿਸ ਦੀ ਮਿਤੀ | ਸੰਕੇਤਕ ਕਬਜ਼ੇ ਦੀ ਮਿਤੀ |
|---|---|---|---|
| 1 | 1. ਵਿਕਾਸ ਕੁਮਾਰ ਪੁੱਤਰ ਬ੍ਰਿਜੇਸ਼ ਕੁਮਾਰ (ਕਰਜ਼ਦਾਰ) 2. ਸੁਸ਼ਮਾ ਪਤਨੀ ਵਿਕਾਸ ਕੁਮਾਰ (ਸਹਿ-ਕਰਜ਼ਦਾਰ) ਦੋਵੇਂ ਵਾਸੀ ਮਕਾਨ ਨੰ. 212/27/1842, ਗਲੀ ਨੰ. 1/5 ਕੇਸ਼ਵ ਨਗਰ, ਲੁਧਿਆਣਾ-141016. 3. ਬ੍ਰਿਜੇਸ਼ ਕੁਮਾਰ ਪੁੱਤਰ ਹਰਸ਼ ਨਰਾਇਣ (ਸਹਿ-ਕਰਜ਼ਦਾਰ) ਵਾਸੀ ਮਕਾਨ ਨੰ. 212/27/1842, ਗਲੀ ਨੰ. 1/5 ਕੇਸ਼ਵ ਨਗਰ, ਵਾਰਡ ਨੰ. 74, ਗਿਆਸਪੁਰਾ, ਲੁਧਿਆਣਾ-141016 ਕਰਜ਼ਾ ਨੰ. ਐੱਲ ਐੱਕਸ ਐੱਲ ਯੂ ਡੀ 01224-250044933 ਕਰਜ਼ਾ ਇਕਰਾਰਨਾਮਾ ਮਿਤੀ 23 ਨਵੰਬਰ 24 ਕਰਜ਼ਾ ਮਨਜ਼ੂਰ ਰਕਮ : ਰੁਪਏ 17,66,000/- ਪਰ ਭੁਗਤਾਨ ਰਕਮ ਰੁਪਏ 15,89,828/- | 14-May-26 | 03-Aug-2026 |
| | | ਬਕਾਇਆ ਰਕਮ ਰੁਪਏ | |
| | | 14 ਮਈ 2026 ਨੂੰ ਰੁਪਏ 16,71,052/- (ਸੋਲਾਂ ਲੱਖ ਇਕੱਤਰ ਹਜ਼ਾਰ ਬਵੰਜਾ ਰੁਪਏ ਕੇਵਲ) + 15 ਮਈ 2026 ਤੋਂ ਅਗਲਾ ਵਿਆਜ ਅਤੇ ਹੋਰ ਚਾਰਜਿਜ਼ | |

ਸਕਿਉਰਡ ਐੱਸਟ ਦਾ ਵੇਰਵਾ : ਮਕਾਨ ਰਕਬਾ 88 ਵਰਗ ਗਜ਼, ਖੱਤਾ ਨੰ. 122/134, ਖਸਰਾ ਨੰ. 884, ਜਮ੍ਹਾਂਬੰਦੀ ਸਾਲ-2009-10, ਹੱਦਬਸਤ ਨੰ. 260, ਪਿੰਡ ਲੋਹਾਰਾ, ਸੁਖਦੇਵ ਨਗਰ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਰਾਮ ਰਾਣੀ, ਪੱਛਮ : ਪਲਾਟ 40', ਉੱਤਰ : ਗੁਆਂਢ, ਦੱਖਣ : ਗਲੀ

ਮਿਤੀ : 06 ਅਗਸਤ 2026
ਸਥਾਨ : ਗੁਰੂਗ੍ਰਾਮ, ਹਰਿਆਣਾ

ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ ਮੋਬ.-96500-55701
ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈਵੇਟ ਲਿਮਟਿਡ

ਰਜਿਸਟਰੀ ਨੰ. ਡੀ.ਐਲ.-33004/99 REGD.NO.D.L.-33004/99

# ਭਾਰਤ ਦਾ ਰਾਜਪੱਤਰ
# The Gazette of India

ਸੀ.ਜੀ.-ਡੀ.ਐਲ.-ਅ.- 20072026-274622
CG-DL-E-20072026-274622
ਅਸਾਧਾਰਨ
EXTRAORDINARY
ਭਾਗ II-ਸੈਕਸ਼ਨ 3-ਉਪ-ਸੈਕਸ਼ਨ (ii)
PART II – Section 3 – Sub-section (ii)
ਪ੍ਰਾਧਿਕਾਰ ਤੋਂ ਪ੍ਰਕਾਸ਼ਿਤ
PUBLISHED BY AUTHORITY

ਨੰ. 3714] ਨਵੀਂ ਦਿੱਲੀ, ਮੰਗਲਵਾਰ, ਜੁਲਾਈ 14, 2026/ਆਸਾਧ 23, 1948
No. 3714] NEW DELHI, TUESDAY, JULY 14, 2026/ASHADHA 23, 1948

ਰੇਲ ਮੰਤਰਾਲਾ
[(ਉਤਰ ਰੇਲਵੇ (ਉਸਾਰੀ ਸੰਗਠਨ)]
ਅਧਿਸੂਚਨਾ
ਨਵੀਂ ਦਿੱਲੀ, 13 ਜੁਲਾਈ, 2026

**ਕਾ.ਆ. 3876 (ਅ).**-ਰੇਲਵੇ (ਸੰਸ਼ੋਧਨ) ਅਧਿਨਿਯਮ, 2008 ਦੀ ਧਾਰਾ 2 7-ਏ ਦੇ ਸੇਕਸ਼ਨ 8-ਏ ਪ੍ਰਦਤ ਸ਼ਕਤੀਆਂ ਦਾ ਪ੍ਰਯੋਗ ਕਰਦੇ ਹੋਏ, ਕੇਂਦਰੀ ਸਰਕਾਰ ਇਸ ਦੁਆਰਾ ਸਰਕਾਰੀ ਰਾਜਪੱਤਰ ਵਿਚ ਅਧਿਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ ਪ੍ਰਭਾਵੀ ਹੇਠਾਂ ਤਾਲਿਕਾ ਦੇ ਕਾਲਮ (2) ਵਿਚ ਵਰਣਿਤ ਅਧਿਕਾਰੀ ਨੂੰ ਪ੍ਰਾਧਿਕ੍ਰਿਤ ਕਰਦੀ ਹੈ ਕਿ ਇਹ ਤਾਲਿਕਾ ਦੇ ਕਾਲਮ (4) ਵਿਚ ਵਰਣਿਤ ਰੇਲਵੇ ਪ੍ਰੋਜੈਕਟ ਦੇ ਕੰਮ ਨਿਪਟਾਰੇ, ਅਨੁਪਾਲਨ, ਪ੍ਰਬੰਧਨ ਅਤੇ ਪਰਿਚਾਲਨ ਲਈ ਕਾਲਮ (3) ਵਿਚ ਵਰਣਿਤ ਰਾਜ ਵਿਚ ਸਮਰਥ ਪ੍ਰਾਧਿਕਾਰੀ ਦੇ ਰੂਪ ਵਿਚ ਕੰਮ ਨਿਪਟਾਰਾ ਕਰਨ।

ਤਾਲਿਕਾ

| ਕ੍ਰਮਾਂਕ | ਸਮਰਥ ਪ੍ਰਾਧਿਕਾਰੀ | ਸੂਬਾ | ਰੇਲਵੇ ਪ੍ਰੋਜੈਕਟ ਦਾ ਨਾਮ |
|---|---|---|---|
| 1 | 2 | 3 | 4 |
| 1 | ਉਪ ਮੰਡਲ ਅਧਿਕਾਰੀ, ਲੁਧਿਆਣਾ (ਪੱਛਮ) | ਪੰਜਾਬ | ਨਾਰਦਰਨ ਰੇਲਵੇ ਦੇ ਢੰਡਾਰੀ ਕਲਾਂ (DDL) ਦੀ ਹੈਂਡਲਿੰਗ ਸਮਰਥਾ ਨੂੰ ਵਧਾਉਣ ਦੇ ਲਈ ਰੀਮੋਡਲਿੰਗ ਅਤੇ ਸ਼ੰਟਿੰਗ ਨੇਕ ਦਾ ਪ੍ਰਬੰਧ। |

[ ਫਾ. ਨੰ. 190-W/Land/CDG-II/DDL]
ਸ਼ੈਲੇਸ਼ ਕੁਮਾਰ ਮਿਸ਼ਰਾ, ਮੁੱਖ ਪ੍ਰਸ਼ਾਸਨਿਕ ਅਧਿਕਾਰੀ/ਉਸਾਰੀ-।

2685/26

ਰਜਿਸਟਰੀ ਨੰ. ਡੀ.ਐਲ.-33004/99 REGD.NO.D.L.-33004/99

# ਭਾਰਤ ਦਾ ਰਾਜਪੱਤਰ
# The Gazette of India

ਸੀ.ਜੀ.-ਡੀ.ਐਲ.-ਅ.-20072026-274623
CG-DL-E-20072026-274623
ਅਸਾਧਾਰਨ
EXTRAORDINARY
ਭਾਗ II-ਸੈਕਸ਼ਨ 3-ਉਪ-ਸੈਕਸ਼ਨ (ii)
PART II – Section 3 – Sub-section (ii)
ਪ੍ਰਾਧਿਕਾਰ ਤੋਂ ਪ੍ਰਕਾਸ਼ਿਤ
PUBLISHED BY AUTHORITY

ਨੰ. 3715] ਨਵੀਂ ਦਿੱਲੀ, ਮੰਗਲਵਾਰ, ਜੁਲਾਈ 14, 2026/ਆਸਾਧ 23, 1948
No. 3715] NEW DELHI, TUESDAY, JULY 14, 2026/ASHADHA 23, 1948

ਰੇਲ ਮੰਤਰਾਲਾ
[(ਉਤਰ ਰੇਲਵੇ (ਨਿਰਮਾਣ ਸੰਗਠਨ)]
ਅਧਿਸੂਚਨਾ
ਨਵੀਂ ਦਿੱਲੀ, 13 ਜੁਲਾਈ, 2026

**ਕਾ.ਆ. 3878 (ਅ).**-ਰੇਲ ਅਧਿਨਿਯਮ, 1989 (1989 ਦਾ 24) (ਜਿਸ ਨੂੰ ਇਸ ਵਿਚ ਇਸ ਦੇ ਬਾਅਦ ਉਕਤ ਅਧਿਨਿਯਮ ਕਿਹਾ ਗਿਆ ਹੈ) ਦੀ ਧਾਰਾ 20 ਦੀ ਉਪਧਾਰਾ (1) ਦੇ ਦੁਆਰਾ ਪ੍ਰਦਤ ਸ਼ਕਤੀਆਂ ਦਾ ਇਸਤੇਮਾਲ ਕਰਦੇ ਹੋਏ, ਇਹ ਹਲ ਹੋ ਜਾਣ ਦੇ ਬਾਅਦ ਕਿ ਲੋਕ ਪ੍ਰਯੋਜਨ ਦੇ ਲਈ ਇਹ ਜਮੀਨ ਜਿਸ ਦਾ ਸੰਖੇਪ ਵੇਰਵਾ ਉਪਾਬਧ ਅਨੁਸੂਚੀ ਵਿਚ ਦਿਤਾ ਗਿਆ ਹੈ, ਅਧਿਸੂਚਨਾ ਨੰਬਰ 2527(ਈ) ਮਿਤੀ 05 ਜੂਨ 2025 ਪੰਜਾਬ ਰਾਜ ਦੇ ਲੁਧਿਆਣਾ ਜਿਲੇ ਵਿਚ ਉਤਰ ਰੇਲਵੇ ਪ੍ਰੋਜੈਕਟ **"ਢੰਡਾਰੀ ਕਲਾਂ ਡੀ.ਡੀ.ਐਲ. ਰੇਲਵੇ ਦੀ ਸੰਚਾਲਨ ਸਮਰਥਾ ਵਧਾਉਣ ਅਤੇ ਸ਼ੰਟਿੰਗ ਨੇਕ ਦੇ ਪ੍ਰਾਵਧਾਨ ਲਈ ਮੁੜ ਨਿਰਮਾਣ"** ਅਨੁਭਾਗ ਦੇ ਨਿਪਟਾਰੇ ਦੇ ਲਈ ਲੋੜੀਂਦੀ ਹੈ, ਇਸ ਜਮੀਨ ਦਾ ਅਰਜਨ ਕਰਨ ਦਾ ਆਪਣੇ ਆਸ਼ੇ ਦਾ ਐਲਾਨ ਕਰਦੀ ਹੈ।

| ਲ.ਨੰ. | ਪਿੰਡ ਦਾ ਨਾਮ | ਖੇਤਰਫਲ ਹੈਕਟੇਯਰ ਵਿਚ |
|---|---|---|
| 1 | ਗੈਸਪੁਰ | 0.2580 |
| 2 | ਸ਼ੇਰਪੁਰ ਕਲਾਂ | 0.6247 |
| | ਕੁਲ ਖੇਤਰ | **0.8827** |

ਉਕਤ ਜਮੀਨ ਵਿਚ ਹਿਤਬਧ ਵਿਅਕਤੀ, ਰਾਜਪੱਤਰ ਵਿਚ ਇਸ ਅਧਿਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ ਤੀਹ ਦਿਨਾਂ ਦੀ ਮਿਆਦ ਦੇ ਅੰਦਰ ਉਕਤ ਅਧਿਨਿਯਮ ਦੀ ਧਾਰਾ 20 ਘ ਦੀ ਉਪ-ਧਾਰਾ (1) ਦੇ ਤਹਿਤ ਉਪਰੋਕਤ ਪ੍ਰਯੋਜਨ ਦੇ ਲਈ ਇਸ ਜਮੀਨ ਦੇ ਅਰਜਨ ਦੇ ਸਬੰਧ ਵਿਚ ਇਤਰਾਜ ਕਰ ਸਕੇਗਾ;

ਹਰੇਕ ਐਸਾ ਇਤਰਾਜ, ਸਮਰਥ ਪ੍ਰਾਧਿਕਾਰੀ ਯਾਨੀ ਸਬ ਡਵੀਜਨਲ ਮਜਿਸਟ੍ਰੇਟ, ਲੁਧਿਆਣਾ ਵੇਸਟ, ਜਿਲਾ ਲੁਧਿਆਣਾ, (ਸਮਰਥ ਪ੍ਰਾਧਿਕਾਰੀ ਜਮੀਨ ਅਧਿਗ੍ਰਹਨ) ਨੂੰ ਲਿਖਤ ਰੂਪ ਵਿਚ ਕੀਤਾ ਜਾਵੇਗਾ ਅਤੇ ਉਸ ਵਿਚ ਉਸ ਦੇ ਆਧਾਰ ਉਪ ਵਰਣਿਤ ਹੋਣਗੇ ਅਤੇ ਸਮਰਥ ਪ੍ਰਾਧਿਕਾਰੀ, ਇਤਰਾਜਕਰਤਾ ਨੂੰ ਵਿਅਕਤੀਗਤ ਰੂਪ ਨਾਲ ਜਾਂ ਕਿਸੇ ਵਿਧੀ ਵਿਵਸਾਈ ਦੇ ਮਾਧਿਅਮ ਨਾਲ ਸੁਣਵਾਈ ਦਾ ਮੌਕਾ ਪ੍ਰਦਾਨ ਕਰੇਗਾ ਅਤੇ ਸਾਰੇ ਐਸੇ ਇਤਰਾਜਾਂ ਦੀ ਸੁਣਵਾਈ ਕਰਨ ਅਤੇ ਐਸੀ ਹੋਰ ਜਾਂਚ ਜੇਕਰ ਹੋਵੇ, ਕਰਨ ਦੇ ਬਾਅਦ, ਜਿਸ ਨੂੰ ਸਮਰਥ ਪ੍ਰਾਧਿਕਾਰੀ ਜਰੂਰੀ ਸਮਝੇ, ਆਦੇਸ਼ ਦੁਆਰਾ ਜਾਂ ਤਾਂ ਇਤਰਾਜਾਂ ਨੂੰ ਮਨਜੂਰ ਜਾਂ ਨਾਮੰਜੂਰ ਕਰ ਸਕੇਗਾ।

ਉਕਤ ਅਧਿਨਿਯਮ ਦੀ ਧਾਰਾ 20ਘ ਦੀ ਉਪ-ਧਾਰਾ (2) ਦੇ ਸਮਰਥ ਪ੍ਰਾਧਿਕਾਰੀ ਦੁਆਰਾ ਕੀਤਾ ਗਿਆ ਕੋਈ ਆਦੇਸ਼ ਅੰਤਮ ਹੋਵੇਗਾ ਇਸ ਅਧਿਸੂਚਨਾ ਦੇ ਤਹਿਤ ਆਉਣ ਵਾਲੀ ਜਮੀਨ ਦਾ ਰੇਖਾਂਕ ਅਤੇ ਹੋਰ ਵੇਰਵਾ ਉਪਲਬਧ ਹੈ ਅਤੇ ਉਨ੍ਹਾਂ ਦਾ ਹਿਤਬਧ ਵਿਅਕਤੀ ਦੁਆਰਾ ਸਮਰਥ ਪ੍ਰਾਧਿਕਾਰੀ ਦੇ ਉਪਰੋਕਤ ਦਫਤਰ ਵਿਚ ਨਿਰੀਖਣ ਕੀਤਾ ਜਾ ਸਕਦਾ ਹੈ।

**ਜਮੀਨ ਅਨੁਸੂਚੀ**

**ਪੰਜਾਬ ਰਾਜ ਦੇ ਲੁਧਿਟਾਣਾ ਜਿਲੇ ਵਿਚ ਉਤਰ ਰੇਲਵੇ ਦਾ ਵਿਸ਼ੇਸ਼ ਰੇਲਵੇ ਪ੍ਰੋਜੈਕਟ, ਯਾਨੀ 'ਢੰਡਾਰੀ ਕਲਾਂ ਡੀ.ਡੀ.ਐਲ. ਰੇਲਵੇ ਦੀ ਸੰਚਾਲਨ ਸਮਰਥਾ ਵਧਾਉਣ ਅਤੇ ਸ਼ੰਟਿੰਗ ਨੇਕ ਦੇ ਪ੍ਰਾਵਧਾਨ ਲਈ ਮੁੜ ਉਸਾਰੀ' ਦੇ ਲਈ ਜਿਲਾ ਲੁਧਿਆਣਾ ਦੇ ਤਹਿਤ ਕੀਤੀ ਜਾਣ ਵਾਲੀ ਜਮੀਨ ਦੀ ਸੰਰਚਨਾ ਰਹਿਤ ਜਾਂ ਸੰਰਚਨਾ ਸਮੇਤ ਜਮੀਨ ਦਾ ਸੰਖੇਪ ਵੇਰਵਾ।**

**ਜਿਲੇ ਦਾ ਨਾਮ: ਲੁਧਿਆਣਾ**

| ਲ. ਨੰ. | ਜਿਲਾ | ਤਹਿਸੀਲ/ਤਾਲੁਕ ਦਾ ਨਾਮ | ਪਿੰਡ ਦਾ ਨਾਮ | ਸਰਵੇਖਣ ਨੰਬਰ /ਖਸਰਾ ਨੰਬਰ | ਜਮੀਨ ਦਾ ਪ੍ਰਕਾਰ | ਜਮੀਨ ਦਾ ਪ੍ਰਕਾਰ | ਅਰਜਨ ਜਮੀਨ ਦਾ ਖੇਤਰਫਲ | |
|---|---|---|---|---|---|---|---|---|
| | | | | | | | ਮਰਲਾ | ਹੈਕਟੇਯਰ |
| 1 | ਲੁਧਿਆਣਾ | ਲੁਧਿਆਣਾ ਦੱਖਣੀ | ਗੈਸਪੁਰ | 97/2 | ਪੰਜਾਬ ਸਰਕਾਰ | ਗੈਰ ਮੁਮਕਿਨ | 102 | 0.2580 |
| | | | | ਕੁਲ ਖੇਤਰ | | | **102** | **0.2580** |

| ਲ. ਨੰ. | ਜਿਲਾ | ਤਹਿਸੀਲ/ਤਾਲੁਕ ਦਾ ਨਾਮ | ਪਿੰਡ ਦਾ ਨਾਮ | ਸਰਵੇਖਣ ਨੰਬਰ /ਖਸਰਾ ਨੰਬਰ | ਜਮੀਨ ਦਾ ਪ੍ਰਕਾਰ | ਜਮੀਨ ਦਾ ਪ੍ਰਕਾਰ | ਅਰਜਨ ਜਮੀਨ ਦਾ ਖੇਤਰਫਲ | |
|---|---|---|---|---|---|---|---|---|
| | | | | | | | ਮਰਲਾ | ਹੈਕਟੇਯਰ |
| 1 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 59//4 | ਨਿਜੀ | ਗੈਰ ਮੁਮਕਿਨ | 22 | 0.0556 |
| 2 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 59//6 | ਨਿਜੀ | ਗੈਰ ਮੁਮਕਿਨ | 37 | 0.0936 |
| 3 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 59//7 | ਨਿਜੀ | ਗੈਰ ਮੁਮਕਿਨ | 16 | 0.0405 |
| 4 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 59//15 | ਨਿਜੀ | ਗੈਰ ਮੁਮਕਿਨ | 1 | 0.0025 |
| 5 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 60//10 | ਨਿਜੀ | ਗੈਰ ਮੁਮਕਿਨ | 4 | 0.0101 |
| 6 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 60//11 | ਨਿਜੀ | ਗੈਰ ਮੁਮਕਿਨ | 35 | 0.0885 |
| 7 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 60//12 | ਨਿਜੀ | ਗੈਰ ਮੁਮਕਿਨ | 19 | 0.0481 |
| 8 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 60//17 | ਨਿਜੀ | ਗੈਰ ਮੁਮਕਿਨ | 2 | 0.0051 |
| 9 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 60//18 | ਨਿਜੀ | ਗੈਰ ਮੁਮਕਿਨ | 36 | 0.0910 |
| 10 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 60//19 | ਨਿਜੀ | ਗੈਰ ਮੁਮਕਿਨ | 19 | 0.0481 |
| 11 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 60//23 | ਨਿਜੀ | ਗੈਰ ਮੁਮਕਿਨ | 2 | 0.0051 |
| 12 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 60//24 | ਨਿਜੀ | ਗੈਰ ਮੁਮਕਿਨ | 36 | 0.0910 |
| 13 | ਲੁਧਿਆਣਾ | ਲੁਧਿਆਣਾ ਪੂਰਬੀ | ਸ਼ੇਰਪੁਰ ਕਲਾਂ | 60//25 | ਨਿਜੀ | ਗੈਰ ਮੁਮਕਿਨ | 18 | 0.0455 |
| | | | ਕੁਲ ਖੇਤਰ | | | | **247** | **0.6247** |

[ ਫਾ. ਨੰ. 190-W/Land/CDG-II/DDL]
ਸ਼ੈਲੇਸ਼ ਕੁਮਾਰ ਮਿਸ਼ਰਾ, ਮੁੱਖ ਪ੍ਰਸ਼ਾਸਨਿਕ ਅਧਿਕਾਰੀ/ਉਸਾਰੀ-।

2700/26

ABHEY OSWAL GROUP

**ਓਸਵਾਲ ਗ੍ਰੀਨਟੈੱਕ ਲਿਮਟਿਡ**
ਸੀ ਆਈ ਐੱਨ : ਐੱਲ 24112 ਪੀ ਬੀ 1981 ਪੀ ਐੱਲ ਸੀ 031099
ਰਜਿਸਟਰਡ ਦਫ਼ਤਰ : ਨੇੜੇ ਜੈਨ ਕਾਲੋਨੀ ਵਿਜੇ ਇੰਦਰ ਨਗਰ, ਡਾਬਾ ਰੋਡ, ਲੁਧਿਆਣਾ, ਪੰਜਾਬ, ਭਾਰਤ-144403
ਟੈਲੀ : +91-161-2544238, ਈ ਮੇਲ : cs@oswalgreens.com
ਵੈੱਬਸਾਈਟ : www.oswalgreens.com

ਓਸਵਾਲ ਗ੍ਰੀਨਟੈੱਕ ਲਿਮਟਿਡ (ਦਾ ਕੰਪਨੀ) ਦੇ ਮੈਂਬਰਾਂ ਨੂੰ ਇਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਕੰਪਨੀਜ਼ ਐਕਟ, 2013 ਦੇ ਸੈਕਸ਼ਨ 108 ਅਤੇ 110 ਅਤੇ ਹੋਰ ਲਾਗੂ ਵਿਵਸਥਾਵਾਂ, ਕੰਪਨੀਜ਼ (ਮੈਨੇਜਮੈਂਟ ਅਤੇ ਪ੍ਰਸ਼ਾਸਨ) ਰੂਲਜ਼, 2014 (ਮੈਨੇਜਮੈਂਟ ਰੂਲਜ਼) ਸਮੇਂ-ਸਮੇਂ 'ਤੇ ਕੀਤੀਆਂ ਸੋਧਾਂ ਸਮੇਤ ਅਤੇ ਭਾਰਤ ਸਰਕਾਰ ਦੇ ਕਾਰਪੋਰੇਟ ਮਾਮਲੇ ਮੰਤਰਾਲਾ ("ਦਾ ਐੱਮ ਸੀ ਏ ਸਰਕੂਲਰਜ਼") ਵੱਲੋਂ ਜਾਰੀ ਜਨਰਲ ਸਰਕੂਲਰ ਨੰਬਰ 14/2020 ਮਿਤੀ 8 ਅਪ੍ਰੈਲ 2020, 17/2020 ਮਿਤੀ 13 ਅਪ੍ਰੈਲ, 2020, 20/2020 ਮਿਤੀ 5 ਮਈ 2020, 22/2020 ਮਿਤੀ 15 ਜੂਨ 2020, 33/2020, ਮਿਤੀ 28 ਸਤੰਬਰ 2020, 39/2020 ਮਿਤੀ 31 ਦਸੰਬਰ 2020, 10/2021, ਮਿਤੀ 23 ਜੂਨ 2021, 20/2021 ਮਿਤੀ 8 ਦਸੰਬਰ 2021, 3/2022 ਮਿਤੀ 5 ਮਈ 2022, 11/2022 ਮਿਤੀ 28 ਦਸੰਬਰ 2022 ਅਤੇ 09/2023 ਮਿਤੀ 25 ਸਤੰਬਰ 2023, ਇੰਸਟੀਚਿਊਟ ਆਫ ਕੰਪਨੀ ਸੈਕਟਰੀਜ਼ ਆਫ ਇੰਡੀਆ ("ਐੱਸ ਐੱਸ-2") ਅਤੇ ਹੋਰ ਸਾਰੇ ਲਾਗੂ ਕਾਨੂੰਨਾਂ, ਨਿਯਮਾਂ, ਸਰਕੂਲਰਜ਼, ਨੋਟੀਫਿਕੇਸ਼ਨਜ਼ ਅਤੇ ਰੈਗੂਲੇਸ਼ਨਜ਼ (ਜਿਨ੍ਹਾਂ ਵਿੱਚ ਸਮੇਂ-ਸਮੇਂ 'ਤੇ ਕੀਤੀਆਂ ਕਾਨੂੰਨੀ ਸੋਧਾਂ ਜਾਂ ਮੁੜ ਲਾਗੂ ਕਰਨਾ ਵੀ ਸ਼ਾਮਲ ਹਨ) ਅਨੁਸਾਰ ਕੰਪਨੀ ਨੇ 5 ਅਗਸਤ 2026 ਨੂੰ ਉਨ੍ਹਾਂ ਮੈਂਬਰਾਂ ਨੂੰ ਪੋਸਟਲ ਬੈੱਲਟ ਨੋਟਿਸ ਭੇਜਣ ਦੀ ਕਾਰਵਾਈ ਪੂਰੀ ਕਰ ਲਈ ਹੈ, ਜਿਨ੍ਹਾਂ ਦੇ ਨਾਂਅ ਸ਼ੁੱਕਰਵਾਰ 31 ਜੁਲਾਈ 2026 ਤੱਕ ਮੈਂਬਰਾਂ ਦੇ ਰਜਿਸਟਰ/ਲਾਭਕਾਰੀ ਮਾਲਕਾਂ ਦੀ ਸੂਚੀ 'ਚ ਦਰਜ ਸਨ, ਇਹ ਨੋਟਿਸ ਸਿਰਫ ਇਲੈਕਟ੍ਰਾਨਿਕ ਮੇਲ ਰਾਹੀਂ ਉਨ੍ਹਾਂ ਮੈਂਬਰਾਂ ਨੂੰ ਭੇਜਿਆ ਗਿਆ ਹੈ, ਜਿਨ੍ਹਾਂ ਦੇ ਈ-ਮੇਲ ਪਤੇ ਡਿਪਾਜ਼ਟਰੀ ਪਾਰਟੀਸਿਪੈਂਟਸ/ਕੰਪਨੀ ਦੇ ਰਜਿਸਟਰਾਰ ਅਤੇ ਟਰਾਂਸਫਰ ਏਜੰਟ ਦੇ ਰਿਕਾਰਡ ਵਿੱਚ ਦਰਜ ਹਨ। ਕੰਪਨੀ ਹੇਠ ਲਿਖੇ ਪ੍ਰਸਤਾਵ ਨੂੰ ਰਿਮੋਟ "ਈ-ਵੋਟਿੰਗ" ਰਾਹੀਂ ਪੋਸਟਲ ਬੈਲੇਟ ਦੁਆਰਾ ਮੈਂਬਰਾਂ ਦੀ ਮਨਜ਼ੂਰੀ ਲਈ ਪੇਸ਼ ਕਰ ਰਹੀ ਹੈ।

| ਲੜੀ ਨੰ. | ਵੇਰਵੇ | ਪ੍ਰਸਤਾਵ ਦੀ ਕਿਸਮ |
|---|---|---|
| 1. | ਸ੍ਰੀ ਵਿਮਲ ਭਟਨਾਗਰ (ਡੀ ਆਈ ਐੱਨ : 11089200) ਦੀ ਕੰਪਨੀ ਦੇ ਅਜ਼ਾਦ ਡਾਇਰੈਕਟਰ (ਗੈਰ-ਕਾਰਜਕਾਰੀ) ਵਜੋਂ ਨਿਯੁਕਤੀ | ਵਿਸ਼ੇਸ਼ |
| 2. | ਪ੍ਰੇਰਨਾ ਸਿੰਘ (ਡੀ ਆਈ ਐੱਨ : 10153909) ਦੀ ਕੰਪਨੀ ਦੇ ਅਜ਼ਾਦ ਡਾਇਰੈਕਟਰ ਵਜੋਂ ਨਿਯੁਕਤੀ (ਗੈਰ-ਕਾਰਜਕਾਰੀ) | ਵਿਸ਼ੇਸ਼ |
| 3. | ਸ੍ਰੀ ਬਾਬੂ ਰਾਮ ਸੋਮਾਨੀ (ਡੀ ਆਈ ਐੱਨ: 09517274) ਦੀ ਕੰਪਨੀ ਦੇ ਆਜ਼ਾਦ ਡਾਇਰੈਕਟਰ (ਗੈਰ-ਕਾਰਜਕਾਰੀ) ਵਜੋਂ ਨਿਯੁਕਤੀ | ਵਿਸ਼ੇਸ਼ |
| 4. | ਸ੍ਰੀ ਰਾਹੁਲ ਖਦਾਰੀਆ (ਡੀ ਆਈ ਐੱਨ: 03578394) ਦੀ ਕੰਪਨੀ ਦੇ ਆਜ਼ਾਦ ਡਾਇਰੈਕਟਰ (ਗੈਰ-ਕਾਰਜਕਾਰੀ) ਵਜੋਂ ਨਿਯੁਕਤੀ | ਵਿਸ਼ੇਸ਼ |

ਪੋਸਟਲ ਬੈਲੇਟ ਨੋਟਿਸ ਸਟਾਕ ਐਕਸਚੇਂਜ (ਐਨ ਐਸ ਟੀ ਅਤੇ ਬੀ ਐਸ ਈ) ਨੂੰ ਭੇਜ ਦਿੱਤਾ ਗਿਆ ਹੈ ਅਤੇ ਇਸ ਨੂੰ ਕੰਪਨੀ ਦੀ ਵੈੱਬਸਾਈਟ 'ਤੇ ਵੀ ਪਾਇਆ ਗਿਆ ਹੈ।

ਕੰਪਨੀ ਦੇ ਪੋਸਟਲ ਬੈਲੇਟ ਵੋਟਿੰਗ ਪ੍ਰਕਿਰਿਆ ਨੂੰ ਕਾਨੂੰਨ ਅਨੁਸਾਰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਮੁਕੰਮਲ ਕਰਵਾਉਣ ਲਈ ਐਮ/ਐਸ ਅਨੁਜ ਗੁਪਤਾ ਅਤੇ ਐਸੋਸੀਏਟਸ, ਪ੍ਰੈਕਟਿਸਿੰਗ ਕੰਪਨੀ ਸੈਕਟਰੀਜ਼ (ਐਫ ਆਰ ਐਨ: ਐਸ 2015 ਡੀ ਈ 314800), ਏ ਸੀ ਐਸ ਨੰ: 31025, ਸੀ ਪੀ ਨੰ: 13025 ਪ੍ਰੈਕਟਿਸਿੰਗ ਕੰਪਨੀ ਸੈਕਟਰੀ ਨੂੰ ਸਕਰੂਟਨਾਈਜ਼ਰ ਵਜੋਂ ਨਿਯੁਕਤ ਕੀਤਾ ਹੈ।

ਉਕਤ ਐਮ ਸੀ ਏ ਸਰਕੂਲਰਜ਼ ਦੇ ਮੱਦੇਨਜ਼ਰ ਕੰਪਨੀ ਪੋਸਟਲ ਬੈਲੇਟ ਨੋਟਿਸ ਵਿਚ ਸ਼ਾਮਲ ਪ੍ਰਸਤਾਵ ਲਈ ਕੇਵਲ ਇਲੈਕਟ੍ਰਾਨਿਕ ਮਾਧਿਅਮ (ਈ-ਵੋਟਿੰਗ) ਰਾਹੀਂ ਮੈਂਬਰਾਂ ਦੀ ਮਨਜ਼ੂਰੀ ਪ੍ਰਾਪਤ ਕਰਨਾ ਚਾਹੁੰਦੀ ਹੈ।

ਇਸ ਲਈ ਮੈਂਬਰਾਂ ਨੂੰ ਇਲੈਕਟ੍ਰਾਨਿਕ ਢੰਗ ਨਾਂਅ ਆਪਣੀ ਵੋਟ ਪਾਉਣ ਦੀ ਸਹੂਲਤ ਪ੍ਰਦਾਨ ਕਰਨ ਲਈ ਕੰਪਨੀ ਨੇ ਐਨ ਐਸ ਡੀ ਐਲ ਦੀਆਂ ਸੇਵਾਵਾਂ ਲਈਆਂ ਹਨ। ਮੈਂਬਰਾਨ ਕਿਰਪਾ ਕਰਕੇ ਧਿਆਨ ਦੇਣ ਕਿ ਈ-ਵੋਟਿੰਗ ਸ਼ੁੱਕਰਵਾਰ 7 ਅਗਸਤ, 2026 ਨੂੰ ਸਵੇਰੇ 9.00 ਵਜੇ ਆਈ ਐਸ ਟੀ ਸ਼ੁਰੂ ਹੋਵੇਗੀ ਅਤੇ ਐਤਵਾਰ 6 ਸਤੰਬਰ, 2026 ਨੂੰ 17.00 ਵਜੇ ਆਈ ਐਸ ਟੀ ਸਮਾਪਤ ਹੋਵੇਗੀ। ਜੇਕਰ ਈ-ਵੋਟਿੰਗ ਸੰਬੰਧੀ ਕੋਈ ਪ੍ਰਸ਼ਨ ਜਾਂ ਸਪੱਸ਼ਟੀਕਰਨ ਲੋੜੀਂਦਾ ਹੋਵੇ ਤਾਂ ਹੇਠ ਲਿਖੇ ਮਾਧਿਅਮ ਰਾਹੀਂ ਸੰਪਰਕ ਕੀਤਾ ਜਾ ਸਕਦਾ ਹੈ।

- ਐਨ ਐਸ ਡੀ ਐਲ ਹੈਲਪਡੈਸਕ evoting@nsdl.co.in 'ਤੇ ਬੇਨਤੀ ਭੇਜ ਕੇ ਟੋਲ ਫ੍ਰੀ ਨੰ: 1800 1020 990 ਅਤੇ 1800 22 4430 'ਤੇ ਸੰਪਰਕ ਕਰਕੇ।
- ਸੀ ਡੀ ਐਸ ਐਲ ਹੈਲਪਡੈਸਕ helpdesk evoting@cdslindia.com 'ਤੇ ਬੇਨਤੀ ਭੇਜ ਕੇ ਜਾਂ ਫੋਨ ਨੰ: 022 23058738 ਜਾਂ 022-43-23058542 'ਤੇ ਸੰਪਰਕ ਕਰਕੇ।
- ਸ਼ੇਅਰ ਧਾਰਕਾਂ ਲਈ ਅਕਸਰ ਪੁੱਛੇ ਜਾਂਦੇ ਪ੍ਰਸ਼ਨ (ਐਫ ਏ ਕਿਊਜ਼) ਅਤੇ ਈ-ਵੋਟਿੰਗ ਯੂਜ਼ਰ ਮੈਨੂਅਲ www.evoting.nsdl.com ਤੋਂ ਡਾਊਨਲੋਡਿੰਗ ਕਰਕੇ ਜਾਂ ਟੋਲ ਫ੍ਰੀ ਨੰ: 1800 1020 990 ਅਤੇ 1800 22 4430 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਈ-ਵੋਟਿੰਗ ਸੰਬੰਧੀ ਕਿਸੇ ਵੀ ਸਪੱਸ਼ਟੀਕਰਨ ਲਈ ਮੈਂਬਰ ਹਰਸ਼ਇੰਦਰ ਮੰਡਲੋਈ, ਕੰਪਨੀ ਸੈਕਟਰੀ ਅਤੇ ਕੰਪਲਾਇੰਸ ਅਧਿਕਾਰੀ ਨਾਲ cs@oswalgreens.com 'ਤੇ ਵੀ ਸੰਪਰਕ ਕਰ ਸਕਦੇ ਹਨ।

ਜਿਨ੍ਹਾਂ ਮੈਂਬਰਾਂ ਦੇ ਸ਼ੇਅਰ ਭੌਤਿਕ ਰੂਪ ਵਿਚ ਹਨ ਅਤੇ ਜਿਨ੍ਹਾਂ ਦੇ ਈ-ਮੇਲ ਪਤੇ ਰਜਿਸਟਰਾਰ ਅਤੇ ਸ਼ੇਅਰ ਟ੍ਰਾਂਸਫਰ ਏਜੰਟ ਕੋਲ ਦਰਜ ਹਨ, ਉਹ ਪੋਸਟ ਬੈਲੇਟ ਨੋਟਿਸ ਵਿਚ ਦਰਸਾਏ ਅਨੁਸਾਰ ਆਪਣੇ ਈ-ਮੇਲ ਪਤੇ ਅਪਡੇਟ ਕਰਵਾ ਲੈਣ।

ਪੋਸਟਲ ਬੈਲੇਟ ਰਾਹੀਂ ਹੋਈ ਵੋਟਿੰਗ ਦਾ ਨਤੀਜਾ ਮੰਗਲਵਾਰ 8 ਸਤੰਬਰ, 2026 ਤੱਕ ਜਾਂ ਇਸ ਤੋਂ ਪਹਿਲਾਂ ਘੋਸ਼ਿਤ ਕੀਤਾ ਜਾਵੇਗਾ ਅਤੇ ਇਹ ਨਤੀਜਾ ਕੰਪਨੀ ਦੀ ਵੈੱਬਸਾਈਟ www.oswalgreens.com ਅਤੇ ਨੈਸ਼ਨਲ ਸਕਿਉਰਟੀਜ਼ ਡਿਪਾਜ਼ਟਰੀ ਲਿਮਟਿਡ ("ਐਨ ਐਸ ਡੀ ਐਲ") ਦੀ ਵੈੱਬਸਾਈਟ 'ਤੇ ਉਪਲਬਧ ਹੋਵੇਗਾ ਅਤੇ ਇਸ ਦੀ ਜਾਣਕਾਰੀ ਇਕੋ ਸਮੇਂ ਸਟਾਕ ਐਕਸਚੇਂਜ ਨੂੰ ਵੀ ਭੇਜੀ ਜਾਵੇਗੀ।

ਵਾਸਤੇ ਓਸਵਾਲ ਗ੍ਰੀਨਟੈੱਕ ਲਿਮਟਿਡ
ਸਹੀ/-
ਹਰਸ਼ਇੰਦਰ ਮੰਡਲੋਈ
ਕੰਪਨੀ ਸੈਕਟਰੀ ਅਤੇ ਕੰਪਲਾਇੰਸ ਅਫ਼ਸਰ
ਐਮ. ਨੰ: ਏ 81271

ਮਿਤੀ : 5 ਅਗਸਤ, 2026
ਸਥਾਨ : ਨਵੀਂ ਦਿੱਲੀ

ਵਿਕਰੀ/ਈ-ਨਿਲਾਮੀ ਨੋਟਿਸ

**ਆਭਾ ਇੰਡਸਟ੍ਰੀਜ਼ ਲਿਮਟਿਡ (ਇਨ ਲਿਕਵੀਡੇਸ਼ਨ 'ਚ)**
ਸੀ ਆਈ ਐੱਨ : ਯੂ 17290 ਪੀ ਬੀ 2010 ਪੀ ਐੱਲ ਸੀ 034005
ਰਜਿਸਟਰਡ ਪਤਾ : ਬੀ-VI-796/12/5, ਗਲੀ ਨੰ. 7, ਗਊਸ਼ਾਲਾ ਚੌਕ, ਮਾਧੋਪੁਰੀ, ਲੁਧਿਆਣਾ, ਪੰਜਾਬ, ਭਾਰਤ-141008
ਕੰਪਨੀ ਮਾਣਯੋਗ ਐਨ ਸੀ ਐੱਲ ਟੀ ਦੇ ਹੁਕਮ ਮਿਤੀ 21.04.2026 ਮੁਤਾਬਕ ਲਿਕਵੀਡੇਸ਼ਨ ਅਧੀਨ ਹੈ।

ਇਨਸੋਲਵੈਂਸੀ ਐਂਡ ਬੈਂਕਰਪਸੀ ਬੋਰਡ ਆਫ਼ ਇੰਡੀਆ (ਲਿਕਵਿਡੇਸ਼ਨ ਪ੍ਰਕਿਰਿਆ) ਨਿਯਮਾਵਲੀ, 2016 (ਜਿਵੇਂ ਕਿ ਆਈ ਬੀ ਬੀ ਆਈ (ਲਿਕਵੀਡੇਸ਼ਨ ਪ੍ਰਕਿਰਿਆ) (ਸੋਧ/ਦੂਜੀ ਸੋਧ) ਨਿਯਮਾਵਲੀ, 2025 ਅਤੇ 2026 ਸਮੇਤ ਸੋਧਿਆ ਗਿਆ ਹੈ) ਦੇ ਨਿਯਮ 32 ਦੀ ਧਾਰਾ (ਏ), ਨਿਯਮ 33 ਦੇ ਉਪ-ਨਿਯਮ (1) ਅਤੇ ਅਨੁਸੂਚੀ 9 ਦੇ ਅਨੁਸਾਰ, ਕਾਰਪੋਰੇਟ ਦੇਣਦਾਰ ਦੀਆਂ ਸੰਪਤੀਆਂ ਨੂੰ ਵੱਖ-ਵੱਖ ਸੰਪਤੀ ਵਰਗਾਂ ਵਜੋਂ ਅਤੇ/ਜਾਂ ਸਮੂਹਿਕ ਤੌਰ 'ਤੇ ਵੇਚਣਾ; ਇਹ ਵਿਕਰੀ ਮਾਣਯੋਗ ਐਨ ਸੀ ਐਲ ਟੀ ਦੁਆਰਾ 21.04.2026 ਦੇ ਆਪਣੇ ਹੁਕਮ ਰਾਹੀਂ ਨਿਯੁਕਤ ਲਿਕਵੀਡੇਟਰ ਸ੍ਰੀ ਰਾਜੇਸ਼ ਮਹਿਰੂ ਦੁਆਰਾ ਈ-ਨਿਲਾਮੀ ਪਲੇਟਫਾਰਮ https://baanknet.com/ ਰਾਹੀਂ ਕੀਤੀ ਜਾਵੇਗੀ।

| ਵਿਸ਼ੇਸ਼ | ਵੇਰਵੇ |
|---|---|
| | ਸਾਰੇ ਐੱਸਟਸ (ਜ਼ਮੀਨ ਅਤੇ ਇਮਾਰਤ ਪਲਾਂਟ ਅਤੇ ਮਸ਼ੀਨਰੀ, ਮੋਟਰ ਵਾਹਨ) |
| 29 ਏ ਯੋਗ ਦਸਤਾਵੇਜ਼ ਨਾਲ ਆਨਲਾਈਨ ਬੋਲੀ ਬਿਨੈਕਾਰ ਨੂੰ ਜਮ੍ਹਾਂ ਕਰਨਾ | 06/08/2026 (12.00 ਵਜੇ ਸ਼ਾਮ) ਤੋਂ 26/08/2026 (05.00 ਵਜੇ ਸ਼ਾਮ) ਤੱਕ |
| ਸਾਈਟ ਦਾ ਨਿਰੀਖਣ | 06/08/2026 ਤੋਂ 25/08/2026 ਸ਼ਾਮ 5.00 ਵਜੇ ਤੱਕ (ਚਾਹਵਾਨ ਬੋਲੀਕਾਰ ਅਤੇ ਲਿਕਵੀਡੇਟਰ ਦੀ ਪੁਸ਼ਟੀ ਤੋਂ 48 ਘੰਟੇ ਅਗਾਊਂ ਨੋਟਿਸ ਦੀ ਪ੍ਰਾਪਤੀ ਕਿਸੇ ਵੀ ਕੰਮ ਕਾਜ ਵਾਲ ਦਿਨ) |
| ਈ ਐੱਮ ਡੀ (ਬਿਆਨਾ ਰਕਮ ਜਮ੍ਹਾਂ) ਦਾ ਜਮ੍ਹਾਂ ਕਰਨਾ | 26.08.2026 ਨੂੰ ਜਾਂ ਪਹਿਲਾਂ ਸ਼ਾਮ 5.00 ਵਜੇ ਤੱਕ |
| ਨਿਲਾਮੀ ਦੀ ਮਿਤੀ ਅਤੇ ਸਮਾਂ | ਸ਼ੁੱਕਰਵਾਰ 28.08.2026, ਸਵੇਰੇ 11.00 ਵਜੇ ਤੋਂ ਸ਼ਾਮ 3.00 ਵਜੇ ਤੱਕ (ਅਸੀਮਤ ਹਰੇਕ ਪੰਜ ਮਿੰਟ ਦੇ ਵਾਧੇ ਨਾਲ) |
| ਉਚਤਮ ਬੋਲੀ ਦੀ ਘੋਸ਼ਣਾ | 29.08.2026 |
| ਸਫਲ ਬੋਲੀਕਾਰ/ਲੈਟਰ ਆਫ ਇੰਟੈਂਟ ਜਾਰੀ ਕਰਨ ਦੀ ਘੋਸ਼ਣਾ | 31.08.2026 |
| ਲਿਕਵੀਡੇਟਰ ਦਾ ਪਤਾ ਅਤੇ ਈ ਮੇਲ | 2761/II, ਗੁਰਦੇਵ ਨਗਰ, ਲੁਧਿਆਣਾ, ਪੰਜਾਬ-141001 cirp.aabhaindustries@gmail.com |

**ਐੱਸਟਸ ਦਾ ਵੇਰਵਾ**

ਆਭਾ ਇੰਡਟ੍ਰੀਜ਼ ਲਿਮਟਿਡ (ਲਿਕਵੀਡੇਸ਼ਨ 'ਚ) (ਕਾਰਪੋਰੇਟ ਡੈਬਟਰ) ਦੇ ਐੱਸਟਸ ਦੀ ਵਿਕਰੀ ਆਈ ਬੀ ਬੀ ਆਈ ਲਿਕਵੀਡੇਸ਼ਨ ਪ੍ਰੋਸੈੱਸ ਰੈਗੂਲੇਸ਼ਨਜ਼, 2016 ਦੇ ਲਿਕਵੀਡੇਸ਼ਨ ਅਸਟੇਟ ਦੇ ਹਿੱਸੇ ਵਜੋਂ ਜ਼ਮੀਨ ਅਤੇ ਇਮਾਰਤ, ਪਲਾਂਟ ਅਤੇ ਮਸ਼ੀਨਰੀ ਅਤੇ ਮੋਟਰ ਵਾਹਨ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਉੱਥੇ ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਅਤੇ ਬਿਨਾਂ ਰਿਕੋਰਸ ਦੇ ਅਧਾਰ 'ਤੇ ਹੋਵੇਗੀ।

| ਬਲਾਕ | ਐੱਸਟਸ ਦਾ ਵੇਰਵਾ | ਨਿਲਾਮੀ ਦੀ ਮਿਤੀ ਅਤੇ ਸਮਾਂ | ਰਾਖਵੀਂ ਕੀਮਤ (ਆਈ ਐੱਨ ਆਰ) | ਰਕਮ ਬਿਆਨਾ ਜਮ੍ਹਾਂ (ਆਈ ਐੱਨ ਆਰ) |
|---|---|---|---|---|
| ਏ | ਫੈਕਟਰੀ ਦੀ ਜ਼ਮੀਨ ਅਤੇ ਇਮਾਰਤ ਪਿੰਡ ਰਾਣੀਆਂ ਸਬ-ਤਹਿਸੀਲ ਕੂਮ ਕਲਾਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ (14 ਕਨਾਲ 11 ਮਰਲਾ/8802.75 ਵਰਗ ਗਜ਼) ਲੁਧਿਆਣਾ, ਚੰਡੀਗੜ੍ਹ ਰੋਡ ਤੋਂ 1.8 ਕਿਲੋਮੀਟਰ ਤੱਕ/ਟਿੱਪਣੀ : ਪਰਮਾਨੈਂਟ ਇੰਜ਼ਕਸ਼ਨਰੀ : ਸਾਂਝਾ ਲਾਂਘਾ (ਸਿਵਲ ਸੂਟ ਨੰ. 93/2017) ਸਾਈਟ ਦਾ ਖੇਤਰਫਲ 8411 ਵਰਗ ਗਜ਼। | ਸ਼ੁੱਕਰਵਾਰ 28.08.2026 11.00 ਵਜੇ ਸਵੇਰ ਤੋਂ 03.00 ਵਜੇ ਸ਼ਾਮ ਤੱਕ (5 ਮਿੰਟਾਂ ਦੇ ਹਰੇਕ ਅਸੀਮਿਤ ਵਾਧੇ ਨਾਲ) | 3,74,10,000/- | 37,41,000/- |
| ਬੀ | ਜ਼ਮੀਨ ਅਤੇ ਇਮਾਰਤ ਲੁਧਿਆਣਾ, ਰਾਹੋਂ ਰੋਡ, ਪਿੰਡ ਮੇਹਰਬਾਨ ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ (750 ਵਰਗ ਗਜ਼) ਇਰਰੈਗੂਲਰ (ਐੱਲ-ਸ਼ੇਪ) ਪਾਰਸਲ ; ਮੌਜੂਦਾ ਢਾਂਚਾ ਖੰਡਰ ਰੂਪ 'ਚ | | 92,50,000/- | 9,25,000/- |
| ਸੀ | ਪਲਾਟ ਅਤੇ ਮਸ਼ੀਨਰੀ ਪਿੰਡ ਰਾਣੀਆਂ-ਟੈਕਸਟਾਈਲ ਸਪਿੰਨਿੰਗ ਅਤੇ ਪੋਸਟ ਸਪਿੰਨਿੰਗ ਮਸ਼ੀਨਰੀ, ਯੂਟੀਲਿਟੀਜ, ਇਲੈਕਟ੍ਰੀਕਲ ਇੰਸਟਾਲੇਸ਼ਨਜ਼, ਕੰਪ੍ਰੈਸ਼ਰਜ਼, ਟਰਾਂਸਫਾਰਮਰ, ਡੀ ਜੀ ਸੈੱਟ ਅਤੇ ਅਲਾਈਡ ਇਨਫਰਾਸਟਰਕਚਰ : ਅਕਾਰਜਸ਼ੀਲ ਕੰਪੋਨੈਂਟਸ ਗੁਆਚੇ/ਨੁਕਸਾਨੇ, ਵੈਲਿਊ ਮੁੱਢਲਾ ਸਕਰੈਪ | | 57,00,000/- | 5,70,000/- |
| ਡੀ | ਮੋਟਰ ਵਾਹਨ-ਨਿਸ਼ਾਨ ਸਨੀ ਐਕਸ ਵੀ ਡੀਜ਼ਲ, ਔਸਤ ਹਾਲਤ ਤੋਂ ਹੇਠਾਂ (ਡਿਸਚਾਰਜ ਬੈਟਰੀ, ਨਾਨ-ਸਟਾਰਟਿੰਗ, ਪਿਚਕੇ ਹੋਏ ਟਾਇਰ) | | 1,00,000/- | 10,000/- |
| | **ਕੁੱਲ** | | 5,24,60,000/- | 52,46,000/- |

ਵਾਧੂ ਮੁੱਲ : ਬਲਾਕ ਏ ਰੁਪਏ-10,00,000/-, ਬਲਾਕ ਬੀ ਰੁਪਏ- 5,00,000/-, ਬਲਾਕ ਸੀ ਰੁਪਏ- 2,50,000/-; ਬਲਾਕ ਡੀ ਰੁਪਏ- 5,000/- ਰਾਖਵੀਂ ਕੀਮਤ ਵਿੱਚ ਟੈਕਸ, ਜੀ ਐੱਸ ਟੀ, ਟੀ ਡੀ ਐੱਸ, ਲੇਵੀ, ਖਰਚੇ, ਡਿਊਟੀਆਂ, ਟ੍ਰਾਂਸਫਰ ਫੀਸਾਂ, ਸਟੈਂਪ ਡਿਊਟੀ, ਰਜਿਸਟ੍ਰੇਸ਼ਨ ਫੀਸਾਂ, ਪ੍ਰੀਮੀਅਮ ਆਦਿ ਸ਼ਾਮਲ ਨਹੀਂ ਹਨ। ਵਾਰੰਟੀਆਂ ਅਤੇ ਮੁਆਵਜ਼ੇ ਬਾਰੇ ਕੋਈ ਭਰੋਸਾ ਜਾਂ ਦਾਅਵਾ ਨਹੀਂ ਦਿੱਤਾ ਜਾਵੇਗਾ। ਬੋਲੀਕਾਰ ਕਿਸੇ ਵੀ ਜਾਂ ਸਾਰੇ ਸੰਪਤੀ ਬਲਾਕਾਂ (ਏ ਤੋਂ ਡੀ) ਲਈ ਵੱਖਰੀਆਂ ਬੋਲੀਆਂ ਜਮ੍ਹਾਂ ਕਰ ਸਕਦੇ ਹਨ।

ਈ-ਨਿਲਾਮੀ ਦੀਆਂ ਸ਼ਰਤਾਂ ਅਤੇ ਨਿਯਮ ਹੇਠਾਂ ਦਿੱਤੇ ਅਨੁਸਾਰ ਹਨ:

1. ਚਾਹਵਾਨ ਬੋਲੀਕਾਰਾਂ ਲਈ ਇਹ ਜ਼ਰੂਰੀ ਹੈ ਕਿ ਉਹ ਆਪਣੇ ਮੋਬਾਈਲ ਨੰਬਰ ਅਤੇ ਈਮੇਲ-ਆਈ ਡੀ ਦੀ ਵਰਤੋਂ ਕਰਕੇ https://ibbi.baanknet.com/eauction-ibbi/home 'ਤੇ ਰਜਿਸਟ੍ਰੇਸ਼ਨ ਕਰਨ। ਸਹਾਇਤਾ: support.baanknet@psballiance.com / ਮੋਬਾਈਲ: +91 8291220220
2. ਲਿਕਵੀਡੇਟਰ ਦੇ ਸੰਪਰਕ ਵੇਰਵੇ: ਸ੍ਰੀ ਰਾਜੇਸ਼ ਮਹਿਰੂ, ਈਮੇਲ: cirp.aabhaindustries@gmail.com, rajesh_mehru@yahoo.co.in, ਮੋਬਾਈਲ: +91 94170-02428, +91 79733-36338
3. ਈ-ਨਿਲਾਮੀ ਪ੍ਰਕਿਰਿਆ ਦਾ ਸੰਪੂਰਨ ਮੈਮੋਰੰਡਮ ਦਸਤਾਵੇਜ਼ - ਜਿਸ ਵਿੱਚ ਸੰਪਤੀਆਂ ਦੇ ਵੇਰਵੇ, ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਅਤੇ ਵਚਨਬੱਧਤਾ ਫਾਰਮ ਅਤੇ ਆਮ ਨਿਯਮ ਤੇ ਸ਼ਰਤਾਂ ਸ਼ਾਮਲ ਹਨ - https://ibbi.baanknet.com/eauction-ibbi/home 'ਤੇ ਉਪਲਬਧ ਹੈ।
4. ਚਾਹਵਾਨ ਬੋਲੀਕਾਰਾਂ ਨੂੰ ਆਪਣੀ ਬੋਲੀ ਜਮ੍ਹਾਂ ਕਰਾਉਣ ਤੋਂ ਪਹਿਲਾਂ ਮਾਲਕੀ-ਹੱਕ (ਟਾਈਟਲ), ਸਥਾਨਕ/ਵਿਧਾਨਕ ਅਥਾਰਟੀਆਂ ਦੇ ਬਕਾਏ, ਬੋਝ, ਮੁਕੱਦਮੇਬਾਜ਼ੀ, ਭੌਤਿਕ ਸਥਿਤੀ, ਖੇਤਰਫਲ ਵਿੱਚ ਅੰਤਰ ਆਦਿ ਬਾਰੇ ਸੁਤੰਤਰ ਤੌਰ 'ਤੇ ਪੜਤਾਲ ਕਰਨੀ ਚਾਹੀਦੀ ਹੈ; ਨਾਲ ਹੀ, ਲਾਗੂ ਹੋਣ ਵਾਲੇ ਲੀਜ਼/ਤਬਾਦਲੇ ਦੇ ਖਰਚੇ (ਜੇ ਕੋਈ ਹੋਣ) ਉਹਨਾਂ ਨੂੰ ਖੁਦ ਚੁੱਕਣੇ ਪੈਣਗੇ ਅਤੇ ਉਹਨਾਂ ਨੂੰ ਆਪਣੇ ਖਰਚੇ 'ਤੇ ਅਤੇ ਆਪਣੀ ਤਸੱਲੀ ਅਨੁਸਾਰ ਸੰਪਤੀਆਂ ਦਾ ਨਿਰੀਖਣ ਕਰਨਾ ਹੋਵੇਗਾ। ਸੰਪਤੀਆਂ ਦਾ ਨਿਰੀਖਣ ਲਿਕਵੀਡੇਟਰ ਅਤੇ ਉਸ ਦੀ ਟੀਮ ਨਾਲ ਸੰਪਰਕ ਕਰਕੇ ਕੀਤਾ ਜਾ ਸਕਦਾ ਹੈ।
5. ਵਿਕਰੀ ਨੋਟਿਸ ਨੂੰ ਈ-ਨਿਲਾਮੀ ਪ੍ਰਕਿਰਿਆ ਸੰਬੰਧੀ ਜਾਣਕਾਰੀ ਦਸਤਾਵੇਜ਼ ਦੇ ਨਾਲ ਪੜ੍ਹਿਆ ਜਾਣਾ ਚਾਹੀਦਾ ਹੈ, ਅਤੇ ਇਸ ਵਿੱਚ ਭਾਗ ਲੈਣ ਦਾ ਮਤਲਬ ਹੈ ਕਿ ਭਾਗੀਦਾਰ ਇਸ ਵਿੱਚ ਦਰਜ ਨਿਯਮਾਂ ਅਤੇ ਸ਼ਰਤਾਂ ਨਾਲ ਸਹਿਮਤ ਹੈ; ਇਹ ਦਸਤਾਵੇਜ਼ https://ibbi.baanknet.com/eauction-ibbi/home 'ਤੇ ਉਪਲਬਧ ਹੈ।
6. ਸੰਭਾਵੀ ਬੋਲੀਕਾਰ ਬੈਂਕਨੈੱਟ ਨਿਲਾਮੀ ਪਲੇਟਫਾਰਮ ਰਾਹੀਂ ਹੀ 'ਬਿਆਨਾ ਰਾਸ਼ੀ' (EMD) ਜਮ੍ਹਾਂ ਕਰਵਾਏਗਾ।
7. ਸੰਭਾਵੀ ਬੋਲੀਕਾਰ ਇਲੈਕਟ੍ਰਾਨਿਕ ਨਿਲਾਮੀ ਪਲੇਟਫਾਰਮ ਰਾਹੀਂ ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾਉਣਗੇ, ਜਿਸ ਵਿੱਚ ਇਨਸੋਲਵੈਂਸੀ ਐਂਡ ਬੈਂਕਰਪਸੀ ਕੋਡ, 2016 ਦੀ ਧਾਰਾ 29 ਏ ਤਹਿਤ ਯੋਗਤਾ ਬਾਰੇ ਘੋਸ਼ਣਾ-ਪੱਤਰ ਸ਼ਾਮਲ ਹੋਵੇਗਾ।
ਇਸ ਮੌਕੇ ਤੇ ਹਰਚੰਦ ਸਿੰਘ ਮੁੰਧ ਸੀਨੀਅਰ ਮੀਤ ਪ੍ਰਧਾਨ ਪੰਜਾਬ, ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ, ਰਘੁਵੀਰ ਸਿੰਘ ਖੈਰਾ ਤਹਿਸੀਲ ਪ੍ਰਧਾਨ ਮਹਿਤਪੁਰ ਰਾਜ ਕੁਮਾਰ ਮਹਿਮੀ ਜ਼ਿਲ੍ਹਾ ਜਨਰਲ ਸਕੱਤਰ ਜਲੰਧਰ ਦਿਹਾਤੀ ਬਲਜੀਤ ਸਿੰਘ ਲਿੱਤਰਾਂ ਮੀਤ ਪ੍ਰਧਾਨ ਜਲੰਧਰ,ਅਮਨਦੀਪ ਸਿੰਘ ,ਰਤਨ ਰਾਏ, ਗੁਰਮਿੰਦਰ ਸਿੰਘ ਸੁਖਦੇਵ ਸਿੰਘ ਦਰਗਾਬਾਦ ਦਲਵੀਰ ਸਿੰਘ ਆਲੋਵਾਲ, ਜੋਗਾ ਸਿੰਘ ਲੱਧੜ ਆਦਿ ਆਗੂ ਹਾਜ਼ਰ ਸਨ।

# 8 ਨੂੰ ਕਰਵਾਈ ਜਾ ਰਹੀ ਮੈਰਾਥਨ ਦੌੜ ਹੁਣ 11 ਨੂੰ ਹੋਵੇਗੀ : ਡਿਪਟੀ ਕਮਿਸ਼ਨਰ



**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ 8 ਅਗਸਤ ਨੂੰ ਕਰਵਾਈ ਜਾ ਰਹੀ ਮੈਰਾਥਨ ਦੌੜ ਹੁਣ 11 ਅਗਸਤ ਨੂੰ ਕਰਵਾਈ ਜਾਵੇਗੀ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹਾ ਪ੍ਰਸ਼ਾਸਨਿਕ ਕੰਪਲੈਕਸ ਨਵਾਂਸ਼ਹਿਰ ਦੇ ਮੀਟਿੰਗ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਮੀਟਿੰਗ ਦੌਰਾਨ ਮੈਰਾਥਨ ਦੇ ਰੂਟ ਪਲਾਨ, ਸੁਰੱਖਿਆ ਪ੍ਰਬੰਧਾਂ ਅਤੇ ਹੋਰ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕਰਦਿਆਂ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਇਹ ਮੈਰਾਥਨ 11 ਅਗਸਤ ਦਿਨ ਮੰਗਲਵਾਰ ਨੂੰ ਸਵੇਰੇ 6:00 ਵਜੇ ਆਈ ਟੀ ਆਈ ਗਰਾਊਂਡ ਨਵਾਂਸ਼ਹਿਰ ਤੋਂ ਸ਼ੁਰੂ ਹੋਵੇਗੀ। ਮੈਰਾਥਨ ਦੌੜ ਦਾ ਰੂਟ ਆਈ ਟੀ ਆਈ ਗਰਾਊਂਡ ਤੋਂ ਚੰਡੀਗੜ੍ਹ ਰੋਡ ਹੁੰਦਾ ਹੋਇਆ ਸ਼ੂਗਰ ਮਿੱਲ ਵਿਖੇ ਯੂ-ਟਰਨ ਲੈ ਕੇ ਵਾਪਸ ਆਈ ਟੀ ਆਈ ਗਰਾਊਂਡ ਵਿਖੇ ਹੀ ਸਮਾਪਤ ਹੋਵੇਗਾ।

ਉਨ੍ਹਾਂ ਦੱਸਿਆ ਕਿ ਮੈਰਾਥਨ ਵਿੱਚ ਪਹਿਲੇ 15 ਸਥਾਨ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਜਾਵੇਗਾ ਅਤੇ ਸਾਰੇ ਭਾਗੀਦਾਰਾਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਮੈਰਾਥਨ ਦੀ ਸਮਾਪਤੀ ਤੋਂ ਬਾਅਦ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਨਸ਼ੀਲੇ ਪਦਾਰਥਾਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਭਾਸ਼ਣ ਮੁਕਾਬਲੇ ਵੀ ਕਰਵਾਏ ਜਾਣਗੇ।

# ਗਲੋਬਲ ਸਿੱਖ ਕੌਂਸਲ ਵੱਲੋਂ ਪੰਥਕ ਏਕਤਾ ਲਈ ਅਕਾਲ ਤਖਤ ਦੇ ਜਥੇਦਾਰ ਨੂੰ ਅਪੀਲ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਿੱਖਾਂ ਦੀ ਵੱਡੀ ਵਸੋਂ ਵਾਲੇ ਦੁਨੀਆ ਦੇ ਕਰੀਬ 30 ਦੇਸ਼ਾਂ ਦੀਆਂ ਕੌਮੀ ਸਿੱਖ ਸੰਸਥਾਵਾਂ ਦੀ ਨੁਮਾਇੰਦਗੀ ਕਰਨ ਵਾਲੀ ਗਲੋਬਲ ਸਿੱਖ ਕੌਂਸਲ (ਜੀ.ਐਸ.ਸੀ.) ਨੇ ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਰਸਮੀ ਅਪੀਲ ਕਰਦਿਆਂ ਕਿਹਾ ਹੈ ਕਿ ਪੰਜਾਬ ਦੇ ਸਿਆਸੀ ਅਤੇ ਸਮਾਜਿਕ ਜੀਵਨ ਦੇ ਇਸ ਗੰਭੀਰ ਅਤੇ ਨਾਜ਼ੁਕ ਮੋੜ 'ਤੇ ਉਹ ਸਿੱਖ ਪੰਥ ਦੀ ਸਿੱਧੀ ਅਗਵਾਈ ਆਪਣੇ ਹੱਥਾਂ ਵਿੱਚ ਲੈਣ।ਹਾਲ ਹੀ ਵਿੱਚ ਹੋਈ ਗਲੋਬਲ ਸਿੱਖ ਕੌਂਸਲ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਦੌਰਾਨ ਵਿਸਥਾਰਤ ਵਿਚਾਰ-ਵਟਾਂਦਰੇ ਉਪਰੰਤ ਪ੍ਰਵਾਨ ਕੀਤੀ ਗਈ ਇਸ ਅਪੀਲ ਵਿੱਚ ਸਿੱਖ ਰਾਜਨੀਤਕ ਵਿਵਸਥਾ ਦੇ ਸਿਧਾਂਤਕ ਆਧਾਰ 'ਮੀਰੀ-ਪੀਰੀ', ਭਾਵ ਸੰਸਾਰਕ ਜ਼ਿੰਮੇਵਾਰੀ ਅਤੇ ਅਧਿਆਤਮਿਕ ਅਧਿਕਾਰ ਦੇ ਅਟੁੱਟ ਸੁਮੇਲ, ਅਤੇ 'ਗੁਰੂ ਗ੍ਰੰਥ-ਗੁਰੂ ਪੰਥ' ਦੇ ਸਿਧਾਂਤ ਦਾ ਹਵਾਲਾ ਦਿੱਤਾ ਗਿਆ ਹੈ। ਇਸ ਸਿਧਾਂਤ ਅਨੁਸਾਰ ਸਿਧਾਂਤਕ ਮਾਮਲਿਆਂ ਵਿੱਚ ਅੰਤਿਮ ਅਧਿਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕੋਲ ਹੈ, ਜਦਕਿ ਸਮੂਹਿਕ ਫ਼ੈਸਲੇ ਲੈਣ ਦਾ ਅਧਿਕਾਰ ਗੁਰੂ ਪੰਥ ਨੂੰ ਸੌਂਪਿਆ ਗਿਆ ਹੈ। ਕੌਂਸਲ ਨੇ ਕਿਹਾ ਕਿ ਜਦੋਂ ਵੀ ਸਿੱਖ ਪੰਥ ਦੀ ਹੋਂਦ ਨੂੰ ਗੰਭੀਰ ਖ਼ਤਰਾ ਦਰਪੇਸ਼ ਹੋਇਆ ਹੈ ਤਾਂ ਉਸ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਇਤਿਹਾਸਕ ਤੌਰ 'ਤੇ ਪੰਥ ਦੀ ਅਗਵਾਈ ਦੀ ਇਹ ਭੂਮਿਕਾ ਨਿਭਾਈ ਹੈ। ਇਹ ਅਧਿਕਾਰ ਸਰਵਉੱਚ ਸੰਸਾਰਕ ਤਖ਼ਤ ਦੇ ਜਥੇਦਾਰ ਵੱਲੋਂ ਗੁਰੂ ਪੰਥ ਦੇ ਬੁਲਾਰੇ ਵਜੋਂ ਵਰਤਿਆ ਜਾਂਦਾ ਰਿਹਾ ਹੈ।ਪੰਜਾਬ ਅਤੇ ਵਿਦੇਸ਼ਾਂ ਵਿੱਚ ਪੰਥਕ ਧਿਰਾਂ ਵੱਲੋਂ ਪ੍ਰਗਟਾਈ ਜਾ ਰਹੀ ਵਧਦੀ ਚਿੰਤਾ ਦਾ ਹਵਾਲਾ ਦਿੰਦਿਆਂ, ਜਿਸ ਵਿੱਚ ਵੱਖ-ਵੱਖ ਹਲਕਿਆਂ ਵੱਲੋਂ ਹਾਲ ਹੀ ਵਿੱਚ ਪੰਥਕ ਏਕਤਾ ਲਈ ਦਿੱਤੇ ਗਏ ਸੱਦੇ ਵੀ ਸ਼ਾਮਲ ਹਨ, ਖ਼ਾਸ ਤੌਰ 'ਤੇ ਪੰਥਕ ਕੌਂਸਲ ਦੀ ਚੇਅਰਪਰਸਨ ਬੀਬੀ ਸਤਵੰਤ ਕੌਰ ਅਤੇ ਭਾਈ ਜਗਤਾਰ ਸਿੰਘ ਹਵਾਰਾ ਵੱਲੋਂ ਕੀਤੀ ਗਈ ਏਕਤਾ ਦੀ ਅਪੀਲ ਦੇ ਹਵਾਲੇ ਨਾਲ ਗਲੋਬਲ ਸਿੱਖ ਕੌਂਸਲ ਨੇ ਪੰਜਾਬ ਵਿੱਚ ਅਕਾਲੀ ਸਿਆਸਤ ਦੇ ਵੱਡੇ ਪੱਧਰ 'ਤੇ ਹੋਏ ਖਿੰਡਾਅ ਵੱਲ ਧਿਆਨ ਦਿਵਾਇਆ ਹੈ। ਕੌਂਸਲ ਨੇ ਕਿਹਾ ਕਿ 'ਅਕਾਲੀ ਦਲ' ਨਾਂਅ ਵਾਲੀਆਂ 11 ਰਜਿਸਟਰਡ ਸਿਆਸੀ ਪਾਰਟੀਆਂ ਵਿੱਚੋਂ ਸਿਰਫ਼ ਸ਼੍ਰੋਮਣੀ ਅਕਾਲੀ ਦਲ (ਬਾਦਲ) ਹੀ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕੋਈ ਸੀਟ ਜਿੱਤ ਸਕਿਆ ਸੀ ਅਤੇ ਉਸ ਨੇ ਕੁੱਲ 117 ਵਿਧਾਨ ਸਭਾ ਸੀਟਾਂ ਵਿੱਚੋਂ ਸਿਰਫ਼ ਤਿੰਨ ਸੀਟਾਂ ਹੀ ਹਾਸਲ ਕੀਤੀਆਂ ਸਨ। ਗਲੋਬਲ ਸਿੱਖ ਕੌਂਸਲ ਦਾ ਕਹਿਣਾ ਹੈ ਕਿ ਅਕਾਲੀ ਸਿਆਸਤ ਦੀ ਇਸ ਵੰਡ ਨੇ ਪੰਥ ਨੂੰ ਅਜਿਹੇ ਸਮੇਂ ਪ੍ਰਭਾਵਸ਼ਾਲੀ ਸਿਆਸੀ ਨੁਮਾਇੰਦਗੀ ਤੋਂ ਵਾਂਝਾ ਕਰ ਦਿੱਤਾ ਹੈ, ਜਦੋਂ ਪੰਜਾਬ ਨੂੰ ਲਗਾਤਾਰ ਵਧ ਰਹੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਲਿਖਤੀ ਅਪੀਲ ਉੱਪਰ ਪ੍ਰਧਾਨ ਡਾ. ਕੰਵਲਜੀਤ ਕੌਰ, ਯੂ.ਕੇ., ਉਪ ਪ੍ਰਧਾਨ ਪਰਮਜੀਤ ਸਿੰਘ ਬੇਦੀ, ਯੂ.ਐਸ.ਏ., ਸਕੱਤਰ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਤੇ ਖਜ਼ਾਨਚੀ ਹਰਸਰਨ ਸਿੰਘ, ਦੋਵੇਂ ਭਾਰਤ ਤੋਂ, ਅਤੇ ਐਡਵੋਕੇਟ ਜਗੀਰ ਸਿੰਘ, ਮਲੇਸ਼ੀਆ, ਨੇ ਦਸਤਖ਼ਤ ਕੀਤੇ ਹਨ। ਉਨ੍ਹਾਂ ਨੇ ਗਲੋਬਲ ਸਿੱਖ ਕੌਂਸਲ ਵੱਲੋਂ ਜਥੇਦਾਰ ਸਾਹਿਬ ਦੇ ਵਿਚਾਰ ਲਈ ਕਈ ਠੋਸ ਕਦਮਾਂ ਦੀ ਤਜਵੀਜ਼ ਵੀ ਪੇਸ਼ ਕੀਤੀ ਹੈ। ਕੌਂਸਲ ਨੇ ਸੁਝਾਅ ਦਿੱਤਾ ਹੈ ਕਿ ਜਥੇਦਾਰ ਸਾਹਿਬ 'ਆਦੇਸ਼' ਜਾਰੀ ਕਰਕੇ ਸਾਰੀਆਂ ਸਰਗਰਮ ਅਕਾਲੀ ਦਲ ਧਿਰਾਂ ਨੂੰ ਇਕਜੁੱਟ ਹੋਣ ਲਈ ਰਸਮੀ ਸੱਦਾ ਦੇਣ।

# ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਕੀਤਾ ਜਾਗਰੂਕ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸਿਵਲ ਸਰਜਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਸ਼ਵ ਬ੍ਰੈਸਟਫੀਡਿੰਗ ਹਫ਼ਤਾ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਡਾ. ਹਰਪ੍ਰੀਤ ਸਿੰਘ ਨੇ ਕਿਹਾ ਕਿ ਜਨਮ ਤੋਂ ਤੁਰੰਤ ਬਾਅਦ



ਬੱਚੇ ਨੂੰ ਮਾਂ ਦਾ ਪਹਿਲਾ ਗਾੜ੍ਹਾ ਦੁੱਧ (ਕੋਲੋਸਟ੍ਰਮ) ਜ਼ਰੂਰ ਪਿਲਾਉਣਾ ਚਾਹੀਦਾ ਹੈ, ਕਿਉਂਕਿ ਇਹ ਬੱਚੇ ਲਈ ਪਹਿਲਾ ਟੀਕਾ ਮੰਨਿਆ ਜਾਂਦਾ ਹੈ ਅਤੇ ਬਿਮਾਰੀਆਂ ਤੋਂ ਬਚਾਅ ਲਈ ਬਹੁਤ ਲਾਭਦਾਇਕ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਹਰ ਮਾਂ ਨੂੰ ਆਪਣੇ ਬੱਚੇ ਨੂੰ ਜਨਮ ਤੋਂ ਪਹਿਲੇ ਛੇ ਮਹੀਨੇ ਤੱਕ ਸਿਰਫ਼ ਮਾਂ ਦਾ ਦੁੱਧ ਹੀ ਪਿਲਾਉਣਾ ਚਾਹੀਦਾ ਹੈ। ਇਸ ਦੌਰਾਨ ਬੱਚੇ ਨੂੰ ਪਾਣੀ, ਸ਼ਹਿਦ, ਘੁੱਟੀ ਜਾਂ ਕੋਈ ਹੋਰ ਖੁਰਾਕ ਨਹੀਂ ਦੇਣੀ ਚਾਹੀਦੀ। ਛੇ ਮਹੀਨੇ ਪੂਰੇ ਹੋਣ ਤੋਂ ਬਾਅਦ ਪੂਰਕ ਆਹਾਰ ਸ਼ੁਰੂ ਕੀਤਾ ਜਾਵੇ ਅਤੇ ਮਾਂ ਦਾ ਦੁੱਧ ਦੋ ਸਾਲ ਜਾਂ ਇਸ ਤੋਂ ਵੱਧ ਸਮੇਂ ਤੱਕ ਜਾਰੀ ਰੱਖਿਆ ਜਾਵੇ।ਡਾ. ਹਰਪ੍ਰੀਤ ਸਿੰਘ ਨੇ ਕਿਹਾ ਕਿ ਮਾਂ ਦਾ ਦੁੱਧ ਬੱਚੇ ਨੂੰ ਪੂਰਾ ਪੋਸ਼ਣ ਪ੍ਰਦਾਨ ਕਰਦਾ ਹੈ, ਰੋਗ-ਪ੍ਰਤੀਰੋਧਕ ਸਮਰੱਥਾ ਵਧਾਉਂਦਾ ਹੈ ਅਤੇ ਮਾਂ ਤੇ ਬੱਚੇ ਵਿਚਕਾਰ ਮਜ਼ਬੂਤ ਭਾਵਨਾਤਮਕ ਰਿਸ਼ਤਾ ਕਾਇਮ ਕਰਦਾ ਹੈ। ਉਨ੍ਹਾਂ ਸਮੂਹ ਗਰਭਵਤੀ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਕਰਮਚਾਰੀਆਂ ਦੀ ਸਲਾਹ ਅਨੁਸਾਰ ਬ੍ਰੈਸਟਫੀਡਿੰਗ ਨੂੰ ਅਪਣਾਉਣ ਅਤੇ ਆਪਣੇ ਬੱਚਿਆਂ ਦੀ ਸਿਹਤਮੰਦ ਪਰਵਰਿਸ਼ ਨੂੰ ਯਕੀਨੀ ਬਣਾਉਣ।

# ਸਪੀਕਰ ਨੇ ਵਿਦਿਆਰਥੀਆਂ ਨੂੰ ਜੀਵਨ ਲਈ ਟੀਚੇ ਨਿਰਧਾਰਤ ਕਰਨ ਦੀ ਦਿੱਤੀ ਸਲਾਹ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਵਿਧਾਨ ਸਭਾ ਕੰਪਲੈਕਸ ਵਿੱਚ ਆਏ ਸਕੂਲੀ ਵਿਦਿਆਰਥੀਆਂ ਨਾਲ ਇੱਕ ਇੰਟਰਐਕਟਿਵ



ਸੈਸ਼ਨ ਦੀ ਮੇਜ਼ਬਾਨੀ ਕੀਤੀ। ਇਸ ਵਫ਼ਦ ਵਿੱਚ ਵੈਸਟ ਪੁਆਇੰਟ ਸਕੂਲ, ਸੰਧਵਾਂ, ਜ਼ਿਲ੍ਹਾ ਫਰੀਦਕੋਟ ਦੇ ਵਿਦਿਆਰਥੀ ਸ਼ਾਮਲ ਸਨ। ਸਕੂਲੀ ਵਿਦਿਆਰਥੀਆਂ ਨੂੰ ਪੰਜਾਬ ਵਿਧਾਨ ਸਭਾ ਕੰਪਲੈਕਸ ਵਿੱਚ ਸੱਦਾ ਦੇਣ ਦਾ ਮੁੱਖ ਉਦੇਸ਼ ਨੌਜਵਾਨਾਂ ਵਿੱਚ ਵਿਧਾਨਕ ਪ੍ਰਕਿਰਿਆ ਅਤੇ ਰਾਜਨੀਤੀ ਵਿੱਚ ਸਰਗਰਮ ਭਾਗੀਦਾਰੀ ਪ੍ਰਤੀ ਦਿਲਚਸਪੀ ਪੈਦਾ ਕਰਨਾ ਸੀ। ਇਸ ਮੌਕੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਅਤੇ ਜਸਵੰਤ ਸਿੰਘ ਗੱਜਣ ਮਾਜਰਾ ਵੀ ਮੌਜੂਦ ਸਨ।ਇਕੱਠ ਨੂੰ ਸੰਬੋਧਨ ਕਰਦਿਆਂ, ਸਪੀਕਰ ਸੰਧਵਾਂ ਨੇ ਵਿਦਿਆਰਥੀਆਂ ਨੂੰ ਜੀਵਨ ਦੇ ਸ਼ੁਰੂਆਤੀ ਪੜਾਅ ਦੌਰਾਨ ਰਾਜਨੀਤਿਕ ਪ੍ਰਣਾਲੀ ਨੂੰ ਸਮਝਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਇੱਕ ਪਵਿੱਤਰ ਸਥਾਨ ਹੈ ਜਿੱਥੇ ਸੂਬੇ ਦੀ ਭਲਾਈ ਲਈ ਕਾਨੂੰਨ ਬਣਾਏ ਜਾਂਦੇ ਹਨ। ਵਿਦਿਆਰਥੀਆਂ ਨੇ ਲਾਈਵ ਵਿਧਾਨਕ ਚਰਚਾਵਾਂ ਦੇਖਣ ਉਪਰੰਤ ਬੇਹੱਦ ਖੁਸ਼ੀ ਦਾ ਪ੍ਰਗਟਾਵਾ ਕੀਤਾ। ਸਵਾਲ-ਜਵਾਬ ਸੈਸ਼ਨ ਦੌਰਾਨ, ਸਪੀਕਰ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੌਰਾਨ ਰੱਟੇ ਨਾ ਮਾਰਨ ਦੀ ਸਲਾਹ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਟੀਚੇ ਜਲਦ ਤੋਂ ਜਲਦ ਨਿਰਧਾਰਤ ਕਰਨ ਅਤੇ ਆਪਣੇ ਸਕੂਲ ਦੇ ਦਿਨਾਂ ਦੌਰਾਨ ਇੱਕ ਖੁਸ਼ਹਾਲ ਭਵਿੱਖ ਯਕੀਨੀ ਬਣਾਉਣ ਲਈ ਸਖ਼ਤ ਮਿਹਨਤ ਕਰਨ।

# ਪੰਜਾਬੀ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ ਲਈ ਅਰਜ਼ੀਆਂ ਦੀ ਮੰਗ

**ਹੁਸ਼ਿਆਰਪੁਰ (ਓ ਪੀ ਰਾਣਾ)**- ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜ਼ਿਲ੍ਹਾ ਪੱਧਰ 'ਤੇ ਪੰਜਾਬੀ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ ਜਾਣੇ ਹਨ। ਇਨ੍ਹਾਂ ਮੁਕਾਬਲਿਆਂ ਲਈ



ਰਜਿਸਟ੍ਰੇਸ਼ਨ ਫਾਰਮ ਭਰ ਕੇ ਅਤੇ ਸਕੂਲ ਮੁੱਖੀ ਵੱਲੋਂ ਤਸਦੀਕ ਕਰਵਾ ਕੇ ਮਿਤੀ: 20 ਅਗਸਤ, 2026 ਤੱਕ ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ ਪਤਾ- ਮਿੰਨੀ ਸਕੱਤਰੇਤ, ਤੀਜੀ ਮੰਜ਼ਿਲ, ਕਮਰਾ ਨੰ 307-308 ਹੁਸ਼ਿਆਰਪੁਰ ਵਿਖੇ ਦਸਤੀ ਜਾਂ ਈ. ਮੇਲ ਰਾਹੀਂ ਭੇਜੇ ਜਾ ਸਕਦੇ ਹਨ। ਇਨ੍ਹਾਂ ਮੁਕਾਬਲਿਆਂ ਬਾਰੇ ਵਿਸਥਾਰ ਨਾਲ ਗੱਲ ਕਰਦਿਆਂ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਵਿਦਿਆਰਥੀਆਂ ਵਿੱਚ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਵਿੱਚ ਰੁਚੀ ਵਿਕਸਤ ਕਰਨ ਲਈ ਭਾਸ਼ਾ ਵਿਭਾਗ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜ਼ਿਲ੍ਹੇ ਪੱਧਰ 'ਤੇ ਇਹ ਮੁਕਾਬਲੇ ਕਰਵਾਏ ਜਾ ਰਹੇ ਹਨ। ਜ਼ਿਲ੍ਹੇ ਵਿਚ ਕੇਵਲ ਬਾਰਵੀਂ ਕਲਾਸਾਂ ਤੱਕ ਦੇ ਵਿਦਿਆਰਥੀ ਭਾਗ ਲੈ ਸਕਦੇ ਹਨ। ਸਕੂਲ ਹਰੇਕ ਵਿਧਾ ਜਿਵੇਂ ਕਵਿਤਾ, ਕਹਾਣੀ, ਲੇਖ, ਕਵਿਤਾ ਗਾਇਨ ਵਿਚ ਕੇਵਲ ਦੋ ਵਿਦਿਆਰਥੀ ਹੀ ਭੇਜ ਸਕਦਾ ਹੈ। ਹਰ ਵਰਗ ਵਿੱਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਕ੍ਰਮਵਾਰ 1000/-, 750/- ਅਤੇ 500/- ਰੁਪਏ ਨਕਦ ਜਾਂ ਭਾਸ਼ਾ ਵਿਭਾਗ ਦੀਆਂ ਕਿਤਾਬਾਂ ਦੇ ਸੈੱਟਾਂ ਅਤੇ ਪ੍ਰਮਾਣ ਪੱਤਰਾਂ ਨਾਲ ਸਨਮਾਨਤ ਕੀਤਾ ਜਾਵੇਗਾ। ਜ਼ਿਲ੍ਹਾ ਪੱਧਰ 'ਤੇ ਪਹਿਲੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀ ਰਾਜ ਪੱਧਰ ਦੇ ਮੁਕਾਬਲੇ ਵਿਚ ਹਿੱਸਾ ਲੈਣਗੇ। ਉਨ੍ਹਾਂ ਦੱਸਿਆ ਕਿ ਮੁਕਾਬਲੇ 'ਚ ਭਾਗ ਲੈਣ ਲਈ ਕੋਈ ਵੀ ਫੀਸ ਨਹੀਂ ਹੈ। ਨਿਸ਼ਚਿਤ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਰਜਿਸਟ੍ਰੇਸ਼ਨ ਫਾਰਮ ਸਵੀਕਾਰ ਨਹੀਂ ਕੀਤੇ ਜਾਣਗੇ। ਹਰ ਵਰਗ ਲਈ ਵੱਖਰਾ-ਵੱਖਰਾ ਰਜਿਸਟ੍ਰੇਸ਼ਨ ਫਾਰਮ ਭੇਜਿਆ ਜਾਵੇ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰ. 97803-00172 ਅਤੇ ਤੇ ਸੰਪਰਕ ਕਰ ਲਿਆ ਜਾਵੇ।

# ਸਬਜ਼ੀ ਦੀ ਦੁਕਾਨ ਅੱਗੋਂ ਮੋਟਰਸਾਈਕਲ ਚੋਰੀ




**ਫਿਲੌਰ, (ਨਿਰਮਲ)** ਸਬਜ਼ੀ ਦੀ ਦੁਕਾਨ ਦੇ ਬਾਹਰ ਖੜ੍ਹਾ ਪਲੈਟੀਨਮ ਮੋਟਰਸਾਈਕਲ ਅਣਪਛਾਤੇ ਚੋਰ ਵੱਲੋਂ ਚੋਰੀ ਕਰ ਲਿਆ ਗਿਆ। ਪੀੜਤ ਨਿਰਮਲ ਪਾਲ ਨੇ ਦੱਸਿਆ ਕਿ ਉਹ ਮੋਟਰਸਾਈਕਲ ਦੁਕਾਨ ਬਾਹਰ ਖੜ੍ਹਾ ਕਰਕੇ ਆਲੂਆਂ ਦੀ ਬੋਰੀ ਲੈਣ ਅੰਦਰ ਗਏ ਅਤੇ ਵਾਪਸ ਆਉਣ 'ਤੇ ਮੋਟਰਸਾਈਕਲ ਗਾਇਬ ਮਿਲਿਆ। ਇਸ ਸੰਬੰਧੀ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਆਫ਼ਤਾਂ ਨਾਲ ਨਜਿੱਠਣ ਲਈ ਨੌਜਵਾਨਾਂ ਨੂੰ ਕੀਤਾ ਜਾ ਰਿਹਾ ਹੈ ਸਮਰੱਥ : ਜ਼ਿਲ੍ਹਾ ਪ੍ਰਸ਼ਾਸਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ, ਪੰਜਾਬ ਰਾਜ ਆਪਦਾ ਪ੍ਰਬੰਧਨ ਅਥਾਰਟੀ, ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ (ਮਗਸੀਪਾ) ਅਤੇ ਜ਼ਿਲ੍ਹਾ ਪ੍ਰਸ਼ਾਸਨ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਸਾਂਝੇ ਉਪਰਾਲੇ ਤਹਿਤ ਸ੍ਰੀ ਸੁਖਮਨੀ ਗਰੁੱਪ ਆਫ਼ ਕਾਲਜ, ਡੇਰਾਬੱਸੀ ਵਿਖੇ ਚੱਲ ਰਹੇ ਯੁਵਾ ਆਪਦਾ ਮਿੱਤਰ ਸਿਖਲਾਈ ਪ੍ਰੋਗਰਾਮ ਦੇ ਤੀਜੇ ਦਿਨ ਐੱਨ ਐੱਸ ਐੱਸ



ਵਲੰਟੀਅਰਾਂ ਨੂੰ ਆਫ਼ਤ ਪ੍ਰਬੰਧਨ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ ਬਾਰੇ ਵਿਹਾਰਕ ਸਿਖਲਾਈ ਦਿੱਤੀ ਗਈ। ਇਹ ਸਿਖਲਾਈ ਪ੍ਰੋਗਰਾਮ ਮਗਸੀਪਾ ਦੇ ਕੋਰਸ ਡਾਇਰੈਕਟਰ ਅਤੇ ਸੀਨੀਅਰ ਕੰਸਲਟੈਂਟ ਪ੍ਰੋ. ਯੋਗ ਸਿੰਘ ਭਾਟੀਆ ਦੀ ਅਗਵਾਈ ਅਤੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਵਾਇਆ ਜਾ ਰਿਹਾ ਹੈ। ਇਸ ਦਾ ਉਦੇਸ਼ ਨੌਜਵਾਨਾਂ ਅਤੇ ਆਮ ਲੋਕਾਂ ਨੂੰ ਅਜਿਹੀਆਂ ਐਮਰਜੈਂਸੀ ਸਥਿਤੀਆਂ ਲਈ ਤਿਆਰ ਕਰਨਾ ਹੈ, ਤਾਂ ਜੋ ਬਾਹਰੀ ਸਹਾਇਤਾ ਪਹੁੰਚਣ ਤੋਂ ਪਹਿਲਾਂ ਹੀ ਉਹ ਸਥਾਨਕ ਪੱਧਰ 'ਤੇ ਆਫ਼ਤਾਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠ ਸਕਣ। ਤੀਜੇ ਦਿਨ ਦੌਰਾਨ ਆਪਦਾ ਪ੍ਰਬੰਧਨ ਮਾਹਿਰਾਂ ਵੱਲੋਂ ਵਲੰਟੀਅਰਾਂ ਨੂੰ ਬਿਜਲੀ ਡਿੱਗਣ ਦੇ ਕਾਰਨਾਂ, ਇਸ ਤੋਂ ਬਚਾਅ ਦੇ ਤਰੀਕਿਆਂ ਅਤੇ ਅਜਿਹੀ ਸਥਿਤੀ ਵਿੱਚ ਕੀ ਕਰਨਾ ਹੈ ਅਤੇ ਕੀ ਨਹੀਂ ਕਰਨਾ, ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਦੁਰਘਟਨਾਵਾਂ ਦੌਰਾਨ ਲੱਗਣ ਵਾਲੀਆਂ ਵੱਖ-ਵੱਖ ਕਿਸਮਾਂ ਦੀਆਂ ਸੱਟਾਂ ਦੀ ਸੰਭਾਲ ਅਤੇ ਮੁੱਢਲੀ ਸਹਾਇਤਾ ਦੇਣ ਦੀ ਵਿਹਾਰਕ ਸਿਖਲਾਈ ਵੀ ਕਰਵਾਈ ਗਈ।

# ਬਲਵੀਰ ਸਿੰਘ ਸ਼ਾਹਪੁਰ ਦੇ ਪਿਤਾ ਕੁਲਦੀਪ ਸਿੰਘ ਨੂੰ ਭਾਵਭਿੰਨੀ ਸ਼ਰਧਾਂਜਲੀ

**ਨੰਗਲ (ਸੁਰਜੀਤ ਸਿੰਘ ਢੇਰ)**- ਟਰੱਕ ਸੁਸਾਇਟੀ ਕੀਰਤਪੁਰ ਸਾਹਿਬ ਦੇ ਕਾਰਜਕਾਰੀ ਪ੍ਰਧਾਨ ਬਲਵੀਰ ਸਿੰਘ ਸ਼ਾਹਪੁਰ ਦੇ ਪਿਤਾ ਸਵਰਗਵਾਸੀ ਕੁਲਦੀਪ ਸਿੰਘ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਆਗੂਆਂ ਵੱਲੋਂ ਪਹੁੰਚ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਗੁਰਬਾਣੀ ਕੀਰਤਨ ਅਤੇ ਅਰਦਾਸ ਉਪਰੰਤ ਪਰਵਾਰ ਨਾਲ ਦੁੱਖ



ਸਾਂਝਾ ਕਰਦਿਆਂ ਆਗੂਆਂ ਨੇ ਮਰਹੂਮ ਦੀ ਸਾਦਗੀ, ਮਿਲਣਸਾਰ ਸੁਭਾਅ ਅਤੇ ਸਮਾਜ ਪ੍ਰਤੀ ਕੀਤੀਆਂ ਸੇਵਾਵਾਂ ਨੂੰ ਯਾਦ ਕੀਤਾ। ਸਾਬਕਾ ਸਿੱਖਿਆ ਮੰਤਰੀ ਡਾ. ਦਲਜੀਤ ਸਿੰਘ ਚੀਮਾ, ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ ਰਾਣਾ ਕੇਪੀ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਕਾਮਰੇਡ ਸੁਰਜੀਤ ਸਿੰਘ ਢੇਰ, ਕਪਿਲ ਮਹਿੰਦਲੀ, ਭੁਪਿੰਦਰ ਸਿੰਘ ਬਜਰੂੜ, ਕੁਲਦੀਪ ਸਿੰਘ ਭਾਗੋਵਾਲ, ਅਤੇ ਸੁਰਿੰਦਰ ਸਿੰਘ ਮਟੌਰ ਨੇ ਮਰਹੂਮ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਕੁਲਦੀਪ ਸਿੰਘ ਇੱਕ ਨੇਕਦਿਲ ਅਤੇ ਇੱਜ਼ਤਦਾਰ ਸ਼ਖਸੀਅਤ ਸਨ, ਜਿਨ੍ਹਾਂ ਨੇ ਆਪਣੀ ਸਾਰੀ ਜ਼ਿੰਦਗੀ ਸਾਦਗੀ ਅਤੇ ਸੇਵਾ ਭਾਵ ਨਾਲ ਬਿਤਾਈ।ਇਸ ਮੌਕੇ ਬਾਬਾ ਸਤਨਾਮ ਸਿੰਘ ਮੁੱਖ ਪ੍ਰਬੰਧਕ ਕਾਰ ਸੇਵਾ ਕਿਲਾ ਅਨੰਦਗੜ੍ਹ ਸਾਹਿਬ, ਐਡਵੋਕੇਟ ਹਰਦੇਵ ਸਿੰਘ ਹੈਪੀ ਵਧੀਕ ਮੈਨੇਜਰ ਤਖਤ ਸ਼੍ਰੀ ਕੇਸਗੜ੍ਹ ਸਾਹਿਬ, ਗੁਰਦੇਵ ਕੌਰ ਪਤਨੀ ਬਲਵੀਰ ਸਿੰਘ ਸ਼ਾਹਪੁਰ, ਨਾਜ਼ਰ ਸਿੰਘ, ਮੋਹਣ ਸਿੰਘ ਅਤੇ ਹੋਰ ਪਰਿਵਾਰਕ ਮੈਂਬਰ ਹਾਜ਼ਰ ਸਨ।ਇਸ ਤੋਂ ਇਲਾਵਾ ਐਡਵੋਕੇਟ ਵਿਸ਼ਾਲ ਸੈਣੀ, ਸੁਰਜੀਤ ਸਿੰਘ, ਸੁਖਵੀਰ ਸਿੰਘ ਮੈਨੇਜਰ ਬਾਬਾ ਗੁਰਦਿੱਤਾ, ਕੈਪਟਨ ਬਲਵੀਰ ਸਿੰਘ, ਸੁਰਿੰਦਰਪਾਲ ਕੋੜਾ, ਗਿਆਨੀ ਜਸਵੀਰ ਸਿੰਘ ਬੁਰਜ, ਕੁਲਵਿੰਦਰ ਸਿੰਘ ਬਿੱਟੂ, ਜਰਨੈਲ ਸਿੰਘ ਔਲਖ, ਬਾਬਾ ਜਰਨੈਲ ਸਿੰਘ, ਰਜਿੰਦਰ ਸਿੰਘ ਰਾਣਾ, ਭੁਪਿੰਦਰ ਸਿੰਘ ਬਜਰੂੜ, ਜਰਨੈਲ ਸਿੰਘ ਮੱਸੇਵਾਲ, ਕਸ਼ਮੀਰ ਸਿੰਘ, ਫੌਜੀ ਇੰਦਰਜੀਤ ਸਿੰਘ, ਪ੍ਰਿਤਪਾਲ ਸਿੰਘ ਗੰਡਾ, ਐਡਵੋਕੇਟ ਹਰਦੇਵ ਸਿੰਘ ਮੈਨੇਜਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,ਜਰਨੈਲ ਸਿੰਘ ਨੰਬਰਦਾਰ,ਮਲਕੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਪਤਵੰਤੇ ਵਿਅਕਤੀ ਅਤੇ ਟਰੱਕ ਸੁਸਾਇਟੀ ਨਾਲ ਸੰਬੰਧਤ ਮੈਂਬਰ ਹਾਜ਼ਰ ਹੋਏ।ਅੰਤ ਵਿੱਚ ਸਮੂਹ ਸੰਗਤ ਵੱਲੋਂ ਮਰਹੂਮ ਕੁਲਦੀਪ ਸਿੰਘ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ ਤੇ ਪਰਵਾਰ ਨੂੰ ਇਸ ਦੁੱਖ ਦੀ ਘੜੀ ਨੂੰ ਸਹਿਣ ਕਰਨ ਲਈ ਵਾਹਿਗੁਰੂ ਅੱਗੇ ਅਰਦਾਸ ਕੀਤੀ ਗਈ।

# ਐੱਚ ਐੱਮ ਵੀ ਵੱਲੋਂ ਵਿਦਿਆਰਥਣਾਂ ਲਈ ਹਵਨ ਯੱਗ ਤੇ ਓਰੀਐਂਟੇਸ਼ਨ ਸਮਾਰੋਹ

**ਜਲੰਧਰ (ਸ਼ੈਲੀ ਐਲਬਰਟ)** ਹੰਸ ਰਾਜ ਮਹਿਲਾ ਮਹਾਂ ਵਿਦਿਆਲਿਆ, ਜਲੰਧਰ ਦੇ ਪੋਸਟ ਗ੍ਰੈਜੂਏਟ ਵਿਭਾਗਾਂ ਵੱਲੋਂ ਨਵੇਂ ਅਕਾਦਮਿਕ ਸੈਸ਼ਨ ਦੇ ਸ਼ੁਭ ਆਰੰਭ ਮੌਕੇ ਨਵ-ਦਾਖ਼ਲਾ ਵਿਦਿਆਰਥਣਾਂ ਲਈ ਹਵਨ ਯੱਗ ਓਰੀਐਂਟੇਸ਼ਨ



ਸਮਾਰੋਹ ਦਾ ਗੰਭੀਰਤਾ ਅਤੇ ਗਰਿਮਾ ਨਾਲ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਵਿਦਿਆਰਥਣਾਂ ਨੂੰ ਮਹਾਂ ਵਿਦਿਆਲਿਆ ਦੀਆਂ ਸਮ੍ਰਿੱਧ ਅਕਾਦਮਿਕ ਪਰੰਪਰਾਵਾਂ, ਸੰਸਥਾਗਤ ਕਦਰਾਂ-ਕੀਮਤਾਂ, ਅਨੁਸ਼ਾਸਿਤ ਮਾਹੌਲ ਅਤੇ ਉਪਲਬਧ ਅਕਾਦਮਿਕ ਤੇ ਸਹਿ-ਅਕਾਦਮਿਕ ਸਹੂਲਤਾਂ ਨਾਲ ਜਾਣੂ ਕਰਵਾਉਣਾ ਸੀ। ਸਮਾਗਮ ਦੀ ਸ਼ੁਰੂਆਤ ਭਾਰਤੀ ਸੰਸਕ੍ਰਿਤੀ ਅਤੇ ਵੈਦਿਕ ਪਰੰਪਰਾ ਅਨੁਸਾਰ ਹਵਨ-ਯੱਗ ਨਾਲ ਹੋਈ। ਇਸ ਮੌਕੇ ਡਾ. ਮਮਤਾ, ਡਾ. ਅਸ਼ਮੀਨ ਕੌਰ, ਡਾ. ਸੀਮਾ ਮਰਵਾਹਾ ਅਤੇ ਡਾ. ਗਗਨਦੀਪ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਵੈਦਿਕ ਮੰਤਰੋਚਾਰ ਅਤੇ ਭਜਨ-ਕੀਰਤਨ ਦੇ ਮਾਹੌਲ ਵਿੱਚ ਪ੍ਰਿੰਸੀਪਲ, ਮੁੱਖ ਮਹਿਮਾਨ, ਪ੍ਰੋਫੈਸਰਾਂ, ਸਟਾਫ਼ ਮੈਂਬਰਾਂ ਅਤੇ ਨਵ-ਦਾਖ਼ਲਾ ਵਿਦਿਆਰਥਣਾਂ ਨੇ ਯੱਗ ਵਿੱਚ ਆਹੁਤੀਆਂ ਪਾ ਕੇ ਨਵੇਂ ਅਕਾਦਮਿਕ ਸੈਸ਼ਨ ਦੇ ਸਫਲ, ਗਿਆਨਮਈ ਅਤੇ ਮੰਗਲਮਈ ਹੋਣ ਦੀ ਅਰਦਾਸ ਕੀਤੀ। ਸਮੁੱਚਾ ਵਾਤਾਵਰਣ ਆਧਿਆਤਮਿਕ ਊਰਜਾ, ਸਕਾਰਾਤਮਕਤਾ ਅਤੇ ਉਤਸ਼ਾਹ ਨਾਲ ਭਰਪੂਰ ਹੋ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪ੍ਰਿੰਸੀਪਲ ਡਾ. (ਸ਼੍ਰੀਮਤੀ) ਏਕਤਾ ਖੋਸਲਾ ਹਾਜ਼ਰ ਸਨ। ਆਪਣੇ ਪ੍ਰੇਰਣਾਦਾਇਕ ਸੰਬੋਧਨ ਵਿੱਚ ਉਨ੍ਹਾਂ ਨੇ ਵਿਦਿਆਰਥਣਾਂ ਨੂੰ ਜੀਵਨ ਦੇ ਇਸ ਨਵੇਂ ਪੜਾਅ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੋਸਟ ਗ੍ਰੈਜੂਏਟ ਸਿੱਖਿਆ ਬੌਧਿਕ ਵਿਕਾਸ, ਖੋਜੀ ਦ੍ਰਿਸ਼ਟੀ ਅਤੇ ਸ਼ਖ਼ਸੀਅਤ ਨਿਰਮਾਣ ਦਾ ਮਹੱਤਵਪੂਰਨ ਪੜਾਅ ਹੈ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਸਮੇਂ ਦੀ ਸਹੀ ਵਰਤੋਂ ਕਰਨ, ਗਿਆਨ ਪ੍ਰਾਪਤੀ ਨੂੰ ਆਪਣਾ ਮੁੱਖ ਲਕਸ਼ ਬਣਾਉਣ, ਨੈਤਿਕ ਕਦਰਾਂ-ਕੀਮਤਾਂ ਨੂੰ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਤੇ ਰਾਸ਼ਟਰ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਇਮਾਨਦਾਰੀ ਨਾਲ ਨਿਭਾਉਣ ਦਾ ਸੰਦੇਸ਼ ਦਿੱਤਾ। ਇਹ ਓਰੀਐਂਟੇਸ਼ਨ ਅਤੇ ਦੀਕਸ਼ਾਰੰਭ ਸਮਾਰੋਹ ਨਵ-ਦਾਖ਼ਲਾ ਵਿਦਿਆਰਥਣਾਂ ਲਈ ਪ੍ਰੇਰਣਾਦਾਇਕ, ਗਿਆਨਵਰਧਕ ਅਤੇ ਯਾਦਗਾਰ ਸਾਬਤ ਹੋਇਆ ਅਤੇ ਨਵੇਂ ਅਕਾਦਮਿਕ ਸੈਸ਼ਨ ਦੀ ਸਫ਼ਲ ਸ਼ੁਰੂਆਤ ਦਾ ਸੰਦੇਸ਼ ਦਿੰਦਿਆਂ ਸੰਪੰਨ ਹੋਇਆ।

# ਨਜਾਇਜ਼ ਸ਼ਰਾਬ ਸਮੇਤ ਔਰਤ ਗ੍ਰਿਫ਼ਤਾਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਟਾਂਡਾ ਪੁਲਸ ਨੇ ਇੱਕ ਔਰਤ ਨੂੰ ਨਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ ਕੀਤਾ ਹੈ। ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਅਮਰਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਅਤੇ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਏ.ਐਸ.ਆਈ ਮੋਹਨ ਸਿੰਘ ਦੀ ਟੀਮ ਵੱਲੋਂ ਬਸਤੀ ਬੋਹੜਾਂ ਤੋਂ ਮਿਆਣੀ ਰੋਡ 'ਤੇ ਗ੍ਰਿਫ਼ਤਾਰ ਕੀਤੀ ਗਈ ਔਰਤ ਦੀ ਪਛਾਣ ਸੁਰਜੀਤ ਕੌਰ ਪਤਨੀ ਸੰਤਾ ਸਿੰਘ ਵਾਸੀ ਵਾਰਡ ਨੰਬਰ 3 ਮਿਆਣੀ ਵਜੋਂ ਹੋਈ ਹੈ ਅਤੇ ਉਕਤ ਔਰਤ ਪਾਸੋਂ 19 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕਰਕੇ ਉਸ ਦੇ ਖਿਲਾਫ ਆਬਕਾਰੀ ਐਕਟ ਅਧੀਨ ਮਾਮਲਾ ਦਰਜ ਕੀਤਾ ਗਿਆ ਹੈ।

# ਮਨੌਲੀ ਨੂੰ ਦਿੱਤੀ ਭਾਵਪੂਰਨ ਅੰਤਿਮ ਵਿਦਾਇਗੀ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੇ ਸੂਚਨਾ ਤੇ ਲੋਕ ਸੰਪਰਕ ਅਫ਼ਸਰ ਅਮਨਪ੍ਰੀਤ ਸਿੰਘ ਮਨੌਲੀ ਦੇ ਪਿਤਾ ਮਨਜੀਤ ਸਿੰਘ ਮਨੌਲੀ ਨੂੰ ਅੰਤਿਮ ਵਿਦਾਇਗੀ ਦਿੱਤੀ ਗਈ। ਇਸ ਮੌਕੇ



ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਅਧਿਕਾਰੀ, ਪੱਤਰਕਾਰ ਅਤੇ ਪਰਿਵਾਰ ਦੇ ਹਮਦਰਦ ਵੱਡੀ ਗਿਣਤੀ ਵਿੱਚ ਮੌਜੂਦ ਰਹੇ। 72 ਵਰ੍ਹਿਆਂ ਦੇ ਮਨਜੀਤ ਸਿੰਘ ਮਨੌਲੀ ਕੱਲ੍ਹ ਸ਼ਾਮ ਪਰਵਾਰ ਨੂੰ ਵਿਛੋੜਾ ਦੇ ਗਏ ਸਨ। ਉਹ ਆਪਣੇ ਪਿੱਛੇ ਪਤਨੀ,ਸਪੁੱਤਰ ਅਤੇ ਧੀ ਦਾ ਹਸਦਾ ਵਸਦਾ ਪਰਿਵਾਰ ਛੱਡ ਗਏ ਹਨ। ਪਿੰਡ ਮਨੌਲੀ ਦੇ ਸ਼ਮਸ਼ਾਨਘਾਟ ਵਿਖੇ ਉਨ੍ਹਾਂ ਦੀ ਚਿਤਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਅਮਨਪ੍ਰੀਤ ਸਿੰਘ ਮਨੌਲੀ ਨੇ ਦਿੱਤੀ। ਇਸ ਮੌਕੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਵੱਲੋਂ ਵਧੀਕ ਡਾਇਰੈਕਟਰ ਰਣਦੀਪ ਸਿੰਘ ਆਹਲੂਵਾਲੀਆ, ਜੁਆਇੰਟ ਡਾਇਰੈਕਟਰ ਪ੍ਰੀਤ ਕੰਵਲ ਸਿੰਘ ਅਤੇ ਇਸ਼ਵਿੰਦਰ ਸਿੰਘ, ਡਿਪਟੀ ਡਾਇਰੈਕਟਰ ਪ੍ਰਭਦੀਪ ਸਿੰਘ ਨੱਥੋਵਾਲ ਅਤੇ ਸ਼ੇਰਜੰਗ ਸਿੰਘ ਹੁੰਦਲ ਸਮੇਤ ਵਿਭਾਗ ਦੇ ਹੋਰ ਅਧਿਕਾਰੀ ਮੌਜੂਦ ਸਨ। ਸਵਰਗੀ ਮਨਜੀਤ ਸਿੰਘ ਮਨੌਲੀ ਨਮਿਤ ਅੰਤਮ ਅਰਦਾਸ ਗੁਰਦੁਆਰਾ ਢੱਕੀ ਸਾਹਿਬ, ਸੈਕਟਰ 82 (ਪਿਛਲੇ ਪਾਸੇ ਜੇ ਐਲ ਪੀ ਐਲ. ਦਫ਼ਤਰ), ਏਅਰਪੋਰਟ ਰੋਡ ਐਸ ਏ ਐਸ ਨਗਰ ਮੋਹਾਲੀ ਵਿਖੇ 16 ਅਗਸਤ ਨੂੰ ਦੁਪਹਿਰ 12 ਤੋਂ 2 ਵਜੇ ਤੱਕ ਹੋਵੇਗੀ।

# ਇਨੋਸੈਂਟ ਹਾਰਟਸ ਸਕੂਲ ਵੱਲੋਂ ਗਰਲਜ਼ ਜ਼ੋਨਲ ਟੂਰਨਾਮੈਂਟ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਸਕੂਲ, ਲੋਹਾਰਾਂ ਵੱਲੋਂ ਪੀਐਸਈਬੀ ਗਰਲਜ਼ ਜ਼ੋਨਲ ਟੂਰਨਾਮੈਂਟ (ਜ਼ੋਨ ਨੰਬਰ 2) ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਦੌਰਾਨ ਵਾਲੀਬਾਲ, ਖੋ-ਖੋ ਅਤੇ ਕ੍ਰਿਕਟ ਦੀਆਂ ਅੰਡਰ-14, ਅੰਡਰ-17 ਅਤੇ ਅੰਡਰ-19



ਵਰਗ ਦੀਆਂ ਪ੍ਰਤੀਯੋਗਿਤਾਵਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਵੱਖ-ਵੱਖ ਸਕੂਲਾਂ ਦੀਆਂ ਵਿਦਿਆਰਥਣਾਂ ਨੇ ਉਤਸ਼ਾਹ ਨਾਲ ਭਾਗ ਲਿਆ। ਟੂਰਨਾਮੈਂਟ ਵਿੱਚ ਲਗਭਗ 543 ਖਿਡਾਰੀਆਂ ਨੇ ਭਾਗ ਲਿਆ। ਵਾਲੀਬਾਲ ਵਿੱਚ 15 ਸਕੂਲਾਂ ਦੀਆਂ 15 ਟੀਮਾਂ ਦੇ ਕਰੀਬ 180 ਖਿਡਾਰੀ, ਖੋ-ਖੋ ਵਿੱਚ 14 ਸਕੂਲਾਂ ਦੀਆਂ 14 ਟੀਮਾਂ ਦੇ ਲਗਭਗ 168 ਖਿਡਾਰੀ ਅਤੇ ਕ੍ਰਿਕਟ ਵਿੱਚ 13 ਸਕੂਲਾਂ ਦੀਆਂ 13 ਟੀਮਾਂ ਦੇ ਕਰੀਬ 195 ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਾਲੀਬਾਲ ਅੰਡਰ-14 ਵਰਗ ਵਿੱਚ ਇਨੋਸੈਂਟ ਹਾਰਟਸ ਸਕੂਲ, ਲੋਹਾਰਾਂ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਅੰਡਰ-17 ਅਤੇ ਅੰਡਰ-19 ਵਰਗ ਵਿੱਚ ਉਪ-ਵਿਜੇਤਾ ਰਿਹਾ।

ਖੋ-ਖੋ ਅੰਡਰ-19 ਵਰਗ ਵਿੱਚ ਸਕੂਲ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਕ੍ਰਿਕਟ ਅੰਡਰ-19 ਵਰਗ ਵਿੱਚ ਇਨੋਸੈਂਟ ਹਾਰਟਸ ਸਕੂਲ, ਲੋਹਾਰਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਅੰਡਰ-14 ਵਿੱਚ ਦੂਜਾ ਅਤੇ ਅੰਡਰ-17 ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।

ਇਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਵਿੱਚ ਖੇਡਾਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਡਿਪਟੀ ਡਾਇਰੈਕਟਰ ਸਪੋਰਟਸ ਸ੍ਰੀ ਰਾਜੀਵ ਪਾਲੀਵਾਲ ਨੇ ਖਿਡਾਰੀਆਂ ਦੀ ਖੇਡ ਭਾਵਨਾ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਸੁਸ਼੍ਰੀ ਸ਼ਾਲੂ ਸਹਿਗਲ ਨੇ ਜੇਤੂਆਂ ਅਤੇ ਭਾਗੀਦਾਰਾਂ ਨੂੰ ਵਧਾਈ ਦਿੱਤੀ, ਜਦਕਿ ਸਪੋਰਟਸ ਕੋਆਰਡੀਨੇਟਰ ਸ੍ਰੀ ਸੰਜੀਵ ਭਾਰਦਵਾਜ ਨੇ ਆਯੋਜਨ ਟੀਮ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।ਸਮਾਪਤੀ ਸਮਾਰੋਹ ਦੌਰਾਨ ਜੇਤੂ ਅਤੇ ਉਪ-ਜੇਤੂ ਟੀਮਾਂ ਨੂੰ ਸਨਮਾਨਤ ਕੀਤਾ ਗਿਆ।

# ਜ਼ੋਨ ਪੱਧਰੀ ਖੇਡ ਟੂਰਨਾਮੈਂਟ 'ਚ ਸਟੇਟ ਪਬਲਿਕ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ

**ਸ਼ਾਹਕੋਟ (ਗਿਆਨ ਸੈਦਪੁਰੀ)**- ਜ਼ੋਨ ਨੰਬਰ 16 ਦੇ 70ਵੇਂ ਜ਼ੋਨ ਪੱਧਰੀ ਖੇਡ ਟੂਰਨਾਮੈਂਟ ਵਿੱਚ ਸਟੇਟ ਪਬਲਿਕ ਸਕੂਲ, ਸ਼ਾਹਕੋਟ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ-19 ਬੈਡਮਿੰਟਨ ਵਰਗ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਟੂਰਨਾਮੈਂਟ ਦੀ ਸ਼ੁਰੂਆਤ ਪੀਐਮ ਸ੍ਰੀ ਸਰਕਾਰੀ ਹਾਈ ਸਕੂਲ ਰੂਪੇਵਾਲ ਵਿਖੇ ਹੋਈ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਬੈਡਮਿੰਟਨ ਖਿਡਾਰੀਆਂ ਨੇ ਭਾਗ ਲਿਆ। ਸਕੂਲ ਦੇ ਚੇਅਰਮੈਨ ਡਾ. ਨਰੋਤਮ ਸਿੰਘ, ਉਪ ਚੇਅਰਪਰਸਨ ਡਾ. ਗਗਨਦੀਪ ਕੌਰ ਅਤੇ ਪ੍ਰਿੰਸੀਪਲ ਕੰਵਰ ਨੀਲਕਮਲ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਲਗਾਤਾਰ ਪ੍ਰੇਰਿਤ ਕਰਦੇ ਰਹਿੰਦੇ ਹਨ। ਇਸੇ ਉਤਸ਼ਾਹ ਦਾ ਨਤੀਜਾ ਹੈ ਕਿ ਸਕੂਲ ਦੇ ਖਿਡਾਰੀਆਂ ਨੇ ਇਸ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜਿੱਤ ਆਪਣੇ ਨਾਮ ਕੀਤੀ। ਅੰਡਰ-19 ਵਰਗ ਵਿੱਚ ਕੋਚ ਸ਼ੁਭਮ ਦੀ ਅਗਵਾਈ ਹੇਠ ਦਾਨਿਸ਼ ਭਨੋਟ, ਰਿਤੁਰਾਜ ਅਤੇ ਸ਼ਿਵਾਂਸ਼ ਮਿੱਤਲ ਨੇ ਬਿਹਤਰੀਨ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ। ਖਿਡਾਰੀਆਂ ਨੇ ਪੂਰੇ ਟੂਰਨਾਮੈਂਟ ਦੌਰਾਨ ਖੇਡ ਭਾਵਨਾ, ਅਨੁਸ਼ਾਸਨ ਅਤੇ ਟੀਮ ਵਰਕ ਦਾ



ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਪ੍ਰਾਪਤੀ 'ਤੇ ਸਕੂਲ ਪ੍ਰਬੰਧਕ ਕਮੇਟੀ ਅਤੇ ਅਧਿਆਪਕਾਂ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰਿੰਸੀਪਲ ਕੰਵਰ ਨੀਲਕਮਲ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਹ ਸਫਲਤਾ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾਸਰੋਤ ਹੈ। ਉਨ੍ਹਾਂ ਇਸ ਸਫਲਤਾ ਦਾ ਸਿਹਰਾ ਖਿਡਾਰੀਆਂ, ਕੋਚਾਂ ਅਤੇ ਮਾਪਿਆਂ ਨੂੰ ਦਿੰਦਿਆਂ ਕਿਹਾ ਕਿ ਸਕੂਲ ਸਿੱਖਿਆ ਦੇ ਨਾਲ-ਨਾਲ ਖੇਡਾਂ ਨੂੰ ਵੀ ਬਰਾਬਰ ਮਹੱਤਵ ਦਿੰਦਾ ਹੈ ਅਤੇ ਵਿਦਿਆਰਥੀਆਂ ਨੂੰ ਹਰ ਖੇਤਰ ਵਿੱਚ ਅੱਗੇ ਵਧਣ ਲਈ ਲਗਾਤਾਰ ਉਤਸ਼ਾਹਿਤ ਕਰਦਾ ਹੈ।

ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਕੰਵਰ ਨੀਲਕਮਲ ਨੇ ਜੇਤੂ ਖਿਡਾਰੀਆਂ ਦਾਨਿਸ਼ ਭਨੋਟ, ਸ਼ਿਵਾਂਸ਼ ਮਿੱਤਲ ਅਤੇ ਰਿਤੁਰਾਜ ਨੂੰ ਵਧਾਈ ਦਿੱਤੀ, ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਸਨਮਾਨਤ ਕੀਤਾ। ਸਕੂਲ ਪਰਵਾਰ ਨੇ ਇਸ ਉਪਲਬਧੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਆਉਣ ਵਾਲੀਆਂ ਪ੍ਰਤੀਯੋਗਿਤਾਵਾਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਦੀ ਆਸ ਜਤਾਈ। ਇਹ ਵੀ ਜ਼ਿਕਰਯੋਗ ਹੈ ਕਿ ਸਟੇਟ ਪਬਲਿਕ ਸਕੂਲ ਦੇ ਸਾਰੇ ਬੈਡਮਿੰਟਨ ਖਿਡਾਰੀ ਸਕੂਲ ਤੋਂ ਬਾਅਦ ਪ੍ਰਤਾਪ ਬੈਡਮਿੰਟਨ ਸਟੇਡੀਅਮ ਵਿੱਚ ਕੋਚ ਪ੍ਰਦੀਪ ਨਈਅਰ ਬੱਬਾ, ਮਯੰਕ ਰਿਹਾਨ ਅਤੇ ਰਾਹੁਲ ਭਨੋਟ ਦੀ ਅਗਵਾਈ ਹੇਠ ਨਿਯਮਿਤ ਸਿਖਲਾਈ ਲੈ ਰਹੇ ਹਨ, ਜਿਸ ਦਾ ਨਤੀਜਾ ਹੁਣ ਮੁਕਾਬਲਿਆਂ ਵਿੱਚ ਸਾਫ਼ ਨਜ਼ਰ ਆ ਰਿਹਾ ਹੈ।

# ਬਲਟਾਣਾ ਚੌਂਕੀ ਇੰਚਾਰਜ ਖ਼ਿਲਾਫ਼ ਮੁੱਖ ਮੰਤਰੀ ਕੋਲ ਸ਼ਿਕਾਇਤ

## ਆਮਦਨ ਤੋਂ ਵੱਧ ਜਾਇਦਾਦ ਤੇ ਕਥਿਤ ਭ੍ਰਿਸ਼ਟਾਚਾਰ ਦੀ ਜਾਂਚ ਦੀ ਮੰਗ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਬਲਟਾਣਾ ਚੌਂਕੀ ਦੇ ਇੰਚਾਰਜ ਸਬ-ਇੰਸਪੈਕਟਰ ਹਰਜਿੰਦਰ ਸਿੰਘ ਖ਼ਿਲਾਫ਼ ਢਕੋਲੀ ਨਿਵਾਸੀ ਪ੍ਰਮੋਦ ਬਜਾਜ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਲਿਖਤੀ ਸ਼ਿਕਾਇਤ ਭੇਜ ਕੇ ਗੰਭੀਰ ਦੋਸ਼ ਲਗਾਏ ਹਨ।

ਸ਼ਿਕਾਇਤ ਵਿੱਚ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਉਣ ਦੇ ਨਾਲ-ਨਾਲ ਦੋਸ਼ ਸਾਬਤ ਹੋਣ ਦੀ ਸੂਰਤ ਵਿੱਚ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤਕਰਤਾ ਦਾ ਦੋਸ਼ ਹੈ ਕਿ ਸੰਬੰਧਿਤ ਪੁਲਿਸ ਅਧਿਕਾਰੀ ਨੇ ਆਪਣੇ ਅਹੁਦੇ ਦਾ ਦੁਰਵਰਤੋਂ ਕਰਦਿਆਂ ਕਥਿਤ ਤੌਰ 'ਤੇ ਗੈਰ-ਕਾਨੂੰਨੀ ਵਸੂਲੀਆਂ, ਹਫ਼ਤਾ ਵਸੂਲੀ ਅਤੇ ਹੋਰ ਭ੍ਰਿਸ਼ਟ ਤਰੀਕਿਆਂ ਰਾਹੀਂ ਵੱਡੀ ਮਾਤਰਾ ਵਿੱਚ ਚੱਲ ਅਤੇ ਅਚੱਲ ਸੰਪਤੀ ਬਣਾਈ ਹੈ। ਸ਼ਿਕਾਇਤ ਵਿੱਚ ਇਹ ਵੀ ਜ਼ਿਕਰ ਕੀਤਾ ਗਿਆ ਹੈ ਕਿ ਸਬ-ਇੰਸਪੈਕਟਰ ਖ਼ਿਲਾਫ਼ ਪਹਿਲਾਂ ਦਰਜ ਇੱਕ ਵਿਜੀਲੈਂਸ ਮਾਮਲਾ ਅਜੇ ਅਦਾਲਤ ਵਿੱਚ ਵਿਚਾਰ ਅਧੀਨ ਹੈ। ਪ੍ਰਮੋਦ ਬਜਾਜ ਨੇ ਇਹ ਵੀ ਦੋਸ਼ ਲਗਾਇਆ ਹੈ ਕਿ ਡਿਊਟੀ ਦੌਰਾਨ ਹੋਟਲ ਕਾਰੋਬਾਰੀਆਂ ਅਤੇ ਹੋਰ ਵਪਾਰੀਆਂ ਨੂੰ ਡਰਾ-ਧਮਕਾ ਕੇ ਕਥਿਤ ਤੌਰ 'ਤੇ ਪੈਸਿਆਂ ਦੀ ਗੈਰ-ਕਾਨੂੰਨੀ ਵਸੂਲੀ ਕੀਤੀ ਜਾਂਦੀ ਹੈ। ਸ਼ਿਕਾਇਤ ਅਨੁਸਾਰ, 3 ਅਗਸਤ 2026 ਨੂੰ ਬਲਟਾਣਾ ਦੇ ਇੱਕ ਨਿੱਜੀ ਹੋਟਲ ਵਿੱਚ ਕਥਿਤ ਵਸੂਲੀ ਦਾ ਵਿਰੋਧ ਕਰਨ 'ਤੇ ਕੁਝ ਮਹਿਲਾਵਾਂ ਅਤੇ ਨੌਜਵਾਨ ਲੜਕੀਆਂ ਨਾਲ ਕੁੱਟਮਾਰ ਕੀਤੀ ਗਈ, ਜਿਸ ਦੀ ਸੀ ਸੀ ਟੀ ਵੀ ਵੀਡੀਓ ਸੋਸ਼ਲ ਮੀਡੀਆ 'ਤੇ ਵੀ ਸਾਹਮਣੇ ਆਉਣ ਦਾ ਦਾਅਵਾ ਕੀਤਾ ਗਿਆ ਹੈ। ਮੁੱਖ ਮੰਤਰੀ ਨੂੰ ਭੇਜੀ ਸ਼ਿਕਾਇਤ ਵਿੱਚ ਮੰਗ ਕੀਤੀ ਗਈ ਹੈ ਕਿ ਅਧਿਕਾਰੀ ਦੇ ਪੂਰੇ ਸੇਵਾਕਾਲ ਦੌਰਾਨ ਜਾਂਚੇ ਗਏ ਮਾਮਲਿਆਂ ਦੀ ਸਮੀਖਿਆ ਕਰਵਾਈ ਜਾਵੇ ਅਤੇ ਨੌਕਰੀ ਦੌਰਾਨ ਬਣਾਈ ਗਈ ਚੱਲ ਅਤੇ ਅਚੱਲ ਸੰਪਤੀ ਦੀ ਵੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ। ਇਸ ਤੋਂ ਇਲਾਵਾ, ਜੇਕਰ ਦੋਸ਼ ਸਾਬਤ ਹੁੰਦੇ ਹਨ ਤਾਂ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਕਰਨ ਦੇ ਨਾਲ ਭਵਿੱਖ ਵਿੱਚ ਕਿਸੇ ਵੀ ਥਾਣੇ ਜਾਂ ਪੁਲਿਸ ਚੌਂਕੀ ਦੀ ਜ਼ਿੰਮੇਵਾਰੀ ਨਾ ਸੌਂਪਣ ਦੀ ਵੀ ਮੰਗ ਕੀਤੀ ਗਈ ਹੈ।

ਫਿਲਹਾਲ ਇਹ ਸਾਰੇ ਦੋਸ਼ ਸ਼ਿਕਾਇਤਕਰਤਾ ਵੱਲੋਂ ਲਗਾਏ ਗਏ ਹਨ। ਇਨ੍ਹਾਂ ਦੀ ਪੁਸ਼ਟੀ ਜਾਂਚ ਤੋਂ ਬਾਅਦ ਹੀ ਹੋ ਸਕੇਗੀ। ਹੁਣ ਨਜ਼ਰ ਇਸ ਗੱਲ 'ਤੇ ਹੈ ਕਿ ਮੁੱਖ ਮੰਤਰੀ ਦਫ਼ਤਰ ਅਤੇ ਸੰਬੰਧਿਤ ਵਿਭਾਗ ਇਸ ਸ਼ਿਕਾਇਤ 'ਤੇ ਕੀ ਫ਼ੈਸਲਾ ਲੈਂਦੇ ਹਨ ਅਤੇ ਕੀ ਮਾਮਲੇ ਦੀ ਉੱਚ ਪੱਧਰੀ ਜਾਂਚ ਦੇ ਹੁਕਮ ਜਾਰੀ ਕੀਤੇ ਜਾਂਦੇ ਹਨ।

# ਸੇਫ ਸਕੂਲ ਵਾਹਨ ਪਾਲਿਸੀ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਕੱਟੇ ਚਲਾਨ

**ਮੁਹਾਲੀ (ਗੁਰਜੀਤ ਬਿੱਲਾ)**- ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਸਰਵਉਚ ਤਰਜੀਹ ਦਿੰਦਿਆਂ ਟਰਾਂਸਪੋਰਟ ਵਿਭਾਗ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਮੋਹਾਲੀ ਦੇ ਪ੍ਰਮੁੱਖ ਵਿਦਿਅਕ ਅਦਾਰਿਆਂ ਨੇੜੇ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ



ਪੰਜਾਬ ਸਰਕਾਰ ਦੀ ਸੇਫ ਸਕੂਲ ਵਹੀਕਲ ਪਾਲਿਸੀ ਅਤੇ ਮੋਟਰ ਵਹੀਕਲ ਐਕਟ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਚਲਾਨ ਕੀਤੇ ਗਏ। ਇਹ ਚੈਕਿੰਗ ਮਾਪਿਆਂ ਅਤੇ ਆਮ ਲੋਕਾਂ ਵੱਲੋਂ ਸਕੂਲਾਂ ਦੇ ਖੁੱਲ੍ਹਣ ਅਤੇ ਛੁੱਟੀ ਸਮੇਂ ਆਵਾਜਾਈ ਪ੍ਰਬੰਧਾਂ ਸਬੰਧੀ ਮਿਲੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਯਾਦਵਿੰਦਰਾ ਪਬਲਿਕ ਸਕੂਲ (ਵਾਈ.ਪੀ.ਐਸ.) ਅਤੇ ਲਾਰੈਂਸ ਪਬਲਿਕ ਸਕੂਲ ਦੇ ਆਲੇ-ਦੁਆਲੇ ਕੀਤੀ ਗਈ। ਇਸ ਵਿਸ਼ੇਸ਼ ਮੁਹਿੰਮ ਦੀ ਅਗਵਾਈ ਖੇਤਰੀ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.) ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸ੍ਰੀ ਹਰਪ੍ਰੀਤ ਸਿੰਘ ਅਟਵਾਲ ਨੇ ਕੀਤੀ। ਉਨ੍ਹਾਂ ਦੇ ਨਾਲ ਸਹਾਇਕ ਖੇਤਰੀ ਟਰਾਂਸਪੋਰਟ ਅਫ਼ਸਰ (ਏ.ਆਰ.ਟੀ.ਓ.) ਸ੍ਰੀ ਗਗਨਦੀਪ ਸਿੰਘ ਅਤੇ ਸ੍ਰੀ ਰੋਹਿਤ ਗਰਗ ਵੀ ਮੌਜੂਦ ਸਨ। ਚੈਕਿੰਗ ਦੌਰਾਨ ਸਕੂਲੀ ਬੱਸਾਂ, ਨਿੱਜੀ ਵੈਨਾਂ, ਆਟੋ-ਰਿਕਸ਼ਿਆਂ ਅਤੇ ਵਿਦਿਆਰਥੀਆਂ ਦੀ ਢੋਆ-ਢੁਆਈ ਕਰਨ ਵਾਲੇ ਹੋਰ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਮੌਕੇ 'ਤੇ ਹੀ ਚਲਾਨ ਕੀਤੇ ਗਏ।

# ਥਾਰ ਸਵਾਰ ਵੱਲੋਂ ਬਲੈਰੋ ਦਾ ਪਿੱਛਾ ਕਰਕੇ ਫਾਇਰਿੰਗ, ਮੁੱਖ ਮੁਲਜ਼ਮ ਗ੍ਰਿਫ਼ਤਾਰ

## 32 ਬੋਰ ਰਿਵਾਲਵਰ, 6 ਖੋਲ ਤੇ ਥਾਰ ਗੱਡੀ ਬਰਾਮਦ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਥਾਣਾ ਸਦਰ ਮੋਰਿੰਡਾ ਵਿਖੇ ਪਹੁੰਚੇ ਡੀ ਐਸ ਪੀ ਡੀ ਰਸ਼ਪਾਲ ਸਿੰਘ ਰੂਪਨਗਰ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਦਰ ਮੋਰਿੰਡਾ ਦੇ ਐਸ ਐਚ ਓ ਸਿਮਰਨਜੀਤ ਸਿੰਘ ਦੀ ਅਗਵਾਈ ਵਿੱਚ ਪੁਲਸ ਨੇ ਥਾਰ ਗੱਡੀ 'ਚ ਸਵਾਰ ਹੋ ਕੇ ਬਲੈਰੋ ਦਾ ਪਿੱਛਾ ਕਰਨ, ਫਾਇਰਿੰਗ ਕਰਨ ਅਤੇ ਇੱਕ ਵਿਅਕਤੀ ਨੂੰ ਜ਼ਬਰਦਸਤੀ ਗੱਡੀ 'ਚ ਬਿਠਾਉਣ ਦੀ ਕੋਸ਼ਿਸ਼ ਕਰਨ ਦੇ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦਿਆਂ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਸ ਨੇ ਉਸ ਦੇ ਕਬਜ਼ੇ ਵਿਚੋਂ ਵਾਰਦਾਤ ਵਿੱਚ ਵਰਤੀ ਗਈ 32 ਬੋਰ ਰਿਵਾਲਵਰ, 6 ਖੋਲ ਅਤੇ ਥਾਰ ਗੱਡੀ ਵੀ ਬਰਾਮਦ ਕਰ ਲਈ ਹੈ। ਪੁਲਿਸ ਅਨੁਸਾਰ ਵਰਿੰਦਰ ਸਿੰਘ ਉਰਫ਼ ਮਾਵੀ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਸਲੇਮਪੁਰ ਦੇ ਬਿਆਨਾਂ ਦੇ ਆਧਾਰ 'ਤੇ 4 ਅਗਸਤ ਨੂੰ ਥਾਣਾ ਸਦਰ ਮੋਰਿੰਡਾ ਵਿਖੇ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਹ ਆਪਣੇ ਸਾਥੀ ਹਰਜਿੰਦਰ ਸਿੰਘ ਉਰਫ਼ ਹੈਪੀ ਨਾਲ ਖਰੜ ਤੋਂ ਬਲੈਰੋ ਗੱਡੀ ਰਾਹੀਂ ਪਿੰਡ ਸਲੇਮਪੁਰ ਵਾਪਸ ਆ ਰਿਹਾ ਸੀ। ਰਸੂਲਪੁਰ ਗੁਰਦੁਆਰਾ ਸਾਹਿਬ ਨੇੜੇ ਇੱਕ ਥਾਰ ਗੱਡੀ ਨੇ ਤੇਜ਼ ਰਫ਼ਤਾਰ ਨਾਲ ਉਨ੍ਹਾਂ ਦੀ ਗੱਡੀ ਨੂੰ ਓਵਰਟੇਕ ਕਰਕੇ ਰਸਤਾ ਰੋਕ ਲਿਆ ਅਤੇ ਬਲੈਰੋ ਵੱਲ ਫਾਇਰਿੰਗ ਕੀਤੀ। ਇਸ ਤੋਂ ਬਾਅਦ ਦੋਵੇਂ ਸਾਥੀ ਆਪਣੀ ਗੱਡੀ ਲੈ ਕੇ ਸਲੇਮਪੁਰ ਪਹੁੰਚ ਗਏ, ਪਰ ਥਾਰ ਸਵਾਰ ਉਨ੍ਹਾਂ ਦਾ ਪਿੱਛਾ ਕਰਦਾ ਹੋਇਆ ਪਿੰਡ ਤੱਕ ਆ ਗਿਆ। ਸ਼ਿਕਾਇਤ ਮੁਤਾਬਕ ਪਿੰਡ ਵਿੱਚ ਥਾਰ ਚਾਲਕ ਨੇ ਆਪਣੀ ਗੱਡੀ ਬਲੈਰੋ ਨਾਲ ਟਕਰਾ ਦਿੱਤੀ ਅਤੇ ਹਰਜਿੰਦਰ ਸਿੰਘ ਉਰਫ਼ ਹੈਪੀ ਨੂੰ ਹਥਿਆਰ ਦਿਖਾ ਕੇ ਜ਼ਬਰਦਸਤੀ ਆਪਣੇ ਨਾਲ ਲਿਜਾਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਉਸ ਨੇ 2 ਤੋਂ 3 ਹੋਰ ਫਾਇਰ ਵੀ ਕੀਤੇ। ਦੋਵੇਂ ਵਿਅਕਤੀਆਂ ਨੇ ਭੱਜ ਕੇ ਆਪਣੀ ਜਾਨ ਬਚਾਈ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਜਸਵੀਰ ਸਿੰਘ ਉਰਫ਼ ਕਾਲਾ ਪੁੱਤਰ ਭਾਗ ਸਿੰਘ ਵਾਸੀ ਪਿੰਡ ਸਮਰੌਲੀ ਨੂੰ ਗ੍ਰਿਫ਼ਤਾਰ ਕਰ ਲਿਆ। ਉਸ ਦੇ ਕਬਜ਼ੇ ਵਿਚੋਂ ਵਾਰਦਾਤ ਵਿੱਚ ਵਰਤੀ ਗਈ 32 ਬੋਰ ਰਿਵਾਲਵਰ, 6 ਖੋਲ ਅਤੇ ਥਾਰ ਗੱਡੀ ਬਰਾਮਦ ਕੀਤੀ ਗਈ। ਮੁਲਜ਼ਮ ਇੱਕ ਦਿਨ ਦੇ ਪੁਲਿਸ ਰਿਮਾਂਡ 'ਤੇ ਹੈ ਅਤੇ ਉਸ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

# ਮਿੱਟੀ ਨਹੀਂ ਬਲਕਿ ਬਾਣੀ, ਵਿਚਾਰਧਾਰਾ ਤੇ ਸੰਵਿਧਾਨ ਦੇ ਸਿਰ 'ਤੇ ਵਸੇਗਾ ਬੇਗਮਪੁਰਾ : ਭਗਵਾਨ ਸਿੱਧੂ, ਐਡਵੋਕੇਟ ਮਾਨਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਭਾਜਪਾ ਵਲੋਂ ਪੰਜਾਬ ਅੰਦਰ ਸ਼ੁਰੂ ਕੀਤੀ ਕਲਸ਼ ਯਾਤਰਾ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਸਪਾ ਪੰਜਾਬ ਦੇ ਜਨਰਲ ਸਕੱਤਰ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ ਠੇਕੇਦਾਰ ਭਗਵਾਨ ਦਾਸ ਸਿੱਧੂ ਤੇ ਐਡਵੋਕੇਟ ਪਲਵਿੰਦਰ ਮਾਨਾ ਬਸਪਾ ਇੰਚਾਰਜ ਚੱਬੇਵਾਲ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਇਸ ਤਰ੍ਹਾਂ ਦੇ ਕਰਮ ਕਾਂਡਾਂ ਨੂੰ ਕੇਵਲ ਅਗਿਆਨਤਾ ਅਤੇ



ਭਰਮ ਕਹਿ ਕੇ ਭੰਡਦੀ ਹੈ। ਉਨਾਂ ਕਿਹਾ ਸਤਿਗੁਰੂ ਰਵਿਦਾਸ ਦੀ ਬਾਣੀ ਤੇ ਵਿਚਾਰਧਾਰਾ ਅਨੁਸਾਰ 'ਐਸਾ ਚਾਹੂੰ ਰਾਜ ਮੈਂ ਯਹਾਂ ਮਿਲੇ ਸਭਨ ਕੋ ਅੰਨ, ਛੋਟ ਬੜੇ ਸਭੁ ਸਮ ਵਸੈ ਰਵਿਦਾਸ ਰਹੇ ਪ੍ਰਸੰਨ', ਜਿਸ ਨੂੰ ਬਾਣੀ ਵਿੱਚ 'ਬੇਗਮਪੁਰਾ ਸ਼ਹਿਰ ਕੋ ਨਾਉ ਦੁਖ ਅੰਦੋਹ ਨਹੀਂ ਤਹਿ ਠਾਓ' ਭਾਵ ਹਰਿ ਕਿਸੇ ਨੂੰ ਖਾਣ ਲਈ ਰੋਟੀ,ਰਹਿਣ ਲਈ ਘਰ, ਸਿੱਖਿਆ, ਸਿਹਤ ਸਹੂਲਤਾਂ ਅਤੇ ਇੰਨਸਾਫ ਮਿਲੇ। ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ 'ਮਾਧੋ ਅਵਿੱਦਿਆ ਹਿੱਤ ਕੀਨ, ਵਿਵੇਕ ਦੀਪ ਮਲੀਨ' ਭਾਵ ਬਿਨਾਂ ਗਿਆਨ ਤੋਂ ਤਰਕ ਦਲੀਲ ਦੇ ਸਾਰੇ ਦੀਵੇ ਬੁਝ ਜਾਂਦੇ ਹਨ ਅਤੇ ਮਨੁੱਖ ਅਗਿਆਨਤਾ ਵਿਚ ਫਸ ਕੇ ਦਰ ਦਰ ਧੱਕੇ ਖਾਂਦਾ ਹੈ ਤੇ ਗੁਲਾਮੀ ਦਾ ਜੀਵਨ ਬਸਰ ਕਰਦਾ ਹੈ।

ਬਸਪਾ ਆਗੂਆਂ ਨੇ ਕਿਹਾ ਗੁਰੂ ਜੀ ਨੇ ਜਿਹੜੇ ਕਰਮ ਕਾਂਡਾਂ ਨੂੰ ਪ੍ਰਮੇਸ਼ਰ ਦੇ ਨਿਯਮਾਂ ਦੇ ਉਲਟ ਕਹਿ ਕੇ ਭੰਡਿਆ ਸੀ ਅੱਜ ਰਾਜਨੀਤਕ ਪਾਰਟੀਆਂ ਦੇਸ਼ ਅੰਦਰ ਰਾਜ ਸੱਤਾ ਦੇ ਲੋਭ 'ਚ ਫਸਕੇ ਓਹੀ ਕਰਮਕਾਂਡ ਕਰਕੇ ਦਿਖਾਵਾ ਕਰ ਰਹੀਆਂ ਹਨ। ਉਨਾਂ ਕਿਹਾ ਭਾਜਪਾ ਵਲੋਂ ਸ਼ੁਰੂ ਕੀਤੀ ਕਲਸ਼ ਬੰਦਨ ਯਾਤਰਾ ਸਤਿਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਅਤੇ ਵਿਚਾਰਧਾਰਾ ਦੇ ਉਲਟ ਹੈ। ਉਨਾਂ ਕਿਹਾ ਸਿਰ ਤੇ ਮਿੱਟੀ ਚੁੱਕ ਕੇ ਨਹੀਂ ਬਲਕਿ ਬਾਣੀ , ਵਿਚਾਰਧਾਰਾ ਅਤੇ ਸੰਵਿਧਾਨ ਚੁੱਕ ਸਤਿਗੁਰੂ ਰਵਿਦਾਸ ਜੀ ਦੀ ਸੋਚ ਵਾਲਾ ਬੇਗਮਪੁਰਾ ਵਸਾਇਆ ਜਾ ਸਕਦਾ ਹੈ। ਬਸਪਾ ਆਗੂਆਂ ਨੇ ਕਿਹਾ ਭਾਜਪਾ ਨੇ ਕਲਸ਼ ਯਾਤਰਾ ਰਾਹੀਂ ਪੰਜਾਬ ਅੰਦਰ ਕਾਂਬੜ ਯਾਤਰਾ ਦੀ ਅਰੰਭਤਾ ਕੀਤੀ ਹੈ ਜਿਸਤੋਂ ਪੰਜਾਬ ਦੇ ਲੋਕਾਂ ਨੂੰ ਸੁਚੇਤ ਹੋਣ ਦੀ ਲੋੜ ਹੈ।

# ਦੋ ਕਿਸਾਨ ਜਥੇਬੰਦੀਆਂ ਦੀ ਏਕਤਾ ਲਈ ਮੀਟਿੰਗ 9 ਨੂੰ

**ਜਲੰਧਰ (ਰਾਜੇਸ਼ ਥਾਪਾ)**- ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਪੰਜਾਬ ਕਿਸਾਨ ਯੂਨੀਅਨ ਵੱਲੋ ਏਕਤਾ ਲਈ ਸਤੰਬਰ 'ਚ ਕੀਤੀ ਜਾ ਰਹੀ ਦੇਸ਼ ਪੱਧਰ ਦੀ ਕਾਨਫਰੰਸ ਦੀ ਤਿਆਰੀ ਲਈ 9 ਅਗਸਤ ਨੂੰ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿੱਚ ਦੋਨਾ ਜਥੇਬੰਦੀਆਂ ਦੀ ਸਾਂਝੀ ਜਨਰਲ ਬਾਡੀ ਮੀਟਿੰਗ ਕਰਕੇ ਤਿਆਰੀਆਂ ਸਬੰਧੀ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ। ਇਹ ਫੈਸਲਾ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਸੂਬੇ ਦੀ ਮੀਟਿੰਗ ਸ਼ਹੀਦ ਸਰਵਣ ਸਿੰਘ ਚੀਮਾ ਭਵਨ ਗੜ੍ਹਾ, ਜਲੰਧਰ ਵਿਖੇ ਡਾ. ਸਤਨਾਮ ਸਿੰਘ ਅਜਲਾਨਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਕੀਤਾ ਗਿਆ। ਇਸ ਮੌਕੇ ਤੇ ਡਾ. ਸਤਨਾਮ ਸਿੰਘ ਅਜਨਾਲਾ ਨੇ ਆਖਿਆ ਕਿ ਦੋਵਾ ਜਥੇਬੰਦੀਆਂ ਦੀ ਏਕਤਾ ਨਾਲ ਕਿਸਾਨ ਸੰਘਰਸ਼ ਨੂੰ ਹੋਰ ਤਾਕਤ ਮਿਲੇਗੀ। ਉਹਨਾਂ ਕਿਹਾ ਕਿ 20-21 ਸਤੰਬਰ ਨੂੰ ਦੇਸ਼ ਪੱਧਰ ਦੇ ਕਿਸਾਨ ਜਲੰਧਰ ਵਿਖੇ ਹੋਣ ਵਾਲੇ ਡੈਲੀਗੇਟ ਇਜਲਾਸ ਵਿੱਚ ਪਹੁੰਚ ਕੇ ਕਿਸਾਨਾਂ ਦੀ ਏਕਤਾ ਅਤੇ ਉਹਨਾਂ ਦੀਆਂ ਮੰਗਾਂ ਮੁਸ਼ਕਲਾਂ ਦੇ ਹੱਲ ਸਬੰਧੀ ਚਰਚਾ ਕਰਨਗੇ। ਉਹਨਾਂ ਦੱਸਿਆ ਕਿ 9 ਅਗਸਤ ਨੂੰ ਦੋਵਾ ਜਥੇਬੰਦੀਆਂ ਦੀ ਸਾਂਝੀ ਜਨਰਲ ਬਾਡੀ ਮੀਟਿੰਗ ਵਿੱਚ ਕੀਤੀਆਂ ਜਾ ਰਹੀਆਂ ਤਿਆਰੀਆਂ ਸੰਬੰਧੀ ਵਿਚਾਰਾਂ ਕੀਤੀਆਂ ਜਾਣਗੀਆਂ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਆਖਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋ ਦਿੱਤੇ ਗਏ ਪ੍ਰੋਗਰਾਮਾ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ ਵੱਧ ਚੜ੍ਹ ਕੇ ਸ਼ਾਮਲ ਹੋਵੇਗੀ। ਉਹਨਾਂ ਕਿਹਾ ਕਿ 10 ਅਗਸਤ ਨੂੰ ਜਨਤਕ ਰੋਸ ਮੁਜ਼ਾਹਰੇ ਕਰਕੇ ਕਾਰਪੋਰੇਟੋ ਭਾਰਤ ਛੱਡੋ ਦਾ ਹੋਕਾ ਦਿੱਤਾ ਜਾਵੇਗਾ ਅਤੇ ਅਮਰੀਕਾ ਭਾਰਤ ਮੁਕਤ ਵਪਾਰ ਸਮਝੌਤੇ ਨੂੰ ਰੱਦ ਕਰਨ ਦੀ ਮੰਗ ਹੋਵੇਗੀ। ਉਹਨਾ ਦੱਸਿਆ ਕਿ 1 ਸਤੰਬਰ ਤੋਂ ਚੰਡੀਗੜ੍ਹ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋ ਲਗਾਤਾਰ ਧਰਨਾ ਮਾਰਿਆ ਜਾਵੇਗਾ। ਜਿਸ ਲਈ ਜਮਹੂਰੀ ਕਿਸਾਨ ਸਭਾ ਪੰਜਾਬ ਨੇ ਤਿਆਰੀਆਂ ਵਿੱਢ ਦਿੱਤੀਆਂ ਹਨ। ਉਹਨਾਂ ਕਿਹਾ ਕਿ ਇਹ ਪੱਕਾ ਧਰਨਾ ਕਿਸਾਨਾਂ ਦੀਆਂ ਮੰਗਾਂ ਦੀ ਪੂਰਤੀ ਤੋਂ ਬਿਨਾ ਖਤਮ ਨਹੀਂ ਹੋਵੇਗਾ। ਪ੍ਰੈੱਸ ਨੂੰ ਕਾਰਵਾਈ ਜਾਰੀ ਕਰਦਿਆਂ ਪ੍ਰੈੱਸ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਨੇ ਆਖਿਆ ਕਿ ਜਥੇਬੰਦੀਆਂ ਦੀ ਏਕਤਾ ਨਾਲ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਕਿਸਾਨ ਤੇ ਲੋਕ ਵਿਰੋਧੀ ਨੀਤੀਆਂ ਨੂੰ ਰੋਕ ਸਕਣ ਦੇ ਲਈ ਬਲ ਮਿਲੇਗਾ। ਇਸ ਮੌਕੇ ਤੇ ਹੋਰਨਾ ਤੋ ਇਲਾਵਾ ਰਘਵੀਰ ਸਿੰਘ ਬੈਨੀਪਾਲ, ਪ੍ਰਗਟ ਸਿੰਘ ਜਾਮਾਰਾਏ, ਹਰਪ੍ਰੀਤ ਸਿੰਘ ਬੁਟਾਰੀ, ਰੇਸ਼ਮ ਸਿੰਘ ਫੈਲੋਕੇ, ਮਨਜੀਤ ਸਿੰਘ ਬੱਗੂ, ਦਰਸ਼ਨ ਸਿੰਘ ਬੇਲੂਮਾਜਰਾ, ਊਧਮ ਸਿੰਘ ਸੰਗਰੂਰ, ਸੁਖਮਿੰਦਰ ਸਿੰਘ ਧਾਲੀਵਾਲ, ਅਮਰੀਕ ਸਿੰਘ ਫੱਫੜੇ ਭਾਈਕੇ, ਮੇਜਰ ਸਿੰਘ ਖੁਰਲਾਪੁਰ, ਵੀਰਇੰਦਰਜੀਤ ਸਿੰਘ ਪੁਰੀ, ਮੋਹਣ ਸਿੰਘ ਧਮਾਣਾ, ਹਰਜੀਤ ਸਿੰਘ, ਸਵਰਨ ਸਿੰਘ ਹੁਸ਼ਿਆਰਪੁਰ, ਗੁਰਮੇਜ ਸਿੰਘ ਤਿਮੋਵਾਲ, ਦਲਜੀਤ ਸਿੰਘ ਦਿਆਲਪੁਰ, ਹਰਭਜਨ ਸਿੰਘ ਟਰਪਈ, ਲਛਮਣ ਸਿੰਘ ਕੂੰਮਕਲਾਂ, ਸੁਖਵਿੰਦਰ ਸਿੰਘ ਰਤਨਗੜ੍ਹ, ਰਮੇਸ਼ ਵਡੇਰਾ, ਬਲਜੀਤ ਸਿੰਘ ਕਲਾਂਨੌਰ ਆਦਿ ਹਾਜ਼ਰ ਸਨ।



# ਪ੍ਰਕਾਸ਼ ਪੁਰਬ ਨੂੰ ਸਮਰਪਤ ਮੈਰਾਥਨ ਦੌੜ 11 ਨੂੰ ਕਰਵਾਈ ਜਾਵੇਗੀ : ਡਿਪਟੀ ਕਮਿਸ਼ਨਰ

**ਬੰਗਾ (ਅਵਤਾਰ ਕਲੇਰ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਮੈਰਾਥਨ ਦੌੜ 11 ਅਗਸਤ ਨੂੰ ਕਰਵਾਈ ਜਾਵੇਗੀ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹਾ ਪ੍ਰਸ਼ਾਸਨਿਕ ਕੰਪਲੈਕਸ ਨਵਾਂਸ਼ਹਿਰ ਦੇ ਮੀਟਿੰਗ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।

ਮੀਟਿੰਗ ਦੌਰਾਨ ਮੈਰਾਥਨ ਦੇ ਰੂਟ ਪਲਾਨ, ਸੁਰੱਖਿਆ ਪ੍ਰਬੰਧਾਂ ਅਤੇ ਹੋਰ ਪ੍ਰਬੰਧਾਂ ਬਾਰੇ ਵਿਚਾਰ-ਵਟਾਂਦਰਾ ਕਰਦਿਆਂ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਇਹ ਮੈਰਾਥਨ 11 ਅਗਸਤ ਨੂੰ ਸਵੇਰੇ 6:00 ਵਜੇ ਆਈ.ਟੀ.ਆਈ. ਗਰਾਊਂਡ ਨਵਾਂਸ਼ਹਿਰ ਤੋਂ ਸ਼ੁਰੂ ਹੋਵੇਗੀ। ਮੈਰਾਥਨ ਦੌੜ ਦਾ ਰੂਟ ਆਈ.ਟੀ.ਆਈ. ਗਰਾਊਂਡ ਤੋਂ ਚੰਡੀਗੜ੍ਹ ਰੋਡ ਹੁੰਦਾ ਹੋਇਆ ਸ਼ੂਗਰ ਮਿੱਲ ਵਿਖੇ ਯੂ-ਟਰਨ ਲੈ ਕੇ ਵਾਪਸ ਆਈ.ਟੀ.ਆਈ. ਗਰਾਊਂਡ ਵਿਖੇ ਹੀ ਸਮਾਪਤ ਹੋਵੇਗਾ। ਉਨ੍ਹਾਂ ਦੱਸਿਆ ਕਿ ਮੈਰਾਥਨ ਵਿੱਚ ਪਹਿਲੇ 15 ਸਥਾਨ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਜਾਵੇਗਾ ਅਤੇ ਸਾਰੇ ਭਾਗੀਦਾਰਾਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਮੈਰਾਥਨ ਦੀ ਸਮਾਪਤੀ ਤੋਂ ਬਾਅਦ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਨਸ਼ੀਲੇ ਪਦਾਰਥਾਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਭਾਸ਼ਣ ਮੁਕਾਬਲੇ ਵੀ ਕਰਵਾਏ ਜਾਣਗੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ (ਪੇਂ. ਵਿਕਾਸ) ਅਵਨੀਤ ਕੌਰ, ਐਸ.ਡੀ.ਐਮ. ਨਵਾਂਸ਼ਹਿਰ ਅਨਮਯਜੋਤ ਕੌਰ, ਸਹਾਇਕ ਕਮਿਸ਼ਨਰ ਜਨਰਲ ਰਮਨਜੀਤ ਤੋਂ ਇਲਾਵਾ ਪੁਲਸ, ਖੇਡ, ਸਿਹਤ, ਸਿੱਖਿਆ ਅਤੇ ਹੋਰ ਸੰਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



# ਸੀ ਟੀ ਗਰੁੱਪ ਨੇ 'ਆਰੰਭ 2026' ਰਾਹੀਂ ਨਵੇਂ ਵਿਦਿਆਰਥੀਆਂ ਦਾ ਕੀਤਾ ਸਵਾਗਤ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਸ਼ਾਹਪੁਰ ਅਤੇ ਮਕਸੂਦਾਂ ਕੈਂਪਸ ਵਿੱਚ ਆਯੋਜਿਤ ਪੰਜ ਦਿਨਾਂ ਦੇ ਓਰੀਐਂਟੇਸ਼ਨ ਪ੍ਰੋਗਰਾਮ 'ਆਰੰਭ 2026' ਰਾਹੀਂ ਪੰਜਾਬ, ਉੱਤਰ ਪ੍ਰਦੇਸ਼, ਬਿਹਾਰ, ਝਾਰਖੰਡ, ਹਿਮਾਚਲ ਪ੍ਰਦੇਸ਼, ਉੱਤਰ-ਪੂਰਬੀ ਰਾਜਾਂ ਅਤੇ ਦੇਸ਼ ਦੇ ਹੋਰ ਹਿੱਸਿਆਂ ਤੋਂ ਆਏ 5,000 ਤੋਂ ਵੱਧ ਨਵੇਂ ਵਿਦਿਆਰਥੀਆਂ ਦਾ ਦਿਲੋਂ ਸਵਾਗਤ ਕੀਤਾ।ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਸਕੂਲ ਤੋਂ ਕਾਲਜ ਜੀਵਨ ਵੱਲ ਆਸਾਨੀ ਨਾਲ ਅੱਗੇ ਵਧਣ ਲਈ ਤਿਆਰ ਕਰਨਾ ਹੈ। ਇਸ ਦੌਰਾਨ ਉਨ੍ਹਾਂ ਨੂੰ ਸੰਸਥਾ ਦੀ ਅਕਾਦਮਿਕ ਪ੍ਰਣਾਲੀ, ਉਦਯੋਗ ਨਾਲ ਜੁੜੀ ਪੜ੍ਹਾਈ, ਖੋਜ ਅਤੇ ਨਵੀਆਂ ਸੋਚਾਂ, ਪਲੇਸਮੈਂਟ ਦੇ ਮੌਕੇ, ਸਟਾਰਟਅਪ ਅਤੇ ਉਦਯਮਿਤਾ, ਵਿਦਿਆਰਥੀ ਕਲੱਬ, ਖੇਡ ਸਹੂਲਤਾਂ, ਸੱਭਿਆਚਾਰਕ ਗਤੀਵਿਧੀਆਂ, ਐਂਟੀ-ਰੈਗਿੰਗ ਪ੍ਰਬੰਧ ਅਤੇ ਵਿਦਿਆਰਥੀ ਸਹਾਇਤਾ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।'ਆਰੰਭ 2026' ਸਿਰਫ਼ ਇੱਕ ਜਾਣ-ਪਛਾਣ ਪ੍ਰੋਗਰਾਮ ਨਹੀਂ, ਸਗੋਂ ਵਿਦਿਆਰਥੀਆਂ ਦੀ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਹੈ। ਇਹ ਪ੍ਰੋਗਰਾਮ ਉਨ੍ਹਾਂ ਨੂੰ ਨਵੇਂ ਦੋਸਤ ਬਣਾਉਣ, ਆਤਮਵਿਸ਼ਵਾਸ ਵਧਾਉਣ, ਨਵੇਂ ਮੌਕਿਆਂ ਨੂੰ ਜਾਣਨ ਅਤੇ ਕਾਲਜ ਜੀਵਨ ਦੀਆਂ ਯਾਦਗਾਰ ਸ਼ੁਰੂਆਤਾਂ ਕਰਨ ਦਾ ਮੌਕਾ ਦਿੰਦਾ ਹੈ। ਪੰਜ ਦਿਨਾਂ ਤੱਕ ਚੱਲਣ ਵਾਲਾ ਇਹ ਸਮਾਗਮ ਸਿੱਖਿਆ, ਪ੍ਰੇਰਣਾ, ਸੱਭਿਆਚਾਰਕ ਰੰਗਾਂ ਅਤੇ ਮਨੋਰੰਜਨ ਦਾ ਖ਼ੂਬਸੂਰਤ ਮਿਲਾਪ ਹੈ।ਪਹਿਲੇ ਦੋ ਦਿਨਾਂ ਦੌਰਾਨ ਵਿਦਿਆਰਥੀਆਂ ਨੇ ਪ੍ਰੇਰਣਾਦਾਇਕ ਸੈਸ਼ਨਾਂ, ਅਕਾਦਮਿਕ ਜਾਣ-ਪਛਾਣ, ਵਰਕਸ਼ਾਪਾਂ, ਸੈਲੀਬ੍ਰਿਟੀਸ ਦੇ ਨਾਲ ਮੁਲਾਕਾਤ, ਲਾਈਵ ਸੰਗੀਤ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਦਾ ਭਰਪੂਰ ਆਨੰਦ ਲਿਆ।



# ਪਰਮਜੀਤ ਨੂੰ ਮਿਲਿਆ ਵੱਕਾਰੀ ਲੀਡਰਸ਼ਿਪ ਐਵਾਰਡ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਲੁਧਿਆਣਾ ਵਿੱਚ ਕਰਵਾਏ ਗਏ ਟਾਈਮਜ਼ ਲੀਡਰਸ਼ਿਪ ਸਮਿਟ ਦੌਰਾਨ ਸੱਚਦੇਵਾ ਸਟਾਕਸ ਦੇ ਪ੍ਰਬੰਧ ਨਿਰਦੇਸ਼ਕ ਪਰਮਜੀਤ ਸਿੰਘ ਸੱਚਦੇਵਾ ਨੂੰ ਆਊਟ ਸਟੈਂਡਿੰਗ ਕੰਟਰੀਬਿਊਸ਼ਨ ਟੂ ਫਾਈਨੈਂਸ਼ੀਅਲ ਸਰਵਿਸਿਜ਼ ਐਂਡ ਇਨਵੈਸਟਰ ਐਜੂਕੇਸ਼ਨ ਸ਼੍ਰੇਣੀ ਵਿੱਚ ਵੱਕਾਰੀ ਲੀਡਰਸ਼ਿਪ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਇੱਕ ਸ਼ਾਨਦਾਰ ਸਮਾਰੋਹ ਦੌਰਾਨ ਪਰਮਜੀਤ ਸਿੰਘ ਸੱਚਦੇਵਾ ਨੂੰ ਭੇਟ ਕੀਤਾ।ਇਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੇ ਉਦਯੋਗਪਤੀਆਂ, ਸਮਾਜ ਸੇਵੀਆਂ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਫਿਲਮ ਅਦਾਕਾਰਾ ਅਤੇ ਮਾਡਲ ਮੁਗਧਾ ਗੋਡਸੇ ਸਮੇਤ ਕਈ ਨਾਮਵਰ ਹਸਤੀਆਂ ਵੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਪਰਮਜੀਤ ਸਿੰਘ ਸੱਚਦੇਵਾ ਪਿਛਲੇ ਕਈ ਸਾਲਾਂ ਤੋਂ ਵਿੱਤੀ ਸੇਵਾਵਾਂ ਦੇ ਖੇਤਰ ਵਿੱਚ ਆਪਣੀ ਮੁਹਾਰਤ ਦੇ ਨਾਲ-ਨਾਲ ਨਿਵੇਸ਼ਕਾਂ ਨੂੰ ਜਾਗਰੂਕ ਕਰਨ ਲਈ ਅਹਿਮ ਭੂਮਿਕਾ ਨਿਭਾ ਰਹੇ ਹਨ। ਸਨਮਾਨ ਪ੍ਰਾਪਤ ਕਰਨ ਤੋਂ ਬਾਅਦ ਪਰਮਜੀਤ ਸਿੰਘ ਸੱਚਦੇਵਾ ਨੇ ਕਿਹਾ ਕਿ ਇਹ ਐਵਾਰਡ ਸਿਰਫ਼ ਉਨ੍ਹਾਂ ਦਾ ਨਿੱਜੀ ਸਨਮਾਨ ਨਹੀਂ, ਸਗੋਂ ਉਨ੍ਹਾਂ ਦੀ ਪੂਰੀ ਟੀਮ ਅਤੇ ਉਨ੍ਹਾਂ ਸਾਰੇ ਨਿਵੇਸ਼ਕਾਂ ਦਾ ਸਨਮਾਨ ਹੈ, ਜਿਨ੍ਹਾਂ ਨੇ ਉਨ੍ਹਾਂ 'ਤੇ ਭਰੋਸਾ ਜਤਾਇਆ।

ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਵਿੱਚ ਵਿੱਤੀ ਸਾਖਰਤਾ ਬਹੁਤ ਜ਼ਰੂਰੀ ਹੈ, ਜੇਕਰ ਲੋਕਾਂ ਨੂੰ ਨਿਵੇਸ਼ ਦੇ ਸਹੀ ਵਿਕਲਪਾਂ, ਜੋਖਮ ਪ੍ਰਬੰਧਨ ਅਤੇ ਵਿੱਤੀ ਯੋਜਨਾਬੰਦੀ ਦੀ ਜਾਣਕਾਰੀ ਹੋਵੇ ਤਾਂ ਉਹ ਆਪਣੇ ਭਵਿੱਖ ਨੂੰ ਹੋਰ ਸੁਰੱਖਿਅਤ ਅਤੇ ਖੁਸ਼ਹਾਲ ਬਣਾ ਸਕਦੇ ਹਨ।



# ਹਾਈਕੋਰਟ ਦੇ ਫੈਸਲੇ ਦਾ ਸਨਮਾਨ ਕਰਦੇ ਹੋਏ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਡੀ ਏ ਕਰੇ ਜਾਰੀ : ਆਗੂ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਬਕਾਇਆ ਅਤੇ ਮਹਿੰਗਾਈ ਭੱਤਾ ਦੇਣ ਦਾ ਅੰਤਿਮ ਫੈਸਲਾ ਸੁਣਾਉਣ ਨਾਲ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਕੇਂਦਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲੋਂ ਅਠਾਰਾਂ ਫੀਸਦੀ ਡੀ ਏ ਘੱਟ ਦੇ ਰਹੀ ਹੈ। ਪੰਜਾਬ ਸਰਕਾਰ ਦੇ ਇਸ ਵਿਤਕਰੇ ਵਿਰੁੱਧ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਵਿਖੇ ਅਪੀਲ ਦਾਇਰ ਕੀਤੀ, ਜਿਸ ਦੀ ਮਾਣਯੋਗ ਅਦਾਲਤ ਵੱਲੋਂ ਪ੍ਰਤੀ ਦਿਨ ਇਸ ਕੇਸ ਦੀ ਸੁਣਵਾਈ ਕੀਤੀ ਗਈ ਅਤੇ ਅੰਤ ਵਿੱਚ ਅਦਾਲਤ ਦੇ ਸਿੰਗਲ ਅਤੇ ਡਬਲ ਬੈਂਚ ਨੇ ਪੰਜਾਬ ਸਰਕਾਰ ਦੇ ਵਿਰੁੱਧ ਫੈਸਲਾ ਸੁਣਾਇਆ।ਇਸ ਫੈਸਲੇ ਦਾ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸੁਆਗਤ ਕੀਤਾ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੌਰਮਿੰਟ ਟੀਚਰਜ਼ ਯੂਨੀਅਨ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂਆਂ ਨਰਿੰਦਰ ਅਜਨੋਹਾ, ਸੰਜੀਵ ਕੁਮਾਰ, ਪਰਮਜੀਤ ਕਾਤਿਬ ਅਤੇ ਓਂਕਾਰ ਸਿੰਘ ਨੇ ਕੀਤਾ।ਆਗੂਆਂ ਨੇ ਕਿਹਾ ਮਾਣਯੋਗ ਹਾਈਕੋਰਟ ਦੇ ਫੈਸਲੇ ਦਾ ਸਤਿਕਾਰ ਕਰਦੇ ਹੋਏ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਠਾਰਾਂ ਫੀਸਦੀ ਮਹਿੰਗਾਈ ਭੱਤੇ ਦੀ ਅਦਾਇਗੀ ਫੌਰਨ ਕਰੇ। ਇਸ ਮੌਕੇ ਪਰਮ ਰਾਮ, ਜਸਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਸੰਦੀਪ ਕੁਮਾਰ, ਓਂਕਾਰ ਤਨੂੰਲੀ, ਅਜੇ ਕੁਮਾਰ, ਹਰੀਸ਼ ਪੁਰੀ ਅਤੇ ਮਨਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਮੌਜੂਦ ਸਨ।



# ਸੰਚੂ ਵਧਵਾ ਦੇ ਜਨਮ ਦਿਨ 'ਤੇ ਪਰਵਾਰ ਨੇ ਲਗਾਏ ਲੰਗਰ




**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੂਰਮਹਿਲ ਵਿੱਚ ਪੰਜ ਮਹੀਨੇ ਤੋਂ ਚੱਲ ਰਹੇ ਲੰਗਰ ਦੀ ਕੜੀ ਵਜੋਂ ਆਪ ਆਗੂ ਸੰਚੂ ਵਧਵਾ ਦੇ ਜਨਮ ਦਿਨ ਦੀ ਖ਼ੁਸ਼ੀ ਵਿੱਚ ਪਰਵਾਰ ਵੱਲੋਂ ਵੀ ਲੰਗਰ ਦੀ ਸੇਵਾ ਕੀਤੀ ਗਈ।ਪ੍ਰਬੰਧਕਾਂ ਵੱਲੋਂ ਹਰ ਰੋਜ਼ ਲੰਗਰ ਦੀ ਸੇਵਾ ਕੀਤੀ ਜਾਂਦੀ ਹੈ ਜਿਸ ਵਿੱਚ ਹਰ ਇੱਕ ਵਿਅਕਤੀ 10 ਰੁਪਏ ਵਿੱਚ ਢਿੱਡ ਭਰ ਕੇ ਲੰਗਰ ਖਾ ਸਕਦਾ ਹੈ। ਇਸ ਮੌਕੇ ਪਰਵਾਰ ਵੱਲੋਂ ਧੀਰ, ਪ੍ਰਵੇ, ਛੋਲੇ ਪੂੜੀਆਂ ਦੇ ਨਾਲ ਨਾਲ ਲੰਗਰ ਵਰਤਾਏ ਗਏ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਦੀਪਕ ਕੁਮਾਰ ਦੀਪੂ, ਲਖਵੀਰ ਸਿੰਘ ਸ਼ੇਰ ਚੇਅਰਮੈਨ ਮਾਰਕੀਟ ਕਮੇਟੀ, ਕੌਂਸਲਰ ਜਗ ਬਹਾਦਰ ਕੌਂਸਲੀ, ਕੌਂਸਲਰ ਪ੍ਰਿਯੰਕਾ ਮਿਸਰ, ਡਿੰਪ ਕਮੇਟੀ ਦੇ ਪ੍ਰਧਾਨ ਪਿੰਕਾ ਸ਼ੇਖੜੀ, ਵਿਪਨ ਡੋਗਰਾ, ਗੁਰਮੀਤ ਸ਼ੈਲੀ, ਸਾਬਕਾ ਕੌਂਸਲਰ ਵਿਨੋਦ ਜੱਗਲ, ਰਾਕੇਸ਼ ਕੱਕੜ ਕੌਂਸਲਰ, ਹੈਪੀ ਜੱਗਲ, ਸੁਭਾਸ਼ ਕੌਂਸਲੀ, ਸੰਜੀਵ ਨਈਅਰ, ਟੋਨੀ ਖੋਸਲਾ, ਸੋਨੂੰ ਮਿੱਤੂ, ਸੋਨੂੰ ਚੀਮਾ, ਦੀਪਕ ਕੁਮਾਰ, ਰਿਕੂ ਪੁਰੀ, ਸੁਭਾਸ਼ ਕੁਮਾਰ ਕੌਂਸਲੀ ਆਦਿ ਨੇ ਇਸ ਖੁਸ਼ੀ ਦੇ ਮੌਕੇ ਕੇਕ ਕੱਟ ਕੇ ਸੰਚੂ ਵਧਵਾ ਦੇ ਪਰਵਾਰ ਨੂੰ ਵਧਾਈ ਦਿੱਤੀ।

# ਭਾਜਪਾ ਮੰਡਲ ਪ੍ਰਧਾਨ ਵੱਲੋਂ ਸੰਜੀਵ ਮਿਨਹਾਸ ਦਾ ਸਨਮਾਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਭਾਰਤੀ ਜਨਤਾ ਪਾਰਟੀ ਮੰਡਲ ਕੰਧਾਲਾ ਸ਼ੇਖਾਂ ਦੇ ਮੰਡਲ ਪ੍ਰਧਾਨ ਚਰਨਜੀਤ ਸਿੰਘ ਦੀ ਅਗਵਾਈ ਹੇਠ ਸਾਬਕਾ ਪ੍ਰਧਾਨ ਅਜੈ ਕੌਸ਼ਲ ਸੇਠੂ ਅਤੇ ਭਾਰਤ ਸੈਣੀ ਵੱਲੋਂ ਪਾਰਟੀ ਦੇ ਨਵ-ਨਿਯੁਕਤ ਹੁਸ਼ਿਆਰਪੁਰ ਦਿਹਾਤੀ ਜ਼ਿਲ੍ਹਾ ਪ੍ਰਧਾਨ ਸੰਜੀਵ ਮਿਨਹਾਸ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਪਾਰਟੀ ਵਰਕਰਾਂ ਨੇ ਫੁੱਲਾਂ ਦੀਆਂ ਮਾਲਾਵਾਂ ਪਾ ਕੇ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ। ਮੰਡਲ ਪ੍ਰਧਾਨ ਚਰਨਜੀਤ ਸਿੰਘ ਨੇ ਕਿਹਾ ਕਿ ਸੰਜੀਵ ਮਿਨਹਾਸ ਇੱਕ ਮਿਹਨਤੀ, ਇਮਾਨਦਾਰ ਅਤੇ ਜ਼ਮੀਨੀ ਪੱਧਰ ਨਾਲ ਜੁੜੇ ਹੋਏ ਵਰਕਰ ਹਨ।ਉਨ੍ਹਾਂ ਦੀ ਅਗਵਾਈ ਹੇਠ ਸੰਗਠਨ ਪਿੰਡ-ਪਿੰਡ ਤੱਕ ਹੋਰ ਮਜ਼ਬੂਤ ਹੋਵੇਗਾ ਅਤੇ ਭਾਜਪਾ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਕੰਮ ਹੋਰ ਤੇਜ਼ੀ ਨਾਲ ਅੱਗੇ ਵਧੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਮਿਨਹਾਸ ਸਭ ਨੂੰ ਨਾਲ ਲੈ ਕੇ ਸੰਗਠਨ ਨੂੰ ਨਵੀਆਂ ਉਚਾਈਆਂ ਤੱਕ ਲੈ ਜਾਣਗੇ। ਆਪਣੇ ਸੰਬੋਧਨ ਵਿੱਚ ਜ਼ਿਲ੍ਹਾ ਪ੍ਰਧਾਨ ਸੰਜੀਵ ਮਿਨਹਾਸ ਨੇ ਪਾਰਟੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਨਿਸ਼ਠਾ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਸੰਗਠਨ ਨੂੰ ਮਜ਼ਬੂਤ ਕਰਨਾ, ਬੂਥ ਪੱਧਰ ਤੱਕ ਵਰਕਰਾਂ ਨੂੰ ਸਰਗਰਮ ਕਰਨਾ ਅਤੇ ਕੇਂਦਰ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣਾ ਉਨ੍ਹਾਂ ਦੀ ਪਹਿਲ ਰਹੇਗੀ।



## ਵਪਾਰਕ ਮਾਰਕੀਟਾਂ ਦੇ ਵਿਕਾਸ ਲਈ ਜਾਰੀ 40 ਕਰੋੜ 'ਚੋਂ ਮੋਹਾਲੀ ਨੂੰ ਵੀ ਮਿਲੇਗਾ 2 ਕਰੋੜ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰਕ ਬਾਜ਼ਾਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਵਪਾਰੀਆਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਨਿਪਟਾਰੇ ਲਈ ਜਾਰੀ ਕੀਤੇ ਮਹੱਤਵਪੂਰਨ ਪੰਜਾਬ ਵਾਸਤੇ 40 ਕਰੋੜ ਰੁਪਏ ਦੇ ਵਿਸ਼ੇਸ਼ ਫੰਡ ਵਿੱਚੋਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਨੂੰ ਵੀ 2 ਕਰੋੜ ਜਾਰੀ ਕੀਤਾ ਗਿਆ ਹੈ।ਇਸ ਫ਼ੈਸਲੇ ਦਾ ਸਵਾਗਤ ਕਰਦਿਆਂ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਚੇਅਰਮੈਨ ਰਣਜੀਤ ਪਾਲ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਦਾ ਧੰਨਵਾਦ ਪ੍ਰਗਟਾਇਆ। ਇਸ ਮੌਕੇ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਉਪ ਚੇਅਰਮੈਨ ਤਰਲੋਚਨ ਸਿੰਘ ਬੇਦਵਾਨ ਵੀ ਹਾਜ਼ਰ ਸਨ। ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਆਯੋਜਿਤ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਰਣਜੀਤ ਪਾਲ ਸਿੰਘ ਨੇ ਕਿਹਾ ਕਿ ਵਪਾਰੀਆਂ ਅਤੇ ਦੁਕਾਨਦਾਰਾਂ ਦੇ ਨੀਤੀਗਤ ਮਾਮਲਿਆਂ ਸਬੰਧੀ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਵੱਲੋਂ ਸਲਾਹ ਵਿਚਾਰ ਕਰਕੇ ਅਹਿਮ ਫ਼ੈਸਲੇ ਲਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਫੰਡ ਤਹਿਤ ਬਾਜ਼ਾਰਾਂ ਵਿੱਚ ਆਧੁਨਿਕ ਵਾਸ਼ਰੂਮਾਂ ਦੀ ਉਸਾਰੀ ਅਤੇ ਮੁਰੰਮਤ, ਸੜਕਾਂ ਦੀ ਉਸਾਰੀ ਅਤੇ ਮੁਰੰਮਤ, ਬਿਜਲੀ ਨਾਲ ਸਬੰਧਤ ਸਮੱਸਿਆਵਾਂ ਦੇ ਨਿਪਟਾਰੇ ਅਤੇ ਹੋਰ ਲੋੜੀਂਦੀਆਂ ਨਾਗਰਿਕ ਸਹੂਲਤਾਂ ਦੇ ਵਿਕਾਸ ਲਈ ਕੰਮ ਕਰਵਾਏ ਜਾਣਗੇ। ਇਸ ਨਾਲ ਵਪਾਰੀਆਂ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਵੱਡਾ ਲਾਭ ਮਿਲੇਗਾ।



# ਨੈਸ਼ਨਲ ਬੋਨ ਐਂਡ ਜੌਇੰਟ ਡੇਅ ਮਨਾਇਆ

**ਜਲੰਧਰ** : ਜਿਵੇਂ ਕਿ ਭਾਰਤ ਨੈਸ਼ਨਲ ਬੋਨ ਐਂਡ ਜੌਇੰਟ ਡੇ ਮਨਾ ਰਿਹਾ ਹੈ, ਸਿਹਤ ਮਾਹਰ ਇੱਕ ਅਜਿਹੀ ਚਿੰਤਾ ਵੱਲ ਧਿਆਨ ਦਿਵਾ ਰਹੇ ਹਨ ਜਿਸ ਨੂੰ ਅਕਸਰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ। ਲੱਛਣਾਂ ਦੇ ਪ੍ਰਗਟ ਹੋਣ ਤੋਂ ਬਹੁਤ ਪਹਿਲਾਂ ਆਪਣੇ ਪਿੰਜਰ ਪ੍ਰਣਾਲੀ ਦੀ ਦੇਖਭਾਲ ਸ਼ੁਰੂ ਕਰੋ। ਅਕਸਰ ਯੂੰਘ ਸਥਿਤੀਆਂ ਵਿਕਾਸ ਹੋ ਜਾਂਦਾ ਹੈ, ਹੱਡੀਆਂ ਦੀ ਕਮਜ਼ੋਰੀ ਅਤੇ ਜੋੜਾਂ ਵਿੱਚ ਨਿਘਾਰ ਸਾਲਾਂ ਵੱਧੀ ਚੁੱਪਚਾਪ ਵਿਕਸਤ ਹੁੰਦਾ ਹੈ, ਅਕਸਰ ਗੰਭੀਰ ਦਰਦ ਜਾਂ ਕਮਜ਼ੋਰ ਫ੍ਰੈਕਚਰ ਹੋਣ ਤੱਕ ਅਣਦੇਖਿਆ ਰਹਿੰਦਾ ਹੈ। 45 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਭਾਰਤੀਆਂ ਦੇ ਇੱਕ ਰਾਸ਼ਟਰੀ ਪ੍ਰਤੀਨਿਧੀ ਅਧਿਐਨ ਵਿੱਚ ਪਾਇਆ ਗਿਆ ਹੈ ਕਿ 53.5% ਮਾਸਪੇਸ਼ੀਆਂ ਦੇ ਲੱਛਣਾਂ ਦੀ ਰਿਪੋਰਟ ਕੀਤੀ, ਲਗਭਗ 42% ਨੇ ਜੋੜਾਂ ਵਿੱਚ ਦਰਦ ਦਾ ਅਨੁਭਵ ਕੀਤਾ ਅਤੇ 33% ਨੇ ਪਿੱਠ ਦਰਦ ਦੀ ਰਿਪੋਰਟ ਕੀਤੀ। ਡਾ. ਮੋਹਿਤ ਸ਼ਰਮਾ, ਕੰਸਲਟੈਂਟ, ਆਰਥੋਪੀਡਿਕਸ ਅਤੇ ਜੋਇੰਟ ਰਿਪਲੇਸਮੈਂਟ, ਫੋਰਟਿਸ ਹਸਪਤਾਲ, ਜਲੰਧਰ ਨੇ ਕਿਹਾ ਕਿ ਹੱਡੀਆਂ ਅਤੇ ਜੋੜਾਂ ਦੀ ਸਿਹਤ ਨੂੰ ਸਿਰਫ਼ ਉਦੋਂ ਹੀ ਤਰਜੀਹ ਨਹੀਂ ਦਿੱਤੀ ਜਾਣੀ ਚਾਹੀਦੀ ਜਦੋਂ ਦਰਦ ਗੰਭੀਰ ਹੋ ਜਾਂਦਾ ਹੈ।

# 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਬੱਸ ਨੂੰ ਲੋਹਟੀਆ ਨੇ ਕੀਤਾ ਰਵਾਨਾ




**ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)**- ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਧਾਰਮਿਕ ਆਸਥਾ ਨੂੰ ਸਮਰਪਿਤ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਪਿੰਡ ਚੱਕ ਦੇਸ ਰਾਜ ਤੋਂ ਸ਼ਰਧਾਲੂਆਂ ਦੀ ਇੱਕ ਬੱਸ ਨੂੰ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪਾਰਟੀ ਵਰਕਰ ਅਤੇ ਸ਼ਰਧਾਲੂ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦਾ ਮਕਸਦ ਹਰ ਵਰਗ ਦੇ ਲੋਕਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਦੇ ਦੇਸ਼ ਦੇ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਖ਼ਾਸ ਤੌਰ 'ਤੇ ਉਨ੍ਹਾਂ ਸ਼ਰਧਾਲੂਆਂ ਲਈ ਵਰਦਾਨ ਸਾਬਤ ਹੋ ਰਹੀ ਹੈ ਜੋ ਆਰਥਿਕ ਜਾਂ ਹੋਰ ਕਾਰਨਾਂ ਕਰਕੇ ਤੀਰਥ ਯਾਤਰਾ ਕਰਨ ਤੋਂ ਵਾਂਝੇ ਰਹਿ ਜਾਂਦੇ ਸਨ। ਪੰਜਾਬ ਸਰਕਾਰ ਵੱਲੋਂ ਯਾਤਰੀਆਂ ਦੇ ਆਉਣ-ਜਾਣ, ਰਹਿਣ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਆਪਣੀ ਧਾਰਮਿਕ ਯਾਤਰਾ ਸੰਪੂਰਨ ਕਰ ਸਕਣ।

ਲੋਹਟੀਆ ਨੇ ਯਾਤਰਾ 'ਤੇ ਜਾ ਰਹੇ ਸਮੂਹ ਸ਼ਰਧਾਲੂਆਂ ਨੂੰ ਸੁਖਦ, ਸੁਰੱਖਿਅਤ ਅਤੇ ਮੰਗਲਮਈ ਯਾਤਰਾ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਪ੍ਰਭੂ ਅੱਗੇ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਸਮਾਜ ਵਿੱਚ ਆਪਸੀ ਭਾਈਚਾਰੇ ਦੀ ਮਜ਼ਬੂਤੀ ਲਈ ਅਰਦਾਸ ਕਰਨ।

ਇਸ ਮੌਕੇ ਚੱਕ ਦੇਸ ਰਾਜ ਪਿੰਡ ਤੋਂ ਸਰਪੰਚ ਨੀਰੂ ਕੌਰ, ਬਲਾਕ ਪ੍ਰਧਾਨ ਲੇਖ ਰਾਜ ਸਰਪੰਚ ਅਨੀਹਰ, ਚੇਅਰਮੈਨ ਗੌਰਵ ਬਾਵਾ ਤੇ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ, ਬਲਾਕ ਪ੍ਰਧਾਨ ਸੰਤੋਖ ਸਿੰਘ ਬੰਡਾਲਾ, ਸੰਤੋਖ ਰਾਮ ਬੂਥ ਪ੍ਰਧਾਨ, ਕਿਰਨਦੀਪ, ਪਰਮਜੀਤ ਕੌਰ, ਕੁਲਵਿੰਦਰ ਸਿੰਘ ਬੱਲੀ, ਜਸਵੀਰ ਪ੍ਰਧਾਨ ਹਾਜ਼ਰ ਸਨ।

# ਕੁੰਭੜਾ ਵਿਖੇ 'ਆਪ' ਤੇ ਭਾਜਪਾ ਨੂੰ ਛੱਡ ਕੇ ਆਏ 50 ਪਰਵਾਰ ਬਲਬੀਰ ਸਿੱਧੂ ਦੀ ਅਗਵਾਈ ਹੇਠ ਕਾਂਗਰਸ 'ਚ ਸ਼ਾਮਲ

**ਮੋਹਾਲੀ (ਗੁਰਜੀਤ ਬਿੱਲਾ)** ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਪਿੰਡ ਕੁੰਭੜਾ ਵਿਖੇ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਨੂੰ ਛੱਡ ਕੇ ਆਏ 50 ਤੋਂ ਵੱਧ ਪਰਿਵਾਰਾਂ ਨੂੰ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕਰਵਾਈ। ਬਲਬੀਰ ਸਿੰਘ ਸਿੱਧੂ ਨੇ ਨਵੇਂ ਸਾਥੀਆਂ ਨੂੰ ਪਾਰਟੀ ਦਾ ਸਿਰੋਪਾਓ ਪਹਿਨਾ ਕੇ ਅਤੇ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਪਰਵਾਰ ਦਾ ਦਿਲੋਂ ਸਵਾਗਤ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਸਾਥੀ ਨੂੰ ਪੂਰਾ ਸਨਮਾਨ, ਯੋਗਤਾ ਅਨੁਸਾਰ ਜ਼ਿੰਮੇਵਾਰੀ ਅਤੇ ਸੰਗਠਨ ਵਿੱਚ ਅੱਗੇ ਵਧਣ ਦਾ ਬਰਾਬਰ ਮੌਕਾ ਦਿੱਤਾ ਜਾਵੇਗਾ। ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਤੱਕ ਕਾਂਗਰਸ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਪਹੁੰਚਾਉਣ, ਲੋਕਾਂ ਦੀਆਂ ਸਮੱਸਿਆਵਾਂ ਨੂੰ ਪੂਰੀ ਤਾਕਤ ਨਾਲ ਉਠਾਉਣ ਅਤੇ 2027 ਵਿੱਚ ਪੰਜਾਬ ਵਿੱਚ ਇੱਕ ਮਜ਼ਬੂਤ, ਲੋਕ-ਪੱਖੀ ਅਤੇ ਵਿਕਾਸਮੁਖੀ ਕਾਂਗਰਸ ਸਰਕਾਰ ਬਣਾਉਣ ਲਈ ਇਕਜੁੱਟ ਹੋ ਕੇ ਕੰਮ ਕਰਨ। ਇਸ ਮੌਕੇ ਸਾਬਕਾ ਮੇਅਰ ਮੋਹਾਲੀ ਸ. ਅਮਰਜੀਤ ਸਿੰਘ ਜੀਤੀ ਸਿੱਧੂ, ਕੰਵਰਬੀਰ ਸਿੰਘ ਸਿੱਧੂ (ਰੂਬੀ), ਪ੍ਰਦੀਪ ਤੰਗੋਰੀ, ਮੁਕੇਸ਼ ਸ਼ਰਮਾ, ਬਲਬੀਰ ਸਿੰਘ ਮੋਟੇਮਾਜਰਾ, ਮਨਦੀਪ ਸਿੰਘ ਕੁੰਭੜਾ, ਅਨੁਜ ਵਰਮਾ (ਕਾਲੀ), ਰਮੇਸ਼ ਵਰਮਾ, ਬਚਨ ਸਿੰਘ (ਸਾਬਕਾ ਪ੍ਰਧਾਨ, ਬਾਲਮੀਕੀ ਕਮੇਟੀ), ਅਵਤਾਰ ਸਿੰਘ, ਹਰਬੰਸ ਸਿੰਘ, ਪਲਵਿੰਦਰ ਸਿੰਘ, ਰੁਬਲ, ਬੰਟੀ, ਰਾਜਨ, ਜਤਿੰਦਰ ਸਿੰਘ, ਜਗਦੀਪ ਸਿੰਘ, ਬਲਜੀਤ ਕੌਰ, ਸਵਰਨ ਕੌਰ, ਰੁਪਿੰਦਰ ਕੌਰ, ਪਰਮਜੀਤ ਕੌਰ, ਕਰਮਜੀਤ ਕੌਰ, ਲਖਵੀਰ ਕੌਰ, ਰਜਨੀ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।



## ਸਫ਼ਾਈ ਸੇਵਕਾਂ ਦੀ ਹੜਤਾਲ ਖਤਮ ਹੋਣ ਨਾਲ ਸ਼ਹਿਰ ਵਾਸੀਆਂ ਨੇ ਲਿਆ ਸੁੱਖ ਦਾ ਸਾਹ

**ਫਗਵਾੜਾ (ਡਾ. ਰਮਨ)**- ਨਗਰ ਨਿਗਮ ਫਗਵਾੜਾ ਦੇ ਸਫਾਈ ਸੇਵਕਾਂ ਦੀ 24 ਜੁਲਾਈ ਤੋਂ ਚਲ ਰਹੀ ਹੜਤਾਲ ਦੇ 12ਵੇਂ ਦਿਨ ਏ ਡੀ ਸੀ ਜਸ਼ਨਦੀਪ ਸਿੰਘ ਗਿੱਲ ਧਰਨਾਕਾਰੀਆਂ ਵਿਚਕਾਰ ਪਹੁੰਚੇ ਅਤੇ ਦੱਸਿਆ ਕਿ ਪੰਜਾਬ ਸਰਕਾਰ ਨੇ ਉਹਨਾਂ ਦੀਆਂ ਜਾਇਜ਼ ਮੰਗਾਂ ਨੂੰ ਪ੍ਰਵਾਨ ਕਰ ਲਿਆ ਹੈ ਜਿਸ ਤੋਂ ਕੁੱਝ ਦੇਰ ਬਾਅਦ ਨਗਰ ਨਿਗਮ ਸਫਾਈ ਕਰਮਚਾਰੀ ਯੂਨੀਅਨ ਨੇ ਲੋਕਲ ਪ੍ਰਸ਼ਾਸਨ ਨਾਲ ਸਬੰਧਤ ਮੰਗਾਂ ਸਬੰਧੀ ਇੱਕ ਮੰਗ ਪੱਤਰ ਏ ਡੀ ਸੀ ਨੂੰ ਦੇਣ ਉਪਰੰਤ ਹੜਤਾਲ ਖਤਮ ਕਰਨ ਦਾ ਐਲਾਨ ਕੀਤਾ। ਸਫਾਈ ਸੇਵਕਾਂ ਦੀ ਹੜਤਾਲ ਖਤਮ ਹੋਣ ਦੀ ਖਬਰ ਫੈਲਦਿਆਂ ਹੀ ਸ਼ਹਿਰ ਵਾਸੀਆਂ ਨੇ ਵੀ ਸੁੱਖ ਦਾ ਸਾਹ ਲਿਆ। ਕਿਉਂਕਿ ਪਿਛਲੇ 12 ਦਿਨਾਂ ਤੋਂ ਡੰਪਾਂ 'ਤੋਂ ਕੂੜਾ ਨਾ ਚੁੱਕੇ ਜਾਣ ਨਾਲ ਹਾਲਾਤ ਬਹੁਤ ਬੱਦਤਰ ਬਣ ਰਹੇ ਸਨ। ਸ਼ਹਿਰ ਦੀ ਸਫਾਈ ਵਿਵਸਥਾ ਪੂਰੀ ਤਰ੍ਹਾਂ ਠੱਪ ਹੋ ਗਈ ਸੀ। ਸੋਮਵਾਰ ਤੇ ਮੰਗਲਵਾਰ ਸਵੇਰ ਨੂੰ ਹੋਈ ਬਰਸਾਤ ਨੇ ਹਾਲਾਤ ਨੂੰ ਹੋਰ ਵੀ ਗੰਭੀਰ ਬਣਾ ਦਿੱਤਾ ਸੀ। ਸ਼ਹਿਰ ਦੇ ਮੁੱਖ ਰਸਤਿਆਂ ਤੋਂ ਲੈ ਕੇ ਰਿਹਾਇਸ਼ੀ ਕਲੋਨੀਆਂ, ਬਾਜ਼ਾਰਾਂ ਤੇ ਚੌਂਕ ਚੋਰਸਤਿਆਂ ਤੱਕ ਗੰਦਗੀ ਦੇ ਢੇਰਾਂ ਕਾਰਨ ਲੋਕਾਂ ਵਿੱਚ ਨਗਰ ਨਿਗਮ ਦੀ ਕਾਰਗੁਜ਼ਾਰੀ ਨੂੰ ਲੈ ਕੇ ਵੀ ਭਾਰੀ ਨਾਰਾਜ਼ਗੀ ਬਣੀ ਹੋਈ ਸੀ। ਖਬਰ ਲਿਖੇ ਜਾਣ ਤੱਕ ਸ਼ਹਿਰ ਭਰ ਦੇ ਡੰਪਾਂ ਤੋਂ ਕੂੜਾ ਚੁੱਕਣ ਦਾ ਕੰਮ ਜੰਗੀ ਪੱਧਰ ਤੇ ਸ਼ੁਰੂ ਹੋ ਚੁੱਕਾ ਹੈ ਅਤੇ ਗੰਦਗੀ ਨਾਲ ਬਣੇ ਹਾਲਾਤਾਂ 'ਚ ਸੁਧਾਰ ਹੋ ਰਿਹਾ ਹੈ।





# ਸੀ ਪੀ ਐੱਮ ਤੇ ਜਨਤਕ ਜਥੇਬੰਦੀਆਂ ਦੀ ਮੀਟਿੰਗ



**ਮਾਹਿਲਪੁਰ (ਸਫ਼ਰੀ)** – ਸੀ ਪੀ ਐਮ ਅਤੇ ਜਨਤਕ ਜਥੇਬੰਦੀਆਂ ਦੀ ਮੀਟਿੰਗ ਮਹਿੰਦਰ ਕੁਮਾਰ ਬੱਡੋਆਣ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਮਹਿੰਦਰ ਕੁਮਾਰ ਬੱਡੋਆਣ ਨੇ ਦੱਸਿਆ ਕਿ ਡਿਪਟੀ ਸਪੀਕਰ ਵਲੋਂ ਪਿੰਡ ਅਕਾਲਗੜ੍ਹ ਦੇ ਨੌਜਵਾਨ ਵਲੋਂ ਸਵਾਲ ਕਰਨ 'ਤੇ ਉਸ ਦਾ ਜਵਾਬ ਦੇਣ ਦੇ ਬਜਾਏ ਸਪੀਕਰ ਵਲੋਂ ਤੈਸ਼ ਵਿੱਚ ਆ ਕੇ ਉਸ ਨਾਲ ਵਧੀਕੀ ਕੀਤੀ ਅਤੇ ਗੰਨਮੈਨਾਂ ਨੂੰ ਕਿਹਾ ਕਿ ਇਸ ਨੂੰ ਗੱਡੀ ਵਿੱਚ ਬੈਠਾ ਕਿ ਠਾਣੇ ਲੈ ਚਲੋ। ਲੋਕਾਂ ਨੇ ਨੌਜਵਾਨ ਨੂੰ ਠਾਣੇ ਨਹੀਂ ਲਿਜਾਣ ਦਿੱਤਾ, ਉਲਟਾ ਜਿਹੜੇ ਨਜ਼ਦੀਕ ਕੈਮਰੇ ਲੱਗੇ ਸਨ ਉਹ ਵੀ ਪੁਲਸ ਵਲੋਂ ਲਾਹ ਲਏ ਗਏ ਤਾਂ ਕਿ ਸਚਾਈ ਦਾ ਮੰਤਰੀ ਦੀ ਧੱਕੇਸ਼ਾਹੀ 'ਤੇ ਪਰਦਾ ਪੈ ਸਕੇ ਮੀਟਿੰਗ ਵਿੱਚ ਇਸ ਦੀ ਨਿਖੇਧੀ ਕੀਤੀ ਅਤੇ ਡਿਪਟੀ ਸਪੀਕਰ ਅਤੇ ਪੁਲਸ ਇਸ ਦੀ ਧੱਕੇਸ਼ਾਹੀ ਵਿਰੁੱਧ 18 ਅਗਸਤ ਨੂੰ ਸੀ ਪੀ ਐਮ ਅਤੇ ਜਨਤਕ ਜਥੇਬੰਦੀਆਂ ਵਲੋਂ ਆਕ੍ਰੋਸ਼ ਰੈਲੀ ਕੀਤੀ ਜਾਵੇਗੀ। ਆਗੂਆਂ ਨੇ ਕਿਹਾ ਸਾਡਾ ਦੇਸ਼ ਲੋਕਤੰਤਰ ਦੇਸ਼ ਹੈ, ਹਰ ਇਕ ਨੂੰ ਸਵਾਲ ਪੁੱਛਣ ਦਾ ਹੱਕ ਹੈ। ਆਗੂਆਂ ਨੇ ਸਾਰੇ ਇਨਸਾਫ ਪਸੰਦ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਮੰਤਰੀ ਅਤੇ ਪੁਲਸ ਦੀ ਧੱਕੇਸ਼ਾਹੀ ਵਿਰੁੱਧ 18 ਅਗਸਤ ਨੂੰ ਹੁੰਮ ਹੁਮਾ ਕੇ ਪਹੁੰਚੋ। ਇਸ ਮੀਟਿੰਗ ਵਿੱਚ ਸੁਖਵਿੰਦਰ ਕੌਰ, ਜਗਮੋਹਨ ਕੌਰ, ਜੋਗਿੰਦਰ ਕੌਰ, ਬਲਵਿੰਦਰ ਕੌਰ, ਦਵਿੰਦਰ ਸਿੰਘ, ਮਹਿੰਦਰ ਕੁਮਾਰ ਬੱਡੋਆਣ, ਮਨਜੀਤ ਕੌਰ, ਦਵਿੰਦਰ ਸਿੰਘ ਹਾਜ਼ਰ ਸਨ।

# ਠੱਗੀ ਦੇ ਸ਼ਿਕਾਰ ਨੌਜਵਾਨ ਨੇ ਜ਼ਹਿਰੀਲੀ ਦਵਾਈ ਨਿਗਲੀ, ਇਲਾਜ ਦੌਰਾਨ ਮੌਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੜ੍ਹਦੀਵਾਲਾ ਦੇ ਨੇੜਲੇ ਪਿੰਡ ਹਰਦੋਪੱਟੀ (ਵੜੈਚ) ਦੇ ਨੌਜਵਾਨ ਵਲੋਂ ਇੱਕ ਟਰੈਵਲ ਏਜੰਟ ਵਲੋਂ ਲਗਭਗ 18 ਲੱਖ ਦੀ ਠੱਗੀ ਮਾਰਕੇ ਦੋ ਵਾਰ ਜਾਅਲੀ ਵੀਜਾ ਲਗਾਉਣ ਤੇ ਜ਼ਹਿਰੀਲੀ ਵਸਤੂ ਖਾਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲੈਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਸੰਬੰਧੀ ਤਰਲੋਕ ਸਿੰਘ ਪੁੱਤਰ ਸਵਰਗੀ ਭਗਤ ਸਿੰਘ ਵਾਸੀ ਹਰਦੋ ਪੱਟੀ (ਵੜੈਚ) ਨੇੜੇ ਥਿੰਦਾ ਚਿਪੜ੍ਹਾ ਥਾਣਾ ਗੜ੍ਹਦੀਵਾਲਾ ਜ਼ਿਲ੍ਹਾ ਹੁਸ਼ਿਆਰਪੁਰ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਮੇਰਾ ਲੜਕਾ ਗੁਰਵੀਰ ਸਿੰਘ (25) ਦਾ ਸੀ ਜਿਸ ਨੂੰ ਜਤਿੰਦਰ ਸਿੰਘ ਬਰਿਆਣਾ ਪੁੱਤਰ ਗੁਰਦੀਪ ਸਿੰਘ ਬਰਿਆਣਾ ਵਾਸੀ ਪਿੰਡ ਬਰਿਆਣਾ ਥਾਣਾ ਹਰਿਆਣਾ ਜੋ ਆਪਣੀ ਭੈਣ ਕੋਲ ਪਿੰਡ ਢਡਿਆਲਾ ਥਾਣਾ ਟਾਂਡਾ ਜਿਲ੍ਹਾ ਹੁਸਿਆਰਪੁਰ ਰਹਿੰਦਾ ਸੀ, ਵਲੋਂ ਸਟੇਟ ਬੈਂਕ ਆਫ ਇੰਡੀਆ ਬ੍ਰਾਚ ਟਾਂਡਾ ਨੇੜੇ ਟਰੈਵਲ ਏਜੰਟ ਦਾ ਦਫਤਰ ਖੋਲਿਆ ਸੀ। ਮੇਰਾ ਲੜਕੇ ਗੁਰਵੀਰ ਸਿੰਘ ਵਿਦੇਸ ਨਿਊਜ਼ੀਲੈਂਡ ਜਾਣ ਦਾ ਚਾਹਵਾਨ ਸੀ। ਇਸ ਲਈ ਏਜੰਟ ਜਤਿੰਦਰ ਸਿੰਘ ਨੂੰ ਮੈਂ ਅਤੇ ਮੇਰਾ ਲੜਕਾ ਗੁਰਵੀਰ ਸਿੰਘ ਉਸ ਦੇ ਦਫਤਰ ਮਿਤੀ 15 ਫਰਵਰੀ 2025 ਨੂੰ ਮਿਲੇ ਤੇ ਏਜੰਟ ਸਾਨੂੰ ਕਹਿਣ ਲੱਗਾ ਕਿ ਮੇਰੇ ਕੋਲ ਨਿਊਜ਼ੀਲੈਂਡ ਦੇ ਵਰਕ ਪਰਮਿਟ ਹਨ। ਮੈਂ ਤੁਹਾਡੇ ਲੜਕੇ ਗੁਰਵੀਰ ਸਿੰਘ ਨੂੰ ਤਿੰਨ ਸਾਲ ਦੇ ਵਰਕ ਪਰਮਿਟ ਤੇ ਨਿਊਜ਼ੀਲੈਂਡ ਭੇਜ ਦਿੰਦਾ ਹਾਂ।ਜਿਸ ਸਬੰਧੀ ਸਾਡੀ 18 ਲੱਖ ਵਿਚ ਗੱਲਬਾਤ ਹੋ ਗਈ। ਜਿਸ ਨੂੰ ਮਿਤੀ 22 ਫਰਵਰੀ 2025 ਨੂੰ 2,50,000 ਰੁਪਏ ਤੇ ਦੋਬਾਰਾ 3,00,000 ਰੁਪਏ ਅਤੇ ਹੋਰ ਬਾਕੀ ਬਚਦੀ ਰਕਮ ਵੱਖ ਵੱਖ ਤਰੀਕਾ ਨੂੰ ਜਤਿੰਦਰ ਸਿੰਘ ਉਕਤ ਦੇ ਖਾਤੇ ਵਿਚ ਕੁੱਲ ਰਕਮ 17 ਲੱਖ 44 ਹਜਾਰ ਰੁਪਏ ਪਾਏ। ਜਿਸ ਨੇ ਮੇਰੇ ਲੜਕੇ ਗੁਰਵੀਰ ਸਿੰਘ ਦਾ ਦੋ ਵਾਰੀ ਜਾਅਲੀ ਵੀਜਾ ਲਗਾਇਆ ਤੇ ਫਿਰ ਮਿਤੀ 27 ਜੁਲਾਈ 2026 ਨੂੰ ਸਾਨੂੰ ਕਹਿਣ ਲੱਗਾ ਕਿ ਤੁਸੀ ਆਪਣੇ ਲੜਕੇ ਦੀ ਤਿਆਰੀ ਰੱਖੋ ਮੈਂ ਮਿਤੀ 30 ਜੁਲਾਈ 2026 ਨੂੰ ਟਿਕਟ,ਪਾਸਪੋਰਟ ਤੇ ਲੱਗਾ ਵੀਜਾ ਲੈ ਕੇ ਤੁਹਾਡੇ ਘਰ ਆਵਾਂਗਾ। ਮਿਤੀ 31 ਜੁਲਾਈ 2026 ਨੂੰ ਲੜਕੇ ਗੁਰਵੀਰ ਸਿੰਘ ਦੀ ਅੰਮ੍ਰਿਤਸਰ ਤੇ ਸਿੰਘਾਪੁਰ ਦੀ ਤੇ ਸਿੰਘਾਪੁਰ ਤੋਂ ਨਿਊਜ਼ੀਲੈਂਡ ਜਾਣ ਦੀ ਫਲਾਇਟ ਦੀ ਟਿਕਟ ਕਰਵਾ ਦਿਤੀ ਤੇ ਮਿਤੀ 30 ਜੁਲਾਈ 2026 ਨੂੰ ਏਜੰਟ ਜਤਿੰਦਰ ਸਿੰਘ ਸਾਡੇ ਘਰ ਨਹੀ ਆਇਆ ਜਿਸ ਨੂੰ ਅਸੀ ਫੋਨ ਕਰਨ ਲੱਗੇ ਤਾਂ ਉਸ ਦਾ ਫੋਨ ਬੰਦ ਆ ਰਿਹਾ ਸੀ ਤੇ ਜਦੋ ਅਸੀ ਉਸ ਦੇ ਦਫਤਰ ਟਾਡਾ ਜਾ ਕੇ ਦੇਖਿਆ ਤਾ ਦਫਤਰ ਨੂੰ ਤਾਲਾ ਲੱਗਾ ਹੋਇਆ ਸੀ ਤੇ ਮੇਰੇ ਲੜਕੇ ਗੁਰਵੀਰ ਸਿੰਘ ਦੀ ਫਲਾਈਟ ਨਾ ਹੋਣ ਕਰਕੇ ਦਿਮਾਗੀ ਪਰੇਸ਼ਾਨ ਰਹਿਣ ਲੱਗ ਗਿਆ ਜਿਸ ਨੇ ਮਿਤੀ 1 ਅਗਸਤ 2026 ਨੂੰ ਵਕਤ ਕਰੀਬ 2-30 ਦੁਪਹਿਰ ਨੂੰ ਮੇਰਾ ਲੜਕਾ ਗੁਰਵੀਰ ਸਿੰਘ ਖੇਤਾਂ ਨੂੰ ਗੇੜਾ ਮਾਰਨ ਚਲਾ ਗਿਆ ਜਦੋ ਘਰ ਵਾਪਸ ਨਹੀ ਆਇਆ ਤਾਂ ਮੈਂ ਉਸ ਨੂੰ ਲੱਭਣ ਲਈ ਖੇਤਾ ਨੂੰ ਗਿਆ ਤਾਂ ਮੇਰਾ ਲੜਕਾ ਖੇਤ ਵਿਚ ਬੇਹੋਸ਼ੀ ਦੀ ਹਾਲਤ ਵਿੱਚ ਪਿਆ ਸੀ ਤੇ ਮੈਂ ਪੁੱਛਿਆ ਕੀ ਗੱਲ ਐ, ਤੇ ਮੇਰਾ ਲੜਕਾ ਗੁਰਵੀਰ ਸਿੰਘ ਮੈਨੂੰ ਕਹਿਣ ਲੱਗਾ ਕਿ ਏਜੰਟ ਜਤਿੰਦਰ ਸਿੰਘ ਬਰਿਆਣਾ ਪੁੱਤਰ ਗੁਰਦੀਪ ਸਿੰਘ ਬਰਿਆਣਾ ਥਾਣਾ ਹਰਿਆਣਾ ਜਿਲ੍ਹਾ ਹੁਸ਼ਿਆਰਪੁਰ ਨੇ ਮੈਨੂੰ ਵਿਦੇਸ਼ ਨਹੀ ਭੇਜਿਆ ਤੇ ਸਾਡੇ ਨਾਲ ਉਸ ਨੇ ਠੱਗੀ ਮਾਰੀ ਹੈ।

ਜਿਸ ਤੋਂ ਤੰਗ ਆ ਕੇ ਮੈਂ ਜਹਿਰੀਲੀ ਚੀਜ ਖਾ ਲਈ ਹੈ। ਅਸੀਂ ਆਪਣੇ ਲੜਕੇ ਨੂੰ ਇਲਾਜ ਲਈ ਜਲੰਧਰ ਦੇ ਨਿੱਜੀ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ। ਗੜ੍ਹਦੀਵਾਲਾ ਪੁਲਸ ਵੱਲੋਂ ਮ੍ਰਿਤਕ ਦੇ ਪਿਤਾ ਦੇ ਬਿਆਨਾਂ ਤੇ ਟਰੈਵਲ ਏਜੰਟ ਖਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।



# ਐਸ ਐਚ ਓ ਗੁਰਬਚਨ ਸਿੰਘ ਨੇ ਸੰਭਾਲਿਆ ਥਾਣਾ ਹਰਿਆਣਾ ਦਾ ਕਾਰਜਭਾਰ

**ਅੱਡਾ ਸਰਾਂ (ਜਸਵੀਰ ਕਾਜਲ)**- ਐਸ ਐਚ ਓ ਗੁਰਬਚਨ ਸਿੰਘ ਨੇ ਥਾਣਾ ਹਰਿਆਣਾ ਦਾ ਬਤੌਰ ਐਸ ਐਚ ਓ ਕਾਰਜਭਾਰ ਸੰਭਾਲ ਲਿਆ ਹੈ ਅਤੇ ਅਹੁਦਾ ਸੁਭਾਲਣ ਤੋਂ ਬਾਅਦ ਉਨ੍ਹਾਂ ਕਿਹਾ ਕਿ ਹਰਿਆਣਾ ਖੇਤਰ ਵਿੱਚ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣਾ, ਲੋਕਾਂ ਨੂੰ ਸੁਰਖਿਅਤ ਅਤੇ ਸ਼ਾਂਤਮਈ ਮਾਹੌਲ ਪ੍ਰਦਾਨ ਕਰਨਾ ਅਤੇ ਨਸ਼ਿਆਂ ਵਿਰੁੱਧ ਚਲ ਰਹੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣਾ ਉਨ੍ਹਾਂ ਦੀ ਪਹਿਲ ਹੋਵੇਗੀ। ਐਸ ਐਚ ਓ ਗੁਰਬਚਨ ਸਿੰਘ ਨੇ ਕਿਹਾ ਕਿ ਨਸ਼ਾ ਤਸਕਰੀ, ਗੈਰ-ਕਾਨੂਨੀ ਗਤੀਵਿਧੀਆਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਸਖਤ ਕਾਰਵਾਈ ਕੀਤੀ ਜਾਵੇਗੀ ਅਤੇ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਉਨ੍ਹਾ ਨੂੰ ਕਿਸੇ ਤਰ੍ਹਾਂ ਦੀ ਸ਼ੱਕੀ ਗਤੀਵਿਧੀ ਨਸ਼ਾ ਤਸਕਰੀ ਜਾਂ ਅਪਰਾਧਕ ਸਰਗਰਮੀ ਬਾਰੇ ਜਾਣਕਾਰੀ ਮਿਲਦੀ ਹੈ ਤਾਂ ਉਹ ਤੁਰੰਤ ਪੁਲਸ ਨੂੰ ਸੂਚਿਤ ਕਰਨ। ਜਾਣਕਾਰੀ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।



## ਅਕਾਲੀ ਦਲ 'ਵਾਰਿਸ ਪੰਜਾਬ ਦੇ' ਨੇ ਗੁਰਪ੍ਰੀਤ ਸਿੰਘ ਭੋਗਲ ਨੂੰ ਸੂਚਨਾ ਤਕਨਾਲੋਜੀ ਵਿਭਾਗ ਦੀ ਜ਼ਿੰਮੇਵਾਰੀ ਸੌਂਪੀ

**ਭੋਗਪੁਰ (ਪੱਤਰ ਪ੍ਰੇਰਕ)**- ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਮੱਦੇਨਜ਼ਰ ਗੁਰਪ੍ਰੀਤ ਸਿੰਘ ਭੋਗਲ ਨੂੰ ਸੂਚਨਾ ਤਕਨਾਲੋਜੀ (ਆਈ.ਟੀ.) ਵਿਭਾਗ ਦਾ ਅਹੁਦਾ ਸੌਂਪਿਆ ਗਿਆ ਹੈ। ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ ਦੀਆਂ ਹਲਕਾ ਆਦਮਪੁਰ ਵਿੱਚ ਸੇਵਾਵਾਂ, ਨਿਸ਼ਠਾ ਅਤੇ ਸਰਗਰਮ ਭੂਮਿਕਾ ਨੂੰ ਦੇਖਦਿਆਂ ਇਹ ਜ਼ਿੰਮੇਵਾਰੀ ਦਿੱਤੀ ਗਈ ਹੈ।ਇਸ ਮੌਕੇ ਗੁਰਪ੍ਰੀਤ ਸਿੰਘ ਭੋਗਲ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਪਾਰਟੀ ਆਗੂਆਂ ਅਤੇ ਵਰਕਰਾਂ ਨੇ ਭੋਗਲ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੱਤੀ।

## ਸੰਤ ਨਿਰਮਲ ਦਾਸ ਨੇ ਮਾਹਿਲਪੁਰ ਦੀਆਂ ਸੰਗਤਾਂ ਨੂੰ ਕੀਤਾ ਸਨਮਾਨਤ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਤਿਗੁਰੂ ਰਵਿਦਾਸ ਮਹਾਰਾਜ ਆਸ਼ਰਮ ਹਰਿਦੁਆਰ ਵਿਖੇ ਸੰਤ ਬਾਬਾ ਨਿਰਮਲ ਦਾਸ ਜੀ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾ ਸੋਸਾਇਟੀ ਪੰਜਾਬ ਦੀ ਯੋਗ ਅਗਵਾਈ ਹੇਠ ਹੋਏ ਇੱਕ ਸਮਾਗਮ ਦੌਰਾਨ ਮਾਹਿਲਪੁਰ ਤੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਅਤੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਮਿਸ਼ਨ 'ਤੇ ਕੰਮ ਕਰਨ ਵਾਲੀਆਂ ਸੰਗਤਾਂ ਨਿਰਮਲ ਕੌਰ ਬੋਧ, ਕੁਲਦੀਪ ਕੁਮਾਰ, ਸੁਮਿਤਾ, ਸੋਨੀਆ ਅਤੇ ਅੰਜਲੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਿਰਮਲ ਕੌਰ ਬੋਧ ਨੇ ਦੱਸਿਆ ਕਿ ਹਰਿਦੁਆਰ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਦੇ ਇਸ ਅਸਥਾਨ 'ਤੇ ਸੰਗਤਾਂ ਦਾ ਆਉਣਾ ਜਾਣਾ ਬਣਿਆ ਰਹਿੰਦਾ ਹੈ ਅਤੇ ਸਮੇਂ ਸਮੇਂ ਤੇ ਗੁਰੂ ਸਾਹਿਬ ਦੇ ਮਿਸ਼ਨ ਨਾਲ ਸੰਬੰਧਤ ਸਮਾਗਮ ਹੁੰਦੇ ਰਹਿੰਦੇ ਹਨ।



# ਸੀ ਐੱਚ ਸੀ ਹਾਰਟਾ ਬੱਡਲਾ ਵਿਖੇ ਭਲਕੇ ਮਨਾਇਆ ਜਾ ਰਿਹਾ ਵਿਸ਼ਵ ਸਤਨਪਾਨ ਹਫਤਾ : ਬੈਂਸ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੀ ਯੋਗ ਅਗਵਾਈ ਹੇਠ 1 ਅਗਸਤ ਤੋਂ 7 ਅਗਸਤ ਤੱਕ ਵਿਸ਼ਵ ਸਤਨਪਾਨ ਹਫਤਾ ਕਮਿਊਨਿਟੀ ਹੈਲਥ ਸੈਂਟਰ ਹਾਰਟਾ ਬਡਲਾ ਅਤੇ ਇਸ ਅਧੀਨ ਆਉਂਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਮਾਵਾਂ ਅਤੇ ਪਰਵਾਰਾਂ ਨੂੰ ਨਵਜੰਮੇ ਬੱਚਿਆਂ ਲਈ ਛਾਤੀ ਦਾ ਦੁੱਧ ਪਿਲਾਉਣ ਦੇ ਮਹੱਤਵ ਬਾਰੇ ਜਾਣੂ ਕਰਵਾਇਆ ਜਾ ਸਕੇ ।ਇਸ ਮੌਕੇ ਬੱਚਿਆਂ ਦੇ ਰੋਗਾਂ ਦੇ ਮਾਹਿਰ ਡਾ.ਕੁਲਵੰਤ ਰਾਏ ਨੇ ਦੱਸਿਆ ਕਿ ਨਵਜੰਮੇ ਬੱਚੇ ਨੂੰ ਜਨਮ ਤੋਂ ਪਹਿਲੇ ਇੱਕ ਘੰਟੇ ਦੇ ਅੰਦਰ ਛਾਤੀ ਦਾ ਦੁੱਧ ਪਿਲਾਉਣਾ ਬਹੁਤ ਜ਼ਰੂਰੀ ਹੈ। ਮਾਂ ਦਾ ਪਹਿਲਾ ਗਾੜ੍ਹਾ ਪੀਲਾ ਦੁੱਧ (ਕੋਲੋਸਟ੍ਰਮ) ਬੱਚੇ ਲਈ ਪਹਿਲੇ ਟੀਕੇ ਵਾਂਗ ਕੰਮ ਕਰਦਾ ਹੈ ਜੋ ਉਸ ਦੀ ਰੋਗ-ਰੋਕੂ ਸਮਰੱਥਾ ਨੂੰ ਮਜ਼ਬੂਤ ਬਣਾਉਂਦਾ ਹੈ ਅਤੇ ਕਈ ਗੰਭੀਰ ਬਿਮਾਰੀਆਂ ਤੋਂ ਸੁਰੱਖਿਆ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਜਨਮ ਤੋਂ ਪਹਿਲੇ ਛੇ ਮਹੀਨੇ ਤੱਕ ਬੱਚੇ ਨੂੰ ਕੇਵਲ ਮਾਂ ਦਾ ਦੁੱਧ ਹੀ ਦੇਣਾ ਚਾਹੀਦਾ ਹੈ ਅਤੇ ਇਸ ਦੌਰਾਨ ਪਾਣੀ, ਸ਼ਹਿਦ, ਘੁੱਟੀ ਜਾਂ ਹੋਰ ਕੋਈ ਵੀ ਤਰਲ ਪਦਾਰਥ ਨਹੀਂ ਦੇਣਾ ਚਾਹੀਦਾ। ਛੇ ਮਹੀਨੇ ਬਾਅਦ ਪੂਰਕ ਆਹਾਰ ਸ਼ੁਰੂ ਕਰਦੇ ਹੋਏ ਦੋ ਸਾਲ ਜਾਂ ਇਸ ਤੋਂ ਵੱਧ ਸਮੇਂ ਤੱਕ ਛਾਤੀ ਦਾ ਦੁੱਧ ਜਾਰੀ ਰੱਖਣਾ ਚਾਹੀਦਾ ਹੈ।ਉਨ੍ਹਾਂ ਨੇ ਦੱਸਿਆ ਕਿ ਮਾਂ ਦਾ ਪਹਿਲਾ ਗਾੜ੍ਹਾ ਪੀਲਾ ਦੁੱਧ ਬੱਚੇ ਦੇ ਸਰੀਰਕ, ਮਾਨਸਿਕ ਅਤੇ ਬੌਧਿਕ ਵਿਕਾਸ ਲਈ ਸਭ ਤੋਂ ਉੱਤਮ ਆਹਾਰ ਹੈ। ਇਹ ਬੱਚੇ ਨੂੰ ਦਸਤ, ਨਿਮੋਨੀਆ, ਕੁਪੋਸ਼ਣ ਅਤੇ ਹੋਰ ਇਨਫੈਕਸ਼ਨਾਂ ਤੋਂ ਬਚਾਉਣ ਵਿੱਚ ਸਹਾਇਕ ਹੁੰਦਾ ਹੈ। ਇਸ ਦੇ ਨਾਲ ਹੀ ਛਾਤੀ ਦਾ ਦੁੱਧ ਪਿਲਾਉਣ ਨਾਲ ਮਾਂ ਦੀ ਸਿਹਤ ਨੂੰ ਵੀ ਲਾਭ ਮਿਲਦਾ ਹੈ ਅਤੇ ਛਾਤੀ ਅਤੇ ਅੰਡਕੋਸ਼ ਦੇ ਕੈਂਸਰ ਦੇ ਖਤਰੇ ਨੂੰ ਘਟਾਉਣ ਵਿੱਚ ਮਦਦ ਮਿਲਦੀ ਹੈ। ਇਸ ਮੌਕੇ ਹਾਜ਼ਰ ਬਲਾਕ ਐਕਸਟੈਂਸ਼ਨ ਐਜੂਕੇਟਰ ਅਮਨਦੀਪ ਸਿੰਘ ਨੇ ਦੱਸਿਆ ਕਿ ਹਫ਼ਤੇ ਦੌਰਾਨ ਸੀ.ਐਚ.ਸੀ. ਹਾਰਟਾ ਬਡਲਾ, ਸਬ ਸੈਂਟਰਾਂ ਅਤੇ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਵਿਖੇ ਗਰਭਵਤੀ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਲਈ ਜਾਗਰੂਕਤਾ ਸੈਸ਼ਨ, ਸਲਾਹ-ਮਸ਼ਵਰਾ, ਸਮੂਹ ਮੀਟਿੰਗਾਂ ਅਤੇ ਸਿਹਤ ਸਿੱਖਿਆ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਆਸ਼ਾ ਵਰਕਰਾਂ, ਏ.ਐਨ.ਐਮ., ਮਲਟੀਪਰਪਜ਼ ਹੈਲਥ ਵਰਕਰਾਂ ਅਤੇ ਹੋਰ ਸਿਹਤ ਕਰਮਚਾਰੀਆਂ ਵੱਲੋਂ ਘਰ-ਘਰ ਜਾ ਕੇ ਵੀ ਮਾਵਾਂ ਨੂੰ ਛਾਤੀ ਦਾ ਦੁੱਧ ਪਿਲਾਉਣ ਸਬੰਧੀ ਸਹੀ ਜਾਣਕਾਰੀ ਦਿੱਤੀ ਜਾ ਰਹੀ ਹੈ ਇਸ ਮੌਕੇ ਫਾਰਮੇਸੀ ਅਫਸਰ ਬਲਕਾਰ ਚੰਦ ਅਤੇ ਸਟਾਫ ਨਰਸ ਗੁਰਪ੍ਰੀਤ ਕੌਰ ਹਾਜ਼ਰ ਸਨ।



# ਡਾ. ਵਾਰੀਆ ਨੇ ਗਠੀਆ ਦੀ ਬਿਮਾਰੀ ਪ੍ਰਤੀ ਕੀਤਾ ਜਾਗਰੂਕ

**ਬੰਗਾ (ਅਵਤਾਰ ਕਲੇਰ)**- ਗਠੀਆ ਅੱਜ ਦੇ ਸਮੇਂ ਵਿੱਚ ਇੱਕ ਤੇਜ਼ੀ ਨਾਲ ਵਧ ਰਹੀ ਸਰੀਰ ਦੀ ਗੰਭੀਰ ਅਤੇ ਖਤਰਨਾਕ ਬਿਮਾਰੀ ਬਣ ਰਹੀ ਹੈ । ਗਠੀਆ ਉਹ ਖਤਰਨਾਕ ਰੋਗ ਹੈ ਜੋ ਹੱਥਾਂ, ਪੈਰਾਂ ਅਤੇ ਸਰੀਰ ਦੇ ਵੱਖ-ਵੱਖ ਜੋੜਾਂ ਵਿਚ ਦਰਦ ਦਾ ਕਾਰਨ ਬਣਨ ਦੇ ਨਾਲ-ਨਾਲ ਸਰੀਰ ਨੂੰ ਜੀਵਨ ਭਰ ਲਈ ਅਪਾਹਜ ਕਰ ਸਕਦਾ ਹੈ।ਇਹ ਜਾਣਕਾਰੀ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਹੱਡੀਆਂ ਅਤੇ ਜੋੜਾਂ ਦੇ ਮਾਹਰ ਡਾ. ਪਰਮਿੰਦਰ ਸਿੰਘ ਵਾਰੀਆ ਐਮ ਐਸ (ਆਰਥੋ) ਨੇ ਆਮ ਲੋਕਾਂ ਨੂੰ ਗਠੀਆ ਦੀ ਬਿਮਾਰੀ ਪ੍ਰਤੀ ਜਾਗਰੂਕ ਕਰਦੇ ਹੋਏ ਦਿੱਤੀ। ਉਨ੍ਹਾਂ ਕਿਹਾ ਕਿ ਗਠੀਆ ਨੂੰ ਆਮ ਜੋੜਾਂ ਦਾ ਦਰਦ ਵਾਂਗ ਸਮਝ ਲੈਣਾ ਇੱਕ ਵੱਡੀ ਗਲਤੀ ਹੁੰਦੀ ਹੈ। ਜਿਹਨਾਂ ਲੋਕਾਂ ਨੂੰ ਸਵੇਰੇ ਉੱਠਣ ਸਮੇਂ ਜੋੜਾਂ ਦਾ ਅਕੜਾਂਦ, ਸੋਜ ਮਹਿਸੂਸ ਹੋਵੇ, ਤੁਰਨ-ਫਿਰਨ ਜਾਂ ਪੌੜੀਆਂ ਚੜ੍ਹਨ ਵਿੱਚ ਮੁਸ਼ਕਲ, ਗੋਡਿਆਂ, ਚੂਲੇ, ਮੋਢਿਆਂ ਜਾਂ ਹੱਥਾਂ ਦੇ ਜੋੜਾਂ ਵਿੱਚ ਦਰਦ ਨਿਰੰਤਰ ਰਹੇ ਜਾਂ ਜੋੜਾਂ ਦੀ ਹਿਲਜੁਲ ਘਟ ਜਾਣ ਆਦਿ ਲੱਛਣ ਦੋ ਤੋਂ ਚਾਰ ਹਫ਼ਤਿਆਂ ਤੋਂ ਵੱਧ ਸਮੇਂ ਤੱਕ ਰਹਿਣ ਤਾਂ ਉਹਨਾਂ ਨੂੰ ਤੁਰੰਤ ਹੱਡੀਆਂ ਅਤੇ ਜੋੜਾਂ ਦੇ ਮਾਹਰ ਤੋਂ ਜਾਂਚ ਕਰਵਾਉਣੀ ਚਾਹੀਦੀ ਹੈ। ਡਾ. ਵਾਰੀਆ ਨੇ ਦੱਸਿਆ ਕਿ ਸਮੇਂ ਸਿਰ ਜਾਂਚ ਹੀ ਗਠੀਆ ਤੋਂ ਬਚਾਅ ਦਾ ਸਭ ਤੋਂ ਵੱਡਾ ਇਲਾਜ ਹੈ । ਇਹ ਬਿਮਾਰੀ 30 ਤੋਂ 40 ਸਾਲ ਉਮਰ ਵਿਚ ਵਧੇਰੇ ਹੁੰਦੀ ਹੈ । ਮੌਜੂਦਾ ਸਮੇਂ 30 ਸਾਲ ਤੋਂ ਘੱਟ ਅਤੇ ਬੱਚਿਆਂ ਵਿੱਚ ਵੀ ਗਠੀਆ ਦੀ ਬਿਮਾਰੀ ਦੇ ਮਾਮਲੇ ਸਾਹਮਣੇ ਆ ਰਹੇ ਹਨ। ਕਿਉਂਕਿ ਗਠੀਆ ਇੱਕ ਜਿਨੈਟਿਕ ਕਿਸਮ ਦੀ ਬਿਮਾਰੀ ਹੈ ਅਤੇ ਜਿਨ੍ਹਾਂ ਪਰਵਾਰਾਂ ਦੇ ਕਿਸੇ ਜੀਅ ਨੂੰ ਗਠੀਆ ਦੀ ਬਿਮਾਰੀ ਹੋਈ ਹੋਵੇ ਤਾਂ ਉਹਨਾਂ ਨੂੰ ਇਹ ਬਿਮਾਰੀ ਹੋ ਸਕਦੀ ਹੈ । ਗਠੀਆ ਦੀ ਬਿਮਾਰੀ ਨਾਲ ਸਰੀਰ ਦੀ ਰੋਗ ਪ੍ਰਤੀਰੋਧਕ ਸਮਰੱਥਾ ਘੱਟ ਜਾਣ ਕਰਕੇ ਇਸ ਕਰਕੇ ਦਿਲ, ਅੱਖਾਂ, ਫੇਫੜਿਆਂ ਅਤੇ ਚਮੜੀ 'ਤੇ ਅਸਰ ਹੋ ਸਕਦਾ ਹੈ । ਡਾ. ਵਾਰੀਆ ਨੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਗਠੀਆ ਤੋਂ ਇਲਾਵਾ ਹੱਡੀਆਂ ਅਤੇ ਜੋੜਾਂ ਨਾਲ ਸੰਬੰਧਤ ਬਿਮਾਰੀਆਂ ਦੇ ਮਿਆਰੀ ਇਲਾਜ ਲਈ ਖਾਸ ਪ੍ਰਬੰਧ ਹਨ ।



# ਵਣ-ਮਹਾਂਉਤਸਵ ਮਨਾਇਆ

**ਕਿਸ਼ਨਗੜ੍ਹ, ( ਸੁਖਜੀਤ ਕੁਮਾਰ )** ਬੀਤੇ ਦਿਨ ਵਣ ਵਿਭਾਗ ਜਲੰਧਰ ਦੀ ਸਮੁੱਚੀ ਟੀਮ ਵੱਲੋ ਹਰਗੁਰਨੇਕ ਸਿੰਘ ਰੰਧਾਵਾ ਵਣ ਰੇਂਜ ਅਫਸਰ ਦੀ ਅਗਵਾਈ ਵਿੱਚ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਨ ਦਾਸ ਮਹਾਰਾਜ ਜੀ ਦੇ ਅਸ਼ੀਰਵਾਦ ਨਾਲ ਡੇਰੇ ਬੱਲਾਂ ਦੇ ਨਜ਼ਦੀਕ ਬਿਸਤ ਦੁਆਬ ਨਹਿਰ ਕਿਨਾਰੇ ਸਤਿਗੁਰੂ ਰਵਿਦਾਸ ਵਾਤਾਵਰਨ ਬਚਾਓ ਤੇ ਸਾਂਭ ਸੰਭਾਲ ਸੁਸਾਇਟੀ ਰਾਏਪੁਰ ਰਸੂਲਪੁਰ-ਬੱਲਾਂ ਅਤੇ ਡਾ.ਬੀ.ਆਰ. ਅੰਬੇਡਕਰ ਮਿਸ਼ਨ ਐਂਡ ਵੈਲਫੇਅਰ ਸੋਸਾਇਟੀ ਰਜਿ: ਅੱਡਾ ਕਿਸ਼ਨਗੜ੍ਹ ਦੀ ਸਮੁੱਚੀ ਟੀਮ ਵੱਲੋਂ ਸਾਂਝੇ ਤੌਰ 'ਤੇ ਸਤਿਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਦਿਨ ਨੂੰ ਸਮਰਪਿਤ ਵਣ ਮਹਾ-ਉਤਸਵ ਦੌਰਾਨ ਫਲਦਾਰ ਫੁੱਲਦਾਰ ਤੇ ਛਾਂ-ਦਾਰ ਅਨੇਕਾਂ ਬੂਟੇ ਲਗਾ ਕੇ ਵਣ ਮਹਾਂ ਉਤਸਵ ਦਾ ਇਕ ਸੰਖੇਪ ਤੇ ਪ੍ਰਭਾਵਸ਼ਾਲੀ ਸਮਾਗਮ ਮਨਾਇਆ ਗਿਆ। ਇਸ ਮੌਕੇ 'ਤੇ ਮੁੱਖ ਮਹਿਮਾਨ ਹਰ ਗੁਰਨੇਕ ਸਿੰਘ ਰੰਧਾਵਾ ਨੇ ਇਲਾਕੇ ਦੀ ਨਾਮਵਰ ਵਾਤਾਵਰਨ ਬਚਾਓ ਸੋਸਾਇਟੀ ਦੇ ਪ੍ਰਧਾਨ ਉੱਘੇ ਵਾਤਾਵਰਨ ਪ੍ਰੇਮੀ ਬਲਦੇਵ ਸਿੰਘ ਹੋਠੀ ਸੇਵਾ ਮੁਕਤ ਜੇ. ਈ. ਤੇ ਜਨ.ਸਕੱਤਰ ਸੁਖਵਿੰਦਰ ਬਿੰਦਰ ਵਿਰਦੀ ਦੀ ਸਮੁੱਚੀ ਟੀਮ ਵੱਲੋਂ ਪਿਛਲੇ ਚਾਰ-ਪੰਜਾਂ ਸਾਲਾਂ ਤੋਂ ਇਲਾਕੇ ਵਿੱਚ ਆਪਣੀ ਪੱਧਰ 'ਤੇ ਪੱਲਿਓਂ ਪੈਸੇ ਖਰਚ ਕੇ ਵਾਤਾਵਰਨ ਦੀ ਸ਼ੁੱਧਤਾ ਲਈ ਲਗਾਏ ਗਏ। ਇਸ ਮੌਕੇ 'ਤੇ ਵਣ ਵਿਭਾਗ ਦੀ ਸਮੁੱਚੀ ਟੀਮ ਨੂੰ ਸਤਿਗੁਰ ਰਵਿਦਾਸ ਵਾਤਾਵਰਨ ਬਚਾਓ ਸੋਸਾਇਟੀ ਤੇ ਡਾਕਟਰ ਬੀ ਆਰ ਅੰਬੇਡਕਰ ਮਿਸ਼ਨ ਐਂਡ ਵੈਲਫੇਅਰ ਸੋਸਾਇਟੀ ਦੇ ਸਾਂਝੇ ਅਹੁਦੇਦਾਰਾਂ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਾਂ ਤੋਂ ਇਲਾਵਾ ਤਰਸੇਮ ਸਿੰਘ ਬਲਾਕ ਫਾਰੈਸਟ ਅਫਸਰ, ਸਾਹਿਬ ਸਿੰਘ ਫਾਰੈਸਟ ਗਾਰਡ, ਦਲਜੀਤ ਕੁਮਾਰ ਮੇਹਟ ਫਰੀਦਪੁਰ, ਪ੍ਰਧਾਨ ਸਾਲਗ ਰਾਮ ਸਰੋਆ, ਬਲਦੇਵ ਰਾਜ ਮੰਗਾ, ਚੇਅਰਮੈਨ ਮਹਿੰਦਰ ਕੁਮਾਰ ਸੇਵਾ ਮੁਕਤ ਕਾਨੂੰਨਗੋ, ਸੁਰਿੰਦਰ ਪਾਲ ਪਾਲਾ ਬਿਰਦੀ, ਵਾਇਸ ਪ੍ਰਧਾਨ ਮਨੋਹਰ ਬੈਂਸ ਜੰਡ ਸਿੰਘਾ, ਮੱਖਣ ਕੈਂਥ, ਲੈਕਚਰਾਰ ਸੁਰਜੀਤ ਸਿੰਘ ਜੱਸਲ, ਸ਼ਿੰਗਾਰਾ ਰਾਮ ਮੰਨਣ, ਸਤਪਾਲ ਸਿੰਘ ਬੰਗੜ ਸੇਵਾ ਮੁਕਤ ਰੇਂਜ ਅਫਸਰ, ਦਿਆਲ ਬਿਰਦੀ ਸੁੱਚੀ ਪਿੰਡ, ਰਾਜ ਕੁਮਾਰ ਬਸਰਾ ਸੇਵਾ ਮੁਕਤ ਜਨ. ਮੈਨੇਜਰ ਮੰਡੀ ਬੋਰਡ, ਕਾਮਰੇਡ ਮਨੋਹਰ ਲਾਲ ਬੱਲਾਂ, ਰੋਸ਼ਨ ਲਾਲ ਸੋਂਧੀ, ਮਹਿੰਦਰ ਪਾਲ ਮਡਾਰ, ਸ਼ੰਕਰ ਦਾਸ, ਸੇਵਾਮੁਕਤ ਇੰਸਪੈਕਟਰ ਸੋਹਣ ਲਾਲ ਬਿਰਦੀ, ਪ੍ਰਿੰਸੀਪਲ ਪਰਮਜੀਤ ਜੱਸਲ, ਸੁਖਬੀਰ ਸੁੱਖ, ਸਾਬਕਾ ਸਰਪੰਚ ਗੁਰਦਿਆਲ ਚੰਦ ਮੰਨਣ, ਮਾਸਟਰ ਬਲਵੀਰ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਧਾਨ ਬਲਦੇਵ ਸਿੰਘ ਹੋਠੀ ਤੇ ਮੰਚ ਸੰਚਾਲਕ ਲੈਕਚਰਾਰ ਸੁਰਜੀਤ ਸਿੰਘ ਜੱਸਲ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ!



## ਬੀ. ਐੱਡ. ਵਿਦਿਆਰਥੀਆਂ ਲਈ ਐਕਸ਼ਨ ਰਿਸਰਚ ਵਰਕਸ਼ਾਪ



ਸ੍ਰੀ ਫਤਿਹਗੜ੍ਹ ਸਾਹਿਬ, (ਮੁਖੱਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਿੱਖਿਆ ਵਿਭਾਗ ਦੇ ਖੋਜ ਤੇ ਸਿਖਲਾਈ ਕੇਂਦਰ ਵੱਲੋਂ ਬੀ. ਐੱਡ. ਵਿਦਿਆਰਥੀਆਂ ਲਈ ਪੰਜ ਰੋਜ਼ਾ ਐਕਸ਼ਨ ਰਿਸਰਚ ਵਰਕਸ਼ਾਪ ਦਾ ਆਗਾਜ਼ ਹੋਇਆ।ਇਸ ਵਰਕਸ਼ਾਪ ਦਾ ਮੰਤਵ ਭਵਿੱਖ ਦੇ ਅਧਿਆਪਕਾਂ ਨੂੰ ਸੋਚ-ਵਿਚਾਰ ਨਾਲ ਅਧਿਆਪਨ ਕਰਨ ਲਈ ਪ੍ਰੇਰਿਤ ਕਰਨਾ, ਉਨ੍ਹਾਂ ਵਿੱਚ ਖੋਜ ਪ੍ਰਤੀ ਰੁਝਾਨ ਪੈਦਾ ਕਰਨਾ ਤੇ ਜਮਾਤ ਵਿੱਚ ਸਿੱਖਣ-ਸਿਖਾਉਣ ਦੌਰਾਨ ਆਉਣ ਵਾਲੀਆਂ ਔਕੜਾਂ ਦੇ ਅਮਲੀ ਹੱਲ ਲੱਭਣ ਦੀ ਯੋਗਤਾ ਵਿਕਸਿਤ ਕਰਨਾ ਹੈ।ਵਰਕਸ਼ਾਪ ਦੇ ਮੁੱਖ ਬੁਲਾਰੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਸਿੱਖਿਆ ਖੋਜ ਦੇ ਮਾਹਰ ਪ੍ਰੋ. ਕੁਲਵਿੰਦਰ ਸਿੰਘ ਨੇ ਪਹਿਲੇ ਦਿਨ ਐਕਸ਼ਨ ਰਿਸਰਚ ਦੇ ਅਮਲੀ ਪੱਖਾਂ ਬਾਰੇ ਚਾਨਣਾ ਪਾਇਆ।ਉਨ੍ਹਾਂ ਜਮਾਤ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਦੀ ਪਛਾਣ ਤੇ ਚੋਣ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਖੋਜ ਦੇ ਵਿਸ਼ੇ ਵਜੋਂ ਰੂਪ ਦੇਣ ਦੇ ਢੰਗ ਸਮਝਾਏ। ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਵਰਕਸ਼ਾਪ ਵਿੱਚ ਹਿੱਸਾ ਲਿਆ ਤੇ ਆਪਣੇ ਅਧਿਆਪਨ ਅਭਿਆਸ ਨਾਲ ਜੁੜੇ ਤਜਰਬੇ ਸਾਂਝੇ ਕੀਤੇ।ਇਸ ਮੌਕੇ ਸਿੱਖਿਆ ਵਿਭਾਗ ਦੇ ਅਧਿਆਪਕ ਵੀ ਹਾਜ਼ਰ ਸਨ।ਸਿੱਖਿਆ ਵਿਭਾਗ ਦੇ ਮੁਖੀ ਡਾ. ਹਰਨੀਤ ਬਿਲਿੰਗ ਦੀ ਅਗਵਾਈ ਹੇਠ ਕਰਵਾਈ ਜਾ ਰਹੀ ਇਹ ਵਰਕਸ਼ਾਪ ਅਗਲੇ ਚਾਰ ਦਿਨਾਂ ਤੱਕ ਜਾਰੀ ਰਹੇਗੀ।ਇਸ ਦੌਰਾਨ ਅੰਕੜੇ ਇਕੱਠੇ ਕਰਨ ਦੇ ਢੰਗ, ਅੰਕੜਿਆਂ ਦਾ ਵਿਸ਼ਲੇਸ਼ਣ, ਨਤੀਜਿਆਂ ਦੀ ਵਿਆਖਿਆ ਤੇ ਰਿਪੋਰਟ ਲਿਖਣ ਸਬੰਧੀ ਅਮਲੀ ਸਿਖਲਾਈ ਦਿੱਤੀ ਜਾਵੇਗੀ।

## ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਜਾਗਰੂਕ ਮੁਹਿੰਮ ਦੀ ਸ਼ੁਰੂਆਤ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ/ਪਰਮਜੀਤ ਸਿੰਘ)- ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਨਿਰਦੇਸ਼ਕ ਪਸਾਰ ਸਿੱਖਿਆ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਤੇ ਆਈ.ਸੀ.ਏ.ਆਰ, ਅਟਾਰੀ ਜ਼ੋਨ-1, ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਸੁਰੇਵਾਲਾ ਬਲਾਕ ਗਿੱਦੜਬਾਹਾ ਵਿਖੇ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਪਿੰਡ ਪੱਧਰੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੌਰਾਨ ਡਾ. ਕਰਮਜੀਤ ਸ਼ਰਮਾ, ਐਸੋਸੀਏਟ ਡਾਇਰੈਕਟਰ (ਸਿਖਲਾਈ), ਕੇ.ਵੀ.ਕੇ. ਨੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਚਾਨਣਾ ਪਾਉਂਦੇ ਹੋਏ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੇ ਵੱਖ-ਵੱਖ ਢੰਗ ਤਰੀਕਿਆਂ ਬਾਰੇ ਕਿਸਾਨਾਂ ਨਾਲ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਪਰਾਲੀ ਪ੍ਰਬੰਧਨ ਬਾਰੇ ਕਿਸਾਨਾਂ ਨੂੰ ਕੁਦਰਤੀ ਸਰੋਤਾਂ ਦੀ ਪ੍ਰਭਾਵਸ਼ਾਲੀ ਵਰਤੋਂ ਅਤੇ ਖੇਤੀਬਾੜੀ ਲਈ ਵਾਤਾਵਰਣ ਦੀ ਰਾਖੀ ਲਈ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਕੁਸ਼ਲ ਪ੍ਰਬੰਧਨ ਲਈ ਸੱਦਾ ਦਿੰਦਿਆਂ ਉਨ੍ਹਾਂ ਨੇ ਪਰਾਲੀ ਦੇ ਪ੍ਰਬੰਧਨ ਲਈ ਸਿਫ਼ਾਰਸ਼ ਕੀਤੀਆਂ ਤਕਨਾਲੋਜੀਆਂ ਅਪਨਾਉਣ ਦੀ ਸਲਾਹ ਦਿੱਤੀ। ਇਸ ਤੋਂ ਇਲਾਵਾ ਵਿਭਾਗ ਵਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਕਰਨ ਲਈ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਵੀ ਕੀਤੀਆਂ ਜਾਣਗੀਆਂ।ਇਸ ਤੋਂ ਇਲਾਵਾ ਉਹਨਾਂ ਨੇ ਦੱਸਿਆ ਕਿ ਇਸ ਮੁਹਿੰਮ ਅਧੀਨ ਜ਼ਿਲ੍ਹੇ ਦੇ ਕਿਸਾਨਾਂ ਲਈ 105 ਰੋਜ਼ਾ ਟ੍ਰੇਨਿੰਗ ਪ੍ਰੋਗਰਾਮ, 1 ਕਿਸਾਨ ਮੇਲਾ, 8 ਪਿੰਡ ਪੱਧਰੀ ਕੈਂਪ, 2 ਬਲਾਕ ਪੱਧਰੀ ਕੈਂਪ, 1 ਜ਼ਿਲ੍ਹਾ ਪੱਧਰੀ ਕੈਂਪ, 2 ਐਕਸਪੋਜ਼ਰ ਦੌਰੇ, 2 ਖੇਤ ਦਿਵਸ ਅਤੇ ਪਰਾਲੀ ਦੀ ਸਾਂਭ-ਸੰਭਾਲ ਲਈ 100 ਡੈਮੋ ਦਿੱਤੇ ਜਾਣਗੇ। ਕੈਂਪ ਦੌਰਾਨ ਡਾ. ਵਿਵੇਕ ਕੁਮਾਰ, ਸਹਾਇਕ ਪ੍ਰੋਫੈਸਰ (ਫਸਲ ਵਿਗਿਆਨ) ਨੇ ਪਰਾਲੀ ਵਾਲੇ ਖੇਤਾਂ ਵਿੱਚ ਕਣਕ ਦੀ ਸਫ਼ਲ ਕਾਸ਼ਤ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਨੇ ਝੋਨੇ ਦੀ ਪਰਾਲੀ ਦੇ ਖੇਤ ਵਿੱਚ ਪ੍ਰਬੰਧਨ ਲਈ ਵੱਖ-ਵੱਖ ਮਸ਼ੀਨਾਂ ਜਿਵੇਂ ਹੈਪੀ ਸੀਡਰ, ਸਮਾਰਟ ਸੀਡਰ, ਸਰਫੇਸ ਸੀਡਰ, ਮਲਚਰ, ਜ਼ੀਰੋ ਡਰਿਲ ਆਦਿ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ।ਉਨ੍ਹਾਂ ਨੇ ਵੱਖ-ਵੱਖ ਮਸ਼ੀਨਾਂ ਨਾਲ ਬੀਜੀ ਜਾਣ ਵਾਲੀ ਕਣਕ ਦੀ ਫ਼ਸਲ ਦੀ ਕਾਸ਼ਤ ਕਰਦਿਆਂ ਕਿਸਾਨਾਂ ਨੂੰ ਵੱਖ-ਵੱਖ ਸਾਵਧਾਨੀਆਂ ਬਾਰੇ ਵੀ ਜਾਣਕਾਰੀ ਦਿੱਤੀ।

ਡਾ. ਜਗਮਨਜੋਤ ਸਿੰਘ ਮਾਨ, ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਨਾਲ ਭੂਮੀ ਦੀ ਸਿਹਤ ਸੁਧਾਰ ਤੇ ਫ਼ਸਲਾਂ ਦੇ ਉਤਪਾਦਨ ਵਿੱਚ ਹੋਣ ਵਾਲੇ ਵਾਧੇ ਸਬੰਧੀ ਕਿਸਾਨਾਂ ਨੂੰ ਜਾਣਕਾਰੀ ਦਿੱਤੀ।ਖੇਤਾਂ ਵਿੱਚ ਪਰਾਲੀ ਦੀ ਸਾਂਭ-ਸੰਭਾਲ ਦੇ ਫਾਇਦਿਆਂ ਦਾ ਜ਼ਿਕਰ ਕਰਦਿਆਂ ਉਹਨਾਂ ਦੱਸਿਆ ਕਿ ਇਸ ਨਾਲ ਜ਼ਮੀਨ ਦੇ ਭੌਤਿਕ ਗੁਣਾਂ ਵਿੱਚ ਸੁਧਾਰ ਹੁੰਦਾ ਹੈ ਤੇ ਫ਼ਸਲ ਉੱਤੇ ਮਾੜੇ ਪਾਣੀ ਦਾ ਅਸਰ ਵੀ ਘਟਦਾ ਹੈ।ਡਾ. ਸੁਖਜਿੰਦਰ ਸਿੰਘ ਮਾਨ, ਸਹਾਇਕ ਪ੍ਰੋਫੈਸਰ (ਫਲ ਵਿਗਿਆਨ) ਨੇ ਮਨੁੱਖੀ ਸਿਹਤ ਲਈ ਫਲਾਂ ਤੇ ਸਬਜ਼ੀਆਂ ਦੀ ਖ਼ੁਰਾਕ ਵਿੱਚ ਮਹੱਤਤਾ ਬਾਰੇ ਦੱਸਦੇ ਹੋਏ ਬਾਗਾਂ, ਸਬਜ਼ੀਆਂ ਅਤੇ ਖੁੰਬਾਂ ਦੀ ਕਾਸ਼ਤ ਵਿੱਚ ਪਰਾਲੀ ਦੀ ਵਰਤੋਂ ਕਰਨ ਦੇ ਤਰੀਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

## ਪਾਣੀ ਭਰਨ ਨਾਲ ਜਨਜੀਵਨ ਪ੍ਰਭਾਵਿਤ, ਲੋਕਾਂ ਵੱਲੋਂ ਸਥਾਈ ਹੱਲ ਦੀ ਮੰਗ



ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)- ਸੋਮਵਾਰ ਦੇਰ ਸ਼ਾਮ ਹੋਈ ਬਾਰਿਸ਼ ਨੇ ਇੱਕ ਵਾਰ ਫਿਰ ਕੋਟਕਪੂਰਾ 'ਚ ਸੜਕ ਦੀ ਮਾੜੀ ਹਾਲਤ ਤੇ ਨਗਰ ਕੌਂਸਲ ਦੇ ਮਾੜੇ ਨਿਕਾਸੀ ਸਿਸਟਮ ਨੂੰ ਉਜਾਗਰ ਕਰ ਦਿੱਤਾ ਹੈ।ਬੱਸ ਸਟੈਂਡ ਨੇੜੇ ਮੋਗਾ ਰੋਡ 'ਤੇ ਪਾਣੀ ਭਰਨ ਕਾਰਨ ਸੜਕ 'ਤੇ ਡੂੰਘੇ ਟੋਏ ਪੂਰੀ ਤਰ੍ਹਾਂ ਪਾਣੀ ਵਿੱਚ ਡੁੱਬ ਗਏ ਹਨ, ਜਿਸ ਨਾਲ ਡਰਾਈਵਰਾਂ ਤੇ ਪੈਦਲ ਚੱਲਣ ਵਾਲਿਆਂ ਲਈ ਜਾਨਲੇਵਾ ਸਥਿਤੀ ਪੈਦਾ ਹੋ ਗਈ ਹੈ।ਇਸ ਗੰਭੀਰ ਸਮੱਸਿਆ 'ਤੇ ਡੂੰਘਾ ਗੁੱਸਾ ਪ੍ਰਗਟ ਕਰਦੇ ਹੋਏ ਪ੍ਰਸਿੱਧ ਸਮਾਜ ਸੇਵੀ ਅਵਤਾਰ ਸਿੰਘ ਸਹੋਤਾ ਨੇ ਪ੍ਰਸ਼ਾਸਨ ਤੇ ਸਬੰਧਤ ਵਿਭਾਗਾਂ ਦੇ ਕੰਮਕਾਜ 'ਤੇ ਤਿੱਖੇ ਸਵਾਲ ਉਠਾਏ ਹਨ। ਸਮਾਜਿਕ ਕਾਰਕੁੰਨ ਅਵਤਾਰ ਸਿੰਘ ਸਹੋਤਾ ਨੇ ਦੱਸਿਆ ਕਿ ਮੋਗਾ ਰੋਡ ਨਾ ਸਿਰਫ਼ ਆਵਾਜਾਈ ਲਈ ਇੱਕ ਪ੍ਰਮੁੱਖ ਅੰਤਰਰਾਜੀ ਰਸਤਾ ਹੈ, ਸਗੋਂ ਰਾਜਸਥਾਨ, ਪੰਜਾਬ ਤੇ ਹਿਮਾਚਲ ਪ੍ਰਦੇਸ਼ ਨੂੰ ਜੋੜਨ ਵਾਲਾ ਇੱਕ ਮਹੱਤਵਪੂਰਨ ਅੰਤਰਰਾਜੀ ਰਸਤਾ ਵੀ ਹੈ।ਇੱਕ ਧਾਰਮਿਕ ਸਥਾਨ ਹੋਣ ਦੇ ਨਾਤੇ, ਸਾਉਣ ਦੇ ਪਵਿੱਤਰ ਮਹੀਨੇ ਦੌਰਾਨ ਇਸ ਰਸਤੇ 'ਤੇ ਸ਼ਰਧਾਲੂਆਂ ਅਤੇ ਸ਼ਰਧਾਲਾਂ ਦੀ ਆਵਾਜਾਈ ਕਾਫ਼ੀ ਵਧ ਜਾਂਦੀ ਹੈ। ਸੋਮਵਾਰ ਸ਼ਾਮ ਦੀ ਬਾਰਿਸ਼ ਤੋਂ ਬਾਅਦ ਮੰਗਲਵਾਰ ਦੁਪਹਿਰ ਤੱਕ ਸੜਕ 'ਤੇ ਗੰਦਾ ਪਾਣੀ ਖੜ੍ਹਾ ਰਿਹਾ।ਇਹ ਟੋਏ ਭਾਰੀ ਵਾਹਨਾਂ (ਘੋੜੇ ਗੱਡੀਆਂ, ਬੱਸਾਂ) ਦੇ ਨਾਲ-ਨਾਲ ਦੋਪਹੀਆ ਵਾਹਨ ਸਵਾਰਾਂ ਲਈ ਹਾਦਸਿਆਂ ਦਾ ਲਗਾਤਾਰ ਖ਼ਤਰਾ ਪੈਦਾ ਕਰਦੇ ਹਨ।ਰਾਤ ਨੂੰ ਸਥਿਤੀ ਹੋਰ ਵੀ ਭਿਆਨਕ ਹੋ ਜਾਂਦੀ ਹੈ ਅਵਤਾਰ ਸਿੰਘ ਸਹੋਤਾ ਨੇ ਕਿਹਾ ਕਿ ਜਿੱਥੇ ਪ੍ਰਸ਼ਾਸਨ ਸ਼ਹਿਰ ਵਿੱਚ ਸੁੰਦਰੀਕਰਨ ਅਤੇ ਬੁਨਿਆਦੀ ਢਾਂਚੇ 'ਤੇ ਕਰੋੜਾਂ ਰੁਪਏ ਖ਼ਰਚ ਕਰਨ ਦੇ ਵੱਡੇ-ਵੱਡੇ ਦਾਅਵੇ ਕਰਦਾ ਹੈ, ਉੱਥੇ ਮੁੱਖ ਸੜਕ ਦੀ ਮਾੜੀ ਹਾਲਤ ਇਨ੍ਹਾਂ ਦਾਅਵਿਆਂ ਦੀ ਅਸਲੀਅਤ ਨੂੰ ਉਜਾਗਰ ਕਰਦੀ ਹੈ।ਉਨ੍ਹਾਂ ਸਵਾਲ ਕੀਤਾ ਕਿ ਮਾਨਸੂਨ ਤੋਂ ਪਹਿਲਾਂ ਸੜਕਾਂ 'ਤੇ ਪਏ ਟੋਏ ਕਿਉਂ ਨਹੀਂ ਭਰੇ ਗਏ।

## 70 ਪਿੰਡਾਂ 'ਚ ਬਣਨਗੇ ਠੋਸ ਕੂੜਾ ਪ੍ਰਬੰਧਨ ਪ੍ਰੋਜੈਕਟ : ਡਿਪਟੀ ਕਮਿਸ਼ਨਰ

ਮਾਨਸਾ, (ਆਤਮਾ ਸਿੰਘ ਪਮਾਰ)-ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਦੱਸਿਆ ਕਿ ਪਿੰਡਾਂ 'ਚ ਲੋਕਾਂ ਦੀ ਸੁਵਿਧਾ ਲਈ ਪਹਿਲੇ ਪੜਾਅ ਤਹਿਤ ਜ਼ਿਲ੍ਹਾ ਮਾਨਸਾ ਦੇ 70 ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ ਇਕਾਈਆਂ ਦੀ ਸਥਾਪਨਾ ਕਰਨ ਦਾ ਕੰਮ ਆਰੰਭ ਕਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦੀ ਨਿਗਰਾਨੀ



ਹੇਠ ਜ਼ਿਲ੍ਹੇ ਦੇ ਸਾਰੇ ਬਲਾਕਾਂ 'ਚ ਪਿੰਡਾਂ ਦੇ ਲੋਕਾਂ ਨੂੰ ਸੁੱਕਾ ਤੇ ਗਿੱਲਾ ਕੂੜਾ ਵੱਖ-ਵੱਖ ਕਰਨ ਦੀ ਸਿਖਲਾਈ ਸਮਾਜ ਸੇਵੀ ਸੰਗਠਨ ਰਾਊਂਡ ਗਲਾਸ ਫਾਊਂਡੇਸ਼ਨ ਦੇ ਸਹਿਯੋਗ ਨਾਲ ਪ੍ਰਗਤੀ ਅਧੀਨ ਹੈ।ਉਨ੍ਹਾਂ ਦੱਸਿਆ ਕਿ ਪਬਲਿਕ ਹੈਲਥ ਵਿਭਾਗ ਵੱਲੋਂ ਸਵੱਛ ਭਾਰਤ ਮਿਸ਼ਨ ਦੇ ਤਹਿਤ ਇਸ ਕਾਰਜ ਨੂੰ ਪੰਚਾਇਤੀ ਰਾਜ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਐਨ.ਜੀ.ਓਜ਼ ਦੀ ਮਦਦ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਠੋਸ ਕੂੜਾ ਪ੍ਰਬੰਧਨ ਦੇ ਇਹ ਪ੍ਰੋਜੈਕਟ ਅਗਲੇ ਕੁੱਝ ਦਿਨਾਂ ਅੰਦਰ ਹਰ ਪੱਖੋਂ ਮੁਕੰਮਲ ਕਰਨ ਦੇ ਆਦੇਸ਼ ਦਿੱਤੇ ਗਏ ਹਨ।ਇਸ ਪ੍ਰੋਜੈਕਟ ਦੇ ਨਾਲ ਪਿੰਡਾਂ 'ਚ ਅੰਦਰੂਨੀ ਪੱਧਰ 'ਤੇ ਲੋੜਵੰਦਾਂ ਲਈ ਰੁਜ਼ਗਾਰ ਦੇ ਮੌਕੇ ਵੀ ਪੈਦਾ ਹੋਣਗੇ ਅਤੇ ਰਾਊਂਡ ਗਲਾਸ ਫਾਊਂਡੇਸ਼ਨ ਦੇ ਸਹਿਯੋਗ ਨਾਲ ਗਿੱਲਾ ਤੇ ਸੁੱਕਾ ਕੂੜਾ ਲੋਕਾਂ ਦੇ ਘਰਾਂ ਚੋਂ ਇਕੱਤਰ ਕਰਨ ਲਈ ਰਿਕਸ਼ਾ ਰੇਹੜੀ ਤੇ ਹੋਰ ਵਸੀਲੇ ਵੀ ਪ੍ਰਸ਼ਾਸਨ ਉਪਲੱਬਧ ਕਰਾਵੇਗਾ।

## ਹਲਕਾ ਇੰਚਾਰਜ ਨੇ ਪਿੰਡਾਂ ਤੇ ਕਲੋਨੀਆਂ 'ਚ ਕੀਤੀ ਲੋਕ ਮਿਲਣੀ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ



ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਦੇ ਵਿਕਾਸ ਅਤੇ ਲੋਕ ਸਮੱਸਿਆਵਾਂ ਦੇ ਹੱਲ ਲਈ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਵੱਖ-ਵੱਖ ਪਿੰਡਾਂ ਅਤੇ ਕਲੋਨੀਆਂ ਵਿੱਚ ਲੋਕ ਮਿਲਣੀ ਪ੍ਰੋਗਰਾਮ ਕਰਾਏ ਗਏ।ਇਸ ਲੜੀ ਤਹਿਤ ਹਲਕਾ ਇੰਚਾਰਜ ਨੇ ਪਿੰਡ ਕਸਬਾ ਰੁੜਕੀ, ਹੀਰਾ ਕਲੋਨੀ ਬਹਾਦਰਗੜ੍ਹ ਤੇ ਪੀਰ ਕਲੋਨੀ ਬਹਾਦਰਗੜ੍ਹ ਦੀ ਸੱਥ ਵਿੱਚ ਲੋਕ ਮਿਲਣੀ ਦੌਰਾਨ ਪਿੰਡਾਂ ਦੇ ਸਰਵਪੱਖੀ ਵਿਕਾਸ, ਲੋਕ-ਭਲਾਈ ਸਕੀਮਾਂ ਤੇ ਇਲਾਕੇ ਨਾਲ ਜੁੜੇ ਹੋਰ ਅਹਿਮ ਮੁੱਦਿਆਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨਾਲ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਰਾਮਿੰਦਰ ਸਿੰਘ ਜਮਨਾ ਮੈਂਬਰ ਜਿਲ੍ਹਾ ਪ੍ਰੀਸ਼ਦ, ਗੁਰਪ੍ਰੀਤ ਸਿੰਘ ਸਰਪੰਚ ਰਿਸ਼ੀ ਕਲੋਨੀ ਅਤੇ ਵੱਖ-ਵੱਖ ਪਿੰਡਾਂ ਦੇ 'ਆਪ' ਅਹੁਦੇਦਾਰ, ਪੰਚ-ਸਰਪੰਚ ਤੇ ਭਾਰੀ ਗਿਣਤੀ ਵਿੱਚ ਸਥਾਨਕ ਨਿਵਾਸੀ ਹਾਜ਼ਰ ਸਨ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ, ਜੋ ਜ਼ਮੀਨੀ ਪੱਧਰ 'ਤੇ ਉੱਤਰ ਕੇ ਹਰ ਮੁਸ਼ਕਲ ਦਾ ਨਿਪਟਾਰਾ ਕਰ ਰਹੀ ਹੈ।ਪਿੰਡਾਂ ਦੀਆਂ ਸੱਥਾਂ ਵਿੱਚ ਪਹੁੰਚ ਕੇ ਲੋਕਾਂ ਦੇ ਸੁਝਾਅ ਲੈਣਾ ਤੇ ਵਿਕਾਸ ਕਾਰਜਾਂ ਦੀ ਰੂਪ-ਰੇਖਾ ਉਲੀਕਣਾ ਹੀ ਸਾਡੀ ਸੱਚੀ ਲੋਕ ਸੇਵਾ ਹੈ।ਹਲਕੇ ਦੇ ਹਰ ਘਰ ਅਤੇ ਗਲੀ ਤੱਕ ਬੁਨਿਆਦੀ ਸਹੂਲਤਾਂ ਪੁਚਾਉਣਾ ਸਾਡਾ ਪਰਮ ਫ਼ਰਜ਼ ਹੈ।

## ਪੀਜੀਆਈ ਨੇ ਚੌਥੀ ਵਾਰ ਜਿੱਤਿਆ ਰਾਸ਼ਟਰੀ ਸਰਵੋਤਮ 'ਰੋਟੋ' ਐਵਾਰਡ

ਸਮਰਾਲਾ, (ਸੁਰਜੀਤ ਸਿੰਘ) ਪੀਜੀਆਈ ਚੰਡੀਗੜ੍ਹ ਨੇ ਇਤਿਹਾਸ ਰਚਦਿਆਂ ਸਰਵੋਤਮ ਰੀਜਨਲ ਆਰਗਨ ਐਂਡ ਟਿਸ਼ੂ ਟਰਾਂਸਪਲਾਂਟ ਆਰਗੇਨਾਈਜ਼ੇਸ਼ਨ (ਰੋਟੋ) ਦਾ ਪ੍ਰਤਿਸ਼ਠਿਤ ਰਾਸ਼ਟਰੀ ਐਵਾਰਡ




ਲਗਾਤਾਰ ਤੀਜੇ ਸਾਲ ਆਪਣੇ ਨਾਂਅ ਕੀਤਾ ਹੈ।ਇਸ ਨਾਲ ਸੰਸਥਾ ਨੇ ਸ਼ਾਨਦਾਰ ਹੈਟ੍ਰਿਕ ਪੂਰੀ ਕਰਨ ਦੇ ਨਾਲ-ਨਾਲ 2019 ਵਿੱਚ ਇਸ ਐਵਾਰਡ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਚੌਥੀ ਵਾਰ ਇਹ ਸਨਮਾਨ ਹਾਸਲ ਕੀਤਾ ਹੈ। ਇਹ ਵੱਕਾਰੀ ਐਵਾਰਡ 16ਵੇਂ ਭਾਰਤੀ ਅੰਗਦਾਨ ਦਿਵਸ ਦੇ ਮੌਕੇ 'ਤੇ ਨਵੀਂ ਦਿੱਲੀ ਸਥਿਤ ਡਾ. ਬੀ.ਆਰ. ਅੰਬੇਡਕਰ ਇੰਟਰਨੈਸ਼ਨਲ ਸੈਂਟਰ ਵਿੱਚ ਆਯੋਜਤ ਸਮਾਗਮ ਦੌਰਾਨ ਨੈਸ਼ਨਲ ਆਰਗਨ ਐਂਡ ਟਿਸ਼ੂ ਟਰਾਂਸਪਲਾਂਟ ਆਰਗੇਨਾਈਜ਼ੇਸ਼ਨ (ਨੋਟੋ), ਸਿਹਤ ਅਤੇ ਪਰਵਾਰ ਭਲਾਈ ਮੰਤਰਾਲਾ, ਭਾਰਤ ਸਰਕਾਰ ਵੱਲੋਂ ਪ੍ਰਦਾਨ ਕੀਤਾ ਗਿਆ। ਇਹ ਸਨਮਾਨ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਰਾਜ ਮੰਤਰੀ ਅਨੁਪ੍ਰੀਆ ਪਟੇਲ ਨੇ ਪ੍ਰਦਾਨ ਕੀਤਾ।ਉਨ੍ਹਾਂ ਐਵਾਰਡ ਜੇਤੂ ਸੰਸਥਾਵਾਂ ਨੂੰ ਭਾਰਤ ਵਿੱਚ ਅੰਗਦਾਨ ਅੰਦੋਲਨ ਨੂੰ ਮਜ਼ਬੂਤ ਬਣਾਉਣ ਅਤੇ ਨੈਤਿਕ, ਪਾਰਦਰਸ਼ੀ ਤੇ ਬਰਾਬਰੀ ਅਧਾਰਿਤ ਅੰਗ ਟਰਾਂਸਪਲਾਂਟ ਪ੍ਰਣਾਲੀ ਨੂੰ ਉਤਸ਼ਾਹਿਤ ਕਰਨ ਲਈ ਵਧਾਈ ਦਿੱਤੀ। ਸਮਾਗਮ ਦੌਰਾਨ ਸਿਹਤ ਮੰਤਰਾਲੇ ਦੀ ਸਕੱਤਰ ਪੁਨਿਆ ਸਲੀਲਾ ਸ੍ਰੀਵਾਸਤਵ, ਵਧੀਕ ਸਕੱਤਰ ਵਿਜੈ ਨੇਹਰਾ, ਡੀਜੀਐਚਐਸ ਡਾ. ਲਵਨੀਸ਼ ਜੀ. ਕ੍ਰਿਸ਼ਨਾ ਤੇ ਨੋਟੋ ਦੇ ਡਾਇਰੈਕਟਰ ਡਾ. ਅਨਿਲ ਕੁਮਾਰ ਸਮੇਤ ਕਈ ਹੋਰ ਉੱਚ ਅਧਿਕਾਰੀ ਵੀ ਹਾਜ਼ਰ ਸਨ। ਪੀਜੀਆਈ ਵੱਲੋਂ ਇਹ ਐਵਾਰਡ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਪ੍ਰਾਪਤ ਕੀਤਾ।ਉਨ੍ਹਾਂ ਨਾਲ ਮੈਡੀਕਲ ਸੁਪਰਡੈਂਟ ਪ੍ਰੋ. (ਡਾ.) ਅਸ਼ੋਕ ਕੁਮਾਰ, ਨਿਊਰੋਲੋਜੀ ਵਿਭਾਗ ਦੇ ਪ੍ਰੋ. ਧੀਰਜ ਖੁਰਾਣਾ, ਅਨੇਸਥੀਸੀਆ ਤੇ ਇੰਟੈਂਸਿਵ ਕੇਅਰ ਵਿਭਾਗ ਦੇ ਪ੍ਰੋ. ਹੇਮੰਤ ਭਗਤ, ਰੋਟੋ ਨਾਰਥ ਦੇ ਨੋਡਲ ਅਧਿਕਾਰੀ ਡਾ. ਵਿਜੈ ਤਾਡੀਆ ਤੇ ਰੋਟੋ ਨਾਰਥ ਦੀ ਕਨਸਲਟੈਂਟ (ਆਈਈਸੀ/ਮੀਡੀਆ) ਸੁਸ਼੍ਰੀ ਸਰਯੂ ਡੀ. ਮਾਦਰਾ ਵੀ ਮੌਜੂਦ ਸਨ।

## ਗਲੋਬਲ ਡਿਸਕਵਰੀ ਸਕੂਲ ਦੇ ਵਿਦਿਆਰਥੀਆਂ ਨੇ 266 ਮੈਡਲ ਜਿੱਤੇ

ਰਾਮਪੁਰਾ ਫੂਲ (ਦਰਸ਼ਨ ਜਿੰਦਲ)- ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨ ਸੰਸਥਾ ਦੇ ਗਲੋਬਲ ਡਿਸਕਵਰੀ ਸਕੂਲ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਸੈਸ਼ਨ 2026-27 ਦੇ ਜ਼ੋਨਲ ਖੇਡ ਮੁਕਾਬਲਿਆਂ ਵਿੱਚ ਸਫ਼ਲਤਾ ਦਾ ਨਵਾਂ ਇਤਿਹਾਸ ਰਚ ਦਿੱਤਾ ਹੈ।ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਆਪਣੀ ਸ਼ਾਨਦਾਰ ਖੇਡ ਭਾਵਨਾ ਤੇ ਬੇਮਿਸਾਲ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ ਕੁੱਲ 266 ਤਗਮੇ



ਆਪਣੇ ਨਾਂਅ ਕੀਤੇ। ਅੰਡਰ-14, ਅੰਡਰ-17 ਤੇ ਅੰਡਰ-19 ਵਰਗਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵਿਦਿਆਰਥੀਆਂ ਨੇ 81 ਸੋਨੇ, 44 ਚਾਂਦੀ ਅਤੇ 141 ਕਾਂਸੀ ਦੇ ਤਗਮੇ ਜਿੱਤ ਕੇ ਪੂਰੇ ਖੇਤਰ ਦਾ ਮਾਣ ਵਧਾਇਆ ਹੈ।ਇਸ ਇਤਿਹਾਸਕ ਸਫ਼ਲਤਾ ਤੋਂ ਬਾਅਦ ਸਕੂਲ ਦੇ 380 ਉਭਰਦੇ ਖਿਡਾਰੀ ਹੁਣ ਆਉਣ ਵਾਲੀਆਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਣ ਲਈ ਤਿਆਰ ਹਨ।ਖੇਡ ਮੈਦਾਨ ਵਿੱਚ ਇਸ ਵਿਲੱਖਣ ਦਬਦਬੇ ਨੂੰ ਕਾਇਮ ਕਰਦਿਆਂ ਵਿਦਿਆਰਥੀਆਂ ਨੇ ਹੈਂਡਬਾਲ ਵਿੱਚ 37 ਸੋਨੇ ਤੇ 12 ਕਾਂਸੀ, ਬਾਸਕਟਬਾਲ ਵਿੱਚ 48 ਕਾਂਸੀ, ਫੁੱਟਬਾਲ ਵਿੱਚ 18 ਚਾਂਦੀ ਤੇ 32 ਕਾਂਸੀ, ਕ੍ਰਿਕਟ ਵਿੱਚ 16 ਕਾਂਸੀ, ਕਬੱਡੀ ਵਿੱਚ 12 ਸੋਨੇ, ਰੱਸਾਕਸ਼ੀ ਵਿੱਚ 10 ਸੋਨੇ ਤੇ 10 ਚਾਂਦੀ, ਬੈਡਮਿੰਟਨ ਵਿੱਚ 10 ਸੋਨੇ, 5 ਚਾਂਦੀ ਅਤੇ 10 ਕਾਂਸੀ, ਵਾਲੀਬਾਲ ਵਿੱਚ 12 ਕਾਂਸੀ, ਇਨਲਾਈਨਸਕੇਟਿੰਗ ਵਿੱਚ 6 ਸੋਨੇ, 3 ਚਾਂਦੀ ਤੇ 4 ਕਾਂਸੀ, ਸ਼ਤਰੰਜ ਵਿੱਚ 5 ਚਾਂਦੀ, ਟੇਬਲ ਟੈਨਿਸ ਵਿੱਚ 5 ਕਾਂਸੀ, ਕਰਾਟੇ ਵਿੱਚ 4 ਸੋਨੇ, 1 ਚਾਂਦੀ ਅਤੇ 1 ਕਾਂਸੀ, ਬਾਕਸਿੰਗ ਵਿੱਚ 1 ਸੋਨਾ ਅਤੇ 1 ਚਾਂਦੀ, ਕੁਸ਼ਤੀ ਵਿੱਚ 1 ਸੋਨਾ ਤੇ ਕਿਕ ਬਾਕਸਿੰਗ ਵਿੱਚ 1 ਚਾਂਦੀ ਦਾ ਤਗਮਾ ਜਿੱਤ ਕੇ ਸਕੂਲ ਦੀਆਂ ਉਪਲਬਧੀਆਂ ਵਿੱਚ ਇੱਕ ਹੋਰ ਸੁਨਹਿਰੀ ਅਧਿਆਇ ਜੋੜ ਦਿੱਤਾ। ਸਕੂਲ ਦੇ ਚੇਅਰਮੈਨ ਇੰਜੀਨੀਅਰ ਕਮਲੇਸ਼ ਸਰਾਫ ਨੇ ਸਮੂਹ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਅਤੇ ਖੇਡ ਕੋਚਾਂ ਨੂੰ ਹਾਰਦਿਕ ਵਧਾਈ ਦਿੱਤੀ।

## ਪੰਜਾਬੀ ਸਾਹਿਤ ਸਭਾ ਦੀ ਮੀਟਿੰਗ 'ਚ ਕਾਵਿ ਵਿਸ਼ੇ 'ਤੇ ਚਰਚਾ

ਬਠਿੰਡਾ, (ਬਖਤੌਰ ਢਿੱਲੋਂ)-ਪੰਜਾਬੀ ਸਾਹਿਤ ਸਭਾ ਬਠਿੰਡਾ ਦੀ ਇੱਕ ਵਿਸ਼ੇਸ਼ ਸਾਹਿਤਕ ਇਕੱਤਰਤਾ ਸਭਾ ਦੇ ਪ੍ਰਧਾਨ ਜਸਪਾਲ ਮਾਨਖੇੜਾ ਦੀ ਪ੍ਰਧਾਨਗੀ ਹੇਠ ਹੋਈ। ਸ਼ੁਰੂ 'ਚ ਮਾਲਵਿੰਦਰ



ਸ਼ਾਇਰ ਦੀ ਬੇਵਕਤ ਮੌਤ ਉੱਤੇ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਤੇ ਉਨ੍ਹਾਂ ਦੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਇਕੱਤਰਤਾ ਦਾ ਮੁੱਖ ਏਜੰਡਾ ਇੱਕ ਵਿਸ਼ੇਸ਼ ਆਰਟੀਕਲ ਸੀ, ਜਿਸ ਵਿੱਚ ਛੰਦ ਵਿਧਾਨ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ ਗਈ ਸੀ। ਇਸ ਲੇਖ ਨੂੰ ਆਧਾਰ ਬਣਾ ਕੇ ਸ੍ਰੀ ਗੁਰਦੇਵ ਖੋਖਰ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਸਮੇਂ ਸਮੇਂ ਜਿਵੇਂ ਕਵਿਤਾ ਨੇ ਰੂਪ ਬਦਲੇ ਉਵੇਂ ਉਵੇਂ ਹੀ ਕਾਵਿ ਦੇ ਬੇਸਿਕ ਤੱਤਾਂ ਵਿੱਚ ਤਬਦੀਲੀ ਆਉਂਦੀ ਰਹੀ ਹੈ। ਇਸ ਲੇਖ ਵਿੱਚ ਮੁੱਖ ਤੌਰ ਤੇ ਛੰਦ ਵਿਧਾਨ ਬਾਰੇ ਚਰਚਾ ਕੀਤੀ ਗਈ, ਜਿਸ ਨੂੰ ਪ੍ਰਮੁੱਖ ਮੰਨਿਆ ਗਿਆ ਹੈ। ਸ੍ਰੀ ਖੋਖਰ ਨੇ ਬਰੀਕੀ ਨਾਲ ਇਸ ਆਰਟੀਕਲ ਤੇ ਲੰਬੀ ਚਰਚਾ ਕੀਤੀ। ਇਸ ਚਰਚਾ ਵਿੱਚ ਬਲਵਿੰਦਰ ਸਿੰਘ ਭੁੱਲਰ, ਮਨਜੀਤ ਬਠਿੰਡਾ, ਅਮਰਜੀਤ ਸਿੰਘ ਜੀਤ, ਰਣਬੀਰ ਰਾਣਾ, ਜਸਕਰਨ ਸਿੰਘ ਸਿਵੀਆਂ ਤੇ ਅਮਰ ਸਿੰਘ ਸਿੱਧੂ ਨੇ ਭਾਗ ਲੈਂਦਿਆਂ ਕਾਵਿ ਦੇ ਮੁੱਢ ਤੋਂ ਹੁਣ ਤੱਕ ਦੇ ਸਫ਼ਰ ਤੇ ਇਸ ਵਿਚਲੇ ਬਦਲਾਵਾਂ ਬਾਰੇ ਵਿਚਾਰ ਪੇਸ਼ ਕੀਤੇ। ਇਸ ਉਪਰੰਤ ਰਚਨਾਵਾਂ ਦਾ ਦੌਰ ਚੱਲਿਆ, ਜਿਸ ਵਿੱਚ ਹਾਜ਼ਰ ਮੈਂਬਰਾਂ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਇਨ੍ਹਾਂ ਰਚਨਾਵਾਂ 'ਤੇ ਟੀਚਰਜ ਹੋਮ ਟਰੱਸਟ ਦੇ ਸਕੱਤਰ ਲਛਮਣ ਮਲੂਕਾ ਤੇ ਗੁਰਦੇਵ ਖੋਖਰ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਅੰਤ ਵਿੱਚ ਜਸਪਾਲ ਮਾਨਖੇੜਾ ਨੇ ਸਭਨਾਂ ਦਾ ਧੰਨਵਾਦ ਕੀਤਾ।

## ਸੀ.ਬੀ.ਐਸ.ਈ. ਲੁਧਿਆਣਾ ਸਹੋਦਿਆ (ਵੈਸਟ) ਸ਼ਤਰੰਜ ਟੂਰਨਾਮੈਂਟ ਸ਼ਾਨਦਾਰ ਢੰਗ ਨਾਲ ਸੰਪੰਨ




ਜਗਰਾਉਂ (ਅਮਿਤ ਖੰਨਾ)- ਸੀ.ਬੀ.ਐਸ.ਈ. ਲੁਧਿਆਣਾ ਸਹੋਦਿਆ ਸਕੂਲ ਕੰਪਲੈਕਸ (ਵੈਸਟ) ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਪਰਿੰਗ ਡਿਊ ਪਬਲਿਕ ਸਕੂਲ, ਨਾਨਕਸਰ (ਜਗਰਾਉਂ) ਵਿਖੇ ਅੰਤਰ-ਸਕੂਲੀ ਸ਼ਤਰੰਜ ਟੂਰਨਾਮੈਂਟ ਦਾ ਸਫਲ ਆਯੋਜਨ ਕੀਤਾ ਗਿਆ।ਇਸ ਮੁਕਾਬਲੇ ਵਿੱਚ ਲੁਧਿਆਣਾ ਜ਼ਿਲ੍ਹੇ ਦੇ 20 ਪ੍ਰਮੁੱਖ ਸੀ.ਬੀ.ਐਸ.ਈ. ਸਕੂਲਾਂ ਦੇ ਲਗਭਗ 350 ਵਿਦਿਆਰਥੀਆਂ ਨੇ ਭਾਗ ਲਿਆ।ਖਿਡਾਰੀਆਂ ਨੇ ਅੰਡਰ-14, ਅੰਡਰ-17 ਤੇ ਅੰਡਰ-19 (ਲੜਕੇ ਅਤੇ ਲੜਕੀਆਂ) ਵਰਗਾਂ ਵਿੱਚ ਬੁੱਧੀਮਤਾ, ਧੀਰਜ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਮੁਕਾਬਲਿਆਂ ਦੌਰਾਨ ਸਾਰੇ ਮੈਚ ਨਿਰਪੱਖ ਤੇ ਖੇਡ ਨਿਯਮਾਂ ਅਨੁਸਾਰ ਕਰਾਏ ਗਏ।ਮੁਕਾਬਲਿਆਂ ਦੇ ਨਤੀਜਿਆਂ ਅਨੁਸਾਰ ਅੰਡਰ-14 (ਲੜਕੇ) ਵਿੱਚ ਪੀਸ ਪਬਲਿਕ ਸਕੂਲ, ਮੁੱਲਾਂਪੁਰ ਪਹਿਲੇ, ਟੈਗੋਰ ਪਬਲਿਕ ਸਕੂਲ, ਬੀਰਮੀ ਦੂਜੇ ਤੇ ਸਪਰਿੰਗ ਡਿਊ ਪਬਲਿਕ ਸਕੂਲ, ਜਗਰਾਉਂ ਨੇ ਤੀਜਾ ਸਥਾਨ ਹਾਸਲ ਕੀਤਾ।

ਅੰਡਰ-17 (ਲੜਕੇ) ਵਿੱਚ ਪੀਸ ਪਬਲਿਕ ਸਕੂਲ ਪਹਿਲੇ, ਨਿਊ ਜੀ.ਐਮ.ਟੀ. ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਹੱਬੋਵਾਲ ਕਲਾਂ ਦੂਜੇ ਅਤੇ ਸਪਰਿੰਗ ਬੈਲਜ਼ ਡੇ ਬੋਰਡਿੰਗ ਸਕੂਲ ਤੀਜੇ ਸਥਾਨ 'ਤੇ ਰਿਹਾ।ਅੰਡਰ-19 (ਲੜਕੇ) ਵਿੱਚ ਨਿਊ ਜੀ.ਐਮ.ਟੀ. ਸੀਨੀਅਰ ਸੈਕੰਡਰੀ ਪਬਲਿਕ ਸਕੂਲ ਨੇ ਪਹਿਲਾ, ਜਤਿੰਦਰਾ ਗ੍ਰੀਨਫੀਲਡ ਸਕੂਲ ਨੇ ਦੂਜਾ ਤੇ ਸਪਰਿੰਗ ਡਿਊ ਪਬਲਿਕ ਸਕੂਲ, ਨਾਨਕਸਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-14 (ਲੜਕੀਆਂ) ਵਿੱਚ ਨਿਊ ਜੀ.ਐਮ.ਟੀ. ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਹੱਬੋਵਾਲ ਕਲਾਂ ਨੇ ਪਹਿਲਾ, ਟੈਗੋਰ ਪਬਲਿਕ ਸਕੂਲ, ਬੀਰਮੀ ਨੇ ਦੂਜਾ ਤੇ ਬੀ.ਐਸ.ਬੀ.ਕੇ.ਐਸ. ਪਬਲਿਕ ਸਕੂਲ, ਝੋਰੜਾਂ ਨੇ ਤੀਜਾ ਸਥਾਨ ਹਾਸਲ ਕੀਤਾ।ਅੰਡਰ-17 (ਲੜਕੀਆਂ) ਵਿੱਚ ਟੈਗੋਰ ਪਬਲਿਕ ਸਕੂਲ ਪਹਿਲੇ, ਨਿਊ ਜੀ.ਐਮ.ਟੀ. ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੂਜੇ ਅਤੇ ਈਸਟਵੁੱਡ ਇੰਟਰਨੈਸ਼ਨਲ ਸਕੂਲ, ਮੁੱਲਾਂਪੁਰ ਤੀਜੇ ਸਥਾਨ 'ਤੇ ਰਿਹਾ। ਅੰਡਰ-19 (ਲੜਕੀਆਂ) ਵਿੱਚ ਨਿਊ ਜੀ.ਐਮ.ਟੀ. ਸੀਨੀਅਰ ਸੈਕੰਡਰੀ ਪਬਲਿਕ ਸਕੂਲ ਨੇ ਪਹਿਲਾ, ਟੈਗੋਰ ਪਬਲਿਕ ਸਕੂਲ ਨੇ ਦੂਜਾ ਅਤੇ ਆਤਮ ਦੇਵਕੀ ਨਿਕੇਤਨ ਸਕੂਲ ਨੇ ਤੀਜਾ ਸਥਾਨ ਹਾਸਲ ਕੀਤਾ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਰੀਨਾ ਜੈਦਿਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਜੇਤੂ ਟੀਮਾਂ ਤੇ ਸਾਰੇ ਭਾਗੀਦਾਰ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ਼ਤਰੰਜ ਵਿਦਿਆਰਥੀਆਂ ਵਿੱਚ ਤਰਕਸ਼ੀਲ ਸੋਚ, ਧੀਰਜ, ਫੈਸਲਾ ਲੈਣ ਦੀ ਯੋਗਤਾ ਤੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰਦੀ ਹੈ।

## ਨਾਵਲ 'ਹਵਾਲਾਤ' 'ਤੇ ਕਰਾਇਆ ਗੋਸ਼ਟੀ ਸਮਾਗਮ



ਸੰਗਰੂਰ (ਪ੍ਰਵੀਨ ਸਿੰਘ)-ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਵੱਲੋਂ ਲੇਖਕ ਭਵਨ ਵਿਖੇ ਮਹੀਨਾਵਾਰ ਸਾਹਿਤਕ ਸਮਾਗਮ ਕਰਾਇਆ ਗਿਆ, ਜਿਸ ਵਿੱਚ ਜਸਵਿੰਦਰ ਸਿੰਘ ਛਿੰਦਾ ਦੇ ਚਰਚਿਤ ਨਾਵਲ 'ਹਵਾਲਾਤ' ਉੱਪਰ ਗੋਸ਼ਟੀ ਕਰਾਈ ਗਈ। ਨਾਵਲ ਸਬੰਧੀ ਪੜ੍ਹੇ ਗਏ ਆਪਣੇ ਖੋਜਪੂਰਨ ਪਰਚੇ ਵਿੱਚ ਡਾ. ਭੁਪਿੰਦਰ ਸਿੰਘ ਬੇਦੀ ਨੇ ਕਿਹਾ ਕਿ ਜਸਵਿੰਦਰ ਸਿੰਘ ਛਿੰਦਾ ਨੇ ਆਪਣੇ ਨਾਵਲ ਵਿੱਚ ਪੰਜਾਬ ਦੇ ਕਾਲੇ ਦੌਰ ਦਾ ਗਵਾਹ ਬਣ ਕੇ ਯਥਾਰਥਕ ਬਿਰਤਾਂਤ ਸਿਰਜਣ ਦੀ ਸਫ਼ਲ ਅਤੇ ਸੁਚੱਜੀ ਕੋਸ਼ਿਸ਼ ਕੀਤੀ ਹੈ। ਡਾ. ਤੇਜਾ ਸਿੰਘ ਤਿਲਕ ਨੇ ਕਿਹਾ ਕਿ ਨਾਵਲ ਵਿੱਚ ਪੁਲਿਸ ਰਾਜ ਦੀਆਂ ਅਣਮਨੁੱਖੀ ਕਾਰਵਾਈਆਂ ਨੂੰ ਬੜੀ ਬਾਰੀਕੀ ਨਾਲ ਬਿਆਨ ਕੀਤਾ ਗਿਆ ਹੈ।ਡਾ. ਮੀਤ ਖਟੜਾ ਨੇ ਕਿਹਾ ਕਿ ਇਹ ਨਾਵਲ ਖਾੜਕੂਵਾਦ ਸਮੇਂ ਲੇਖਕ ਦਾ ਹਵਾਲਾਤ ਵਿੱਚ ਹੱਡੀਂ ਹੰਢਾਇਆ ਦਰਦ ਹੈ।ਡਾ. ਮਨੀਸ਼ਾ ਰਾਣੀ ਨੇ ਕਿਹਾ ਕਿ ਨਾਵਲ ਵਿੱਚ ਖਾੜਕੂਵਾਦ ਦੇ ਸਮੇਂ ਦਾ ਨਿਰਪੱਖ ਢੰਗ ਨਾਲ ਚਿੱਤਰਣ ਕੀਤਾ ਗਿਆ ਹੈ।ਪ੍ਰਸਿੱਧ ਨਾਵਲਕਾਰ ਮਿੱਤਰ ਸੈਨ ਮੀਤ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਕਿਹਾ ਕਿ ਖਾੜਕੂਵਾਦ ਦੇ ਦੌਰ ਬਾਰੇ ਲਿਖਿਆ ਇਹ ਨਾਵਲ ਅਜੋਕੇ ਸਮੇਂ ਵਿੱਚ ਵੀ ਓਨਾ ਹੀ ਸਾਰਥਿਕ ਹੈ।ਉਨ੍ਹਾਂ ਕਿਹਾ ਕਿ ਮੈਂ ਮੁੱਖ ਪਾਤਰ ਵਾਲੇ ਨਾਵਲ ਨੂੰ ਜੀਵਨੀ ਨਹੀਂ ਕਿਹਾ ਜਾ ਸਕਦਾ, ਬਲਕਿ ਇਹ ਵੀ ਨਾਵਲ ਦੀ ਇੱਕ ਤਕਨੀਕ ਹੈ। ਨਾਵਲਕਾਰ ਜਸਵਿੰਦਰ ਸਿੰਘ ਛਿੰਦਾ ਨੇ ਆਪਣੇ ਜੀਵਨ ਅਤੇ ਲਿਖਣ ਪ੍ਰਕਿਰਿਆ ਸਬੰਧੀ ਯਾਦਾਂ ਸਾਂਝੀਆਂ ਕੀਤੀਆਂ ਤੇ ਸਭਾ ਵੱਲੋਂ ਉਨ੍ਹਾਂ ਨੂੰ ਪੰਜਾਬੀ, ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੀ ਪ੍ਰਫੁੱਲਤਾ ਵਿੱਚ ਪਾਏ ਵਡਮੁੱਲੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ।ਸਮਾਗਮ ਦੇ ਆਰੰਭ ਵਿੱਚ ਕਰਮ ਸਿੰਘ ਜ਼ਖ਼ਮੀ ਨੇ ਰੇਲਵੇ ਸਟੇਸ਼ਨਾਂ, ਹਸਪਤਾਲਾਂ, ਦੁਕਾਨਾਂ ਦੇ ਨਾਵਾਂ ਵਾਲੇ ਬੋਰਡ ਅਤੇ ਬਿਜਲੀ ਦੇ ਬਿਲ ਪੰਜਾਬੀ ਵਿੱਚ ਕਰਵਾਉਣ ਲਈ ਰਮੇਸ਼ਵਰ ਸਿੰਘ ਦੇ ਸੰਘਰਸ਼ ਦੀ ਭਰਪੂਰ ਸ਼ਲਾਘਾ ਕਰਦਿਆਂ ਹਾਜ਼ਰ ਸਾਹਿਤਕਾਰਾਂ ਲਈ ਸਵਾਗਤੀ ਸ਼ਬਦ ਕਹੇ।

## ਬੁਢਲਾਡਾ ਫੋਟੋਗ੍ਰਾਫਰ ਯੂਨੀਅਨ ਵੱਲੋਂ ਨਿਕੋਨ ਕੰਪਨੀ ਦੀ ਵਰਕਸ਼ਾਪ ਲਾਈ ਗਈ



ਬੁਢਲਾਡਾ (ਅਸ਼ੋਕ ਲਾਕੜਾ)- ਬੁਢਲਾਡਾ ਫੋਟੋਗ੍ਰਾਫਰ ਯੂਨੀਅਨ ਵੱਲੋਂ ਨਿਕੋਨ ਕੰਪਨੀ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਫੋਟੋਗ੍ਰਾਫੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਵਰਕਸ਼ਾਪ ਦੌਰਾਨ ਨਿਕੋਨ ਕੰਪਨੀ ਦੇ ਮਾਹਿਰ ਰਛਪਾਲ ਸਿੰਘ ਤੇ ਮਾਨਵਰਿੰਦਰ ਸਿੰਘ ਨੇ ਆਧੁਨਿਕ ਫੋਟੋਗ੍ਰਾਫੀ, ਕੈਮਰਾ ਤਕਨੀਕ ਤੇ ਨਵੀਆਂ ਵਿਸ਼ੇਸ਼ਤਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਹਾਜ਼ਰ ਫੋਟੋਗ੍ਰਾਫਰਾਂ ਨੇ ਇਸ ਸਿਖਲਾਈ ਦਾ ਭਰਪੂਰ ਲਾਭ ਉਠਾਇਆ ਤੇ ਮਾਹਿਰਾਂ ਨਾਲ ਆਪਣੇ ਤਜਰਬੇ ਵੀ ਸਾਂਝੇ ਕੀਤੇ। ਸਮਾਗਮ ਦੀ ਸਟੇਜ ਸੰਚਾਲਨਾ ਅਸ਼ੋਕ ਕੁਮਾਰ ਸੋਕੀ (ਬੋਹਾ) ਵੱਲੋਂ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਕੀਤੀ ਗਈ।ਯੂਨੀਅਨ ਦੇ ਚੇਅਰਮੈਨ ਇੰਦਰਜੀਤ ਟੋਨੀ, ਪੀ.ਸੀ. ਮੈਂਬਰ ਗਿਆਨ ਚੰਦ ਸ਼ਰਮਾ, ਪ੍ਰਧਾਨ ਸੰਦੀਪ ਸ਼ਰਮਾ, ਸਕੱਤਰ ਕੁਲਦੀਪ ਸ਼ਰਮਾ, ਖਜ਼ਾਨਚੀ ਕਰਮਜੀਤ ਸ਼ਰਮਾ, ਵਾਈਸ ਪ੍ਰਧਾਨ ਗੁਰਦਾਸ ਸਿੰਘ ਸਮੇਤ ਬੁਢਲਾਡਾ ਫੋਟੋਗ੍ਰਾਫਰ ਯੂਨੀਅਨ ਦੇ ਸਮੂਹ ਮੈਂਬਰ ਹਾਜ਼ਰ ਸਨ।ਅੰਤ ਵਿੱਚ ਯੂਨੀਅਨ ਵੱਲੋਂ ਨਿਕੋਨ ਕੰਪਨੀ ਦੇ ਮਾਹਿਰਾਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਅਜਿਹੀਆਂ ਸਿਖਲਾਈ ਵਰਕਸ਼ਾਪਾਂ ਕਰਾਉਣ ਦੀ ਉਮੀਦ ਪ੍ਰਗਟ ਕੀਤੀ ਗਈ।

## ਆਧਾਰ ਕਾਰਡ ਅਪਡੇਸ਼ਨ ਕੈਂਪ ਦਾ ਆਯੋਜਨ

ਭੀਖੀ, (ਗੁਰਿੰਦਰ ਸਿੰਘ ਔਲਖ, ਧਰਮਵੀਰ ਸ਼ਰਮਾ)- ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਇੱਕੋ ਥਾਂ ਉਪਲਬਧ ਕਰਾਉਣ ਦੇ ਉਦੇਸ਼ ਨਾਲ ਸ੍ਰੀ ਤਾਰਾ ਚੰਦ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਆਧਾਰ ਕਾਰਡ ਅਪ੍ਰੇਸ਼ਨ



ਕੈਂਪ ਦਾ ਸਫਲ ਆਯੋਜਨ ਕੀਤਾ ਗਿਆ।ਇਹ ਕੈਂਪ ਡਾਕ ਵਿਭਾਗ, ਬਠਿੰਡਾ ਡਿਵੀਜ਼ਨ ਦੇ ਸਹਿਯੋਗ ਨਾਲ ਲਾਇਆ ਗਿਆ।ਕੈਂਪ ਦੌਰਾਨ ਵਿਦਿਆਰਥੀਆਂ ਦੇ ਆਧਾਰ ਕਾਰਡ ਵਿੱਚ ਨਾਮ, ਜਨਮ ਮਿਤੀ, ਪਤਾ, ਮੋਬਾਈਲ ਨੰਬਰ, ਬਾਇਓਮੈਟ੍ਰਿਕ ਅਪਡੇਸ਼ਨ ਤੇ ਹੋਰ ਲੋੜੀਂਦੀਆਂ ਸੋਧਾਂ ਕੀਤੀਆਂ ਗਈਆਂ।ਡਾਕ ਵਿਭਾਗ ਦੇ ਅਧਿਕਾਰਤ ਕਰਮਚਾਰੀਆਂ ਵੱਲੋਂ ਪੂਰੀ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਸੰਪੰਨ ਕੀਤਾ ਗਿਆ ਤੇ ਮਾਪਿਆਂ ਨੂੰ ਆਧਾਰ ਨਾਲ ਸੰਬੰਧਿਤ ਜਾਣਕਾਰੀ ਵੀ ਦਿੱਤੀ ਗਈ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰਪਿੰਦਰ ਪਟਿਆਲ ਨੇ ਡਾਕ ਵਿਭਾਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਅਤੇ ਮਾਪਿਆਂ ਲਈ ਬਹੁਤ ਲਾਹੇਵੰਦ ਸਾਬਤ ਹੁੰਦੇ ਹਨ, ਕਿਉਂਕਿ ਇਸ ਨਾਲ ਉਨ੍ਹਾਂ ਦਾ ਸਮਾਂ ਅਤੇ ਖਰਚਾ ਦੋਵੇਂ ਬਚਦੇ ਹਨ। ਉਨ੍ਹਾਂ ਨੇ ਮਾਪਿਆਂ ਨੂੰ ਆਪਣੇ ਬੱਚਿਆਂ ਦੇ ਆਧਾਰ ਕਾਰਡ ਦੀ ਜਾਣਕਾਰੀ ਸਮੇਂ-ਸਮੇਂ 'ਤੇ ਅਪਡੇਟ ਕਰਾਉਣ ਦੀ ਅਪੀਲ ਵੀ ਕੀਤੀ। ਸਕੂਲ ਪ੍ਰਬੰਧਕ ਕਮੇਟੀ, ਅਧਿਆਪਕਾਂ ਤੇ ਮਾਪਿਆਂ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਡਾਕ ਵਿਭਾਗ ਦਾ ਵਿਸ਼ੇਸ਼ ਧੰਨਵਾਦ ਕੀਤਾ।

## ਊਧਮ ਸਿੰਘ ਦੇ ਬੁੱਤ ਦੀ ਸਫਾਈ ਕਰਕੇ ਨਵਾਂ ਤਿਰੰਗਾ ਲਹਿਰਾਇਆ




ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)-ਸ਼੍ਰੋਮਣੀ ਅਕਾਲੀ ਦਲ ਦੇ ਆਗੂ ਵਿਨਰਜੀਤ ਸਿੰਘ ਖਡਿਆਲ ਦੀ ਅਗਵਾਈ ਹੇਠ ਮੁੱਖ ਚੌਕ ਵਿੱਚ ਸਥਿਤ ਸਰਦਾਰ ਊਧਮ ਸਿੰਘ ਦੇ ਬੁੱਤ ਦੀ ਸਫਾਈ ਕੀਤੀ ਗਈ ਤੇ ਉੱਥੇ ਨਵੇਂ ਸਟੀਲ ਦੇ ਡੰਡੇ ਨਾਲ ਰਾਸ਼ਟਰੀ ਝੰਡਾ ਲਹਿਰਾਇਆ ਗਿਆ।ਖਡਿਆਲ ਨੇ ਪੰਜਾਬ ਸਰਕਾਰ ਤੇ ਸਥਾਨਕ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਕੁਝ ਸਮਾਂ ਪਹਿਲਾਂ ਪ੍ਰਸ਼ਾਸਨ ਨੂੰ ਬੁੱਤ 'ਤੇ ਲੱਗੇ ਪੁਰਾਣੇ ਅਤੇ ਖਰਾਬ ਹੋ ਚੁੱਕੇ ਝੰਡੇ ਨੂੰ ਬਦਲਣ ਲਈ ਕਿਹਾ ਗਿਆ ਸੀ, ਪਰ ਝੰਡਾ ਬਦਲਣ ਦੀ ਬਜਾਏ ਡੰਡਾ ਹੀ ਗਾਇਬ ਕਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਇਹ ਸਰਕਾਰ ਦੀ ਸ਼ਹੀਦਾਂ ਪ੍ਰਤੀ ਸੋਚ ਅਤੇ ਲਾਪ੍ਰਵਾਹੀ ਦਾ ਸਪੱਸ਼ਟ ਸਬੂਤ ਹੈ। ਉਨ੍ਹਾਂ ਦੱਸਿਆ ਕਿ ਇਹ ਬੁੱਤ 31 ਜੁਲਾਈ 2008 ਨੂੰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੌਰਾਨ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਕਾਰਜਕਾਲ ਵਿੱਚ ਸਥਾਪਤ ਕੀਤਾ ਗਿਆ ਸੀ ਤੇ ਪੰਜਾਬ ਦੇ ਪੁਰਾਤੱਤਵ ਵਿਭਾਗ ਵੱਲੋਂ ਇਤਿਹਾਸਕ ਦਸਤਾਵੇਜ਼ਾਂ ਦੇ ਆਧਾਰ 'ਤੇ ਤਿਆਰ ਕਰਾਇਆ ਗਿਆ ਸੀ।ਖਡਿਆਲ ਨੇ ਦੋਸ਼ ਲਾਇਆ ਕਿ ਸਰਕਾਰ ਲੋਕਾਂ ਦੇ ਟੈਕਸ ਦੇ ਕਰੋੜਾਂ ਰੁਪਏ ਦਿਖਾਵੇ ਦੇ ਕੰਮਾਂ 'ਤੇ ਖਰਚ ਕਰ ਰਹੀ ਹੈ, ਜਦਕਿ ਸ਼ਹੀਦਾਂ ਦੀਆਂ ਯਾਦਗਾਰਾਂ ਦੀ ਸੰਭਾਲ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਸ਼ਹੀਦੇ ਆਜ਼ਮ ਊਧਮ ਸਿੰਘ ਕਿਸੇ ਇੱਕ ਪਾਰਟੀ ਦੇ ਨਹੀਂ, ਸਗੋਂ ਪੂਰੀ ਕੌਮ ਦਾ ਮਾਣ ਅਤੇ ਸਾਂਝੀ ਵਿਰਾਸਤ ਹਨ, ਇਸ ਲਈ ਉਨ੍ਹਾਂ ਦੀ ਯਾਦਗਾਰ ਦੀ ਸੰਭਾਲ ਹਰ ਸਰਕਾਰ ਦੀ ਪਹਿਲੀ ਜ਼ਿੰਮੇਵਾਰੀ ਹੋਣੀ ਚਾਹੀਦੀ ਹੈ।ਉਨ੍ਹਾਂ ਐਲਾਨ ਕੀਤਾ ਕਿ ਜੇਕਰ ਸਰਕਾਰ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਉਂਦੀ ਤਾਂ ਸ਼੍ਰੋਮਣੀ ਅਕਾਲੀ ਦਲ ਦੀ ਟੀਮ ਸਮੇਂ-ਸਮੇਂ 'ਤੇ ਬੁੱਤ ਦੀ ਸਫਾਈ, ਸੰਭਾਲ ਅਤੇ ਝੰਡੇ ਦੀ ਦੇਖਭਾਲ ਆਪਣੀ ਜ਼ਿੰਮੇਵਾਰੀ ਸਮਝਦਿਆਂ ਕਰਦੀ ਰਹੇਗੀ।

## ਮੁੱਖ ਮੰਤਰੀ ਨੇ ਵੀ.ਡੀ.ਸੀ. ਦੇ ਕਨਵੀਨਰ ਪਰਵਿੰਦਰ ਸਿੰਘ ਬੱਸੂਵਾਲ ਨੂੰ ਪ੍ਰਮਾਣ ਪੱਤਰ ਸੌਂਪਿਆ

ਹਠੂਰ (ਲਵਲੀ ਮਾਛੀਕੇ) ਪਿੰਡ ਬੱਸੂਵਾਲ ਦੇ ਸਰਪੰਚ ਪਰਵਿੰਦਰ ਸਿੰਘ ਬੱਸੂਵਾਲ ਨੂੰ ਪਿੰਡ ਸੁਰੱਖਿਆ ਕਮੇਟੀ (ਵੀ.ਡੀ.ਸੀ) ਦੇ ਕਨਵੀਨਰ ਨਿਯੁਕਤ ਕਰਨ 'ਤੇ ਉਨ੍ਹਾਂ ਨੂੰ ਮੁੱਖ ਮੰਤਰੀ ਭਗਵੰਤ




ਸਿੰਘ ਮਾਨ ਵੱਲੋਂ ਪੰਜਾਬ ਸਰਕਾਰ ਤੋਂ ਮਾਨਤਾ ਪ੍ਰਮਾਣ-ਪੱਤਰ ਭੇਟ ਕੀਤਾ ਗਿਆ। ਸਰਪੰਚ ਪਰਵਿੰਦਰ ਸਿੰਘ ਬੱਸੂਵਾਲ ਨੇ ਦੱਸਿਆ ਕਿ ਪਿੰਡ ਸੁਰੱਖਿਆ ਕਮੇਟੀ ਨੂੰ ਸਮੁਦਾਇਕ ਭਾਗੀਦਾਰੀ, ਜਨਤਕ ਜਾਗਰੂਕਤਾ, ਨਸ਼ਾਖੋਰੀ ਦੀ ਰੋਕਥਾਮ ਅਤੇ ਨਾਗਰਿਕਾਂ ਤੇ ਪ੍ਰਸ਼ਾਸਨ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਕੇ ਨਸ਼ਾ-ਮੁਕਤ ਪੰਜਾਬ ਨੂੰ ਉਤਸ਼ਾਹਤ ਕਰਨ ਵਿੱਚ ਪੰਜਾਬ ਸਰਕਾਰ ਦਾ ਸਹਿਯੋਗ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਉਨ੍ਹਾਂ ਦੱਸਿਆ ਕਿ ਪਿੰਡ ਸੁਰੱਖਿਆ ਕਮੇਟੀ ਦੇ ਤੇਜਿੰਦਰ ਸਿੰਘ ਨੂੰ ਕਾਰਜਕਾਰੀ ਪ੍ਰਧਾਨ, ਗੁਰਚਰਨ ਸਿੰਘ, ਗੁਰਦੇਵ ਸਿੰਘ ਤੇ ਮਨਪ੍ਰੀਤ ਕੌਰ ਮੈਂਬਰ ਨਿਯੁਕਤ ਕੀਤਾ ਗਿਆ ਹੈ।ਸਰਪੰਚ ਪਰਵਿੰਦਰ ਸਿੰਘ ਬੱਸੂਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪਿਛਲੇ ਵਰ੍ਹੇ ਤੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਢੀ ਗਈ ਸੀ, ਜਿਸ ਦੇ 500 ਦਿਨ ਦੀ ਰਿਪੋਰਟ ਲਈ ਪੰਜਾਬ ਪੁਲਿਸ ਸਿਵਲ ਵਿਰੋਧੀ ਕਮੇਟੀਆਂ ਦੇ ਜ਼ੋਨ, ਅਸੈਂਬਲੀ ਕੋਆਰਡੀਨੇਟਰਾਂ ਨਾਲ ਰਾਜ ਭਰ 'ਚੋਂ ਨਸ਼ਾ ਮੁਕਤੀ ਲਈ ਪੰਜਾਬ ਸਰਕਾਰ ਦੀਆਂ ਵਾਰਡ/ਪਿੰਡ ਸੁਰੱਖਿਆ ਕਮੇਟੀਆਂ ਦੀ ਕਾਰਗੁਜ਼ਾਰੀ ਸੰਬੰਧੀ ਆਮ ਆਦਮੀ ਪਾਰਟੀ ਵਲੋਂ ਦਾਖਾ ਵਿਖੇ ਕਰਾਏ ਗਏ ਰਾਜ ਪੱਧਰੀ ਪ੍ਰੋਗਰਾਮ ਦੌਰਾਨ ਰਿਪੋਰਟ ਪ੍ਰਾਪਤ ਕੀਤੀ ਤੇ ਨਸ਼ਾ ਵਿਰੋਧੀ ਪ੍ਰੋਗਰਾਮ ਦੀ ਪ੍ਰਗਤੀ ਮੁਲਾਂਕਣ ਬਾਰੇ ਇਕੱਤਰਤਾ ਹੋਈ। ਬਿਕਰਮਜੀਤ ਸਿੰਘ ਥਿੰਦ ਜ਼ਿਲ੍ਹਾ ਕੋਆਰਡੀਨੇਟਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਵਾਗਤ ਕਰਦਿਆਂ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।

## .ਗੈਰ-ਕਾਨੂੰਨੀ ਸੜਕ ਅਤੇ ਮਾਰਕੀਟ ਦੀ ਉਸਾਰੀ ਦਾ ਕੰਮ ਰੋਕਿਆ



ਰਾਏਕੋਟ (ਸੰਤੋਖ ਗਿੱਲ)-ਇੱਥੇ ਇਤਿਹਾਸਕ ਗੁਰਦੁਆਰਾ ਸ੍ਰੀ ਟਾਹਲੀਆਣਾ ਸਾਹਿਬ ਨੇੜੇ ਪ੍ਰਸ਼ਾਸਨ ਦੇ ਨੱਕ ਹੇਠ ਦਿਨ ਦਿਹਾੜੇ ਉਸਾਰੀ ਜਾ ਰਹੀ ਗ਼ੈਰ-ਕਾਨੂੰਨੀ ਸੜਕ ਅਤੇ ਮਾਰਕੀਟ ਵਿਰੁੱਧ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਦਲਜੀਤ ਕੁਮਾਰ ਗੋਰਾ, ਮਗਨਰੇਗਾ ਮਜ਼ਦੂਰ ਯੂਨੀਅਨ ਦੇ ਆਗੂ ਪ੍ਰਕਾਸ਼ ਸਿੰਘ ਬਰ੍ਹਮੀ, ਰਾਜ ਸਜਵੰਤ ਸਿੰਘ ਤਲਵੰਡੀ ਅਤੇ ਉਸਾਰੀ ਕਾਮਿਆਂ ਦੇ ਆਗੂ ਪ੍ਰਿਤਪਾਲ ਸਿੰਘ ਬਿੱਟਾ ਵੱਲੋਂ ਵਿਰੋਧ ਦਰਜ ਕਰਨ ਉਪਰੰਤ ਨਗਰ ਕੌਂਸਲ ਰਾਏਕੋਟ ਦੇ ਕਾਰਜ ਸਾਧਕ ਅਫ਼ਸਰ ਵਿਕਾਸ ਉੱਪਲ ਨੇ ਫ਼ੌਰੀ ਤੌਰ 'ਤੇ ਕੰਮ ਰੋਕ ਦਿੱਤਾ ਹੈ। ਆਦੇਸ਼ ਮਿਲਣ ਉਪਰੰਤ ਜੂਨੀਅਰ ਇੰਜੀਨੀਅਰ ਮਨਪ੍ਰੀਤ ਸਿੰਘ ਨੇ ਮੌਕੇ 'ਤੇ ਕੰਮ ਕਰ ਰਹੇ ਮਜ਼ਦੂਰਾਂ ਨੂੰ ਫ਼ੌਰੀ ਕੰਮ ਰੋਕ ਦੇਣ ਲਈ ਕਿਹਾ ਹੈ। ਮਜ਼ਦੂਰ ਆਗੂ ਦਲਜੀਤ ਕੁਮਾਰ ਗੋਰਾ ਨੇ ਕਿਹਾ ਕਿ ਇਹ ਸਾਰਾ ਗੋਰਖਧੰਦਾ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਹੀ ਚੱਲ ਰਿਹਾ ਸੀ।

## ਕੈਂਬਰਿਜ ਕਾਨਵੈਂਟ ਸਕੂਲ ਵਿਖੇ ਸ਼ਾਨਦਾਰ ਪ੍ਰਦਰਸ਼ਨੀ ਅਤੇ ਜੇਤੂਆਂ ਦਾ ਸਨਮਾਨ

ਕੋਟ ਈਸੇ ਖਾਂ (ਅਰੋੜਾ ) : ਸਥਾਨਕ ਕੈਂਬਰਿਜ ਕਾਨਵੈਂਟ ਸਕੂਲ ਵਿਖੇ ਚੌਥੀ ਜਮਾਤ ਦੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਵੱਲੋਂ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਗਿਆਨਵਰਧਕ ਸਿੱਖਿਆ ਪ੍ਰਦਰਸ਼ਨੀ ਦਾ




ਆਯੋਜਨ ਕੀਤਾ ਗਿਆ। ਸਕੂਲ ਪ੍ਰਬੰਧਕਾਂ ਵੱਲੋਂ ਬੱਚਿਆਂ ਨੂੰ ਛੁੱਟੀਆਂ ਦੌਰਾਨ ਵਿਹਲੇ ਰੱਖਣ ਦੀ ਬਜਾਏ ਰਚਨਾਤਮਕ ਗਤੀਵਿਧੀਆਂ ਅਤੇ ਵਿਸ਼ੇਸ਼ ਪ੍ਰੋਜੈਕਟ ਵਰਕ ਦਿੱਤਾ ਗਿਆ ਸੀ। ਵਿਦਿਆਰਥੀਆਂ ਨੇ ਪੰਜਾਬੀ, ਅੰਗਰੇਜ਼ੀ, ਹਿੰਦੀ, ਗਣਿਤ, ਵਿਗਿਆਨ ਅਤੇ ਸਮਾਜਿਕ ਸਿੱਖਿਆ ਵਰਗੇ ਮੁੱਖ ਵਿਸ਼ਿਆਂ ਦੇ ਅਹਿਮ ਸੰਕਲਪਾਂ ਨੂੰ ਬਹੁਤ ਹੀ ਸਰਲ ਅਤੇ ਰੋਚਕ ਤਰੀਕੇ ਨਾਲ ਦਰਸਾਉਂਦੇ ਸੁੰਦਰ ਅਤੇ ਰੰਗ-ਬਿਰੰਗੇ ਚਾਰਟ ਤਿਆਰ ਕੀਤੇ।ਬੱਚਿਆਂ ਵੱਲੋਂ ਛੁੱਟੀਆਂ ਦੌਰਾਨ ਕੀਤੀ ਗਈ ਸਖ਼ਤ ਮਿਹਨਤ ਨੂੰ ਉਜਾਗਰ ਕਰਨ ਅਤੇ ਉਹਨਾਂ ਨੂੰ ਇੱਕ ਵਧੀਆ ਮੰਚ ਪ੍ਰਦਾਨ ਕਰਨ ਲਈ ਸਕੂਲ ਕੈਂਪਸ ਵਿੱਚ ਇਹ ਵਿਸ਼ੇਸ਼ ਪ੍ਰਦਰਸ਼ਨੀ ਲਗਾਈ ਗਈ ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਬੱਚਿਆਂ ਦਾ ਹੌਸਲਾ ਵਧਾਉਣ ਲਈ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਵੀ ਕਰਵਾਇਆ ਗਿਆ। ਸਭ ਤੋਂ ਵਧੀਆ, ਆਕਰਸ਼ਕ ਅਤੇ ਗਿਆਨਵਰਧਕ ਚਾਰਟ ਬਣਾਉਣ ਵਾਲੇ ਬੱਚਿਆਂ ਦੀ ਚੋਣ ਕਰਕੇ ਉਹਨਾਂ ਨੂੰ ਬਹੁਤ ਹੀ ਸੋਹਣੇ ਤਰੀਕੇ ਨਾਲ ਸਨਮਾਨਿਤ ਕੀਤਾ ਗਿਆ। ਇਨਾਮ ਅਤੇ ਸ਼ਾਬਾਸ਼ ਪ੍ਰਾਪਤ ਕਰਕੇ ਬੱਚਿਆਂ ਦੇ ਚਿਹਰਿਆਂ 'ਤੇ ਵੱਖਰੀ ਹੀ ਖੁਸ਼ੀ ਅਤੇ ਆਤਮ-ਵਿਸ਼ਵਾਸ ਝਲਕ ਰਿਹਾ ਸੀ।

## ਸਫ਼ਾਈ ਪੱਖੋਂ ਕਿਸੇ ਕਿਸਮ ਦੀ ਢਿੱਲ-ਮੱਠ ਬਰਦਾਸ਼ਤ ਨਹੀਂ - ਪੂਨਮ ਸਿੰਘ



ਮਾਨਸਾ (ਆਤਮਾ ਸਿੰਘ ਪਮਾਰ)-ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਚੌਗਿਰਦਾ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਚੱਲ ਰਹੀ ਸਫਾਈ ਮੁਹਿੰਮ ਦਾ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਵੱਲੋਂ ਕਚਿਹਰੀ ਰੋਡ 'ਤੇ ਨਿਰੀਖਣ ਕੀਤਾ ਗਿਆ। ਇਸ ਮੌਕੇ ਕਾਰਜ ਸਾਧਕ ਅਫ਼ਸਰ ਅਤੇ ਪ੍ਰਸ਼ਾਸਨਿਕ ਟੀਮਾਂ ਨੂੰ ਤਾੜਨਾ ਕਰਦਿਆਂ ਉਹਨਾਂ ਸਫ਼ਾਈ ਵਿਵਸਥਾ ਦੀ ਨਿਰੰਤਰ ਨਿਗਰਾਨੀ ਯਕੀਨੀ ਬਣਾਉਣ ਦੇ ਆਦੇਸ਼ ਵੀ ਦਿੱਤੇ। ਪੂਨਮ ਸਿੰਘ ਨੇ ਕਿਹਾ ਕਿ ਜਨਤਾ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੀ ਕਿਸੇ ਵੀ ਕਿਸਮ ਦੀ ਲਾਪਰਵਾਹੀ ਜਾਂ ਢਿੱਲ-ਮੱਠ ਬਰਦਾਸ਼ਤ ਨਹੀਂ ਹੋਵੇਗੀ। ਉਹਨਾਂ ਅਧਿਕਾਰੀਆਂ ਨੂੰ ਰੋਜ਼ਾਨਾ ਆਧਾਰ 'ਤੇ ਵਾਰਡਾਂ, ਬਜ਼ਾਰਾਂ ਅਤੇ ਮੁੱਖ ਮਾਰਗਾਂ 'ਤੇ ਸਫ਼ਾਈ ਅਭਿਆਨ ਦੀ ਖ਼ੁਦ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ।

## ਤਗਮਾ ਜੇਤੂ ਹਰਜਿੰਦਰ ਕੌਰ ਦਾ ਨਾਭਾ ਪੁੱਜਣ 'ਤੇ ਨਿੱਘਾ ਸਵਾਗਤ

ਨਾਭਾ (ਅਮਨ ਗਰਗ) - ਗਲਾਸਗੋ ਕਾਮਨਵੈਲਥ ਗੇਮਜ਼ ਵਿੱਚ ਨਾਭਾ ਹਲਕੇ ਦੇ ਪਿੰਡ ਮੈਹਸ ਦੀ ਹੋਣਹਾਰ ਧੀ ਹਰਜਿੰਦਰ ਕੌਰ ਨੇ ਮਹਿਲਾਵਾਂ ਦੇ 69 ਕਿਲੋਗ੍ਰਾਮ ਵੇਟਲਿਫਟਿੰਗ ਮੁਕਾਬਲੇ ਵਿੱਚ ਕੁੱਲ 227 ਕਿਲੋ ਭਾਰ ਚੁੱਕ ਕੇ ਸਿਲਵਰ ਮੈਡਲ ਜਿੱਤ ਕੇ ਪੰਜਾਬ ਤੇ ਭਾਰਤ ਦਾ ਨਾਂ ਪੂਰੀ ਦੁਨੀਆਂ ਵਿੱਚ ਚਮਕਾਇਆ ਹੈ। ਮੈਡਲ ਜਿੱਤਣ ਉਪਰੰਤ ਮੰਗਲਵਾਰ ਨੂੰ ਉਨ੍ਹਾਂ ਦੇ ਨਾਭਾ ਪੁੱਜਣ 'ਤੇ ਇਲਾਕਾ ਨਿਵਾਸੀਆਂ ਨੇ ਜਿਥੇ



ਉਨ੍ਹਾਂ ਦਾ ਸਨਮਾਨ ਕੀਤਾ ਉਥੇ ਹੀ ਆਮ ਆਦਮੀ ਪਾਰਟੀ ਦੇ ਵਲੰਟੀਅਰਾ ਵਲੋਂ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਖਿਡਾਰਣ ਹਰਜਿੰਦਰ ਕੌਰ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਮੂੰਹ ਮਿੱਠਾ ਕਰਵਾਉਂਦੇ ਹੋਏ ਵਧਾਈ ਦਿੱਤੀ ਅਤੇ ਉਨ੍ਹਾਂ ਦਾ ਸਨਮਾਨ ਕੀਤਾ । ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਹਰਜਿੰਦਰ ਕੌਰ ਦੇ ਪਿਤਾ ਸ. ਸਾਹਿਬ ਸਿੰਘ ਅਤੇ ਭਰਾ ਪ੍ਰਿਤਪਾਲ ਸਿੰਘ ਦਾ ਸਨਮਾਨ ਵੀ ਕੀਤਾ। ਇਸ ਮੌਕੇ ਸਪੋਰਟਸ ਵੈਲਫੇਅਰ ਬੋਰਡ ਹਲਕਾ ਨਾਭਾ ਦੇ ਚੇਅਰਮੈਨ ਪ੍ਰੋ. ਦੀਪਕ ਕੌਸ਼ਲ, ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਸੁੱਖ ਘੁੰਮਣ ਚਾਸਵਾਲ, ਟਰੱਸਟ ਦੇ ਮੈਂਬਰ ਗੁਰਪ੍ਰੀਤ ਸਿੰਘ ਗੋਪੀ ਫੈਜਗੜ੍ਹ, ਯੂਥ ਆਗੂ ਸੁਖਜੀਤ ਸਿੰਘ ਹਾਂਸ, ਬ੍ਰਾਹਮਣ ਵੈਲਫੇਅਰ ਬੋਰਡ ਦੇ ਚੇਅਰਮੈਨ ਨੀਟੂ ਸ਼ਰਮਾ ਜੱਸੋਮਜਾਰਾ, ਅਰੋੜਾ ਵੈਲਫੇਅਰ ਬੋਰਡ ਦੇ ਚੇਅਰਮੈਨ ਹੈਪੀ ਅਰੋੜਾ, ਬਲਾਕ ਸੰਮਤੀ ਮੈਂਬਰ ਕੇਵਲ ਸਿੰਘ ਰਣਜੀਤਗੜ੍ਹ, ਜਸਕਰਨਵੀਰ ਸਿੰਘ ਤੇਜੇ, ਜਤਿੰਦਰ ਸਿੰਘ ਕਕਰਾਲਾ, ਪਰਮਿੰਦਰ ਸਿੰਘ ਭੰਗੂ, ਜਸਪ੍ਰੀਤ ਸਿੰਘ ਰਾਇਮਲ ਮਾਜਰੀ, ਕੁਲਦੀਪ ਸਿੰਘ ਰਹਿਲ, ਜਤਿੰਦਰ ਸਿੰਘ ਕਾਲਾ, ਜੀਵਨ ਸਿੰਘ ਹਿਆਣਾ, ਗੁਰਜੀਤ ਸਿੰਘ ਕੋਟ ਕਲਾਂ, ਗੁਰਿੰਦਰ ਸਿੰਘ ਕੁਲਾਰਾਂ, ਦਵਿੰਦਰ ਸਿੰਘ ਬਿਸਨਗੜ੍ਹ ਆਦਿ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

## ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦਾ ਪੱਕਾ ਮੋਰਚਾ ਛੇਵੇਂ ਦਿਨ ਵਿਚ ਦਾਖਲ

ਦਿੜ੍ਹਬਾ (ਜਸਵੀਰ ਲਾਡੀ) - ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜਬਾ ਵੱਲੋਂ ਪਿੰਡ ਤੂਰਬੰਜਾਰਾ ਵਿਖੇ ਦਿਨ ਰਾਤ ਦਾ ਪੱਕਾ ਮੋਰਚਾ ਛੇਵੇਂ ਦਿਨ ਵਿਚ ਪਹੁੰਚ ਗਿਆ ਹੈ ਪਿੰਡ ਦੇ ਕਿਸਾਨਾਂ ਮਜ਼ਦੂਰਾਂ ਅਤੇ ਔਰਤਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਸੈਲੋ ਪਲਾਂਟ ਲਗਾਉਣ ਵਾਲੀ ਕੰਪਨੀ ਦੇ ਖਿਲਾਫ ਜੰਮ ਕੇ ਨਾਅਰੇ ਬਾਜੀ ਕੀਤੀ ।ਬਲਾਕ ਦਿੜਬਾ ਦੇ ਪ੍ਰਧਾਨ ਹਰਜੀਤ ਸਿੰਘ ਮਹਿਲਾਂ ਅਤੇ ਜ਼ਿਲ੍ਹਾ ਖਜਾਨਚੀ ਅਮਨਦੀਪ ਸਿੰਘ ਮਹਿਲਾਂ ਨੇ ਦੱਸਿਆ ਕਿ ਪਿੰਡ ਦੇ ਬਿਲਕੁਲ ਨਾਲ ਲੱਗਦੀ ਹੱਦ ਵਿੱਚ



ਪੀ ਯੂ ਬੀ ਐਗਰੀ ਲੋਸਟਿਕ ਪ੍ਰਾਈਵੇਟ ਲਿਮਿਟਡ ਕੰਪਨੀ ਵੱਲੋਂ ਸੈਲੋ ਪਲਾਂਟ ਲਗਾਇਆ ਜਾ ਰਿਹਾ ਹੈ ਜਿਸ ਦੇ ਵਿਰੋਧ ਵਿੱਚ ਪਿੰਡ ਵਾਸੀਆਂ ਵੱਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜਬਾ ਦੇ ਸਹਿਯੋਗ ਨਾਲ ਪੱਕਾ ਮੋਰਚਾ ਲਗਾਇਆ ਹੋਇਆ ਹੈ ਕਿਉਂਕਿ ਸੈਲੋ ਕੰਪਨੀ ਸਾਰੀਆਂ ਹਿਦਾਇਤਾਂ ਨੂੰ ਛਿੱਕੇ ਟੰਗ ਕੇ ਧੱਕੇਸ਼ਾਹੀ ਨਾਲ ਸੈਲੋ ਪਲਾਟ ਲਗਾਉਣਾ ਚਾਹੁੰਦੀ ਹੈ ਜਿਸ ਦਾ ਮਾਨਯੋਗ ਕੋਰਟ ਵਿੱਚ ਕੇਸ ਵੀ ਚੱਲ ਰਿਹਾ ਹੈ । ਧਰਨੇ ਵਿੱਚ ਹਾਜ਼ਰ ਬਲਾਕ ਦਿੜਬਾ ਦੇ ਖਜਾਨਚੀ ਜਗਦੀਪ ਸਿੰਘ, ਇਕਾਈ ਦੇ ਖਜਾਨਚੀ ਰਾਮ ਸਿੰਘ, ਜਨਰਲ ਸਕੱਤਰ ਧੰਨਾ ਸਿੰਘ, ਇਕਾਈ ਆਗੂ ਹਰਦੇਵ ਸਿੰਘ, ਮੇਜਰ ਸਿੰਘ, ਦਰਸ਼ਨ ਸਿੰਘ, ਜੱਗੀ ਸਿੰਘ, ਮਨਦੀਪ ਸਿੰਘ, ਬਲਵਿੰਦਰ ਸਿੰਘ, ਬੰਤ ਸਿੰਘ, ਗੁਰਮੇਲ ਕੌਰ, ਮੁਖਤਿਆਰ ਕੌਰ, ਜਸਵਿੰਦਰ ਕੌਰ, ਹਰਪ੍ਰੀਤ ਕੌਰ, ਵੀਰਪਾਲ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਦੀਆਂ ਔਰਤਾਂ ਅਤੇ ਕਿਸਾਨ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚਾ ਤੇ ਟ੍ਰੇਡ ਯੂਨੀਅਨ ਦੇ ਸਾਂਝੇ ਐਕਸ਼ਨ ਨੂੰ ਸਫਲ ਬਣਾਉਣ ਦਾ ਅਹਿਦ



ਝਬਾਲ (ਹਰਜਿੰਦਰ ਸਿੰਘ ਸੋਨੀ)-ਕੁੱਲ ਹਿੰਦ ਕਿਸਾਨ ਸਭਾ ਦੀ ਜ਼ਿਲ੍ਹਾ ਇਕਾਈ ਤਰਨ ਤਾਰਨ ਦੀ ਮੀਟਿੰਗ ਬਲਦੇਵ ਸਿੰਘ ਧੂੰਦਾ ਦੀ ਪ੍ਰਧਾਨਗੀ ਹੇਠ ਸਥਾਨਕ ਦੇਸ਼ ਭਗਤ ਅਰਜਨ ਸਿੰਘ ਗੜਗੱਜ ਭਵਨ ਬਾਠ ਰੋਡ ਵਿਖੇ ਹੋਈ। ਮੁਲਾਜ਼ਮ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਦੱਸਿਆ ਕਿ 10 ਅਗਸਤ ਦੇ ਸੰਯੁਕਤ ਕਿਸਾਨ ਮੋਰਚਾ ਅਤੇ ਟ੍ਰੇਡ ਯੂਨੀਅਨ ਦੇ ਸਾਂਝੇ ਐਕਸ਼ਨ ਨੂੰ ਪੂਰੀ ਮੁਸ਼ਤੈਦੀ ਨਾਲ ਸਫਲ ਬਣਾਉਣ ਦਾ ਫੈਸਲਾ ਕੀਤਾ ਅਤੇ [illegible] ਮੰਗਾਂ ਦੇ ਲਗਾਤਾਰ [illegible] ਰੱਖਣ ਲਈ ਚੱਲ ਰਹੀਆਂ ਸਰਗਰਮੀਆਂ 'ਤੇ ਤਸੱਲੀ ਪ੍ਰਗਟ ਕੀਤੀ।

ਇਸ ਮੌਕੇ ਸੂਬਾ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ ਨੇ ਕਿਹਾ ਕਿ ਕੇਂਦਰ ਸਰਕਾਰ ਅਮਰੀਕਾ ਸਾਮਰਾਜ ਤੇ ਹੋਰ ਸਾਮਰਾਜੀ ਦੇਸ਼ਾਂ ਦੇ ਥੱਲੇ ਲੱਗ ਕੇ ਟੈਕਸ ਮੁਕਤ ਵਪਾਰ ਸਮਝੌਤੇ ਕਰ ਰਹੀ ਹੈ, ਜੇਕਰ ਇਹ ਪੂਰੀ ਤਰ੍ਹਾਂ ਇਸ ਕੰਮ ਵਿੱਚ ਸਫਲ ਹੋ ਗਏ ਤਾਂ ਸਾਡੇ ਦੇਸ਼ ਦੀ ਖੇਤੀ ਅਤੇ ਹੋਰ ਛੋਟੇ ਕਾਰੋਬਾਰ ਖ਼ਤਰੇ ਵਿੱਚ ਪੈ ਜਾਣਗੇ। [illegible] ਨੂੰ ਮਹਿੰਗੀ ਪੈਣੀ ਹੈ। ਕਿਸਾਨ ਸਭਾ ਵੱਲੋਂ ਮੰਗ ਕੀਤੀ ਗਈ ਕਿ ਇਸ ਸਾਲ ਮੀਂਹ ਘੱਟ ਪੈਣ ਨਾਲ ਆਉਣ ਵਾਲੇ ਦਿਨਾਂ ਵਿੱਚ ਝੋਨੇ ਤੇ ਸਾਉਣੀ ਦੀਆਂ ਹੋਰ ਫ਼ਸਲਾਂ ਨੂੰ ਕਈ ਕਿਸਮ ਦੇ ਸੰਕਟ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਸੋ ਪੰਜਾਬ ਸਰਕਾਰ ਦਾ ਫ਼ਰਜ਼ ਹੈ ਕਿ ਉਹ ਇਸ ਸੰਕਟ ਦਾ ਡਟ ਕੇ ਸਾਹਮਣਾ ਕਰਨ ਲਈ ਪ੍ਰਬੰਧ ਕਰੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਗੰਡੀਵਿੰਡ, ਜੋਗਾ ਸਿੰਘ ਮਾਨੋਚਾਹਲ, ਦਲਜੀਤ ਸਿੰਘ ਭਿਖਾਰੀਪੁਰ, ਦਵਿੰਦਰ ਸੋਹਲ, ਗੁਰਬਿੰਦਰ ਸਿੰਘ ਨੌਸ਼ਹਿਰਾ, ਸੁਰਜੀਤ ਸਿੰਘ ਠੱਠੀ ਸੋਹਲ, ਰਛਪਾਲ ਸਿੰਘ ਬਾਠ, ਪਰਮਜੀਤ ਸਿੰਘ ਚੋਹਲਾ, ਕਾਮਰੇਡ ਰਛਪਾਲ ਸਿੰਘ ਵੀ ਹਾਜ਼ਰ ਸਨ।

# ਪੰਜਾਬ ਕਿਸਾਨ ਯੂਨੀਅਨ ਮਾਝਾ ਦੁਆਬਾ ਜ਼ੋਨ ਦੀ ਭਰਵੀਂ ਮੀਟਿੰਗ 'ਚ ਅਹਿਮ ਮੁੱਦੇ ਵਿਚਾਰੇ

ਬਟਾਲਾ (ਤਰਲੋਕ ਬੱਗਾ)-ਫਤਿਹਗੜ੍ਹ ਰੋਡ ਲਿਬਰੇਸ਼ਨ ਦਫਤਰ ਵਿਖੇ ਪੰਜਾਬ ਕਿਸਾਨ ਯੂਨੀਅਨ ਮਾਝਾ ਦੁਆਬਾ ਜ਼ੋਨ ਦੀ ਭਰਵੀਂ ਮੀਟਿੰਗ ਮੰਗਲ ਸਿੰਘ ਧਰਮਕੋਟ, ਹਜ਼ੂਰ ਸਿੰਘ ਅਤੇ ਨਰਿੰਦਰ ਸਿੰਘ ਮੱਲੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਸਮੇਂ ਬੋਲਦਿਆਂ ਯੂਨੀਅਨ ਦੇ ਸੂਬਾ ਸਕੱਤਰ ਗੁਰਨਾਮ ਸਿੰਘ ਭੀਖੀ, ਗੁਰਮੇਜ ਸਿੰਘ ਮਾਨਸਾ, ਅਸ਼ਵਨੀ ਕੁਮਾਰ ਲੱਖਣ ਕਲਾਂ, ਕਾਮਰੇਡ ਪ੍ਰਸ਼ੋਤਮ ਸ਼ਰਮਾ, ਬਲਬੀਰ ਸਿੰਘ ਮੂਧਲ ਅਤੇ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਪੰਜਾਬ ਵਿੱਚ ਦੋ ਜਥੇਬੰਦੀਆਂ ਪੰਜਾਬ ਕਿਸਾਨ ਯੂਨੀਅਨ ਅਤੇ ਜਮਹੂਰੀ ਕਿਸਾਨ ਸਭਾ ਦਾ ਲਿਬਰੇਸ਼ਨ ਦੀ ਕਿਸਾਨ ਜਥੇਬੰਦੀ ਆਲ ਇੰਡੀਆ ਕਿਸਾਨ ਮਹਾਂ ਸਭਾ ਵਿੱਚ ਰਲੇਵਾਂ ਕਿਸਾਨੀ ਸੰਘਰਸ਼ਾਂ ਲਈ ਨਵਾਂ ਮੀਲ ਪੱਥਰ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ 20, 21 ਸਤੰਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਰੈਲੀ ਕਰਨ ਉਪਰੰਤ ਦੋ ਦਿਨਾ ਡੈਲੀਗੇਟ ਅਜਲਾਸ ਕੀਤਾ ਜਾਵੇਗਾ ਜਿਸ ਵਿੱਚ ਕਰੀਬ ਡੇਢ ਦਰਜਨ ਰਾਜਾਂ ਤੋਂ 1000 ਡੈਲੀਗੇਟ ਪਹੁੰਚਣਗੇ। ਇਸ ਇਜਲਾਸ ਦੀ ਤਿਆਰੀ ਲਈ 9 ਸਤੰਬਰ ਨੂੰ ਜਲੰਧਰ ਵਿਖੇ ਕਨਵੈਨਸ਼ਨ ਕੀਤੀ ਜਾਵੇਗੀ। ਇਸ ਸਮੇਂ ਮਤਾ ਪਾਸ ਕੀਤਾ ਗਿਆ ਕਿ ਭਾਰਤ ਸਰਕਾਰ ਅਮਰੀਕਾ ਨਾਲ ਜੋ ਟਰੇਡ ਸਮਝੌਤਾ ਕਰਨ ਜਾ ਰਹੀ ਹੈ ਉਸ ਦਾ ਖੁਲਾਸਾ ਪਾਰਲੀਮੈਂਟ 'ਚ ਚੱਲ ਰਹੇ ਅਜਲਾਸ ਵਿੱਚ ਕੀਤਾ ਜਾਵੇ ਅਤੇ ਸਮਝੌਤੇ ਦੀ ਪਾਰਲੀਮੈਂਟ ਤੋਂ ਮਨਜ਼ੂਰੀ ਲਈ ਜਾਵੇ। ਇਕ ਹੋਰ ਮਤੇ ਰਾਹੀਂ ਮੰਗ ਕੀਤੀ ਗਈ ਕਿ ਮੋਦੀ ਸਰਕਾਰ ਵੱਲੋਂ [illegible] ਵਿੱਚ ਸੰਘਰਸ਼ ਕਰਨ



ਵਾਲੇ ਵਿਦਿਆਰਥੀਆਂ ਅਤੇ ਨੌਜਵਾਨਾਂ 'ਤੇ ਦਰਜ ਕੀਤੇ ਝੂਠੇ ਕੇਸ ਵਾਪਸ ਲਏ ਜਾਣ ਅਤੇ ਇਨ੍ਹਾਂ ਨੌਜਵਾਨਾਂ ਨੂੰ ਜੇਲਾਂ 'ਚੋਂ ਰਿਹਾਅ ਕੀਤਾ ਜਾਵੇ। ਇਹ ਵੀ ਤੈਅ ਕੀਤਾ ਗਿਆ ਕਿ 10 ਅਗਸਤ ਨੂੰ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਵੱਲੋਂ ਕੀਤੇ ਜਾ ਰਹੇ ਧਰਨਿਆਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਜਾਵੇ, ਜੋ ਹੜਤਾਲ ਮੁੱਖ ਤੌਰ ਤੇ ਮੋਦੀ ਸਰਕਾਰ ਵੱਲੋਂ ਲਿਆਂਦੀਆਂ ਜਾ ਰਹੀਆਂ ਮਜ਼ਦੂਰ ਵਿਰੋਧੀ ਨੀਤੀਆਂ ਨੂੰ ਵਾਪਸ ਕਰਾਉਣ ਲਈ ਕੀਤੀ ਜਾ ਰਹੀ ਹੈ ਜੋ ਜਿਨ੍ਹਾਂ ਨੀਤੀਆਂ ਵਿੱਚ ਕੰਮ ਘੰਟੇ ਦੀ ਦਿਹਾੜੀ ਨੂੰ 12 ਘੰਟੇ ਕਰਨ ਅਤੇ ਦਰਜਨਾਂ ਕਿਰਤ ਕਾਨੂੰਨਾਂ ਨੂੰ ਚਾਰ ਕੋਡਾਂ ਵਿੱਚ ਬਦਲ ਵਰਗੀਆਂ ਮੰਗਾਂ ਜੋੜੀਆਂ ਗਈਆਂ ਹਨ। ਇਸ ਸਮੇਂ ਚਰਨਜੀਤ ਸਿੰਘ ਭਿੰਡਰ, ਰਵਿੰਦਰ ਸਿੰਘ ਮੱਲ੍ਹੀ, ਬਲਬੀਰ ਸਿੰਘ ਮੂਧਲ, ਬਲਵਿੰਦਰ ਸਿੰਘ ਓਦੋਵਾਲੀ, ਪ੍ਰੇਮ ਮਸੀਹ ਸੋਨਾ, ਜੰਗਿੰਦਰ ਸਿੰਘ ਲੋਹਲ, ਰਾਜੂ ਬਟਾਲਾ, ਗੁਲਜ਼ਾਰ ਸਿੰਘ ਭੁੰਬਲੀ, ਸ਼ਮਸ਼ੇਰ ਸਿੰਘ ਹੇਰ, ਭੁਪਿੰਦਰ ਸਿੰਘ, ਸੁਖਦੇਵ ਸਿੰਘ ਗੋਸਲ, ਕਸ਼ਮੀਰ ਸਿੰਘ, ਭੂਲ ਚੰਦ ਅਤੇ ਗੁਰਿੰਦਰ ਖਹਿਰ ਸ਼ਾਮਲ ਸਨ।

# ਨੈਸ਼ਨਲ ਹੈਲਥ ਮਿਸ਼ਨ ਪੰਜਾਬ ਦੇ ਮੁਲਾਜ਼ਮਾਂ ਵੱਲੋਂ 15 ਨੂੰ ਰੋਸ ਰੈਲੀ ਕਰਨ ਦਾ ਐਲਾਨ

ਚੋਲਾ ਸਾਹਿਬ (ਰਮਨ ਢੋਟ)-ਸਿਹਤ ਵਿਭਾਗ ਵਿੱਚ ਯੋਗ ਪ੍ਰਣਾਲੀ ਰਾਹੀਂ ਭਰਤੀ ਕੀਤੇ ਨੈਸ਼ਨਲ ਹੈਲਥ ਮਿਸ਼ਨ ਅਧੀਨ ਪਿਛਲੇ ਪੰਦਰਾਂ ਵੀਹ ਸਾਲਾਂ ਤੋਂ ਠੇਕੇ 'ਤੇ ਕੰਮ ਕਰਦੇ ਕੱਚੇ ਸਿਹਤ ਮੁਲਾਜ਼ਮਾਂ ਨਾਲ ਪੱਕੇ ਵਾਅਦੇ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਸੱਤਾ ਦੇ ਨਸ਼ੇ ਵਿੱਚ ਆਪਣੇ ਵਾਅਦਿਆਂ ਤੋਂ ਭੱਜਦੀ ਨਜ਼ਰ ਆ ਰਹੀ ਹੈ। ਐੱਨਐੱਚਐੱਮ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦੇ ਸਬੰਧ ਵਿੱਚ ਪਹਿਲਾਂ ਵਾਂਗ ਪੰਜਾਬ ਸਰਕਾਰ ਨੇ ਪਿਛਲੇ ਲਗਭਗ ਸਾਢੇ ਚਾਰ ਸਾਲਾਂ ਤੋਂ ਲਾਰੇਬਾਜ਼ੀ ਅਤੇ ਡੰਗ ਟਪਾਊ ਨੀਤੀ ਅਪਣਾਉਂਦਿਆਂ ਐੱਨਐੱਚਐੱਮ ਕਰਮਚਾਰੀਆਂ ਨੂੰ ਹਰ ਵਾਰ ਸੰਘਰਸ਼ ਕਰਨ ਲਈ ਮਜਬੂਰ ਕੀਤਾ ਹੈ ਜਿਸ ਕਾਰਨ ਸਮੂਹ ਐੱਨ ਐੱਚ ਐੱਮ ਮੁਲਾਜ਼ਮਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਰਕਾਰ ਦੀ ਇਸ ਬੇਰੁਖੀ ਕਾਰਨ ਐੱਨਐੱਚਐੱਮ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਹੁਣ ਵਲੋਂ 15 ਅਗਸਤ ਵਾਲੇ ਦਿਨ ਫਿਰੋਜ਼ਪੁਰ ਵਿਖੇ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੰਦੀਪ ਕੌਰ ਬਰਨਾਲਾ ਨੇ ਕਰੜੇ ਸ਼ਬਦਾਂ 'ਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਲਗਭਗ ਸਾਢੇ ਚਾਰ ਸਾਲ ਬੀਤ ਜਾਣ ਮਗਰੋਂ ਵੀ ਨੈਸ਼ਨਲ ਹੈਲਥ ਮਿਸ਼ਨ ਦੇ ਮੁਲਾਜ਼ਮਾਂ ਨੂੰ ਇੱਕ ਵੀ ਰੁਪਏ ਦਾ ਵਾਧਾ ਨਹੀਂ ਦਿੱਤਾ। ਸੂਬਾ ਪ੍ਰਧਾਨ ਸੰਦੀਪ ਕੌਰ ਬਰਨਾਲਾ ਕਿਹਾ ਕਿ ਜਿੱਥੇ ਸਾਡਾ ਦੇਸ਼ ਦਾ ਆਜ਼ਾਦੀ ਦਿਵਸ ਨੂੰ ਬੜੇ ਪਿਆਰ ਅਤੇ ਉਤਸ਼ਾਹ ਨਾਲ ਮਨਾਉਂਦੇ ਹਨ ਉਸ ਦਿਨ ਪੰਜਾਬ ਸਰਕਾਰ ਦੇ ਸਰਕਾਰੀ ਤੌਰ 'ਤੇ ਹੋਣ ਵਾਲੇ ਸਮਾਗਮਾਂ ਵਿੱਚ ਜਾ ਰਹੇ ਹੋ ਉਥੇ ਹੀ ਐੱਨਐੱਚਐੱਮ ਮੁਲਾਜ਼ਮਾਂ ਨੂੰ ਠੇਕਾ ਪ੍ਰਣਾਲੀ ਦੀ ਗੁਲਾਮੀ ਦੀਆਂ ਜੰਜ਼ੀਰਾਂ 'ਚ ਜਕੜਿਆ ਹੋਇਆ ਹੈ ਜਿਸ ਕਰਕੇ ਪ੍ਰਬੰਧ ਦੀ ਗੁਲਾਮੀ 'ਚੋਂ ਬਾਹਰ ਨਿਕਲਣ ਦੀ ਉਮੀਦ ਲੱਗਦੀ ਇਸ ਸਰਕਾਰ ਨੇ ਖ਼ਤਮ ਕਰ ਦਿੱਤੀ ਹੈ। ਇਸ ਕਰਕੇ ਯੂਨੀਅਨ ਨੇ ਸਾਨੂੰ ਇਸ



ਗੁਲਾਮੀ ਪ੍ਰਥਾ ਨੂੰ ਖ਼ਤਮ ਕਰਨ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਨੀਅਨ ਦੇ ਸੂਬਾ ਸਕੱਤਰ ਰਾਮ ਸਿੰਘ ਕਪੂਰਥਲਾ ਨੇ ਕਿਹਾ ਕਿ ਸਮੁੱਚੇ ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਦਿਨ ਰਾਤ ਇੱਕ ਕਰਕੇ ਮਿਹਨਤ ਕੀਤੀ ਜਾਂਦੀ ਹੈ, ਪਰੰਤੂ ਸਰਕਾਰ ਵੱਲੋਂ ਸਾਡੀਆਂ ਹੱਕੀ ਮੰਗਾਂ ਨੂੰ ਪੂਰਾ ਨਾ ਕਰਦੇ ਹੋਏ ਸਾਡੇ ਨਾਲ ਧੱਕਾ ਕੀਤਾ ਜਾ ਰਿਹਾ ਹੈ। ਯੂਨੀਅਨ ਦੇ ਮੁੱਖ ਆਗੂ ਗੁਰਪ੍ਰੀਤ ਭੁੱਲਰ ਮੁਕਤਸਰ ਸਾਹਿਬ ਅਤੇ ਡਾਕਟਰ ਵਾਹਿਦ ਮਲੇਰਕੋਟਲਾ ਨੇ ਕਿਹਾ ਕਿ ਸਾਡੀਆਂ ਤਨਖ਼ਾਹਾਂ ਵਿੱਚ ਵਾਧਾ ਕਰਨਾ ਚਾਹੀਦਾ ਹੈ। ਛੁੱਟੀ ਅਤੇ ਉਮਰ ਹੱਦ ਵਾਧੇ ਦਾ ਨੋਟੀਫਿਕੇਸ਼ਨ ਤੁਰੰਤ ਜਾਰੀ ਕਰਨਾ ਚਾਹੀਦਾ ਹੈ। ਇਸ ਮੌਕੇ ਗੁਲਸ਼ਨ ਫਰੀਦਕੋਟ, ਵਿਨੋਦ ਪਟਿਆਲਾ, ਕਿਰਨ ਮੋਹਾਲੀ, ਜਸਦੇਵ ਸਿੰਘ ਮਾਨਸਾ, ਜਸ਼ਨ ਫਤਿਹਗੜ੍ਹ ਸਾਹਿਬ, ਡਾਕਟਰ ਸਿਮਰਨਜੀਤ ਮੋਗਾ, ਡਾਕਟਰ ਪੰਕਜੀ ਜਲੰਧਰ, ਡਾ. ਸ਼ਿਵਰਾਜ ਲੁਧਿਆਣਾ, ਜਸਵੀਰ ਤਰਨਤਾਰਨ, ਤੁਰਣਜੀਤ ਹੁਸ਼ਿਆਰਪੁਰ, ਹਰਜਿੰਦਰ ਕੌਰ ਬਠਿੰਡਾ, ਦੀਪਿਕਾ ਪਠਾਨਕੋਟ, ਦਵਿੰਦਰ ਕੌਰ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਅਮਨਦੀਪ ਕੌਰ ਨਵਾਂਸ਼ਹਿਰ ਆਦਿ ਮੌਜੂਦ ਹਾਜ਼ਰ ਸਨ।

## ਅੱਜ ਬਿਜਲੀ ਬੰਦ ਰਹੇਗੀ

ਬਿਆਸ (ਰੱਖੜਾ) ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਉਪ ਮੰਡਲ ਅਫ਼ਸਰ ਬਿਆਸ ਪ੍ਰਭਜੋਤ ਸਿੰਘ ਅਤੇ ਜੇ ਈ ਕੁਲਦੀਪ ਸਿੰਘ ਪੱਡਾ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਿਆਸ ਫੀਡਰ ਦੀ ਨਵੀਂ ਲਾਈਨ ਦੀ ਉਸਾਰੀ ਕਰਕੇ 6 ਅਗਸਤ (ਵੀਰਵਾਰ) ਦੁਪਹਿਰ 2 ਵਜੇ ਤੋਂ ਸ਼ਾਮ 5 ਵਜੇ ਤੱਕ 66 ਕੇ ਵੀ ਬਿਜਲੀ ਘਰ ਤੋਂ ਬਿਆਸ ਫੀਡਰ ਦੀ ਬਿਜਲੀ ਸਪਲਾਈ ਬੰਦ ਰਹੇਗੀ।

## ਜਥੇਦਾਰ ਜਹਾਂਗੀਰ ਨੇ ਅਕਾਲੀ ਆਗੂ ਤਜਿੰਦਰ ਸਿੰਘ ਟੋਨੀ ਨਾਲ ਕੀਤਾ ਦੁੱਖ ਸਾਂਝਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ) ਸਾਬਕਾ ਸਰਪੰਚ ਤੇ ਸੀਨੀਅਰ ਅਕਾਲੀ ਆਗੂ ਜਤਿੰਦਰ ਸਿੰਘ ਟੋਨੀ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਤਾਇਆ ਗੁਰਦਿਆਲ ਸਿੰਘ ਕੰਗ ਦੀ ਅਚਾਨਕ ਮੌਤ ਹੋ ਗਈ।ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਜਥੇਦਾਰ ਦਲਬੀਰ ਸਿੰਘ ਜਹਾਂਗੀਰ ਆਪਣੇ ਸਾਥੀਆਂ ਸਮੇਤ ਪਿੰਡ



ਦੀਨੇਵਾਲ ਪਹੁੰਚੇ।ਇਸ ਮੌਕੇ ਉਨ੍ਹਾਂ ਜਤਿੰਦਰ ਸਿੰਘ ਟੋਨੀ ਤੇ ਉਨ੍ਹਾਂ ਦੀ ਮਾਤਾ ਗੁਰਮੀਤ ਕੌਰ ਤੇ ਤਾਏ ਦੀ ਬੇਟੀ ਰਣਜੀਤ ਕੌਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਸਤਨਾਮ ਸਿੰਘ, ਕਵਲਜੀਤ ਸਿੰਘ ਲਾਹੌਰੀਆ, ਮਨਜੀਤ ਸਿੰਘ ਬਾਊ, ਰਣਜੀਤ ਸਿੰਘ ਹੀਰਾ, ਹਜ਼ੂਰ ਸਿੰਘ ਫੌਜੀ ਤੇ ਤਰਸੇਮ ਪ੍ਰਧਾਨ ਬਲਦੇਵ ਸਿੰਘ ਹਾਜ਼ਰ ਸਨ।

## ਮਨਿੰਦਰ ਪਾਲ ਕੌਰ ਨੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਫਤਿਹਗੜ੍ਹ ਚੂੜੀਆਂ ਦੇ ਨਜ਼ਦੀਕ ਡੇਰਾ ਬਾਬਾ ਨਾਨਕ ਰੋਡ ਪਿੰਡ ਢਾਂਡੇ ਵਿਖੇ ਡਿਵੈਲਪਿੰਗ ਡੈਫੋਡਿਲ ਇੰਟਰਨੈਸ਼ਨਲ ਸਕੂਲ ਆਫ ਐਕਸੀਲੈਂਸ (ਡੀਡੀਆਈਐੱਸਈ) ਲੰਬੇ ਸਮੇਂ ਤੋਂ ਆਪਣੀਆਂ ਸੇਵਾਵਾਂ ਦੇ ਰਿਹਾ ਹੈ।ਬੱਚਿਆਂ ਦੇ ਚੰਗੇ ਭਵਿੱਖ ਨੂੰ ਦੇਖਦੇ ਹੋਏ ਸਕੂਲ ਮੈਨੇਜਮੈਂਟ ਵੱਲੋਂ ਸਕੂਲ ਦੀ ਹੋਰ



ਬਿਹਤਰੀ ਦੇ ਲਈ ਇੱਕ ਬੜੇ ਹੀ ਸੂਝਵਾਨ ਅਤੇ ਪੜ੍ਹੇ-ਲਿਖੇ ਪ੍ਰਿੰਸੀਪਲ ਮਨਿੰਦਰ ਪਾਲ ਕੌਰ ਨੇ ਆਪਣਾ ਅਹੁਦਾ ਸੰਭਾਲਿਆ।ਸਕੂਲ ਮੈਨੇਜਮੈਂਟ ਵੱਲੋਂ ਉਨ੍ਹਾਂ ਦਾ ਸਕੂਲ ਵਿਖੇ ਪਹੁੰਚਣ 'ਤੇ ਸਕੂਲੀ ਬੱਚਿਆਂ ਵੱਲੋਂ ਬੈਂਡ ਦੀ ਟੀਮ ਨੇ ਸਵਾਗਤ ਕੀਤਾ ।ਸਕੂਲ ਮੈਨੇਜਮੈਂਟ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਬੁੱਕੇ ਦੇ ਕੇ ਉਨ੍ਹਾਂ ਨੂੰ ਸਕੂਲ ਵਿਖੇ ਜੀ ਆਇਆਂ ਨੂੰ ਆਖਿਆ।ਜ਼ਿਕਰਯੋਗ ਹੈ ਕਿ ਪ੍ਰਿੰਸੀਪਲ ਮਨਿੰਦਰਪਾਲ ਕੌਰ ਜਿਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਅਧੀਨ ਚੱਲ ਰਹੇ ਵੱਖੋ-ਵੱਖ ਸਕੂਲਾਂ ਵਿੱਚ ਤਕਰੀਬਨ 37 ਸਾਲਾਂ ਦੀ ਸੇਵਾ ਨਿਭਾਈ ਹੈ, ਹੁਣ ਸ੍ਰੀ ਗੁਰੂ ਨਾਨਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਘਿਓ ਮੰਡੀ ਸ੍ਰੀ ਅੰਮ੍ਰਿਤਸਰ ਵਿਖੇ ਲਗਭਗ 10 ਸਾਲ ਬਤੌਰ ਪ੍ਰਿੰਸੀਪਲ ਸੇਵਾਵਾਂ ਦੇ ਕੇ ਸੇਵਾ ਮੁਕਤ ਹੋਏ ਹਨ।ਹੁਣ ਉਹ ਡਿਵੈਲਪਿੰਗ ਡੈਫੋਡਿਲ ਇੰਟਰਨੈਸ਼ਨਲ ਸਕੂਲ ਆਫ ਐਕਸੀਲੈਂਸ ਢਾਂਡੇ ਵਿਖੇ ਆਪਣੀਆਂ ਸੇਵਾਵਾਂ ਨਿਭਾਉਣਗੇ।ਅਹੁਦਾ ਸੰਭਾਲਣ ਤੋਂ ਬਾਅਦ ਉਨ੍ਹਾਂ ਨੇ ਸਕੂਲ ਮੈਨੇਜਮੈਂਟ ਅਤੇ ਸਕੂਲ ਸਟਾਫ ਦੇ ਨਾਲ ਮੀਟਿੰਗ ਕੀਤੀ ਅਤੇ ਸਕੂਲ ਦੀ ਹੋਰ ਬਿਹਤਰੀ ਦੇ ਲਈ ਵਿਚਾਰ ਵਟਾਂਦਰੇ ਕੀਤੇ।ਇਸ ਮੌਕੇ ਸਕੂਲ ਮੈਨੇਜਮੈਂਟ ਤੋਂ ਇਲਾਵਾ ਸਕੂਲ ਦਾ ਸਮੂਹ ਸਟਾਫ ਅਤੇ ਸਕੂਲ ਦੇ ਬੱਚੇ ਹਾਜ਼ਰ ਸਨ।

## ਮੇਅਰ ਬਾਜਵਾ ਨੇ ਡੇਰਾ ਬਾਬਾ ਨਾਨਕ ਰੋਡ 'ਤੇ ਸਟਰੀਟ ਲਾਈਟਾਂ ਦਾ ਲਿਆ ਜਾਇਜ਼ਾ

ਬਟਾਲਾ (ਤਰਲੋਕ ਬੱਗਾ)-ਬਟਾਲਾ ਨਗਰ ਨਿਗਮ ਦੇ ਨਵ ਨਿਯੁਕਤ ਮੇਅਰ ਭੁਪਿੰਦਰ ਸਿੰਘ ਬਾਜਵਾ ਵੱਲੋਂ ਬਟਾਲਾ ਦੇ ਡੇਰਾ ਬਾਬਾ ਨਾਨਕ ਰੋਡ 'ਤੇ ਸਟਰੀਟ ਲਾਈਟਾਂ ਦਾ ਜਾਇਜ਼ਾ ਗਿਆ ਅਤੇ ਉਨ੍ਹਾਂ ਕਿਹਾ ਕਿ ਜੋ ਖਰਾਬ ਲਾਈਟਾਂ ਹਨ ਉਨ੍ਹਾਂ ਨੂੰ ਜਲਦੀ ਬਦਲਿਆ ਜਾਵੇਗਾ ਤਾਂ ਜੋ ਲੋਕਾਂ ਨੂੰ ਕੋਈ ਪਰੇਸ਼ਾਨੀ ਪੇਸ਼



ਨਾ ਆਵੇ।ਇਸ ਮੌਕੇ ਸੀਨੀਅਰ ਆਗੂ ਪ੍ਰਦੀਪ ਕੁਮਾਰ, ਦਾਸ ਕਰਨ ਸੰਧੂ ਆਦਿ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਮੇਅਰ ਭੁਪਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ 'ਚ ਪਿਛਲੇ ਚਾਰ ਸਾਲਾਂ ਵਿੱਚ ਵੱਖ ਵੱਖ ਵਿਕਾਸ ਕਾਰਜ ਕਰਵਾ ਕੇ ਸ਼ਹਿਰ ਦੀ ਨੁਹਾਰ ਬਦਲੀ ਗਈ ਹੈ।ਉਨ੍ਹਾਂ ਨੇ ਕਿਹਾ ਕਿ ਬਟਾਲਾ ਸ਼ਹਿਰ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨਾਂ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਂਕਾਂ ਨੂੰ ਚੌੜਾ ਕੀਤਾ ਗਿਆ ਹੈ।ਸ਼ਹਿਰ ਵਿਚਲੇ ਚੌਂਕਾਂ ਨੂੰ ਚੌੜਿਆਂ ਕਰਕੇ ਖੂਬਸੂਰਤ ਦਿੱਖ ਦਿੱਤੀ ਗਈ ਹੈ।ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀ ਇਮਾਰਤ ਉਸਾਰੀ ਗਈ ਹੈ।ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਉਸਾਰੀ ਕਰਵਾਈ ਗਈ ਹੈ।ਸ਼ਹਿਰ ਵਾਸੀਆਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਵਿਕਾਸ ਕੰਮ ਕਰਵਾਇਆ ਗਿਆ ਹੈ।ਇਸ ਤੋਂ ਇਲਾਵਾ ਵੱਖ ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।

## ਮਹਿੰਦਰਾ ਟ੍ਰੈਕਟਰਜ਼ ਵੱਲੋਂ 'ਦੁਨੀਆ 'ਚ ਇਕੋ ਲਲਕਾਰ' ਮੁਹਿੰਮ ਦੀ ਸ਼ੁਰੂਆਤ

ਪਠਾਨਕੋਟ : ਮਹਿੰਦਰਾ ਗਰੁੱਪ ਦਾ ਹਿੱਸਾ ਅਤੇ ਭਾਰਤ ਦਾ ਨੰਬਰ-1 ਟ੍ਰੈਕਟਰ ਬ੍ਰਾਂਡ ਮਹਿੰਦਰਾ ਟ੍ਰੈਕਟਰਜ਼ ਨੇ ਚੰਡੀਗੜ੍ਹ ਵਿੱਚ ਆਯੋਜਿਤ ਇੱਕ ਸਮਾਗਮ ਦੌਰਾਨ ਆਪਣੇ ਨਵੇਂ ਪੰਜਾਬ-ਕੇਂਦਰਿਤ ਬ੍ਰਾਂਡ ਕੈਂਪੇਨ 'ਦੁਨੀਆ ਵਿੱਚ ਇਕੋ ਲਲਕਾਰ' ਤਹਿਤ ਹਾਈ-ਐਨਰਜੀ ਮਿਊਜ਼ਿਕ ਵੀਡੀਓ 'ਓਹ ਹੋ ਹੋ ਹੋ' ਲਾਂਚ ਕਰਨ ਦਾ ਐਲਾਨ ਕੀਤਾ।ਇਹ ਨਵਾਂ ਮਿਊਜ਼ਿਕ ਵੀਡੀਓ ਸੁਖਬੀਰ ਸਿੰਘ ਦੇ ਵਿਸ਼ਵ ਪ੍ਰਸਿੱਧ, ਜੋਸ਼ ਅਤੇ ਜਸ਼ਨ ਨਾਲ ਭਰਪੂਰ ਗੀਤ 'ਇਸ਼ਕ ਤੇਰਾ ਤੜਪਾਵੇ' ਤੋਂ ਪ੍ਰੇਰਿਤ ਹੈ, ਜਿਸ ਨੂੰ ਆਮ ਤੌਰ ਤੇ 'ਓਹ ਹੋ ਹੋ ਹੋ' ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਸੰਗੀਤ ਵੀਡੀਓ ਵਿੱਚ ਸੁਖਬੀਰ ਸਿੰਘ ਪਰਮੀਸ਼ ਵਰਮਾ ਨਾਲ ਮਿਲ ਕੇ ਆਪਣੇ ਸਿਗਨੇਚਰ ਹਿਟ 'ਓਹ ਹੋ ਹੋ ਹੋ' ਗੀਤ ਨੂੰ ਦੁਬਾਰਾ ਬਣਾਉਂਦੇ ਹੋਏ ਦਿਖਾਈ ਦਿੰਦਾ ਹੈ ।ਮਹਿੰਦਰਾ ਟਰੈਕਟਰਾਂ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਅਤੇ ਹੈੱਡ ਮਾਰਕੀਟਿੰਗ ਅਤੇ ਨੈਸ਼ਨਲ ਬਿਜ਼ਨਸ ਓਪਰੇਸ਼ਨਜ਼, ਪਰੀਕਸ਼ਿਤ ਘੋਸ਼ ਨੇ ਕਿਹਾ ਕਿ ਮਹਿੰਦਰਾ ਟ੍ਰੈਕਟਰਜ਼ ਭਾਰਤ ਵਿੱਚ ਜੰਮਿਆ ਇੱਕ ਗਲੋਬਲ ਬ੍ਰਾਂਡ ਹੈ, ਜਿਸ ਤੇ ਦੁਨੀਆ ਦੇ ਵੱਖ-ਵੱਖ ਦੇਸ਼ਾਂ ਦੇ ਕਿਸਾਨ ਭਰੋਸਾ ਕਰਦੇ ਹਨ।

## ਉਗਰਾਹੀ ਕਰਦੇ ਸ਼ੱਕੀ ਨੌਜਵਾਨਾਂ ਤੋਂ ਲੋਕ ਦੁਖੀ; ਨਸ਼ੇ ਦੀ ਹਾਲਤ 'ਚ ਲੋਕਾਂ ਦੇ ਘਰ-ਘਰ ਖੜਕਾਉਂਦੇ ਹਨ ਕੁੰਡੇ

ਗੁਰਦਾਸਪੁਰ, (ਜਨਕ ਮਹਾਜਨ)-ਭਾਵੇਂ ਪੰਜਾਬ ਸਰਕਾਰ ਨੇ ਨਸ਼ਾ ਕਰਦੇ ਨੌਜਵਾਨਾਂ ਦਾ ਨਸ਼ਾ ਛੁਡਾਉਣ ਵਾਸਤੇ ਬਹੁਤ ਸਾਰੇ ਉਪਰਾਲੇ ਕੀਤੇ ਹਨ ਪਰ ਕੁਝ ਕੁ ਨੌਜਵਾਨ ਅੱਜ ਵੀ ਪਿੰਡਾਂ ਅੰਦਰ ਨਵੇਂ ਢੰਗ ਤਰੀਕੇ ਵਰਤ ਕੇ ਲੋਕਾਂ ਦੇ ਘਰਾਂ ਵਿਚ ਜਾ ਕੇ ਬਾਬਿਆਂ, ਡੇਰਿਆਂ ਅਤੇ ਹੋਰ ਧਾਰਮਿਕ ਸਥਾਨਾਂ ਦੇ ਨਾਮ 'ਤੇ ਉਗਰਾਹੀ ਕਰਨ ਦੇ ਬਹਾਨੇ ਲੋਕਾਂ ਦੇ ਘਰਾਂ ਅੰਦਰ ਦਾਖਲ ਹੋ ਜਾਂਦੇ ਹਨ ਜਿਸ ਤੋਂ ਲੋਕ ਬੇਹੱਦ ਦੁਖੀ ਹੋ ਚੁੱਕੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਗੀਤਾ ਸ਼ਰਮਾ, ਸੋਨੀਆ ਸ਼ਰਮਾ, ਪ੍ਰੇਮ ਲਤਾ, ਅਮਨਜੀਤ ਕੌਰ, ਅਮਨਦੀਪ ਕੌਰ, ਪਰਮਜੀਤ ਕੌਰ, ਕਿਰਨਦੀਪ ਕੌਰ, ਗੁਰਪ੍ਰੀਤ ਕੌਰ, ਬਲਜੀਤ ਕੌਰ ਨੇ ਸਾਂਝੇ ਤੌਰ 'ਤੇ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਸਾਡੇ ਘਰ ਦੇ ਪਰਿਵਾਰਕ ਮੈਂਬਰ ਸਵੇਰੇ ਆਪਣੇ ਕੰਮਕਾਜ 'ਤੇ ਚਲੇ ਜਾਂਦੇ ਹਨ ਅਤੇ ਦੁਪਹਿਰ ਵੇਲੇ ਘਰਾਂ ਅੰਦਰ ਕੇਵਲ ਔਰਤਾਂ ਤੇ ਛੋਟੇ ਬੱਚਿਆਂ ਸਮੇਤ ਇਕੱਲੀਆਂ ਹੀ ਘਰ ਹੁੰਦੀਆਂ ਹਨ। ਇਸ ਦੌਰਾਨ ਕੁਝ ਅਣਪਛਾਤੇ ਨੌਜਵਾਨ ਭੀਖ ਮੰਗਣ ਜਾਂ ਫਿਰ ਮਹਿਲਾਂ ਦੇ ਨਾਮ 'ਤੇ ਉਗਰਾਹੀ ਕਰਨ ਦੇ ਬਹਾਨੇ ਪਿੰਡਾਂ ਵਿਚ ਜ਼ੋਰ-ਜ਼ੋਰ ਨਾਲ ਦਰਵਾਜ਼ੇ ਖੜਕਾਉਂਦੇ ਰਹਿੰਦੇ ਹਨ। ਇਹ ਸ਼ੱਕੀ ਨੌਜਵਾਨ ਦੇਖਣ 'ਚ ਨਸ਼ੇੜੀ ਲਗਦੇ ਹਨ ਅਤੇ ਇਹ ਟੋਲੀਆਂ ਬੰਨ੍ਹ ਕੇ



ਪਿੰਡ-ਪਿੰਡ ਫਿਰਦੇ ਹਨ। ਉਨ੍ਹਾਂ ਕਿਹਾ ਕਿ ਔਰਤਾਂ ਵੱਲੋਂ ਦਰਵਾਜ਼ਾ ਨਾ ਖੋਲ੍ਹਣ 'ਤੇ ਇਹ ਜ਼ੋਰ ਨਾਲ ਦਰਵਾਜ਼ਾ ਖੜਕਾ ਕੇ ਜ਼ਬਰਦਸਤੀ ਦਰਵਾਜ਼ਾ ਖੁੱਲ੍ਹਣ ਦੀ ਕੋਸ਼ਿਸ਼ ਕਰਦੇ ਹਨ।

ਉਨ੍ਹਾਂ ਕਿਹਾ ਕਿ ਪਿੰਡਾਂ ਅੰਦਰ ਅਜਿਹੇ ਨੌਜਵਾਨ ਇਕੱਲੀ ਔਰਤ ਘਰ ਵਿੱਚ ਦੇਖ ਕੇ ਉਸ ਨੂੰ ਕੋਈ ਪਦਾਰਥ ਸੁੰਘਾ ਦਿੰਦੇ ਹਨ ਅਤੇ ਫਿਰ ਘਰ ਅੰਦਰੋਂ ਲੁੱਟਖੋਹ ਕਰਕੇ ਔਰਤਾਂ ਦੀਆਂ ਕੰਨਾਂ ਵਿੱਚ ਪਾਈਆਂ ਵਾਲੀਆਂ ਲਾਹੁਣ 'ਤੋਂ ਇਲਾਵਾ ਜਾਨੀ ਨੁਕਸਾਨ ਵੀ ਕਰ ਜਾਂਦੇ ਹਨ। ਉਨ੍ਹਾਂ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪਿੰਡਾਂ ਵਿੱਚ ਮੰਗਣ ਵਾਲੇ ਹਰ ਵਿਅਕਤੀ ਨੂੰ ਪਿੰਡ ਵਿੱਚ ਦਾਖਲ ਹੋਣ ਤੋਂ ਪਹਿਲਾਂ ਆਪਣਾ ਪਹਿਚਾਣ ਪੱਤਰ ਤਸਦੀਕ ਕਰਵਾਉਣ ਤੋਂ ਬਾਅਦ ਹੀ ਉਗਰਾਹੀ ਕਰਨ ਦੀ ਇਜਾਜ਼ਤ ਦਿੱਤੀ ਜਾਵੇ।

## ਅਠਵਾਲ ਤੇ ਬੇਰ ਗੁਲਾਮ ਨਬੀ ਪਿੰਡਾਂ 'ਚ ਦਿਖਾਏ ਡਾਕੂਮੈਂਟਰੀ ਸ਼ੋਅ

ਬਟਾਲਾ, (ਡਾ. ਮਲਵਿੰਦਰ ਸਿੰਘ)-ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼



ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਬਟਾਲਾ ਪਿੰਡਾਂ ਵਿੱਚ ਐੱਲ. ਈ. ਡੀ. ਵੈਨਾਂ ਰਾਹੀਂ ਡਾਕੂਮੈਂਟਰੀ ਸ਼ੋਅ ਦਿਖਾਏ ਜਾ ਰਹੇ ਹਨ ਜਿਸ ਤਹਿਤ ਹਲਕਾ ਬਟਾਲਾ ਦੇ ਪਿੰਡ ਅਠਵਾਲ ਅਤੇ ਬੇਰ ਗੁਲਾਮ ਨਬੀ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਸਮਾਜ ਸੁਧਾਰ ਲਈ ਉਨ੍ਹਾਂ ਦੇ ਅਨਮੋਲ ਯੋਗਦਾਨ ਨੂੰ ਦਰਸਾਉਂਦੀ ਡਾਕੂਮੈਂਟਰੀ ਪ੍ਰਦਰਸ਼ਿਤ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਸ ਉਪਰਾਲੇ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਦੇ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਐੱਲ. ਈ. ਡੀ. ਵੈਨ ਰਾਹੀਂ ਪਿੰਡ-ਪਿੰਡ ਜਾ ਕੇ ਲਗਾਤਾਰ ਡਾਕੂਮੈਂਟਰੀ ਪ੍ਰਦਰਸ਼ਨ ਕੀਤੇ ਜਾ ਰਹੇ ਹਨ ਤਾਂ ਜੋ ਲੋਕ, ਖ਼ਾਸ ਕਰਕੇ ਨੌਜਵਾਨ, ਆਪਣੇ ਮਹਾਨ ਗੁਰੂਆਂ ਦੇ ਜੀਵਨ ਤੋਂ ਪ੍ਰੇਰਨਾ ਲੈ ਸਕਣ। ਉਨ੍ਹਾਂ ਦੱਸਿਆ ਕਿ ਇਸ ਸ਼ੋਅ ਰਾਹੀਂ ਹਲਕਾ ਬਟਾਲਾ ਦੇ ਪਿੰਡਾਂ ਵਿੱਚ ਦਿਖਾਏ ਜਾ ਰਹੇ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਪ੍ਰੋਗਰਾਮਾਂ ਵਿੱਚ ਵੱਧ-ਚੜ੍ਹ ਕੇ ਸ਼ਿਰਕਤ ਕਰਨ ਅਤੇ ਗੁਰੂ ਸਾਹਿਬ ਦੇ ਦਰਸਾਏ ਰਾਹ 'ਤੇ ਚੱਲਣ।

## ਪ੍ਰਸ਼ਾਸਨ ਦਾ ਸਭ ਬਣੀ ਸਰਕਾਰੀ ਹਸਪਤਾਲ ਝਬਾਲ ਤੇ ਪਿੰਡ ਠੱਠੀ ਸੋਹਲ ਨੂੰ ਜਾਂਦੀ ਖਸਤਾ ਹਾਲ ਸੜਕ

ਝਬਾਲ (ਹਰਜਿੰਦਰ ਸਿੰਘ ਸੋਨੀ)-ਅੰਮ੍ਰਿਤਸਰ-ਖੇਮਕਰਨ ਰੋਡ ਤੋਂ ਸਰਕਾਰੀ ਹਸਪਤਾਲ ਝਬਾਲ ਅਤੇ ਪਿੰਡ ਠੱਠੀ ਸੋਹਲ ਨੂੰ ਜਾਣ ਵਾਲੀਆਂ ਸੜਕਾਂ ਦੀ ਐਨੀ ਜ਼ਿਆਦਾ ਖਸਤਾ ਹਾਲਤ ਹੋ ਚੁੱਕੀ ਹੈ ਕਿ ਝਬਾਲ ਹਸਪਤਾਲ ਅਤੇ ਪੁਰਾਤਨ ਸ਼ਿਵ ਮੰਦਰ ਨੂੰ ਜਾਣ ਵਾਲੇ ਲੋਕਾਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਤਰ੍ਹਾਂ ਹੀ ਠੱਠੀ ਸੋਹਲ ਰੋਡ ਵੀ ਬੁਰੀ ਤਰ੍ਹਾਂ ਟੁੱਟ ਚੁੱਕਾ ਹੈ ਜਿਸ ਨਾਲ ਡੇਰਿਆਂ ਤੇ ਰਹਿੰਦੇ ਲੋਕਾਂ ਅਤੇ ਇਤਿਹਾਸਕ ਗੁਰਦੁਆਰਾ ਬਾਬਾ ਲੰਗਾਹ ਜੀ ਨੂੰ ਜਾਣ ਵਾਲੇ ਲੋਕਾਂ ਨੂੰ ਪਰੇਸ਼ਾਨੀ ਆਉਂਦੀ ਹੈ।ਇਸ ਮੌਕੇ ਮਨਜੀਤ ਸਿੰਘ ਝਬਾਲ ਨੇ ਕਿਹਾ ਕਿ ਪੰਜਾਬ ਸਰਕਾਰੀ ਹਸਪਤਾਲ ਵਰਗੀ ਅਹਿਮ ਸੰਸਥਾ ਨੂੰ ਜਾਂਦੀ ਸੜਕ ਦੀ ਇਹ ਹਾਲਤ ਸਰਕਾਰ ਅਤੇ ਪ੍ਰਸ਼ਾਸਨ ਦੀ ਅਣਦੇਖੀ ਨੂੰ ਦਰਸਾਉਂਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਲੋਕਾਂ ਦੀਆਂ ਵਾਰ-ਵਾਰ ਸ਼ਿਕਾਇਤਾਂ ਦੇ ਬਾਵਜੂਦ ਨਾ ਤਾਂ ਸੜਕ ਦੀ ਮੁਰੰਮਤ ਕੀਤੀ ਗਈ ਹੈ ਅਤੇ ਨਾ ਹੀ ਇਸਦੀ ਸਮੱਸਿਆ ਦਾ ਕੋਈ ਪੱਕਾ ਹੱਲ ਕੀਤਾ ਗਿਆ ਹੈ। ਇਸ ਕਾਰਨ ਹਸਪਤਾਲ ਜਾਣ ਵਾਲੇ ਮਰੀਜ਼ਾਂ ਅਤੇ ਐਂਬੂਲੈਂਸਾਂ ਨੂੰ ਵੀ ਆਵਾਜਾਈ ਵਿੱਚ ਭਾਰੀ ਦਿੱਕਤਾਂ ਆ ਰਹੀਆਂ ਹਨ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਲੋਕਾਂ ਨੂੰ ਨਾਲ ਲੈ



ਕੇ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ।ਇਲਾਕਾ ਵਾਸੀਆਂ ਨੇ ਵੀ ਪ੍ਰਸ਼ਾਸਨ ਤੋਂ ਅਪੀਲ ਕੀਤੀ ਹੈ ਕਿ ਲੋਕ ਹਿੱਤ ਨੂੰ ਪਹਿਲ ਦਿੰਦਿਆਂ ਝਬਾਲ ਸਰਕਾਰੀ ਹਸਪਤਾਲ ਨੂੰ ਜਾਂਦੀ ਇਸ ਸੜਕ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ।

ਸੜਕ ਦੀ ਖਰਾਬ ਹਾਲਤ ਦੀਆਂ ਸ਼ਿਕਾਇਤਾਂ ਸਥਾਨਕ ਪੱਧਰ ਤੇ ਵੀ ਸਾਹਮਣੇ ਆਈਆਂ ਹਨ।ਇਸ ਮੌਕੇ ਹਰਪ੍ਰੀਤ ਸਿੰਘ, ਸੋਨੂੰ ਸਟਰ ਸਟਰ, ਕਾਬਲ ਸਿੰਘ, ਮਨਿਕਪ੍ਰੀਤ ਸਿੰਘ, ਅਵਤਾਰ ਸਿੰਘ ਛੀਨਾ, ਗੁਰਜੰਟ ਸਿੰਘ, ਹਰਦੀਪ ਸਿੰਘ, ਸਿਮਰਨਜੀਤ ਸਿੰਘ ਭੋਜੀਆਂ, ਰੋਹਿਤਪ੍ਰੀਤ ਸਿੰਘ, ਗੁਰਮੁਖ ਸਿੰਘ, ਜੈਮੀ ਫੌਜਦੀ ਵਾਲਾ, ਬੱਬੀ ਡੋਗਰੀ, ਜਗਜੀਤ ਸਿੰਘ ਭੋਜੀਆਂ, ਸਾਹਿਲ, ਨਸੀਬ ਸਿੰਘ ਬਿੱਲਾ, ਅਵਤਾਰ ਸਿੰਘ ਵੱਡਿਆਂ ਵਾਲੇ ਆਦਿ ਹਾਜ਼ਰ ਸਨ।

## ਸੂਬਾ ਪ੍ਰਧਾਨ ਸਰਬਜੀਤ ਸਿੰਘ ਡਿਗਰਾ ਵੱਲੋਂ ਭਲਕੇ ਚੰਡੀਗੜ੍ਹ ਮਹਾਂ ਰੈਲੀ 'ਚ ਪਹੁੰਚਣ ਦੀ ਅਪੀਲ

ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਸਿੱਖਿਆ ਵਿਭਾਗ ਮਨਿਸਟੀਰੀਅਲ ਸਟਾਫ਼ (ਸਬ ਆਫਿਸ) ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਸਰਬਜੀਤ ਸਿੰਘ ਡਿਗਰਾ, ਪਵਨਦੀਪ ਸ਼ਰਮਾ ਸੂਬਾ ਜਨਰਲ ਸਕੱਤਰ ਤੇ ਭੁਪਿੰਦਰ ਕੌਰ ਸੂਬਾ ਪ੍ਰਧਾਨ ਇਸਤਰੀ ਵਿੰਗ ਨੇ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ, ਕੱਚੇ ਮੁਲਾਜ਼ਮਾਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਹੈ ਕਿ ਉਹ 7 ਅਗਸਤ ਨੂੰ ਸਵੇਰੇ 11:00 ਵਜੇ ਦਾਨਾ ਮੰਡੀ, ਸੈਕਟਰ-39, ਚੰਡੀਗੜ੍ਹ ਵਿਖੇ ਹੋਣ ਵਾਲੀ ਵਿਸ਼ਾਲ ਰੈਲੀ ਵਿੱਚ ਵੱਡੀ ਗਿਣਤੀ ਵਿੱਚ



ਸ਼ਮੂਲੀਅਤ ਕਰਨ।ਉਨ੍ਹਾਂ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਇਹ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਲੰਬੇ ਸਮੇਂ ਤੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਨਜ਼ਰਅੰਦਾਜ਼ ਕਰ ਰਹੀ ਹੈ, ਜਿਸ ਕਾਰਨ ਸਮੂਹ ਵਰਗਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਰੈਲੀ ਦੌਰਾਨ ਬਕਾਇਆ ਸਮੇਤ ਰਹਿੰਦਾ 18 ਫ਼ੀਸਦੀ ਮਹਿੰਗਾਈ ਭੱਤਾ ਜਾਰੀ ਕਰਨ, ਪੈਨਸ਼ਨਰਾਂ ਦੀ ਪੈਨਸ਼ਨ 2.59 ਦੇ ਗੁਣਾਂਕ ਨਾਲ ਦੁਹਰਾਉਣ, ਐੱਨ. ਪੀ. ਐੱਸ. ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ (ਓ.ਪੀ.ਐੱਸ.) ਬਹਾਲ ਕਰਨ, ਤਰਸ ਦੇ ਆਧਾਰ ਤੇ ਨਿਯੁਕਤ ਕਲਰਕਾਂ ਨੂੰ ਟਾਈਪ ਟੈਸਟ ਤੋਂ ਛੋਟ ਦੇ ਕੇ ਸਲਾਨਾ ਤਰੱਕੀ ਬਹਾਲ ਕਰਨ, ਬੰਦ ਕੀਤੇ 37 ਭੱਤੇ ਮੁੜ ਚਾਲੂ ਕਰਨ, ਏ.ਸੀ.ਪੀ. ਸਕੀਮ ਨੂੰ ਨਵੇਂ ਸਕੇਲਾਂ ਵਿੱਚ ਲਾਗੂ ਕਰਨ, 15 ਜਨਵਰੀ 2015 ਦੇ ਮੁਲਾਜ਼ਮ ਵਿਰੋਧੀ ਪੱਤਰ ਨੂੰ ਰੱਦ ਕਰਕੇ ਪਰਖ ਸਮੇਂ ਦੌਰਾਨ ਪੂਰੀ ਤਨਖ਼ਾਹ ਅਤੇ ਭੱਤੇ ਦੇਣ ਅਤੇ 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਪੰਜਾਬ ਦੇ ਤਨਖ਼ਾਹ ਸਕੇਲਾਂ ਅਧੀਨ ਲਿਆਉਣ ਦੀਆਂ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।ਐਸੋਸੀਏਸ਼ਨ ਦੇ ਸੂਬਾ ਅਤੇ ਜ਼ਿਲ੍ਹਾ ਆਗੂਆਂ ਪਵਨਦੀਪ ਸ਼ਰਮਾ, ਰਾਜਦੀਪ ਗੁਪਤਾ, ਨਿਸ਼ਾਨ ਸਿੰਘ ਵਰਾਣਾ, ਸੰਜੀਵ ਕੁਮਾਰ ਕਾਲੜਾ, ਸੁਰਿੰਦਰ, ਉਂਕਾਰ ਸਿੰਘ, ਵਰਿੰਦਰ ਸ਼ਰਮਾ, ਰੁਪਿੰਦਰ ਸਿੰਘ ਸੰਧੂ, ਅਮਨ ਸ਼ਰਮਾ, ਤਰੁਣ ਚੱਢਾ, ਅੰਕੁਸ਼ ਸ਼ਰਮਾ, ਲਾਲ ਸਿੰਘ ਰੱਲਾ, ਹਰਦੀਪ ਸਿੰਘ, ਤਜਿੰਦਰ ਸਿੰਘ, ਸੁਖਜੀਤ ਸਿੰਘ, ਜਸਵਿੰਦਰ ਸਿੰਘ, ਤਜਿੰਦਰ ਕੁਮਾਰ ਸ਼ਰਮਾ, ਰਮਨਦੀਪ ਸਿੰਘ ਅਤੇ ਅਮਨਦੀਪ ਸਾਹਨੀ ਨੇ ਵੀ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਦੀ ਲੜਾਈ ਨੂੰ ਮਜ਼ਬੂਤ ਕਰਨ ਲਈ 7 ਅਗਸਤ ਦੀ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ।

## ਸੇਂਟ ਕਬੀਰ ਸਕੂਲ ਦੇ ਕਰਾਟੇਕਾ ਮਹਾਂਬੀਰ ਨੇ ਕਾਂਸੇ ਦਾ ਤਮਗਾ ਜਿੱਤਿਆ

ਧਾਰੀਵਾਲ, (ਮਨਦੀਪ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਦੇ ਹੋਣਹਾਰ ਅਤੇ ਮਿਹਨਤੀ ਵਿਦਿਆਰਥੀ ਮਹਾਂਬੀਰ ਸਿੰਘ ਸਪੁੱਤਰ ਰਣਜੀਤ ਸਿੰਘ/ਮੋਹਨਜੀਤ ਕੌਰ ਵਾਸੀ ਪਿੰਡ ਕੂੰਟ ਨੇ ਅੰਤਰਰਾਸ਼ਟਰੀ ਕਰਾਟੇ ਚੈਂਪੀਅਨਸ਼ਿਪ



ਦੌਰਾਨ ਕਾਂਸੇ ਦਾ ਤਮਗਾ ਹਾਸਿਲ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਂ ਪੂਰੇ ਦੇਸ਼ ਵਿੱਚ ਰੌਸ਼ਨ ਕੀਤਾ ਹੈ। ਇਸ ਸੰਬੰਧੀ ਖੁਸ਼ੀ ਪ੍ਰਗਟ ਕਰਦਿਆਂ ਸੇਂਟ ਕਬੀਰ ਪਬਲਿਕ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਦੱਸਿਆ ਕਿ ਰੋਮਾਨੀਆ ਵਿਖੇ ਹੋਈ 14ਵੀਂ ਵਰਲਡ ਜੂਨੀਅਨ ਕਰਾਟੇ ਚੈਂਪੀਅਨਸ਼ਿਪ (ਭਾਰ 65 ਤੋਂ 75 ਕਿਲੋ) ਵਿੱਚ ਸੇਂਟ ਕਬੀਰ ਸਕੂਲ ਦੇ ਹੋਣਹਾਰ ਵਿਦਿਆਰਥੀ ਮਹਾਂਵੀਰ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ (ਤੀਸਰਾ ਸਥਾਨ) ਕਾਂਸੇ ਦਾ ਤਮਗਾ ਹਾਸਲ ਕਰਕੇ ਆਪਣੀ ਹੱਡ-ਭੰਨਵੀਂ ਮਿਹਨਤ ਅਤੇ ਦ੍ਰਿੜ੍ਹਤਾ ਦਾ ਸਬੂਤ ਦਿੱਤਾ। ਮਹਾਂਬੀਰ ਸਿੰਘ ਨੇ ਦੱਸਿਆ ਇਸ ਅੰਤਰਰਾਸ਼ਟਰੀ ਕਰਾਟੇ ਚੈਂਪੀਅਨਸ਼ਿਪ ਵਿੱਚ ਉਸਦਾ ਆਖਰੀ ਮੁਕਾਬਲਾ ਪਾਵਰ ਜ਼ੋਨ ਇੰਡੀਆ ਫਾਈਨਲ ਫਾਈਟ, ਅਮਰੀਕਾ ਦੇ ਖਿਡਾਰੀ ਨਾਲ ਹੋਇਆ ਜਿਸ ਨੂੰ ਹਰਾ ਕੇ ਕਾਂਸੇ ਦੇ ਤਮਗੇ ਹਾਸਲ ਕੀਤਾ। ਇਸ ਤੋਂ ਇਲਾਵਾ ਪਿਛਲੇ ਮਹੀਨੇ ਸਾਊਥ ਅਫਰੀਕਾ ਦੇ ਬਲੀਟੋ ਸ਼ਹਿਰ ਵਿੱਚ ਹੋਏ ਮੁਕਾਬਲੇ ਦੌਰਾਨ ਮਹਾਂਬੀਰ ਸਿੰਘ ਨੇ ਗੋਲਡ ਮੈਡਲ ਜਿੱਤਿਆ ਸੀ ਤੇ ਹੁਣ ਅਗਲੇ ਮੁਕਾਬਲੇ ਲਈ ਜਾਪਾਨ ਵਿਖੇ ਜਾਣ ਦੀ ਤਿਆਰੀ ਚੱਲ ਰਹੀ ਹੈ। ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਨਾਯਰ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਵਲੋਂ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥੀ ਨੂੰ ਵਧਾਈ ਦਿੰਦਿਆਂ ਸਨਮਾਨ ਚਿੰਨ੍ਹ ਭੇਟ ਕੀਤੇ ਅਤੇ ਉਸ ਨੂੰ ਭਵਿੱਖ ਵਿੱਚ ਵੀ ਹਮੇਸ਼ਾ ਹਿੰਮਤ ਅਤੇ ਦਲੇਰੀ ਨਾਲ ਮੁਕਾਬਲੇ ਲੜਨ ਤੇ ਬੁਲੰਦੀਆਂ ਛੂਹਣ ਲਈ ਆਸ਼ੀਰਵਾਦ ਵੀ ਦਿੱਤਾ।

## ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਨੇ ਡੀਸੀ ਦਫ਼ਤਰਾਂ ਨੂੰ ਸੌਂਪੇ ਮੰਗ ਪੱਤਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਵੱਲੋਂ ਸਾਰੇ ਪੰਜਾਬ ਵਿੱਚ ਲੈਂਡ ਪੋਲਿੰਗ ਨੀਤੀ ਦੇ ਵਿਰੋਧ ਵਿੱਚ ਸਾਰੇ ਡੀ ਸੀਜ਼ ਨੂੰ ਮੰਗ ਪੱਤਰ ਦਿੱਤੇ। ਅੰਮ੍ਰਿਤਸਰ ਵਿਖੇ ਐੱਸਡੀਐੱਮ -2 ਗੁਰਮੰਦਰ ਸਿੰਘ ਨੇ ਕਿਸਾਨਾਂ ਤੋਂ ਮੰਗ ਪੱਤਰ ਲਿਆ। ਕਿਸਾਨਾਂ ਆਗੂਆਂ ਨੇ ਕਿਹਾ ਭਾਰਤ ਅਮਰੀਕਾ ਸਮਝੌਤਾ ਅਤੇ ਹੋਰ ਮੰਗਾਂ ਨੂੰ ਲੈ ਕੇ 3 ਘੰਟੇ ਦਾ ਧਰਨਾ ਲਾ ਕੇ ਮੰਗ ਪੱਤਰ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ



ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਚਾਟੀ ਵਿੰਡ, ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਆਗੂ ਨਰਿੰਦਰ ਪਾਲ ਸਿੰਘ ਭੰਗੂ, ਨੌਜਵਾਨ ਕਿਸਾਨ ਸੰਘਰਸ਼ ਕਮੇਟੀ ਦੇ ਸੂਬਾ ਪ੍ਰਧਾਨ ਬਚਿੱਤਰ ਸਿੰਘ ਕੋਟਲਾ, ਬੀਕੇਯੂ ਮਝੈਲ ਦੇ ਸੂਬਾ ਪ੍ਰਧਾਨ ਗੁਰਸੇਵਕ ਸਿੰਘ ਧਾਰੀਵਾਲ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਨੇ ਲੈਂਡ ਪੋਲਿੰਗ ਨੀਤੀ ਨੂੰ ਹਰੀ ਝੰਡੀ ਦੇ ਕੇ ਸਾਬਤ ਕਰ ਦਿੱਤਾ ਕਿ ਅੱਜ ਪੰਜਾਬ ਦੀ ਸਰਕਾਰ ਕਾਰਪੋਰੇਟ ਸੈਕਟਰ ਅੱਗੇ ਝੁਕ ਚੁੱਕੀ ਪਰ ਕਿਸਾਨਾਂ ਬੋਲਦਿਆਂ ਕਿਹਾ ਜੀ ਇਹ ਲੈਂਡ ਪੋਲਿੰਗ ਨੀਤੀ ਪਹਿਲਾਂ ਵੀ ਰੱਦ ਕਰਾਈ ਸੀ ਹੁਣ ਵੀ ਰੱਦ ਕਰਵਾਵਾਂਗੇ ਭਾਵੇਂ ਜਿੰਦਾਂ ਮਰਜ਼ੀ ਸੰਘਰਸ਼ ਕਰਨਾ ਪਵੇ। ਇਸ ਮੌਕੇ ਗੁਰ ਸਾਹਿਬ ਸਿੰਘ ਚਾਟੀ ਵਿੰਡ, ਜਸਬੀਰ ਸਿੰਘ ਕੋਟਲੀ ਸੱਕਾ, ਧਰਮਿੰਦਰ ਸਿੰਘ ਬਾਠ , ਕੁਲਦੀਪ ਸਿੰਘ ਖਿਆਲਾ, ਗੁਰਭੇਜ ਸਿੰਘ ਸੋਨੂ ਮਾਹਲ ਨੇ ਬੋਲਦਿਆਂ ਕਿਹਾ ਕਿ ਭਾਰਤ ਦੀ ਮੋਦੀ ਸਰਕਾਰ ਸਾਮਰਾਜੀ ਮੁਲਕਾਂ, ਕਾਰਪਰੇਟ ਸੈਕਟਰ ਅੱਗੇ ਝੁਕ ਚੁੱਕੀ ਹੈ। ਕਿਸਾਨਾਂ ਕਿਹਾ ਕਿ ਇਸ ਸਮਝੌਤੇ ਨਾਲ ਪੰਜਾਬ ਅਤੇ ਦੂਸਰੀਆਂ ਸਟੇਟਾਂ ਦੇ ਸਹਾਇਕ ਧੰਦੇ ਜਿਨਾਂ ਵਿੱਚ ਡੇਅਰੀ ਪਾਲਕ, ਮੱਛੀ ਪਾਲਕ, ਅਤੇ ਹੋਰ ਸਹਾਇਕ ਧੰਦਿਆਂ ਵਾਲੇ ਕਿਸਾਨ ਬਰਬਾਦ ਹੋ ਜਾਣਗੇ ਪਰ ਇਹ ਨਹੀਂ ਹੋਣ ਦਿੱਤਾ ਜਾਵਗੇ। ਪਿਛਲੇ ਦਿਨੀਂ ਹੋਈ ਭਾਰੀ ਬਰਸਾਤ ਕਾਰਨ ਕਿਸਾਨਾਂ ਦੀ ਝੋਨੇ ਦੀ ਫਸਲ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਪਰ ਅੱਜ ਤੱਕ ਕਿਸੇ ਕਿਸਾਨ ਨੂੰ ਕੋਈ ਰਾਹਤ ਨਹੀਂ ਮਿਲੀ।

ਕਿਸਾਨਾਂ ਬੋਲਦੇ ਕਿਹਾ ਕਿ ਸਰਕਾਰ ਛੇਤੀ ਤੋਂ ਛੇਤੀ ਝੋਨੇ ਦੇ ਨੁਕਸਾਨ ਦੀ ਪੂਰਤੀ ਕਰੇ, ਪਿਛਲੀਆ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਸਰਕਾਰ ਪੂਰੀਆਂ ਕਰੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੰਗਲ ਸਿੰਘ ਰਾਮਪੁਰਾ, ਲਖਵਿੰਦਰ ਸਿੰਘ ਬੋਪਾਰਾਏ, ਕਮਲਜੀਤ ਸਿੰਘ ਮਜੀਠਾ, ਪਾਲ ਸਿੰਘ, ਪਰਗਟ ਸਿੰਘ ਚਾਟੀਵਿੰਡ, ਸਰਪੰਚ ਸਰਬਜੀਤ ਸਿੰਘ ਤੇ ਮੇਜਰ ਸਿੰਘ ਆਦਿ ਆਗੂ ਹਾਜ਼ਰ ਸਨ।

## ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਪਿੰਡਾਂ 'ਚ ਮਿਲ ਰਿਹਾ ਭਰਵਾਂ ਹੁੰਗਾਰਾ: ਪ੍ਰੋ. ਹਰਪ੍ਰੀਤ ਸਿੰਘ ਕੋਟ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਵੱਖ ਵੱਖ ਪਿੰਡਾਂ ਵਿੱਚ ਪ੍ਰੋ. ਹਰਪ੍ਰੀਤ ਸਿੰਘ ਕੋਟ ਮੁੰਹਮਦ ਖਾਂ ਵਲੋਂ ਲਗਾਤਾਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਕੀਤਾ ਹੋਇਆ ਹੈ, ਵੱਖ-ਵੱਖ



ਪਿੰਡਾਂ ਵਿੱਚ ਮੀਟਿੰਗਾਂ ਕਰਕੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਕੀਤੇ ਹੋਏ ਕੰਮਾਂ ਨੂੰ ਘਰ-ਘਰ ਪਹੁੰਚਾਇਆ ਜਾ ਰਿਹਾ ਹੈ।ਪ੍ਰੋ. ਹਰਪ੍ਰੀਤ ਸਿੰਘ ਕੋਟ ਬੁਲਾਰਾ ਪੰਜਾਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿੰਡ ਨੌਰੰਗਾਬਾਦ ਵਿਖੇ ਮਨਜਿੰਦਰ ਸਿੰਘ ਗੋਪੀ ਪ੍ਰਧਾਨ ਦੇ ਗ੍ਰਹਿ ਵਿਖੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੁਰਾਣੇ ਸਾਥੀਆਂ ਨਾਲ ਮੀਟਿੰਗ ਕੀਤੀ।ਇਸ ਮੀਟਿੰਗ ਵਿੱਚ ਸਾਬਕਾ ਸਰਪੰਚ, ਮੌਜੂਦਾ ਪੰਚਾਇਤ ਮੈਂਬਰਾ ਅਤੇ ਸਾਬਕਾ ਪੰਚਾਇਤ ਮੈਂਬਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਸਾਡੀ ਟੀਮ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਗੇ।ਮੁੱਖ ਮੰਤਰੀ ਭਗਵੰਤ ਮਾਨ ਜੀ ਨੇ ਜਿਹੜੇ ਵਿਕਾਸ ਦੇ ਕੰਮ ਕਰਵਾਏ ਹਨ ਅਸੀਂ ਸਾਰੇ ਮਿਲ ਕੇ ਹਲਕੇ ਵਿੱਚ ਆਮ ਲੋਕਾਂ ਨੂੰ ਜਾਗਰੂਕ ਕਰਾਂਗੇ।ਆਮ ਆਦਮੀ ਪਾਰਟੀ ਇੱਕੋ ਇੱਕ ਪਾਰਟੀ ਹੈ ਜੋ ਪੰਜਾਬ ਦੇ ਵਿਕਾਸ ਲਈ ਕੰਮ ਕਰ ਰਹੀ ਹੈ।ਸਿੱਖਿਆ, ਸਿਹਤ, ਨੌਜਵਾਨ ਲਈ ਦਿਨ ਰਾਤ ਕੰਮ ਕੀਤਾ ਜਾ ਰਿਹਾ ਹੈ।ਪਿੰਡਾਂ ਵਿੱਚ ਆਮ ਲੋਕ ਆਪ ਮੁਹਾਰੇ ਪਾਰਟੀ ਦੀਆਂ ਨੀਤੀਆਂ ਨਾਲ ਜੁੜ ਰਹੇ ਹਨ।ਇਸ ਮੌਕੇ ਮਨਜਿੰਦਰ ਸਿੰਘ ਉਰਫ਼ ਗੋਪੀ ਪ੍ਰਧਾਨ, ਸਰਵਨ ਸਿੰਘ ਮੈਨੇਜਰ, ਜੋਗਿੰਦਰ ਸਿੰਘ ਉਰਫ਼ ਗਿੰਦੂ, ਗੁਰਮੀਤ ਸਿੰਘ ਉਰਫ਼ ਬਿੱਲੂ , ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ, ਕੁਲਦੀਪ ਸਿੰਘ ਉਰਫ਼ ਬਿੱਲਾ, ਹਰਮੀਤ ਸਿੰਘ ਉਰਫ਼ ਬਿੱਲਾ, ਦੀਵਾਨ ਸਿੰਘ, ਸੁਰਜੀਤ ਸਿੰਘ ਉਰਫ਼ ਸੀਤਲ, ਗੁਰਭੇਜ ਸਿੰਘ ਉਰਫ਼ ਭੇਜਾ, ਸੁਖਵਿੰਦਰ ਸਿੰਘ ਉਰਫ਼ ਸੁੱਖਾ, ਕੁਲਵੰਤ ਸਿੰਘ, ਸੁਖਵਿੰਦਰ ਸਿੰਘ, ਅਕਾਸ਼ਦੀਪ ਸਿੰਘ, ਸਵਿੰਦਰ ਸਿੰਘ, ਬਲਜਿੰਦਰ ਸਿੰਘ ਉਰਫ਼ ਕਾਕੂ, ਜੋਗਿੰਦਰ ਸਿੰਘ ਉਰਫ਼ ਲਾਲੀ, ਸੰਤੋਖ ਸਿੰਘ ਉਰਫ਼ ਸੋਖੀ, ਦਿਲਬਾਗ ਸਿੰਘ ਉਰਫ਼ ਫੌਜੀ ਪੁੱਤਰ ਸਰਵਨ ਸਿੰਘ, ਪੰਜਾਬ ਸਿੰਘ, ਨਰਿੰਦਰ ਸਿੰਘ, ਸਾਹਬ ਸਿੰਘ ਉਰਫ਼ ਸਾਬਾ ਆਦਿ ਹਾਜ਼ਰ ਸਨ।

## ਰਣਜੀਤ ਸਾਗਰ ਡੈਮ (ਆਰ ਐੱਸ ਡੀ) ਤੋਂ ਬਿਜਲੀ ਉਤਪਾਦਨ ਘਟਾਇਆ

ਪਠਾਨਕੋਟ (ਦਵਿੰਦਰ ਸਿੰਘ)-ਪਹਾੜੀ ਇਲਾਕਿਆਂ ਅਤੇ ਸਥਾਨਕ ਖੇਤਰ ਵਿੱਚ ਬੀਤੀ ਰਾਤ ਹੋਈ ਚੰਗੀ ਵਰਖਾ ਅਤੇ ਹੇਠਲੇ ਇਲਾਕਿਆਂ ਵਿੱਚ ਸਿੰਚਾਈ ਲਈ ਪਾਣੀ ਦੀ ਮੰਗ ਘੱਟ ਹੋਣ ਕਾਰਨ ਰਣਜੀਤ ਸਾਗਰ ਡੈਮ ਪ੍ਰੋਜੈਕਟ ਤੋਂ ਹੁਣ ਰੁਕ-ਰੁਕ ਕੇ ਬਿਜਲੀ ਉਤਪਾਦਨ ਕੀਤਾ ਜਾ ਰਿਹਾ ਹੈ।ਪਹਿਲਾਂ ਡੈਮ ਪ੍ਰੋਜੈਕਟ ਤੋਂ ਰੋਜ਼ਾਨਾ 80 ਲੱਖ ਯੂਨਿਟ ਬਿਜਲੀ ਦਾ ਉਤਪਾਦਨ ਕੀਤਾ ਜਾ ਰਿਹਾ ਸੀ, ਜਿਸ ਨੂੰ ਘਟਾ ਕੇ ਹੁਣ 52 ਲੱਖ ਯੂਨਿਟ ਪ੍ਰਤੀ ਦਿਨ ਕਰ ਦਿੱਤਾ ਗਿਆ ਹੈ।ਇਸ ਕਾਰਨ ਝੀਲ ਦਾ ਜਲ ਪੱਧਰ ਵੀ ਵੱਧ ਰਿਹਾ ਹੈ।ਪਿਛਲੇ ਪੰਜ ਦਿਨਾਂ ਵਿੱਚ ਝੀਲ ਦੇ ਜਲ ਪੱਧਰ ਵਿੱਚ ਇੱਕ ਮੀਟਰ ਦਾ ਵਾਧਾ ਦਰਜ ਕੀਤਾ ਗਿਆ ਹੈ।ਡੈਮ ਪ੍ਰਸ਼ਾਸਨ ਦੇ ਅਨੁਸਾਰ ਇਸ ਸਮੇਂ ਆਰਐੱਸਡੀ ਦੀ ਝੀਲ ਦਾ ਜਲ ਪੱਧਰ 511.25 ਮੀਟਰ ਤੱਕ ਪਹੁੰਚ ਗਿਆ ਹੈ।ਹਿਮਾਚਲ ਪ੍ਰਦੇਸ਼ ਵਿੱਚ ਸਥਿਤ ਚਮੇਰਾ ਪ੍ਰੋਜੈਕਟ ਤੋਂ 20,140 ਕਿਊਸਿਕ ਪਾਣੀ ਦਾ ਵਹਾਅ ਲਗਾਤਾਰ ਝੀਲ ਵਿੱਚ ਆ ਰਿਹਾ ਹੈ, ਜਿਸ ਨਾਲ ਜਲ ਪੱਧਰ ਵਿੱਚ ਹੌਲੀ-ਹੌਲੀ ਵਾਧਾ ਹੋ ਰਿਹਾ ਹੈ।ਉਥੇ ਹੀ ਰਣਜੀਤ ਸਾਗਰ ਡੈਮ ਪ੍ਰੋਜੈਕਟ ਵਿੱਚ ਰੁਕ-ਰੁਕ ਕੇ ਬਿਜਲੀ ਉਤਪਾਦਨ ਕੀਤਾ ਜਾ ਰਿਹਾ ਹੈ।ਚਾਰ ਟਰਬਾਈਨਾਂ ਵਿੱਚੋਂ ਸਿਰਫ਼ ਇੱਕ ਟਰਬਾਈਨ ਨੂੰ 150 ਮੈਗਾਵਾਟ ਦੀ ਪੂਰੀ ਸਮਰੱਥਾ ਨਾਲ ਚਲਾ ਕੇ ਰੋਜ਼ਾਨਾ 52 ਲੱਖ ਯੂਨਿਟ ਬਿਜਲੀ ਦਾ ਉਤਪਾਦਨ ਕੀਤਾ ਜਾ ਰਿਹਾ ਹੈ।ਇਸ ਦੇ ਨਾਲ ਆਰਐੱਸਡੀ ਤੋਂ ਸ਼ਾਹਪੁਰ ਕੰਡੀ ਬੈਰਾਜ ਡੈਮ ਦੀ ਝੀਲ ਵੱਲ 8,000 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ, ਜਿਸ ਨਾਲ ਸ਼ਾਹਪੁਰ ਕੰਡੀ ਬੈਰਾਜ ਦੀ ਝੀਲ ਦਾ ਜਲ ਪੱਧਰ 401.50 ਮੀਟਰ ਤੱਕ ਪਹੁੰਚ ਗਿਆ ਹੈ।ਜਦਕਿ ਬੈਰਾਜ ਦੀ ਝੀਲ ਵਿੱਚ ਵੱਧ ਤੋਂ ਵੱਧ 404.50 ਮੀਟਰ ਤੱਕ ਪਾਣੀ ਸਟੋਰ ਕਰਨ ਦੀ ਸਮਰੱਥਾ ਹੈ।ਸ਼ਾਹਪੁਰ ਕੰਡੀ ਬੈਰਾਜ ਦੀ ਝੀਲ ਤੋਂ ਮਾਧੋਪੁਰ ਹੈੱਡਵਰਕਸ ਵੱਲ 11,350 ਕਿਊਸਿਕ ਪਾਣੀ ਦਾ ਵਹਾਅ ਕੀਤਾ ਜਾ ਰਿਹਾ ਹੈ।ਇਸ ਵਿੱਚੋਂ ਯੂਬੀਡੀਸੀ ਨਹਿਰ ਵਿੱਚ 7,461 ਕਿਊਸਿਕ, ਐਮਬੀ ਲਿੰਕ ਨਹਿਰ ਵਿੱਚ 3,176 ਕਿਊਸਿਕ, ਕਸ਼ਮੀਰ ਕੈਨਾਲ ਵਿੱਚ 400 ਕਿਊਸਿਕ ਅਤੇ ਇਸਲਾਮਪੁਰ ਨਹਿਰ ਵਿੱਚ 250 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ।

## ਕਿੰਡਰਗਾਰਟਨ ਦੇ ਵਿਦਿਆਰਥੀਆਂ ਨੂੰ ਕਹਾਣੀ ਸੁਣਾਉਣ ਦੀ ਕਲਾ ਸਿਖਾਈ

ਧਾਰੀਵਾਲ (ਮਨਦੀਪ ਵਿੱਕੀ)-ਕਲਗੀਧਰ ਟਰੱਸਟ, ਬੜੂ ਸਾਹਿਬ ਅਧੀਨ ਸੰਚਾਲਿਤ ਅਕਾਲ ਅਕੈਡਮੀ ਰਸੂਲਪੁਰ ਬੇਟ ਵਿਖੇ ਕਿੰਡਰਗਾਰਟਨ ਦੇ ਨੰਨ੍ਹੇ ਵਿਦਿਆਰਥੀਆਂ ਲਈ ਕਹਾਣੀ ਸੁਣਾਉਣ ਦੀ ਦਿਲਚਸਪ ਅਤੇ ਗਿਆਨਵਰਧਕ ਗਤੀਵਿਧੀ ਕਰਵਾਈ ਗਈ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਬੱਚਿਆਂ ਲਈ ਸਿੱਖਣ ਦੀ ਪ੍ਰਕਿਰਿਆ ਨੂੰ ਹੋਰ ਦਿਲਚਸਪ, ਆਨੰਦਮਈ ਅਤੇ ਪ੍ਰਭਾਵਸ਼ਾਲੀ ਬਣਾਉਣਾ ਸੀ।ਗਤੀਵਿਧੀ ਦੌਰਾਨ ਨੰਨ੍ਹੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ, ਜਿਗਿਆਸਾ ਅਤੇ ਆਤਮ-ਵਿਸ਼ਵਾਸ ਨਾਲ ਕਹਾਣੀਆਂ ਸੁਣੀਆਂ ਅਤੇ ਬੜੇ ਹੀ ਪ੍ਰਭਾਵਸ਼ਾਲੀ ਢੰਗ ਨਾਲ ਆਪਣੀਆਂ ਕਹਾਣੀਆਂ ਵੀ ਪੇਸ਼ ਕੀਤੀਆਂ। ਉਨ੍ਹਾਂ ਦੀਆਂ ਮਨਮੋਹਕ ਪੇਸ਼ਕਾਰੀਆਂ ਨੇ ਸਮੁੱਚੇ ਮਾਹੌਲ ਨੂੰ ਪ੍ਰਭਾਵਸ਼ਾਲੀ ਅਤੇ ਖੁਸ਼ਗਵਾਰ ਬਣਾ ਦਿੱਤਾ।ਕਹਾਣੀ ਸੁਣਾਉਣ ਵਰਗੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਨ੍ਹਾਂ ਰਾਹੀਂ ਬੱਚਿਆਂ ਦੀ ਸੁਣਨ ਦੀ ਯੋਗਤਾ, ਸ਼ਬਦ-ਭੰਡਾਰ, ਕਲਪਨਾਸ਼ਕਤੀ, ਰਚਨਾਤਮਕਤਾ, ਸੰਚਾਰ ਕੌਸ਼ਲ, ਇਕਾਗਰਤਾ ਅਤੇ ਆਤਮ-ਵਿਸ਼ਵਾਸ ਵਿੱਚ ਵਾਧਾ ਹੁੰਦਾ ਹੈ।




ਇਸ ਦੇ ਨਾਲ-ਨਾਲ ਕਹਾਣੀਆਂ ਬੱਚਿਆਂ ਨੂੰ ਨੈਤਿਕ ਕਦਰਾਂ-ਕੀਮਤਾਂ, ਚੰਗੇ ਸੰਸਕਾਰਾਂ, ਭਾਵਨਾਵਾਂ ਅਤੇ ਸਕਾਰਾਤਮਕ ਵਿਹਾਰ ਨੂੰ ਸੌਖੇ ਅਤੇ ਦਿਲਚਸਪ ਢੰਗ ਨਾਲ ਸਮਝਣ ਵਿੱਚ ਵੀ ਸਹਾਇਕ ਸਾਬਤ ਹੁੰਦੀਆਂ ਹਨ।ਨੰਨ੍ਹੇ ਵਿਦਿਆਰਥੀਆਂ ਦੀ ਉਤਸ਼ਾਹਪੂਰਵਕ ਭਾਗੀਦਾਰੀ ਨੇ ਇਸ ਗਤੀਵਿਧੀ ਨੂੰ ਬੇਹੱਦ ਸਫਲ ਅਤੇ ਯਾਦਗਾਰ ਬਣਾ ਦਿੱਤਾ। ਅਜਿਹੀਆਂ ਸਹਿ-ਪਾਠਕ੍ਰਮ ਗਤੀਵਿਧੀਆਂ ਬੱਚਿਆਂ ਨੂੰ ਆਪਣੀ ਅਭਿਵਿਆਕਤੀ, ਕਲਪਨਾਸ਼ਕਤੀ ਅਤੇ ਰਚਨਾਤਮਕ ਸੋਚ ਨੂੰ ਵਿਕਸਿਤ ਕਰਨ ਲਈ ਪ੍ਰੇਰਿਤ ਕਰਦੀਆਂ ਹਨ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਮਜ਼ਬੂਤ ਨੀਂਹ ਰੱਖਦੀਆਂ ਹਨ।

## ਗੁਰਦਾਸਪੁਰ ਸਹੋਦਿਆ ਇੰਟਰ ਸਕੂਲ ਮੁਕਾਬਲੇ ਦੌਰਾਨ ਸ਼ਾਨਦਾਰ ਪ੍ਰਦਰਸ਼ਨ

ਧਾਰੀਵਾਲ, (ਮਨਦੀਪ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਦੇ ਵਿਦਿਆਰਥੀਆਂ ਨੇ ਗੁਰਦਾਸਪੁਰ ਸਹੋਦਿਆ ਇੰਟਰ-ਸਕੂਲ ਮੁਕਾਬਲੇ-2026 ਦੌਰਾਨ ਲਾਜਵਾਬ ਪ੍ਰਦਰਸ਼ਨ ਕਰਕੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ



ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਐਸ.ਬੀ ਨਾਯਰ ਜੀ ਨੇ ਦੱਸਿਆ ਕਿ ਸੇਂਟ ਕਬੀਰ ਸਕੂਲ ਦੀ ਪੰਜਵੀਂ, ਛੇਵੀਂ, ਸੱਤਵੀਂ ਜਮਾਤ ਦੇ ਵਿਦਿਆਰਥੀਆਂ ਕਾਵਿਸ਼, ਅਹਿਰਨਜੋਤ ਸਿੰਘ, ਅਮਿਤੋਜ ਸਿੰਘ ਨੇ ਬਰੇਨ ਬਜ਼ (ਗਣਿਤ ਅਤੇ ਸਾਇੰਸ ਕੁਇਜ਼) ਮੁਕਾਬਲੇ ਦੌਰਾਨ ਪਹਿਲਾ ਸਥਾਨ, ਅੱਠਵੀਂ, ਨੌਂਵੀਂ ਦੇ ਵਿਦਿਆਰਥੀਆਂ ਹਰਲੀਨ ਕੌਰ ਤੇ ਸੁਹਾਨਾ ਸਿੰਘ ਨੇ ਡਾਟਾ ਡਰਾਈਵਨ ਡਿਸੀਜ਼ਨ ਚੈਲੇਂਜ ਮੁਕਾਬਲੇ ਦੌਰਾਨ ਤੀਸਰਾ ਸਥਾਨ ਅਤੇ ਨੌਂਵੀਂ, ਗਿਆਰਵੀਂ ਤੇ ਬਾਰਵੀਂ ਜਮਾਤ ਦਿਆਂ ਵਿਦਿਆਰਥੀਆਂ ਆਕ੍ਰਿਤੀ, ਨਿੱਕੀਤਾ ਤੇ ਜੁਗਰਾਜ ਸਿੰਘ ਨੇ ਬਿਜ਼ਨਸ ਪਿੱਚ ਮੁਕਾਬਲੇ ਦੌਰਾਨ ਦੂਸਰਾ ਸਥਾਨ ਹਾਸਿਲ ਕਰਕੇ ਪੜ੍ਹਾਈ ਦੇ ਨਾਲ-ਨਾਲ ਸਹਾਇਕ ਗਤੀਵਿਧੀਆਂ ਵਿੱਚ ਅੱਗੇ ਆਉਣ ਲਈ ਬਾਕੀ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ ਹੈ।ਅਨੁਭਵੀ ਜੱਜ ਸਾਹਿਬਾਨ ਦੀ ਦੇਖ ਰੇਖ ਹੇਠ, ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਗੁਰਦਾਸਪੁਰ ਵਿਖੇ ਕਰਵਾਏ ਗਏ ਇੰਟਰ-ਸਕੂਲ ਮੁਕਾਬਲੇ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਸਹੋਦਿਆ ਸਕੂਲ ਕੰਪਲੈਕਸ ਦੇ ਮੁਖੀ ਐਸ.ਬੀ.ਨਾਯਰ ਜੀ, ਜੋਇੰਟ ਸੈਕਟਰੀ ਉਪਮਾ ਮਹਾਜਨ ਅਤੇ ਰਾਜੀਵ ਭਾਰਤੀ ਜੀ ਦੁਆਰਾ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਕੋਆਰਡੀਨੇਟਰ ਵਿਸ਼ਾਲ ਸਿੰਘ, ਟੇਨ ਸਿੰਘ ਸਮੇਤ ਸਮੂਹ ਸਕੂਲੀ ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## 60 ਐੱਮ. ਐੱਲ. ਡੀ. ਸੀਵਰੇਜ ਟ੍ਰੀਟਮੈਂਟ ਪਲਾਂਟ ਨੂੰ ਮਨਜ਼ੂਰੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸਾਲਾਂ ਤੋਂ ਅੰਮ੍ਰਿਤਸਰ ਦਾ ਸੀਵਰੇਜ ਸਿਸਟਮ ਇਸ ਪਵਿੱਤਰ ਸ਼ਹਿਰ ਦੀਆਂ ਲੋੜਾਂ ਮੁਤਾਬਿਕ ਪੂਰੀ ਤਰ੍ਹਾਂ ਸੁਚਾਰੂ ਸੇਵਾਵਾਂ ਪ੍ਰਦਾਨ ਕਰਨ ਨਹੀਂ ਜੂਝ ਰਿਹਾ ਸੀ। ਅਣਸੋਧੇ ਪਾਣੀ ਨਾਲ ਨਾਲੀਆਂ ਭਰੀਆਂ ਰਹਿੰਦੀਆਂ ਸਨ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਇਸ ਸਮੱਸਿਆ ਨਾਲ ਨਜਿੱਠਣ ਲਈ ਹੁਣ - ਅਮਰੁਤ 2.0 ਸਕੀਮ ਤਹਿਤ ਇੱਕ ਨਵੇਂ 60 ਐੱਮਐੱਲਡੀ (ਮਿਲੀਅਨ ਲੀਟਰ ਪ੍ਰਤੀ ਦਿਨ) ਸਮਰੱਥਾ ਦਾ ਸੀਵਰੇਜ ਟ੍ਰੀਟਮੈਂਟ ਪਲਾਂਟ ਅਤੇ ਇਸ ਲਈ ਲੋੜੀਂਦੇ ਪੰਪਿੰਗ ਸਟੇਸ਼ਨ ਨੂੰ ਮਨਜ਼ੂਰੀ ਦਿੱਤੀ ਗਈ ਹੈ। ਟੈਂਡਰ ਪਹਿਲਾਂ ਹੀ ਜਾਰੀ ਹੋ ਚੁੱਕਾ ਹੈ ਅਤੇ ਅਗਸਤ 2026 ਵਿੱਚ ਬੰਦ ਹੋ ਜਾਵੇਗਾ, ਜਿਸ ਤੋਂ ਤੁਰੰਤ ਬਾਅਦ ਕੰਮ ਸ਼ੁਰੂ ਹੋ ਜਾਵੇਗਾ। ਇਸ ਪਲਾਂਟ ਦੇ ਤਿਆਰ ਹੋਣ ਬਾਅਦ, ਅੰਮ੍ਰਿਤਸਰ ਸ਼ਹਿਰ ਦੀ ਸੀਵਰੇਜ ਟ੍ਰੀਟਮੈਂਟ ਸਮਰੱਥਾ ਵਿੱਚ ਤੇਜ਼ੀ ਨਾਲ ਵਾਧਾ ਹੋਵੇਗਾ, ਪੁਰਾਣੇ, ਓਵਰਲੋਡ ਸਿਸਟਮ ਤੋਂ ਦਬਾਅ ਘਟੇਗਾ ਅਤੇ ਅਨਟ੍ਰੀਟਡ ਡਿਸਚਾਰਜ ਵਿੱਚ ਕਮੀ ਆਵੇਗੀ। ਇਸ ਪਲਾਂਟ ਰਾਹੀਂ ਵੇਸਟ ਨੂੰ ਬਾਇਓ-ਸੀਐਨਜੀ ਵਿੱਚ ਵੀ ਬਦਲਿਆ ਜਾਵੇਗਾ, ਜਿਸ ਨਾਲ ਸਾਫ਼, ਗਰੀਨ ਊਰਜਾ ਸ਼ਹਿਰ ਵਿੱਚ ਹੀ ਤਿਆਰ ਕੀਤੀ ਜਾ ਸਕੇਗੀ। ਇਹ ਪਹਿਲਕਦਮੀ ਪੰਜਾਬ ਸਰਕਾਰ ਦੀ ਸੂਬੇ ਭਰ ਦੇ ਸ਼ਹਿਰਾਂ ਵਿੱਚ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਵਿਸ਼ਾਲ ਅਮਰੁਤ 2.0 ਮੁਹਿੰਮ ਦਾ ਹਿੱਸਾ ਹੈ। ਜ਼ਿਕਰਯੋਗ ਹੈ ਕਿ ਅਮਰੁਤ 2.0 ਤਹਿਤ ਪੰਜਾਬ ਸਰਕਾਰ ਪਹਿਲਾਂ ਹੀ 64 ਤੋਂ ਵੱਧ ਪ੍ਰੋਜੈਕਟ ਸੂਬੇ ਨੂੰ ਸਮਰਪਿਤ ਕਰ ਚੁੱਕੀ ਹੈ ਅਤੇ ਲਗਭਗ 50-60 ਪ੍ਰੋਜੈਕਟ ਮਾਰਚ 2027 ਤੱਕ ਪੂਰੇ ਕੀਤੇ ਜਾਣਗੇ। ਬੈਂਸ ਨੇ ਕਿਹਾ, "ਅੰਮ੍ਰਿਤਸਰ ਸਾਡਾ ਪਵਿੱਤਰ ਸ਼ਹਿਰ ਹੈ ਅਤੇ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਇਸਦੀ ਸਾਰੀਆਂ ਸਮੱਸਿਆਵਾਂ ਦਾ ਸਫਲਤਾਪੂਰਵਕ ਹੱਲ ਕੱਢਿਆ ਜਾਵੇ ਭਾਵੇਂ ਉਹ ਸੀਵਰੇਜ ਦਾ ਮੁੱਦੇ ਹੋਵੇ ਜਾਂ ਕੂੜੇ-ਕਰਕਟ ਦਾ ਜਾਂ ਕੋਈ ਹੋਰ।

## ਪ੍ਰਤਾਪ ਵਰਲਡ ਸਕੂਲ 'ਚ ਸੀਬੀਐੱਸਈ ਕਲੱਸਟਰ ਐਥਲੈਟਿਕਸ ਮੀਟ-2026 ਦਾ ਆਗਾਜ਼

ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵਿੱਚ ਸੀਬੀਐਸਈ ਕਲੱਸਟਰ ਐਥਲੈਟਿਕਸ ਮੀਟ - 2026 ਦਾ ਸ਼ਾਨਦਾਰ ਅਤੇ ਜੋਸ਼ ਭਰਿਆ ਉਦਘਾਟਨ ਕੀਤਾ ਗਿਆ।ਇਸ ਤਿੰਨ ਦਿਨਾਂ ਮੁਕਾਬਲੇ ਵਿੱਚ ਪੰਜਾਬ ਅਤੇ ਜੰਮੂ-ਕਸ਼ਮੀਰ ਦੇ ਵੱਖ-ਵੱਖ ਸੀਬੀਐਸਈ ਨਾਲ ਸੰਬੰਧਿਤ ਸਕੂਲਾਂ ਤੋਂ 1,500 ਤੋਂ ਵੱਧ ਵਿਦਿਆਰਥੀ-ਖਿਡਾਰੀਆਂ ਨੇ ਭਾਗ ਲਿਆ।ਪੂਰੇ ਕੈਂਪਸ ਵਿੱਚ ਉਤਸ਼ਾਹ, ਖੇਡ ਭਾਵਨਾ ਅਤੇ ਸਿਹਤਮੰਦ ਮੁਕਾਬਲੇਬਾਜ਼ੀ ਦਾ ਸ਼ਾਨਦਾਰ ਮਾਹੌਲ ਦੇਖਣ ਨੂੰ ਮਿਲਿਆ, ਜਿੱਥੇ ਭਾਗੀਦਾਰਾਂ ਨੇ ਆਪਣੀ ਖੇਡ ਪ੍ਰਤਿਭਾ ਦਾ ਬੇਮਿਸਾਲ ਪ੍ਰਦਰਸ਼ਨ ਕਰਦਿਆਂ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ।ਇਸ ਮੌਕੇ ਜ਼ਿਲ੍ਹਾ ਖੇਡ ਅਧਿਕਾਰੀ (ਡੀਐਸਓ), ਪਠਾਨਕੋਟ, ਲਵਪ੍ਰੀਤ ਸਿੰਘ ਨੇ ਮੁੱਖ ਮਹਿਮਾਨ ਵਜੋਂ ਆਪਣੀ ਹਾਜ਼ਰੀ ਲਗਵਾਈ।ਆਪਣੇ ਸੰਬੋਧਨ ਦੌਰਾਨ ਲਵਪ੍ਰੀਤ ਸਿੰਘ ਨੇ ਪ੍ਰਤਾਪ ਵਰਲਡ ਸਕੂਲ ਨੂੰ ਇੰਨੇ ਮਾਣਯੋਗ ਸੀਬੀਐਸਈ ਖੇਡ ਸਮਾਗਮ ਦੀ ਸਫਲ ਮੇਜ਼ਬਾਨੀ ਲਈ ਵਧਾਈ ਦਿੱਤੀ ਅਤੇ ਖਿਡਾਰੀਆਂ ਅਤੇ ਅਧਿਕਾਰੀਆਂ ਲਈ ਕੀਤੇ ਗਏ ਸ਼ਾਨਦਾਰ ਪ੍ਰਬੰਧਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ।ਉਨ੍ਹਾਂ ਨੇ ਭਾਗ ਲੈ ਰਹੇ ਖਿਡਾਰੀਆਂ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਆਪਸੀ



ਸਤਿਕਾਰ ਨਾਲ ਮੁਕਾਬਲਾ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਡਾਂ ਸਿਰਫ਼ ਜੇਤੂ ਹੀ ਨਹੀਂ ਬਣਾਉਂਦੀਆਂ, ਸਗੋਂ ਜ਼ਿੰਮੇਵਾਰ, ਆਤਮਵਿਸ਼ਵਾਸੀ ਅਤੇ ਅਨੁਸ਼ਾਸਿਤ ਨਾਗਰਿਕ ਵੀ ਤਿਆਰ ਕਰਦੀਆਂ ਹਨ।ਉਦਘਾਟਨੀ ਸਮਾਰੋਹ ਤੋਂ ਬਾਅਦ ਸਕੂਲ ਕੈਂਪਸ ਦੇ ਵੱਖ-ਵੱਖ ਸਥਾਨਾਂ ਤੇ ਐਥਲੈਟਿਕਸ ਮੁਕਾਬਲਿਆਂ ਦੀ ਸ਼ੁਰੂਆਤ ਹੋਈ।ਪਹਿਲੇ ਦਿਨ ਅੰਡਰ-14, ਅੰਡਰ-17 ਅਤੇ ਅੰਡਰ-19 ਉਮਰ ਵਰਗ ਦੇ ਲੜਕਿਆਂ ਅਤੇ ਲੜਕੀਆਂ ਲਈ 100 ਮੀਟਰ ਦੌੜ, 400 ਮੀਟਰ ਦੌੜ, 3000 ਮੀਟਰ ਦੌੜ, ਸ਼ਾਟ ਪੁੱਟ ਅਤੇ ਹਾਈ ਜੰਪ ਵਰਗੇ ਮੁਕਾਬਲੇ ਕਰਵਾਏ ਗਏ।ਖਿਡਾਰੀਆਂ ਨੇ ਆਪਣੀ ਸ਼ਾਨਦਾਰ ਗਤੀ, ਸਹਿਨਸ਼ਕਤੀ, ਤਾਕਤ ਅਤੇ ਦ੍ਰਿੜ ਨਿਸ਼ਚੇ ਦਾ ਪ੍ਰਦਰਸ਼ਨ ਕਰਦਿਆਂ ਦਰਸ਼ਕਾਂ, ਕੋਚਾਂ ਅਤੇ ਅਧਿਕਾਰੀਆਂ ਨੂੰ ਪ੍ਰਭਾਵਿਤ ਕੀਤਾ।

## ਰੋਟਰੀ ਕਲੱਬ ਅੰਮ੍ਰਿਤਸਰ ਈਕੋ ਵੱਲੋਂ ਸਕੂਲ ਨੂੰ ਵਾਟਰ ਕੂਲਰ ਤੇ ਵਾਟਰ ਫਿਲਟਰ ਭੇਟ

**ਤਰਸਿੱਕਾ/ਅੰਮ੍ਰਿਤਸਰ, (ਤਰਸੇਮ ਸਿੰਘ ਸਾਧਪੁਰ, ਜਸਬੀਰ ਸਿੰਘ ਪੱਟੀ)**-ਰੋਟਰੀ ਕਲੱਬ ਅੰਮ੍ਰਿਤਸਰ ਈਕੋ ਵੱਲੋਂ ਮਾਨਵਤਾ ਦੀ ਸੇਵਾ ਅਤੇ ਵਿਦਿਆਰਥੀਆਂ ਦੀ ਸਿਹਤ ਨੂੰ ਧਿਆਨ ਵਿਚ ਰੱਖਦੇ ਹੋਏ ਮਿਡਲ ਸਕੂਲ ਖਾਨਕੋਟ ਵਿਚ



ਵਾਟਰ ਕੂਲਰ ਅਤੇ ਵਾਟਰ ਫਿਲਟਰ ਦੀ ਸਥਾਪਨਾ ਦਾ ਪ੍ਰੋਜੈਕਟ ਸਫਲਤਾ ਪੂਰਵਕ ਸੰਪੰਨ ਕੀਤਾ ਗਿਆ। ਇਸ ਸੇਵਾ ਪ੍ਰੋਜੈਕਟ ਦੇ ਤਹਿਤ ਸਕੂਲ ਦੇ ਸਾਰੇ ਵਿਦਿਆਰਥੀਆਂ ਨੂੰ ਗਰਮੀਆਂ ਵਿੱਚ ਸਵੱਛ ਅਤੇ ਠੰਢਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਆਧੁਨਿਕ ਵਾਟਰ ਕੂਲਰ (ਸਮੇਤ ਵਾਟਰ ਫਿਲਟਰ) ਲਗਾਇਆ ਗਿਆ।ਸਮਾਰੋਹ ਦੌਰਾਨ ਪ੍ਰਧਾਨ ਪੁਨੀਤ ਨਾਗਪਾਲ ਨੇ ਦੱਸਿਆ ਕਿ ਗਰਮੀ ਅਤੇ ਬਰਸਾਤ ਦੇ ਮੌਸਮ ਵਿੱਚ ਵਾਟਰ ਕੂਲਰ ਅਤੇ ਵਾਟਰ ਫਿਲਟਰ ਬੱਚਿਆਂ ਦੀ ਸਿਹਤ ਸੁਰੱਖਿਆ ਅਤੇ ਮਨਾਸਿਕ ਇਕਾਗਰਤਾ ਦੇ ਲਈ ਬੇਹੱਦ ਜ਼ਰੂਰੀ ਹੈ।ਚਾਰਟਰ ਪ੍ਰਧਾਨ ਬੱਤਰਾ ਨੇ ਦੱਸਿਆ ਕਿ ਅਸੀਂ ਬਚਪਨ ਤੋਂ ਹੀ ਸੁਣਦੇ ਆ ਰਹੇ ਹਾਂ ਕਿ 'ਜਲ ਹੀ ਜੀਵਨ ਹੈ' ਪਰ ਸਕੂਲ ਵਿਚ ਕੇਵਲ ਜਲ ਦਾ ਹੋਣਾ ਕਾਫੀ ਨਹੀਂ ਹੈ, ਬਲਕਿ ਉਸ ਜਲ ਦਾ ਸਾਫ, ਸੁਰੱਖਿਅਤ ਅਤੇ ਠੰਢਾ ਹੋਣਾ ਵੀ ਓਨਾ ਹੀ ਜ਼ਰੂਰੀ ਹੈ।ਇਸ ਮੌਕੇ ਪ੍ਰੋਜੈਕਟ ਚੇਅਰਮੈਨ ਵਿਪਨ ਸ਼ਰਮਾ, ਕੁਲਬੀਰ ਸਿੰਘ, ਜਸਪਾਲ ਸਿੰਘ, ਸਕੱਤਰ ਗਗਨਦੀਪ ਸਿੰਘ ਅਤੇ ਹਰਬੀਰ ਸਿੰਘ ਨੇ ਸਾਰੇ ਬੱਚਿਆਂ ਨੂੰ ਨੋਟ ਬੁੱਕ ਅਤੇ ਪੈੱਨ ਵੰਡੇ ਗਏ।ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਆਏ ਸਾਰੇ ਵਿਦਿਆਰਥੀਆਂ ਅਤੇ ਮੈਂਬਰਾਂ ਦਾ ਇਸ ਵਿਸ਼ੇਸ਼ ਉਪਾਲੇ ਲਈ ਧੰਨਵਾਦ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਹਰ ਸਾਲ ਬਰਸਾਤ ਦੇ ਮੌਸਮ ਵਿਚ ਬੱਚੇ ਪੀਲੀਆ, ਡਾਇਰੀਆ ਅਤੇ ਪੇਟ ਦੀ ਇਨਫੈਕਸ਼ਨ ਵਰਗੀ ਬੀਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ, ਪਰ ਰੋਟਰੀ ਕਲੱਬ ਈਕੋ ਦੀ ਇਸ ਪਹਿਲ ਨਾਲ ਬੱਚੇ ਬੀਮਾਰੀਆਂ ਤੋਂ ਦੂਰ ਅਤੇ ਸੁਰੱਖਿਅਤ ਰਹਿਣਗੇ।ਇਸ ਮੌਕੇ ਸੰਜੇ ਅਹੂਜਾ, ਸੁਰਿੰਦਰਪਾਲ ਸਿੰਘ, ਰਾਜੇਸ਼ ਸੇਠ, ਗੀਤਾ ਸ਼ਰਮਾ, ਮਨਿੰਦਰ ਕੌਰ, ਊਮਾ ਸ਼ਰਮਾ, ਖੁਸ਼ਦੀਪ ਕੌਰ, ਇੰਦੂ ਆਦਿ ਹਾਜ਼ਰ ਸਨ।

# ਗੁੰਮ ਹੋਏ ਮੋਬਾਇਲ ਫੋਨ ਮਾਲਕਾਂ ਨੂੰ ਵਾਪਸ ਕੀਤੇ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਕਪੂਰਥਲਾ ਪੁਲਿਸ ਦੀ ਇੱਕ ਵੱਡੀ ਨਾਗਰਿਕ-ਕੇਂਦਰਿਤ ਪਹਿਲਕਦਮੀ ਦੇ ਤਹਿਤ 50 ਲੱਖ ਰੁਪਏ ਤੋਂ ਵੱਧ ਕੀਮਤ ਦੇ 250 ਗੁੰਮ ਹੋਏ ਮੋਬਾਈਲ ਫੋਨ ਬਰਾਮਦ ਕੀਤੇ ਤੇ ਇੱਥੇ ਪੁਲਿਸ ਲਾਈਨਜ਼ ਵਿਖੇ ਕਰਵਾਏ ਗਏ ਇੱਕ ਸਮਾਗਮ ਦੌਰਾਨ ਉਨ੍ਹਾਂ ਦੇ ਅਸਲ




ਮਾਲਕਾਂ ਨੂੰ ਵਾਪਸ ਸੌਂਪ ਦਿੱਤੇ। ਬਰਾਮਦ ਕੀਤੇ ਗਏ ਹੈਂਡਸੈੱਟਾਂ ਵਿੱਚ ਐਪਲ, ਸੈਮਸੰਗ, ਵਨਪਲੱਸ, ਵੀਵੋ, ਓਪੋ, ਰੈੱਡਮੀ, ਰੀਅਲਮੀ ਅਤੇ ਸ਼ਿਆਓਮੀ ਵਰਗੇ ਪ੍ਰੀਮੀਅਮ ਅਤੇ ਮਿਡ-ਰੇਂਜ ਬ੍ਰਾਂਡ ਸ਼ਾਮਲ ਸਨ। ਇਹ ਡਿਵਾਈਸ ਸਾਈਬਰ ਕ੍ਰਾਈਮ ਸੈੱਲ ਦੇ ਨਿਰੰਤਰ ਤਕਨੀਕੀ ਯਤਨਾਂ ਰਾਹੀਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਨਾਲ-ਨਾਲ ਕਈ ਹੋਰ ਰਾਜਾਂ ਤੋਂ ਟਰੇਸ ਕੀਤੇ ਗਏ ਸਨ। ਬਰਾਮਦ ਕੀਤੇ ਫੋਨ ਵਾਪਸ ਸੌਂਪਦਿਆਂ ਐੱਸ ਐੱਸ ਪੀ ਗੌਰਵ ਤੂਰਾ ਨੇ ਦੱਸਿਆ ਕਿ ਇਹ ਸਫਲ ਬਰਾਮਦਗੀ ਤਕਨੀਕੀ ਨਿਗਰਾਨੀ ਅਤੇ ਸੈਂਟਰਲ ਇਕੁਇਪਮੈਂਟ ਆਈਡੈਂਟਿਟੀ ਰਜਿਸਟਰ ਸਿਸਟਮ ਰਾਹੀਂ ਸੰਭਵ ਹੋਈ ਹੈ, ਜੋ ਤਫ਼ਤੀਸ਼ਕਾਰਾਂ ਨੂੰ ਉਨ੍ਹਾਂ ਦੇ ਵਿਲੱਖਣ ਆਈ ਈ ਐਮ ਆਈ ਨੰਬਰਾਂ ਦੀ ਵਰਤੋਂ ਕਰਕੇ ਮੋਬਾਈਲ ਫੋਨਾਂ ਨੂੰ ਟਰੇਸ ਕਰਨ ਦੇ ਯੋਗ ਬਣਾਉਂਦਾ ਹੈ। ਐੱਸ ਐੱਸ ਪੀ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮੋਬਾਈਲ ਫੋਨ ਗੁੰਮ ਹੋਣ 'ਤੇ ਤੁਰੰਤ ਨੇੜਲੇ ਸਾਂਝ ਕੇਂਦਰ ਵਿਖੇ ਰਿਪੋਰਟ ਦਰਜ ਕਰਵਾਉਣ। ਉਨ੍ਹਾਂ ਕਿਹਾ ਕਿ ਲੋਕ ਸੀ ਈ ਆਈ ਆਰ ਪੋਰਟਲ ਰਾਹੀਂ ਵੀ ਗੁੰਮ ਹੋਏ ਡਿਵਾਈਸਾਂ ਦੀ ਰਿਪੋਰਟ ਕਰ ਸਕਦੇ ਹਨ ਅਤੇ ਬਰਾਮਦਗੀ ਦੀ ਸਥਿਤੀ ਨੂੰ ਟਰੈਕ ਕਰ ਸਕਦੇ ਹਨ। ਨਾਗਰਿਕ ਗੁੰਮ ਹੋਏ ਮੋਬਾਈਲ ਫੋਨਾਂ ਨਾਲ ਸਬੰਧਤ ਕਿਸੇ ਵੀ ਸਹਾਇਤਾ ਲਈ ਸਾਈਬਰ ਕ੍ਰਾਈਮ ਸੈੱਲ ਕਪੂਰਥਲਾ ਨਾਲ ਵੀ ਸੰਪਰਕ ਕਰ ਸਕਦੇ ਹਨ। ਐੱਸ ਐੱਸ ਪੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਤੁਰੰਤ ਰਿਪੋਰਟਿੰਗ ਅਤੇ ਆਈ ਐਮ ਆਈ -ਆਧਾਰਿਤ ਟਰੈਕਿੰਗ ਨਾਲ ਗੁੰਮ ਹੋਏ ਡਿਵਾਈਸਾਂ ਦੇ ਬਰਾਮਦ ਹੋਣ ਦੀਆਂ ਸੰਭਾਵਨਾਵਾਂ ਕਾਫ਼ੀ ਵੱਧ ਜਾਂਦੀਆਂ ਹਨ, ਜਦੋਂ ਕਿ ਉਨ੍ਹਾਂ ਦੇ ਦੁਰਵਿਵਹਾਰ ਨੂੰ ਵੀ ਰੋਕਿਆ ਜਾ ਸਕਦਾ ਹੈ। ਮੋਬਾਈਲ ਮਾਲਕਾਂ ਨੇ ਆਪਣੇ ਗੁੰਮ ਹੋਏ ਮੋਬਾਈਲ ਫੋਨ ਪ੍ਰਾਪਤ ਕਰਨ ਤੋਂ ਬਾਅਦ ਧੰਨਵਾਦ ਪ੍ਰਗਟ ਕੀਤਾ।

# ਭੇਦਭਰੀ ਹਾਲਤ 'ਚ ਪੱਖੇ ਨਾਲ ਲਟਕਦੀ ਔਰਤ ਦੀ ਲਾਸ਼ ਮਿਲੀ

## ਮ੍ਰਿਤਕਾ ਦੇ ਪਰਵਾਰ ਵੱਲੋਂ ਪਤੀ ਸਮੇਤ ਤਿੰਨ 'ਤੇ ਕਤਲ ਦਾ ਦੋਸ਼, ਮਾਮਲਾ ਦਰਜ

**ਅਲਾਵਲਪੁਰ (ਮਦਨ ਬੰਗੜ)**- ਅਲਾਵਲਪੁਰ ਦੇ ਭੰਡਾਰੀ ਮਹੱਲੇ ਵਿੱਚ ਇੱਕ 43 ਸਾਲਾ ਵਿਆਹੀ ਔਰਤ ਦੀ ਲਾਸ਼ ਘਰ ਅੰਦਰ ਭੇਦਭਰੀ ਹਾਲਤ ਵਿੱਚ ਪੱਖੇ ਨਾਲ ਲਟਕਦੀ ਮਿਲਣ ਕਾਰਨ ਇਲਾਕੇ ਵਿੱਚ ਸਨਸਨੀ ਫੈਲ ਗਈ। ਮ੍ਰਿਤਕਾ ਦੀ ਪਛਾਣ ਕੁਲਵਿੰਦਰ ਕੌਰ (43) ਵਜੋਂ ਹੋਈ ਹੈ। ਮ੍ਰਿਤਕਾ ਦੇ ਪਰਵਾਰਕ ਮੈਂਬਰਾਂ ਨੇ ਉਸ ਦੇ ਪਤੀ ਜਤਿੰਦਰ ਪਾਲ ਅਤੇ ਉਸ ਦੇ ਪਰਵਾਰਕ ਮੈਂਬਰਾਂ 'ਤੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਉਨ੍ਹਾਂ ਨੇ ਕੁਲਵਿੰਦਰ ਕੌਰ ਦਾ ਕਤਲ ਕਰਕੇ ਘਟਨਾ ਨੂੰ ਖੁਦਕੁਸ਼ੀ ਦਾ ਰੂਪ ਦੇਣ ਲਈ ਲਾਸ਼ ਨੂੰ ਪੱਖੇ ਨਾਲ ਲਟਕਾ ਦਿੱਤਾ। ਪਰਵਾਰ ਦਾ ਇਹ ਵੀ ਦਾਅਵਾ ਹੈ ਕਿ ਜਤਿੰਦਰ ਪਾਲ ਪਹਿਲਾਂ ਵੀ ਕੁਲਵਿੰਦਰ ਕੌਰ ਨਾਲ ਅਕਸਰ ਕੁੱਟਮਾਰ ਕਰਦਾ ਸੀ। ਮ੍ਰਿਤਕਾ ਆਪਣੇ ਪਿੱਛੇ ਦੋ ਬੱਚੇ ਛੱਡ ਗਈ ਹੈ। ਉਸ ਦਾ ਵੱਡਾ ਬੇਟਾ ਬੋਬੀ ਵਰਮਾ (18 ਸਾਲ) ਹੈ, ਜਦਕਿ ਛੋਟਾ ਬੇਟਾ ਕੁਨਾਲ (07) ਹੈ। ਮ੍ਰਿਤਕਾ ਦੇ ਪਰਵਾਰਕ ਮੈਂਬਰਾਂ ਵਿੱਚ ਉਸ ਦੀ ਮਾਤਾ ਗੁਰਦੇਵ ਕੌਰ, ਵਿਜੇ ਕੁਮਾਰ (ਸੰਤੋਖਪੁਰਾ), ਓਮ ਪ੍ਰਕਾਸ਼ ਅਤੇ ਸੌਰਭ (ਜਲੰਧਰ) ਅਤੇ ਹੋਰ ਮੁਹਤਬਰ ਵਿਅਕਤੀ ਮੌਜੂਦ ਸਨ। ਘਟਨਾ ਦੀ ਸੂਚਨਾ ਮਿਲਣ 'ਤੇ ਐੱਸ ਆਈ ਰਵਿੰਦਰ ਸਿੰਘ ਸਮੇਤ ਅਲਾਵਲਪੁਰ ਪੁਲਿਸ ਮੌਕੇ 'ਤੇ ਪਹੁੰਚੀ। ਇਸ ਤੋਂ ਬਾਅਦ ਥਾਣਾ ਆਦਮਪੁਰ ਦੇ ਮੁਖੀ ਪੰਕਜ ਕੁਮਾਰ ਨੇ ਵੀ ਮੌਕੇ ਦਾ ਜਾਇਜ਼ਾ ਲਿਆ। ਜ਼ਿਕਰਯੋਗ ਹੈ ਕਿ ਘਟਨਾ ਤੋਂ ਬਾਅਦ ਕਿਸੇ ਵੀ ਮੁਲਜ਼ਮ ਦੀ ਤੁਰੰਤ ਗ੍ਰਿਫ਼ਤਾਰੀ ਨਾ ਹੋਣ ਕਾਰਨ ਮ੍ਰਿਤਕਾ ਦੇ ਪਰਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਨੇ ਰੋਸ ਪ੍ਰਗਟ ਕਰਦਿਆਂ ਲਾਸ਼ ਨੂੰ ਅਲਾਵਲਪੁਰ ਪੁਲਿਸ ਚੌਂਕੀ ਦੇ ਸਾਹਮਣੇ ਰੱਖ ਕੇ ਧਰਨਾ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਦੋਸ਼ੀਆਂ ਦੀ ਤੁਰੰਤ



ਗ੍ਰਿਫ਼ਤਾਰੀ ਅਤੇ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ। ਬਾਅਦ ਵਿੱਚ ਥਾਣਾ ਆਦਮਪੁਰ ਦੇ ਮੁਖੀ ਪੰਕਜ ਕੁਮਾਰ ਅਤੇ ਪੁਲਿਸ ਚੌਂਕੀ ਅਲਾਵਲਪੁਰ ਦੇ ਇੰਚਾਰਜ ਐਸ ਆਈ ਰਵਿੰਦਰ ਸਿੰਘ ਨੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਮ੍ਰਿਤਕਾ ਦੀ ਮਾਤਾ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਦੋਸ਼ੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਬਾਅਦ ਪਰਵਾਰਕ ਮੈਂਬਰਾਂ ਨੇ ਆਪਣੇ ਬਿਆਨ ਦਰਜ ਕਰਵਾਏ ਅਤੇ ਪੁਲਿਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ। ਮ੍ਰਿਤਕਾ ਦੀ ਮਾਤਾ ਗੁਰਦੇਵ ਕੌਰ ਦੇ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੇ ਜਤਿੰਦਰ ਪਾਲ (ਪਤੀ), ਉਸ ਦੀ ਮਾਤਾ (ਮ੍ਰਿਤਕਾ ਦੀ ਸੱਸ) ਅਤੇ ਮੁਲਜ਼ਮ ਦੀ ਭਰਜਾਈ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਮਹਾਂ ਰੈਲੀ ਭਲਕੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਨੇ ਆਪਣੀਆਂ ਹੱਕੀ ਅਤੇ ਜਾਇਜ ਮੰਗਾਂ ਦੀ ਪ੍ਰਾਪਤੀ ਲਈ 7 ਅਗਸਤ ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਮਹਾ ਰੈਲੀ ਕਰਨ ਦਾ ਐਲਾਨ ਕੀਤਾ ਹੈ।



ਮਹਾਂ ਰੈਲੀ ਨੂੰ ਸਫ਼ਲ ਬਣਾਉਣ ਲਈ ਸਥਾਨਕ ਦੇਸ਼ ਭਗਤ ਪੰਡਤ ਕਿਸ਼ੋਰੀ ਯਾਦਗਾਰ ਕਮੇਟੀ ਦਫ਼ਤਰ ਵਿਖੇ ਮੁਲਾਜ਼ਮਾਂ, ਪੈਨਸ਼ਨਰ ਅਤੇ ਜਨਤਕ ਜਥੇਬੰਦੀਆਂ ਦੇ ਆਗੂਆਂ ਨੇ ਮੀਟਿੰਗ ਕੀਤੀ। ਮੀਟਿੰਗ ਦੀ ਪ੍ਰਧਾਨਗੀ ਪ ਸ ਸ ਫ਼ ਆਗੂ ਰਾਜੀਵ ਸ਼ਰਮਾ ਨੇ ਕੀਤੀ। ਆਗੂਆਂ ਨੇ ਦੱਸਿਆ ਕਿ ਸਰਕਾਰ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਸਕੀਮ ਵਰਕਰਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਅਣਡਿੱਠਾ ਕਰ ਰਹੀ ਹੈ। ਸਰਕਾਰ ਦੇ ਇਸ ਵਤੀਰੇ ਪ੍ਰਤੀ ਮੁਲਾਜ਼ਮਾਂ ਵਿੱਚ ਭਾਰੀ ਰੋਹ ਹੈ। 7 ਦੀ ਮਹਾਂ ਰੈਲੀ ਲਈ ਮੁਲਾਜ਼ਮ, ਪੈਨਸ਼ਨਰ ਅਤੇ ਸਕੀਮ ਵਰਕਰ ਪੱਬਾਂ ਭਾਰ ਹਨ। ਸਾਂਝਾ ਫਰੰਟ ਲੰਮੇ ਸਮੇਂ ਤੋਂ ਹਰ ਤਰ੍ਹਾਂ ਦੇ ਕੱਚੇ, ਆਊਟਸੋਰਸ, ਇਨਲਿਸਟਮੈਂਟ ਅਤੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਅੰਦਰ ਲੈ ਕੇ ਪੂਰੇ ਤਨਖ਼ਾਹ ਸਕੇਲਾਂ 'ਤੇ ਰੈਗੂਲਰ, ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਤੁਰੰਤ ਜਾਰੀ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਆਸ਼ਾ ਵਰਕਰਾਂ, ਮਿਡ-ਡੇ ਮੀਲ ਵਰਕਰਾਂ ਅਤੇ ਆਂਗਣਵਾੜੀ ਵਰਕਰਾਂ ਲਈ ਘੱਟੋ-ਘੱਟ ਉਜਰਤ ਲਾਗੂ ਕਰਨ, ਖਾਲੀ ਅਸਾਮੀਆਂ 'ਤੇ ਪੱਕੀ ਭਰਤੀ ਆਦਿ ਕਰਨ, ਠੇਕਾਕਰਨ ਅਤੇ ਨਿੱਜੀਕਰਨ ਦੀ ਨੀਤੀ ਵਾਪਸ ਲੈਣ, ਕੱਟੇ ਹੋਏ ਭੱਤੇ ਬਹਾਲ ਕਰਨ ਅਤੇ ਮੁਲਾਜ਼ਮਾਂ-ਪੈਨਸ਼ਨਰਾਂ ਦੀਆਂ ਹੋਰ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਿਹਾ ਹੈ!

ਮੀਟਿੰਗ ਵਿੱਚ ਪਸਸਫ਼ ਦੇ ਜਨਰਲ ਸਕੱਤਰ ਵਰਿੰਦਰ ਵਿੱਕੀ, ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ, ਜੀ ਟੀ ਯੂ ਦੇ ਪ੍ਰਧਾਨ ਨਰੇਸ਼ ਮਿੱਢਾ,ਵਿੱਤ ਸਕੱਤਰ ਜਸਵਿੰਦਰ ਸਿੰਗਲਾ, ਪੀ ਡਬਲਿਊ ਡੀ ਫ਼ੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਦੇ ਆਗੂ ਸ਼ਾਮ ਸਿੰਘ ਬਟਵਾਰਾ, ਜਗਦੀਸ਼ ਸਿੰਘ, ਅਪੂਰਬ ਸ਼ਰਮਾ, ਪੈਨਸ਼ਨਰ ਆਗੂ ਕੇਹਰ ਸਿੰਘ ਅਤੇ ਕੁੰਦਨ ਲਾਲ ਨੇ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਸਕੀਮ ਵਰਕਰਾਂ ਦੇ ਆਗੂ ਹਾਜਰ ਸਨ।

# ਫਾਲਕਨ ਇੰਟਰਨੈਸ਼ਨਲ ਸਕੂਲ 'ਚ ਡਰਾਇੰਗ ਐਕਟੀਵਿਟੀ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਆਜ਼ਾਦੀ ਦਿਵਸ ਦੇ ਉਪਲੱਖ ਵਿੱਚ ਨਰਸਰੀ ਤੋਂ ਦੂਸਰੀ ਕਲਾਸ ਦੇ ਵਿਦਿਆਰਥੀਆਂ ਲਈ ਦੇਸ਼-ਭਗਤੀ ਅਤੇ ਰਚਨਾਤਮਕਤਾ ਨੂੰ ਸਮਰਪਿਤ ਚਿੱਤਰਾਂ ਵਿੱਚ ਰੰਗ ਭਰਨ ਪ੍ਰਕਾਸ਼ਨ ਕਰਵਾਇਆ ਗਿਆ। ਇਸ ਗਤੀਵਿਧੀ ਵਿੱਚ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ, ਲਗਨ ਅਤੇ ਕਲਾਤਮਕ ਸੋਚ ਨਾਲ ਭਾਗ ਲੈਂਦਿਆਂ ਆਜ਼ਾਦੀ ਦਿਵਸ ਨਾਲ ਸਬੰਧਿਤ ਚਿੱਤਰਾਂ ਨੂੰ ਆਕਰਸ਼ਕ ਰੰਗਾਂ ਨਾਲ ਸਜਾਇਆ। ਇਹ ਐਕਟੀਵਿਟੀ ਸਕੂਲ ਦੀ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਦਿੱਲੋਂ ਦੀ ਪ੍ਰੇਰਣਾਦਾਇਕ ਅਗਵਾਈ ਅਤੇ ਵਾਇਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਦੇ ਮਾਰਗਦਰਸ਼ਨ ਅਤੇ ਐਕਟੀਵਿਟੀ ਇੰਚਾਰਜ ਸਤਨਜੀਤ ਕੌਰ ਦੀ ਨਿਗਰਾਨੀ ਵਿੱਚ ਸਫ਼ਲਤਾਪੂਰਵਕ ਆਯੋਜਿਤ ਕੀਤੀ ਗਈ। ਇਸ ਮੌਕੇ



ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੇ ਇਤਿਹਾਸਕ ਮਹੱਤਵ, ਰਾਸ਼ਟਰੀ ਝੰਡੇ ਦੀ ਸ਼ਾਨ ਅਤੇ ਦੇਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਐਕਟੀਵਿਟੀ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਮੈਡਮ ਬਲਜੀਤ ਕੌਰ, ਮੈਡਮ ਸਰਬਜੀਤ ਕੌਰ, ਮੈਡਮ ਰਸ਼ਮੀ ਸ਼ਰਮਾ, ਮੈਡਮ ਕਰਮਦੀਪ ਕੌਰ ਅਤੇ ਮੈਡਮ ਪੂਜਾ ਸਹੋਤਾ ਨੇ ਵਿਸ਼ੇਸ਼ ਯੋਗਦਾਨ ਪਾਇਆ। ਉਨ੍ਹਾਂ ਦੀ ਰਹਿਨੁਮਾਈ ਸਦਕਾ ਵਿਦਿਆਰਥੀਆਂ ਨੇ ਆਪਣੀ ਸਿਰਜਣਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

# ਸੜਕ ਦੀ ਉਸਾਰੀ ਅਧੂਰੀ, ਸੰਗਤਾਂ ਪ੍ਰੇਸ਼ਾਨ

**ਅਲਾਵਲਪੁਰ (ਮਦਨ ਬੰਗੜ)**- ਰਾਸ਼ਟਰੀ ਰਾਜ ਮਾਰਗ ਤੋਂ ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਨੂੰ ਜਾਣ ਵਾਲੀ ਸੜਕ ਪਿਛਲੇ ਕਈ ਮਹੀਨਿਆਂ ਤੋਂ ਉਸਾਰੀ ਅਧੀਨ ਹੋਣ ਦੇ ਬਾਵਜੂਦ ਅਧੂਰੀ ਪਈ ਹੈ, ਜਿਸ ਕਾਰਨ ਦੇਸ਼-ਵਿਦੇਸ਼ ਤੋਂ ਨਤਮਸਤਕ ਹੋਣ ਲਈ ਆਉਣ ਵਾਲੀਆਂ ਸੰਗਤਾਂ ਅਤੇ ਇਲਾਕਾ ਵਾਸੀਆਂ ਨੂੰ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸ਼ਰਧਾਲੂਆਂ ਅਤੇ ਪਿੰਡ ਵਾਸੀਆਂ ਨੇ ਰੋਸ ਪ੍ਰਗਟ ਕਰਦਿਆਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਸੜਕ ਨੂੰ ਪੁੱਟਣ ਤੋਂ ਬਾਅਦ ਉਸ ਦਾ ਨਿਰਮਾਣ ਕੰਮ ਅੱਧ ਵਿਚਾਲੇ ਹੀ ਛੱਡ ਦਿੱਤਾ ਗਿਆ ਹੈ। ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਕੰਮ ਮੁੜ ਸ਼ੁਰੂ ਨਹੀਂ ਕੀਤਾ ਗਿਆ, ਜਿਸ ਨਾਲ ਰਸਤਾ ਖਸਤਾ ਹਾਲਤ ਵਿੱਚ ਪਿਆ ਹੈ ਅਤੇ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਬਰਸਾਤ ਦੇ ਦਿਨਾਂ ਵਿੱਚ ਰਸਤੇ ਦੀ ਹਾਲਤ ਹੋਰ ਵੀ ਮਾੜੀ ਹੋ ਜਾਂਦੀ ਹੈ। ਚਿੱਕੜ ਅਤੇ ਖੱਡਿਆਂ ਕਾਰਨ ਵਾਹਨ ਚਾਲਕਾਂ, ਪੈਦਲ ਰਾਹਗੀਰਾਂ ਅਤੇ ਦੂਰ-ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਸੰਗਤਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਸੜਕ ਦੀ ਉਸਾਰੀ ਦਾ ਕੰਮ ਜਲਦ ਤੋਂ ਜਲਦ ਮੁਕੰਮਲ ਕਰਵਾਇਆ ਜਾਵੇ, ਤਾਂ ਜੋ ਸ਼ਰਧਾਲੂਆਂ ਅਤੇ ਆਮ ਲੋਕਾਂ ਨੂੰ ਰਾਹਤ ਮਿਲ ਸਕੇ ਅਤੇ ਧਾਰਮਿਕ ਅਸਥਾਨ ਤੱਕ ਪਹੁੰਚਣਾ ਸੁਖਾਲਾ ਹੋਵੇ।

# ਜ਼ੋਨਲ ਪੱਧਰੀ ਖੇਡਾਂ 'ਚ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦੀ ਸ਼ਾਨਦਾਰ ਕਾਰਗੁਜ਼ਾਰੀ



**ਅੱਡਾ ਸਰਾਂ (ਜਸਵੀਰ ਕਾਜਲ)**- 70ਵੀਆਂ ਜ਼ੋਨਲ ਪੱਧਰੀ ਪੰਜਾਬ ਸਕੂਲ ਖੇਡਾਂ 2026-27 ਵਿਚ ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਸੁਸਾਇਟੀ ਅਧੀਨ ਚਲਾਏ ਜਾ ਰਹੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਨੰਗਿਆਲ ਵੰਦ ਦੇ ਪ੍ਰਿੰਸੀਪਲ ਹਰਜੀਤ ਸਿੰਘ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ। ਵਿਦਿਆਰਥੀਆਂ ਨੇ ਵਾਲੀਬਾਲ, ਸ਼ਤਰੰਜ, ਬੈਡਮਿੰਟਨ, ਬਾਸਕਟਬਾਲ ਅਤੇ ਹੈਂਡਬਾਲ ਵਿੱਚ ਆਪਣੀ ਪ੍ਰਤਿਭਾ, ਅਨੁਸ਼ਾਸਨ, ਮਿਹਨਤ ਅਤੇ ਖੇਡ ਭਾਵਨਾ ਦਾ ਬਿਹਤਰੀਨ ਪ੍ਰਦਰਸ਼ਨ ਕੀਤਾ।ਵਾਲੀਬਾਲ ਵਿਚ ਅੰਡਰ-19 ਲੜਕਿਆਂ, ਅੰਡਰ-17 ਲੜਕਿਆਂ ਅਤੇ ਅੰਡਰ-14 ਲੜਕਿਆਂ ਦੀਆਂ ਟੀਮਾਂ ਨੇ ਪਹਿਲਾ ਸਥਾਨ ਹਾਸਲ ਕੀਤਾ। ਅੰਡਰ-19 ਟੀਮ ਵਿੱਚ ਬਲਰਾਜ ਸਿੰਘ ਪੰਮਾ, ਨਵਰਾਜ, ਅਰਮਾਨ ਢਿੱਲੋਂ, ਸਰਵਪ੍ਰੀਤ ਸਿੰਘ, ਪਰਮਜੀਤ ਸਿੰਘ, ਹਰਜੋਤ ਸਿੰਘ, ਦਿਲਸ਼ਾਨ ਸਿੰਘ, ਮਾਨਸ਼ਾਨ ਸਿੰਘ, ਰੋਹਨਪ੍ਰੀਤ ਸਿੰਘ ਅਤੇ ਜਸਕਰਨ ਸਿੰਘ ਸ਼ਾਮਲ ਸਨ। ਅੰਡਰ-17 ਟੀਮ ਵਿਚ ਕਮਾਰਨ ਸਿੰਘ, ਨਿਸ਼ਾਂਤ ਸਿੰਘ, ਅਰਮਾਨ, ਦਿਆਨਸ਼ ਸ਼ਰਮਾ, ਗੁਰਕਨ ਸਿੰਘ, ਤੇਗਪ੍ਰਤਾਪ ਸਿੰਘ, ਅਰੀਮਨ ਸ਼ਰਮਾ, ਸੁਮਿਤ ਡੋਟੀ, ਪ੍ਰਭਦੀਪ ਸਿੰਘ, ਅੰਸ਼ਵੀਰ ਸਿੰਘ ਅਤੇ ਇੰਦਰਜੀਤ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ-14 ਟੀਮ ਨੇ ਵੀ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ।ਸ਼ਤਰੰਜ ਵਿਚ ਵੀ ਸਕੂਲ ਨੇ ਬੇਮਿਸਾਲ ਪ੍ਰਦਰਸ਼ਨ ਕੀਤਾ। ਅੰਡਰ-19 ਲੜਕਿਆਂ, ਅੰਡਰ-14 ਲੜਕਿਆਂ, ਅੰਡਰ-19 ਲੜਕੀਆਂ, ਅੰਡਰ-17 ਲੜਕੀਆਂ ਅਤੇ ਅੰਡਰ-14 ਲੜਕੀਆਂ ਦੀਆਂ ਟੀਮਾਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਅੰਡਰ-17 ਲੜਕਿਆਂ ਨੇ ਦੂਜਾ ਸਥਾਨ ਹਾਸਲ ਕੀਤਾ। ਅੰਡਰ-19 ਲੜਕਿਆਂ ਦੀ ਟੀਮ ਵਿੱਚ ਜੋਧਵੀਰ ਸਿੰਘ, ਸਵਜੋਤ ਸਿੰਘ ਢਿੱਲੋਂ, ਬਖਸ਼ੀਸ਼ਪ੍ਰੀਤ ਸਿੰਘ, ਰੇਮਨ ਜੋਗਰ ਅਤੇ ਸਾਹਿਲ ਬੰਧਣ ਸ਼ਾਮਲ ਸਨ। ਅੰਡਰ-17 ਲੜਕੀਆਂ ਵਿਚ ਮਨਤਾਜ ਸਿੰਘ ਧਾਲੀਵਾਲ, ਅਰਸ਼ਦੀਪ ਸਿੰਘ, ਗੁਰਿੰਦਰ ਸਿੰਘ ਅਤੇ ਖੁਸ਼ਦੀਪ ਸਿੰਘ ਨੇ ਭਾਗ ਲਿਆ।ਸਕੂਲ ਦੇ ਪ੍ਰਿੰਸੀਪਲ ਹਰਜੀਤ ਸਿੰਘ ਨੇ ਵੀ ਸਾਰੇ ਖਿਡਾਰੀਆਂ ਅਤੇ ਉਨ੍ਹਾਂ ਦੇ ਕੋਚਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਨੇ ਭਵਿੱਖ ਦੀਆਂ ਖੇਡ ਪ੍ਰਤੀਯੋਗਤਾਵਾਂ ਲਈ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਤੇ ਉਮੀਦ ਜਤਾਈ ਕਿ ਉਹ ਇਸੇ ਤਰ੍ਹਾਂ ਸਕੂਲ ਦਾ ਨਾਮ ਰੌਸ਼ਨ ਕਰਦੇ ਰਹਿਣਗੇ।

# ਨਿਰਮਲ ਕੁਟੀਆ ਨੰਗਲ ਖੁਰਦ ਵਿਖੇ ਧਾਰਮਿਕ ਸਮਾਗਮ 8 ਨੂੰ

**ਜੇਜੋਂ ਦੋਆਬਾ ( ਨਿਰਮਲ ਸਿੰਘ ਮੁੱਗੋਵਾਲ )**- ਨਿਰਮਲ ਕੁਟੀਆ ਪਿੰਡ ਨੰਗਲ ਖੁਰਦ ਜਨਮ ਅਸਥਾਨ ਬ੍ਰਹਮਲੀਨ ਸ੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਜੀ ਮਹਾਰਾਜ ਵਿਖੇ ਕੁਟੀਆ ਦਾ ਨੀਂਹ ਪੱਥਰ ਦਿਹਾੜਾ ਸਮਾਗਮ 8 ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਮੱਖਣ ਸਿੰਘ ਅਤੇ ਸੰਤ ਬਾਬਾ ਬਲਵੀਰ ਸਿੰਘ ਸ਼ਾਸਤਰੀ ਨੇ ਸਾਂਝੇ ਤੌਰ 'ਤੇ ਦੱਸਿਆ ਕਿ 6 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ, ਜਿਨ੍ਹਾਂ ਦੇ ਭੋਗ 8 ਅਗਸਤ ਨੂੰ ਪੈਣਗੇ। ਉਪਰੰਤ ਸੰਤ ਮਹਾਂਪੁਰਖ ਬ੍ਰਹਮਲੀਨ ਸ੍ਰੀਮਾਨ 108 ਸੰਤ ਬਾਬਾ ਹਰਨਾਮ ਸਿੰਘ ਮਹਾਰਾਜ ਜੀ ਦੇ ਪਰਉਪਕਾਰੀ ਕਾਰਜਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਗੇ।ਗੁਰੂ ਕੇ ਲੰਗਰ ਅਤੁੱਟ ਚੱਲਣਗੇ।



# ਬੀ ਕਾਮ ਸਮੈਸਟਰ-VI 'ਚ ਪਹਿਲਾ ਸਥਾਨ ਪ੍ਰਾਪਤ ਕੀਤਾ

**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾਵਿਦਿਆਲਿਆ, ਜਲੰਧਰ ਦੀਆਂ ਬੀ.ਕਾਮ. ਸਮੈਸਟਰ-VI ਦੀਆਂ ਵਿਦਿਆਰਥਣਾਂ ਨੇ ਮਈ 2026 ਵਿੱਚ ਹੋਈਆਂ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਂ ਰੌਸ਼ਨ ਕੀਤਾ ਹੈ। ਮੁਸਕਾਨ ਨੇ 8.35 ਸੀ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਜਸ਼ਨਪ੍ਰੀਤ ਕੌਰ ਨੇ 8.02 ਸੀ ਜੀ ਪੀ ਏ ਨਾਲ ਅੱਠਵਾਂ ਸਥਾਨ ਹਾਸਲ ਕੀਤਾ, ਜਦੋਂ ਕਿ ਜਗਜੋਤ ਕੌਰ ਅਤੇ



ਪੂਜਾ ਕੁਮਾਰੀ ਨੇ ਕ੍ਰਮਵਾਰ 7.98 ਅਤੇ 7.90 ਸੀ ਜੀ ਪੀ ਏ ਨਾਲ ਯੂਨੀਵਰਸਿਟੀ ਮੈਰਿਟ ਸੂਚੀ ਵਿੱਚ ਆਪਣੀ ਜਗ੍ਹਾ ਬਣਾਈ। ਪ੍ਰਿੰਸੀਪਲ ਪ੍ਰੋ. ਡਾ. ਏਕਤਾ ਖੋਸਲਾ ਨੇ ਪੀ.ਜੀ. ਕਾਮਰਸ ਅਤੇ ਪ੍ਰਬੰਧਨ ਵਿਭਾਗ ਦੀ ਮੁਖੀ ਮੀਨੂ ਕੋਹਲੀ, ਫੈਕਲਟੀ ਮੈਂਬਰਾਂ ਅਤੇ ਮੈਰਿਟ ਵਿੱਚ ਆਈਆਂ ਵਿਦਿਆਰਥਣਾਂ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ। ਇਸ ਮੌਕੇ ਬੀਨੂ ਗੁਪਤਾ ਵੀ ਹਾਜ਼ਰ ਸਨ।

# ਲੜਕੀਆਂ ਦੀ ਟਰੋਲਿੰਗ ਦੇ ਵਿਰੋਧ 'ਚ ਨਵਾਂਸ਼ਹਿਰ ਵਿਖੇ ਮੁਜ਼ਾਹਰਾ ਅੱਜ

**ਬੰਗਾ (ਅਵਤਾਰ ਕਲੇਰ)**- ਦਿੱਲੀ ਜੰਤਰ ਮੰਤਰ 'ਤੇ ਚੱਲੇ ਘੋਲ ਦੀ ਅਗਵਾਈ ਕਰਨ ਵਾਲੀਆਂ ਲੜਕੀਆਂ ਦੀ ਕੀਤੀ ਜਾ ਰਹੀ ਟਰੋਲਿੰਗ ਦੇ ਵਿਰੋਧ ਵਿੱਚ ਅਤੇ ਟਰੋਲਿੰਗ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕਰਨ ਦੀ ਮੰਗ ਨੂੰ ਲੈ ਕੇ ਇਸਤਰੀ ਜਾਗ੍ਰਿਤੀ ਮੰਚ ਵਲੋਂ 6 ਅਗਸਤ ਨੂੰ ਨਵਾਂਸ਼ਹਿਰ ਵਿਖੇ ਮੁਜ਼ਾਹਰਾ ਕੀਤਾ ਜਾਵੇਗਾ। ਇਸਤਰੀ ਜਾਗ੍ਰਿਤੀ ਮੰਚ ਦੀਆਂ ਸੂਬਾ ਆਗੂਆਂ ਹਰਦੀਪ ਕੌਰ ਕੋਟਲਾ ਅਤੇ ਰੁਪਿੰਦਰ ਕੌਰ ਦੁਰਗਾਪੁਰ ਨੇ ਕਿਹਾ ਕਿ ਦਿੱਲੀ ਦੇ ਜੰਤਰ ਮੰਤਰ 'ਤੇ ਚੱਲੇ ਇਤਿਹਾਸਕ ਅਤੇ



ਸ਼ਾਨਦਾਰ ਘੋਲ ਵਿੱਚ ਲੜਕੀਆਂ ਵੱਲੋਂ ਬਰਾਬਰ ਦੀ ਕੀਤੀ ਸ਼ਮੂਲੀਅਤ ਨੇ ਇਸ ਘੋਲ ਵਿਚ ਇਕ ਫੈਸਲਾਕੁੰਨ ਰੋਲ ਅਦਾ ਕਰਦਿਆਂ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਅਸਤੀਫਾ ਦੇਣ ਲਈ ਮਜਬੂਰ ਕੀਤਾ। ਇਹ ਘੋਲ ਖਤਮ ਹੋਣ ਤੋਂ ਬਾਅਦ ਭਾਜਪਾ ਸਰਕਾਰ ਦਾ ਜੋ ਡੰਡਾ ਇਸ ਨੌਜਵਾਨ ਪੀੜ੍ਹੀ 'ਤੇ ਵਰ੍ਹਿਆ ਉਹ ਕਹਿਣ ਸੁਣਨ ਤੋਂ ਪਰ੍ਹੇ ਹੈ। ਇਸ ਘੋਲ ਦੀ ਅਗਵਾਈ ਕਰ ਰਹੇ ਨੌਜਵਾਨ ਮੁੰਡੇ ਕੁੜੀਆਂ ਨੂੰ ਘਰਾਂ ਵਿੱਚੋਂ ਪੁਲਸ ਵੱਲੋਂ ਚੁੱਕ ਕੇ ਉਹਨਾਂ 'ਤੇ ਪਰਚੇ ਦਰਜ ਕੀਤੇ ਜਾ ਰਹੇ ਹਨ। ਪਰ ਭਾਜਪਾ ਆਪਣੇ ਮਨੂਵਾਦੀ ਏਜੰਡੇ ਤਹਿਤ ਔਰਤਾਂ ਨੂੰ ਜੋ ਕਿ ਇਸ ਘੋਲ ਦੀ ਅਗਵਾਈ ਕਰ ਰਹੀਆਂ ਸਨ ਜਾਂ ਫਿਰ ਇਸ ਘੋਲ ਵਿੱਚ ਸ਼ਾਮਲ ਸਨ ਨੂੰ ਲਗਾਤਾਰ ਸੋਸ਼ਲ ਮੀਡੀਆ ਤੇ ਟਰੋਲਿੰਗ ਤਹਿਤ ਸਮਾਜ ਵਿਚ ਉਹਨਾਂ ਦੇ ਮਾਣ ਸਨਮਾਨ ਨੂੰ ਖਤਮ ਕਰਨ ਦੀਆਂ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਹ ਅੰਦੋਲਨ ਹੋਵੇ ਜਾਂ ਸ਼ਾਹੀਨ ਬਾਗ ਦਾ ਘੋਲ,ਇਤਿਹਾਸਕ ਕਿਸਾਨੀ ਅੰਦੋਲਨ ।ਗੁਰਮੇਹਰ ਕੌਰ ਦੇ ਕੇਸ ਵਿਚ ਦੇਖਿਆ ਕਿ ਔਰਤਾਂ ਨੂੰ ਵਿਸ਼ੇਸ਼ ਤੌਰ 'ਤੇ ਉਸ ਦੀ ਪ੍ਰਤਿਸ਼ਟਾ ਨੂੰ ਸੱਟ ਮਾਰਨ ਲਈ ਟ੍ਰੋਲਿੰਗ ਨੂੰ ਅਹਿਮ ਸੰਦ ਬਣਾਇਆ ਗਿਆ। ਭਾਜਪਾ ਦੀ ਔਰਤਾਂ ਪ੍ਰਤੀ ਸਮਝਦਾਰੀ ਉਸ ਨੂੰ ਪਸ਼ੂ ਦੇ ਸਮਾਨ ਸਮਝਣ ਦੀ ਹੈ। ਜੇਕਰ ਕੋਈ ਔਰਤ ਕਿਸੇ ਵੀ ਮੁੱਦੇ ਤੇ ਆਪਣੀ ਆਵਾਜ਼ ਉਠਾਉਂਦੀ ਹੈ ਤਾਂ ਸਭ ਤੋਂ ਪਹਿਲਾਂ ਉਸ ਨੂੰ ਭਾਜਪਾ ਦੇ ਟਰੋਲਿੰਗ ਬਰਗੇਡ ਦਾ ਸਾਹਮਣਾ ਕਰਨਾ ਪੈਂਦਾ ਤੇ ਉਸ ਨੂੰ ਸੋਸ਼ਲ ਮੀਡੀਆ 'ਤੇ ਟਰੋਲਿੰਗ ਦੇ ਦੌਰਾਨ ਬਲਾਤਕਾਰ, ਐਸਿਡ ਅਟੈਕ, ਜਾਨ ਤੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ। ਸੋਸ਼ਲ ਮੀਡੀਆ 'ਤੇ ਹੋ ਰਿਹਾ ਟਰੋਲਿੰਗ ਔਰਤਾਂ ਨੂੰ ਚੁੱਪ ਕਰਾਉਣ ਦਾ ਅਹਿਮ ਸਾਧਨ ਬਣ ਗਿਆ ਹੈ। ਦੇਸ਼ ਦਾ ਔਰਤ ਕਮਿਸ਼ਨ ਇਸ ਸੰਬੰਧੀ ਗਹਿਰੀ ਚੁੱਪ ਧਾਰੀ ਬੈਠਾ ਹੈ। ਇਸਤਰੀ ਆਗੂਆਂ ਨੇ ਇਸ ਤਰ੍ਹਾਂ ਦੀਆਂ ਟਰੋਲਿੰਗ ਵਿੱਚ ਸ਼ਾਮਲ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ 'ਤੇ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਉਹਨਾਂ ਨੇ ਲੜਕੀਆਂ ਨੂੰ ਇਸ ਰੁਝਾਨ ਦੇ ਖਿਲਾਫ ਡਟਣ ਦਾ ਸੱਦਾ ਦਿੱਤਾ ਹੈ।

# ਡਾ. ਵਰਿੰਦਰ ਸਿੰਘ ਸੈਣੀ ਬਣੇ ਹਲਕਾ ਫਿਲੌਰ ਦੇ ਸੰਗਠਨ ਇੰਚਾਰਜ

**ਫਿਲੌਰ (ਨਿਰਮਲ)**- ਆਮ ਆਦਮੀ ਪਾਰਟੀ ਦੀ ਹਾਈਕਮਾਂਨ ਵੱਲੋਂ ਹਲਕਾ ਫਿਲੌਰ 'ਚ ਡਾ. ਵਰਿੰਦਰ ਸਿੰਘ ਸੈਣੀ ਨੂੰ ਸੰਗਠਨ ਇੰਚਾਰਜ ਲਗਾਇਆ ਗਿਆ ਹੈ। ਇਸ ਅਹੁਦੇ ਦੀ ਜ਼ਿੰਮੇਵਾਰੀ ਦੇਣ ਤੇ ਡਾਕਟਰ ਵਰਿੰਦਰ ਸਿੰਘ ਸੈਣੀ ਵੱਲੋਂ ਆਮ ਆਦਮੀ ਪਾਰਟੀ ਹਾਈਕਮਾਨ ਅਤੇ ਹਲਕਾ ਇੰਚਾਰਜ ਫਿਲੌਰ ਹਰਜੋਤ ਕੌਰ ਲੋਹਟੀਆ ਦਾ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਨਾਲ ਜੁੜੇ ਹੋਏ ਹਨ ਅਤੇ ਤਨ ਮਨ ਨਾਲ ਵਰਕਰਾਂ ਨਾਲ ਮਿਲ ਕੇ ਕੰਮ ਕਰਦੇ ਰਹੇ ਹਨ। ਉਨ੍ਹਾਂ ਕਿਹਾ ਕਿ ਹਾਈਕਮਾਂਡ ਵੱਲੋਂ ਸੰਗਠਨ ਇੰਚਾਰਜ ਦੀ ਜ਼ਿੰਮੇਵਾਰੀ ਮਿਲਣ ਨਾਲ ਉਨ੍ਹਾਂ ਨੂੰ ਹੋਰ ਸਖ਼ਤ ਮਿਹਨਤ ਕਰਕੇ ਹਲਕਾ ਵਾਸੀਆਂ



ਅਤੇ ਪਾਰਟੀ ਵਰਕਰਾਂ ਦੇ ਕੰਮ ਪਹਿਲ ਦੇ ਆਧਾਰ ਤੇ ਕਰਨ ਲਈ ਦਿਨ ਰਾਤ ਇੱਕ ਕਰ ਦੇਵਾਂਗਾ। ਇਸ ਮੌਕੇ ਹਲਕੇ ਦੇ ਵਰਕਰਾਂ ਅਤੇ ਅਹੁਦੇਦਾਰ 'ਚ ਵੀ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਰੋਸ਼ਨ ਲਾਲ ਰੋਸੀ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਫਿਲੌਰ, ਪਰਮਿੰਦਰ ਸਿੰਘ ਮਾਹਲ ਕਿਸਾਨ ਵਿੰਗ ਆਗੂ, ਡਾਕਟਰ ਪ੍ਰਿੰਸ ਸਰਪੰਚ ਰਸੂਲਪੁਰ, ਦਵਿੰਦਰ ਸਿੰਘ ਚਾਹਲ, ਮਨੀ ਧਾਲੀਵਾਲ, ਅਸ਼ੋਕ ਸ਼ਰਮਾ ਅਤੇ ਹੋਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਡਾਕਟਰ ਵਰਿੰਦਰ ਸਿੰਘ ਸੈਣੀ ਇੱਕ ਸਿੱਧੇ ਸਾਦੇ ਅਤੇ ਹਰ ਇੱਕ ਨਾਲ ਮਿੱਠਾ ਬੋਲਣ ਵਾਲੇ ਵਿਅਕਤੀ ਹਨ ਜਿਨ੍ਹਾਂ 'ਤੇ ਪਾਰਟੀ ਵਰਕਰਾਂ ਨੂੰ ਬਹੁਤ ਆਸ ਹੈ ਕਿ ਪਾਰਟੀ ਨੂੰ ਹੋਰ ਉਚਾਈਆਂ ਤੇ ਲਿਜਾਣਗੇ।

# ਡਿਪਟੀ ਕਮਿਸ਼ਨਰ ਵੱਲੋਂ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਦੇ ਹੁਕਮ

**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਪੰਜਾਬ ਟਰੇਡਜ਼ ਕਮਿਸ਼ਨ (ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ) ਦੇ ਸੂਬਾ ਪੱਧਰੀ ਚੇਅਰਮੈਨ ਕੈਬਨਿਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਸੂਬਾ ਪੱਧਰੀ ਵਾਈਸ ਚੇਅਰਮੈਨ ਅਨਿਲ ਠਾਕੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੂਰੇ ਪੰਜਾਬ ਵਿੱਚ ਕਰਵਾਈਆਂ ਜਾ ਰਹੀਆਂ ਮੀਟਿੰਗਾਂ ਦੀ ਲੜੀ ਵਿੱਚ ਜ਼ਿਲ੍ਹਾ ਟਰੇਡਜ਼ ਕਮਿਸ਼ਨ ਕਪੂਰਥਲਾ ਦੀ ਜ਼ਿਲ੍ਹੇ ਦੇ ਤਕਰੀਬਨ 20 ਵਿਭਾਗਾਂ




ਨਾਲ ਹਫਤਾਵਾਰੀ ਮੀਟਿੰਗ ਡਿਪਟੀ ਕਮਿਸ਼ਨਰ ਕਪੂਰਥਲਾ ਆਕਾਸ਼ ਬਾਂਸਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਕੰਪਲੈਕਸ ਦੇ ਕਾਨਫਰੰਸ ਹਾਲ ਵਿੱਚ ਹੋਈ। ਇਸ ਮੀਟਿੰਗ ਵਿੱਚ ਐੱਸ ਐੱਸ ਪੀ ਕਪੂਰਥਲਾ ਨਗਰ ਨਿਗਮ ਕਮਿਸ਼ਨਰ ਕਪੂਰਥਲਾ ਸਮੇਤ ਜ਼ਿਲ੍ਹੇ ਦੇ ਤਕਰੀਬਨ ਸਾਰੇ ਹੀ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਿਰਕਤ ਕੀਤੀ! ਜ਼ਿਲ੍ਹਾ ਟਰੇਡਜ਼ ਕਮਿਸ਼ਨ ਕਪੂਰਥਲਾ ਦੇ ਚੇਅਰਮੈਨ ਕੌਮਾਂਤਰੀ ਪੰਜਾਬੀ ਸ਼ਾਇਰ ਕੰਵਰ ਇਕਬਾਲ ਸਿੰਘ ਦਾ ਲਿਫਟ ਐਕਸੀਡੈਂਟ ਦੌਰਾਨ ਚੂਲਾ ਟੁੱਟਣ ਉਪਰੰਤ, ਚੂਲਾ ਬਦਲਣ ਕਰਕੇ ਦੋ ਮਹੀਨੇ ਦੀ ਬੈੱਡ ਰੈਸਟ ਤੇ ਹੋਣ ਕਾਰਣ ਉਨ੍ਹਾ ਦੇ ਸਪੁੱਤਰ ਪੁਸ਼ਪਿੰਦਰ ਸਿੰਘ ਨੇ ਉਨ੍ਹਾਂ ਦੀ ਥਾਂ ਤੇ ਜਿੰਮੇਵਾਰੀ ਨਿਭਾਉਂਦਿਆਂ ਹੋਇਆਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਬੈਠ ਕੇ ਇਹ ਮੀਟਿੰਗ ਲਈ। ਜਦਕਿ ਸੁਸ਼ੀਲ ਕੁਮਾਰ ਬੋਬੀ ਚਮ ਚੇਅਰਮੈਨ ਹਲਕਾ ਫਗਵਾੜਾ, ਜਰਨੈਲ ਸਿੰਘ ਮਰਵਾਹਾ ਚੇਅਰਮੈਨ ਹਲਕਾ ਸੁਲਤਾਨਪੁਰ ਲੋਧੀ ਅਤੇ ਰਮਨ ਕੁਮਾਰ ਮਲਹੋਤਰਾ ਚੇਅਰਮੈਨ ਹਲਕਾ ਕਪਰਥਲਾ ਸਮੇਤ ਪੁਸ਼ਕਰ ਵਾਲੀਆ ਨੇ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਜ਼ਿਕਰਯੋਗ ਹੈ ਕਿ ਪੰਜਾਬ ਸਟੇਟ ਟਰੇਡਜ਼ ਕਮਿਸ਼ਨ ਦੇ ਚੇਅਰਮੈਨ ਐਡਵੋਕੇਟ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਵੱਲੋਂ ਸਮੁੱਚੇ ਪੰਜਾਬ ਵਿੱਚ ਜਾਰੀ ਕੀਤੇ ਹੁਕਮਾਂ ਮੁਤਾਬਿਕ ਹਰ ਵਿਭਾਗ ਹਰ ਮਸਲੇ ਦਾ ਨਿਪਟਾਰਾ ਇੱਕ ਹਫਤੇ ਦੇ ਦਰਮਿਆਨ ਕਰਨ ਦਾ ਪਾਬੰਦ ਹੋਵੇਗਾ।

# ਸਰਕਾਰ ਮੁਲਾਜਮਾਂ ਤੇ ਪੈਨਸ਼ਨਰਾਂ ਦਾ ਡੀ ਏ ਕਰੇ ਜਾਰੀ : ਆਗੂ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ।ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਵੱਲੋਂ ਵਰਸਾਏ ਬਾਬਾ ਯੱਖ



ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ।ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਨੂੰ ਸਹਿਯੋਗ ਦੇਣ ਵਾਲੀਆਂ ਸੰਗਤਾਂ ਦਾ ਲਗਾਤਾਰ ਸਨਮਾਨ ਕੀਤਾ ਜਾ ਰਿਹਾ ਹੈ। ਪਿੰਡ ਨਸੀਰਾਬਾਦ ਨਿਵਾਸੀ ਅਵਤਾਰ ਸਿੰਘ ਇਟਲੀ ਸੰਸਥਾ ਨੂੰ ਲਗਾਤਾਰ ਤਨ,ਮਨ ਅਤੇ ਧਨ ਨਾਲ ਸਹਿਯੋਗ ਕਰ ਰਹੇ ਨੇ। ਸੰਸਥਾ ਦੀ ਟੀਮ ਵਲੋਂ ਇਹਨਾਂ ਨੂੰ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਵਿਖੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਅਵਤਾਰ ਸਿੰਘ ਇਟਲੀ, ਹਰਜੀਤ ਸਿੰਘ ਨਸੀਰਾਬਾਦ, ਡਾਕਟਰ ਤਰਸੇਮ ਸਿੰਘ, ਪ੍ਰੀਆ ਨੂਰੜ, ਸੰਦੀਪ ਕੌਰ ਪਾਸ਼ਟਾਂ, ਲਵਪ੍ਰੀਤ ਕੌਰ ਸਰਹਾਲਾ ਕਲਾਂ, ਮਨਦੀਪ ਕੌਰ ਦਿਹਾਨਾ ਅਤੇ ਰਾਜਦੀਪ ਕੌਰ ਪਾਸ਼ਟਾਂ ਆਦਿ ਹਾਜ਼ਰ ਸਨ।

# ਕਲਸ਼ ਯਾਤਰਾ ਤੇ ਸੰਧਿਆ ਫੇਰੀ ਕਰਵਾਈ

**ਜਲੰਧਰ (ਲਖਵਿੰਦਰ ਸਿੰਘ ਆਧੀ)** ਵੈਸਟ ਵਿਧਾਨ ਸਭਾ ਹਲਕੇ ਅਧੀਨ ਪੈਂਦੀ ਬਸਤੀ ਦਾਨਿਸ਼ਮੰਦਾ ਵਿਖੇ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਪ੍ਰਧਾਨ ਸ਼ੀਤਲ ਅੰਗੂਰਾਲ ਦੀ ਅਗਵਾਈ ਹੇਠ ਇੱਕ ਵਿਸ਼ਾਲ ਕਲਸ਼ ਯਾਤਰਾ ਤੇ ਸੰਧਿਆ ਫੇਰੀ ਦਾ ਆਯੋਜਨ ਕੀਤਾ ਗਿਆ। ਇਹ ਪਾਵਨ ਕਲਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਜਨਮ ਅਸਥਾਨ ਸਿਰ ਗੋਵਰਧਨਪੁਰ, ਵਾਰਾਣਸੀ ਤੋਂ ਜਲੰਧਰ ਪਹੁੰਚੇ ਸਨ। ਇਸ ਧਾਰਮਿਕ ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਮੂਲੀਅਤ ਕਰਕੇ ਆਪਣੀ ਅਨੋਖੀ ਆਸਥਾ ਦਾ ਪ੍ਰਗਟਾਵਾ ਕੀਤਾ। ਯਾਤਰਾ ਦੌਰਾਨ



ਦਰਜਨਾਂ ਮਹਿਲਾਵਾਂ ਨੇ ਆਪਣੇ ਸਿਰ 'ਤੇ ਪਾਵਨ ਕਲਸ਼ ਧਾਰਨ ਕਰਕੇ ਸੰਧਿਆ ਫੇਰੀ ਵਿੱਚ ਹਿੱਸਾ ਲਿਆ। ਪੂਰਾ ਇਲਾਕਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੈਕਾਰਿਆਂ, ਢੋਲ-ਤਾਸ਼ਿਆਂ ਦੀ ਗੂੰਜ ਅਤੇ ਭਜਨ-ਕੀਰਤਨ ਨਾਲ ਗੂੰਜ ਉੱਠਿਆ। ਰਸਤੇ ਵਿੱਚ ਵੱਖ-ਵੱਖ ਸਮਾਜਿਕ ਸੰਸਥਾਵਾਂ ਅਤੇ ਸ਼ਰਧਾਲੂਆਂ ਵੱਲੋਂ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਆਤਿਸ਼ਬਾਜ਼ੀ ਨਾਲ ਯਾਤਰਾ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਵਿਸ਼ਾਲ ਲੰਗਰ ਵੀ ਲਗਾਏ । ਸ਼ੀਤਲ ਅੰਗੂਰਾਲ ਨੇ ਕਿਹਾ ਕਿ ਵਾਰਾਣਸੀ ਤੋਂ ਆਏ ਇਨ੍ਹਾਂ ਪਾਵਨ ਕਲਸ਼ਾਂ ਦਾ ਜਲੰਧਰ ਪਹੁੰਚਣਾ ਪੂਰੇ ਸਮਾਜ ਲਈ ਸੁਭਾਗ ਦੀ ਗੱਲ ਹੈ। ਉਨ੍ਹਾਂ ਸਭ ਨੂੰ ਗੁਰੂ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਪ੍ਰਣ ਲੈਣ ਦੀ ਅਪੀਲ ਕੀਤੀ।ਸਮਾਗਮ ਦੀ ਸਮਾਪਤੀ ਧਾਰਮਿਕ ਅਰਦਾਸ ਅਤੇ ਗੁਰੂ ਮਹਿਮਾ ਦੇ ਗੁਣਗਾਨ ਨਾਲ ਹੋਈ।

# ਜ਼ਿਲ੍ਹੇ 'ਚ 10 ਨੂੰ ਮਨਾਇਆ ਜਾਵੇਗਾ ਡੀ ਵਾਰਮਿੰਗ ਦਿਵਸ



**ਮੋਹਾਲੀ (ਗੁਰਜੀਤ ਬਿੱਲਾ)** ਮੋਹਾਲੀ ਜ਼ਿਲ੍ਹੇ ਵਿਚ 10 ਅਗਸਤ ਨੂੰ ਮਨਾਏ ਜਾਣ ਵਾਲੇ ਰਾਸ਼ਟਰੀ ਡੀ-ਵਰਮਿੰਗ ਦਿਵਸ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਅਤੇ ਮੁਹਿੰਮ ਨੂੰ ਸਫ਼ਲ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪੱਧਰੀ ਮੀਟਿੰਗ ਹੋਈ। ਮੀਟਿੰਗ ਵਿੱਚ ਸਿਹਤ, ਸਿੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੇ ਭਾਗ ਲਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ 1 ਤੋਂ 19 ਸਾਲ ਤੱਕ ਦਾ ਕੋਈ ਵੀ ਬੱਚਾ ਐਲਬੈਂਡਾਜ਼ੋਲ ਦੀ ਗੋਲੀ ਲੈਣ ਤੋਂ ਵਾਂਝਾ ਨਾ ਰਹੇ।ਜ਼ਿਕਰਯੋਗ ਹੈ ਕਿ ਮੌਪ-ਅੱਪ ਦਿਵਸ 17 ਅਗਸਤ ਨੂੰ ਹੋਵੇਗਾ ਤਾਂ ਕਿ ਕਿਸੇ ਕਾਰਨ ਗੋਲੀ ਲੈਣ ਤੋਂ ਵਾਂਝੇ ਰਹਿ ਗਏ ਬੱਚਿਆਂ ਨੂੰ ਕਵਰ ਕੀਤਾ ਜਾ ਸਕੇ। ਸ੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ, ਕਾਲਜਾਂ ਅਤੇ ਆਂਗਣਵਾੜੀ ਕੇਂਦਰਾਂ ਵਿਚ ਯੋਗ ਉਮਰ ਦੇ ਬੱਚਿਆਂ ਨੂੰ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਲਬੈਂਡਾਜ਼ੋਲ ਦੀ ਗੋਲੀ ਦਿੱਤੀ ਜਾਵੇ।

ਉਨ੍ਹਾਂ ਸਾਰੇ ਵਿਭਾਗਾਂ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਆਪਣੀਆਂ ਤਿਆਰੀਆਂ ਮੁਕੰਮਲ ਕਰਨ ਲਈ ਕਿਹਾ। ਮੀਟਿੰਗ ਵਿੱਚ ਸਮੂਹ ਸੀਨੀਅਰ ਮੈਡੀਕਲ ਅਫ਼ਸਰ (ਐੱਸ.ਐੱਮ.ਓ.), ਜ਼ਿਲ੍ਹਾ ਸਿੱਖਿਆ ਅਫ਼ਸਰ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਨੁਮਾਇੰਦੇ ਅਤੇ ਹੋਰ ਸਬੰਧਤ ਅਧਿਕਾਰੀ ਹਾਜ਼ਰ ਸਨ।

# ਪ੍ਰਿੰਸੀਪਲ ਗੁਰਨਾਮ ਸਿੰਘ ਤੇ ਜਸਵੀਰ ਸਿੰਘ ਕਾਕਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) 'ਚ ਸ਼ਾਮਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀਆਂ ਮਨੁੱਖਤਾ ਅਤੇ ਸਰਬੱਤ ਦੇ ਭਲੇ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਈ ਟੀ ਆਈ ਕਾਲਜ ਦੇ ਸਾਬਕਾ ਪ੍ਰਿੰਸੀਪਲ ਗੁਰਨਾਮ ਸਿੰਘ ਅਤੇ ਜਸਵੀਰ ਸਿੰਘ ਕਾਕਾ ਗੁੱਜਰ ਪੰਡੋਰੀ ਖਜੂਰ ਵਿਖੇ ਹੋਏ ਵਿਸ਼ਾਲ ਬੇਗਮਪੁਰਾ ਪੰਥਕ ਇਕੱਠ 'ਚ ਸਿਮਰਨਜੀਤ ਸਿੰਘ ਮਾਨ ਦੀ ਹਾਜ਼ਰੀ 'ਚ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਿੱਚ ਸ਼ਾਮਿਲ ਹੋ ਗਏ। ਇਸ ਸਮੇਂ ਸਰਦਾਰ ਸਿਮਰਨਜੀਤ ਸਿੰਘ ਮਾਨ ਨੇ ਪ੍ਰਿੰਸੀਪਲ ਗੁਰਨਾਮ ਸਿੰਘ ਅਤੇ



ਜਸਵੀਰ ਸਿੰਘ ਦੇ ਕਾਕਾ ਗੁੱਜਰ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਇਸ ਸਮੇਂ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ, ਦੁਆਬਾ ਇਨਚਾਰਜ ਡਾਕਟਰ ਹਰਜਿੰਦਰ ਸਿੰਘ ਜੱਖੂ ਹਾਜ਼ਰ ਸਨ।ਪ੍ਰਿੰਸੀਪਲ ਗੁਰਨਾਮ ਸਿੰਘ ਅਤੇ ਜਸਵੀਰ ਸਿੰਘ ਕਾਕਾ ਗੁੱਜਰ ਨੇ ਪਾਰਟੀ ਪ੍ਰਧਾਨ ਨੂੰ ਵਿਸ਼ਵਾਸ਼ ਦਿੱਤਾ ਕਿ ਉਹ ਪਾਰਟੀ ਦੀਆਂ ਮਨੁੱਖਤਾ ਅਤੇ ਸਰਬੱਤ ਦੇ ਭਲੇ ਦੀ ਵਿਵਸਥਾ ਕਾਇਮ ਕਰਨ ਦੀਆਂ ਨੀਤੀਆਂ ਨੂੰ ਘਰ ਘਰ ਲੈ ਕੇ ਜਾਣ ਲਈ ਸਖਤ ਮਿਹਨਤ ਕਰਨਗੇ ।ਇਸ ਸਮੇਂ ਸਾਬਕਾ ਪ੍ਰਿੰਸੀਪਲ ਗੁਰਨਾਮ ਸਿੰਘ ਅਤੇ ਜਸਵੀਰ ਸਿੰਘ ਕਾਕਾ ਗੁੱਜਰ ਦਾ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਗੁਰਦੀਪ ਸਿੰਘ ਖੁਣ ਖੁਣ, ਗੁਰਨਾਮ ਸਿੰਘ ਸਿੰਗੜੀਵਾਲਾ, ਸੰਦੀਪ ਸਿੰਘ ਖਾਲਸਾ ਟਾਂਡਾ, ਬੀਬੀ ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ, ਹਰਵਿੰਦਰ ਸਿੰਘ ਹੀਰਾ, ਮਹਿਤਾਬ ਸਿੰਘ ਹੁੰਦਲ, ਜਗਦੀਸ਼ ਸਿੰਘ ਚੱਬੇਵਾਲ, ਪਰਮਜੀਤ ਸਿੰਘ ਮੇਗੋਵਾਲ ਦੁਆਬਾ, ਕੁਲਦੀਪ ਸਿੰਘ ਮੱਜੀਪੁਰ, ਪਰਮਜੀਤ ਸਿੰਘ ਮਿੰਟੂ, ਅਮਰਜੀਤ ਸਿੰਘ ਨਿੱਕਾ, ਕੁਲਦੀਪ ਸਿੰਘ ਬੰਟੀ, ਇੰਦਰਜੀਤ ਸਿੰਘ ਬਸੀ ਮਰੂਫ , ਸਤਵੰਤ ਸਿੰਘ ਮੁਰਾਦਪੁਰ, ਸੁਖਦੇਵ ਸਿੰਘ ਸੁੱਖਾ, ਗੁਰਵਿੰਦਰ ਸਿੰਘ ਮਿਆਣੀ, ਮਨਜਿੰਦਰ ਸਿੰਘ ਜੌਹਲ, ਅਮਨਦੀਪ ਸਿੰਘ ਜੌਹਲ, ਸੁਖਦੇਵ ਸਿੰਘ ਕਾਹਰੀ, ਅਮਨਦੀਪ ਸਿੰਘ ਸਨੀ, ਅੰਮ੍ਰਿਤ ਪਾਲ ਸਿੰਘ ਅਰੋੜਾ, ਰਾਮਦਾਸ, ਲਾਭ ਸਿੰਘ ਨਸਰਾਲਾ, ਪਾਰਸ ਸਿੰਘ, ਲਵਪ੍ਰੀਤ ਸਿੰਘ, ਜਸਵੰਤ ਰਾਏ ਆਦਿ ਨੇ ਸਵਾਗਤ ਕਰਦੇ ਹਾਂ। ਉਨ੍ਹਾਂ ਕਿਹਾ ਉਹ ਪਾਰਟੀ ਨੀਤੀਆਂ ਤੇ ਚੱਲ ਕੇ ਪਾਰਟੀ ਨੂੰ ਹੋਰ ਬੁਲੰਦੀਆਂ ਵੱਲ ਲੈ ਕੇ ਜਾਣਗੇ।

# ਤੇਲ ਬੀਜ ਫ਼ਸਲਾਂ ਨੂੰ ਉਤਸ਼ਾਹਿਤ ਕਰਨ ਲਈ ਮਿਲੇਗੀ 33 ਫ਼ੀਸਦੀ ਸਬਸਿਡੀ

**ਮੁਹਾਲੀ (ਗੁਰਜੀਤ ਬਿੱਲਾ)**- ਮੁੱਖ ਖੇਤੀਬਾੜੀ ਅਫ਼ਸਰ ਐੱਸ ਏ ਐੱਸ ਨਗਰ ਡਾ. ਰਾਕੇਸ਼ ਕੁਮਾਰ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਨੈਸ਼ਨਲ ਮਿਸ਼ਨ ਆਨ ਐਡੀਬਲ ਆਇਲਜ਼-ਆਇਲਸੀਡਜ਼ ਤਹਿਤ ਤੇਲ ਬੀਜ ਫ਼ਸਲਾਂ ਦੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ 10 ਟਨ ਪ੍ਰਤੀ ਦਿਨ ਸਮਰੱਥਾ ਵਾਲੇ ਆਇਲ ਐਕਸਟਰੈਕਸ਼ਨ ਯੂਨਿਟ ਸਥਾਪਤ ਕਰਨ ਲਈ 33 ਫ਼ੀਸਦੀ ਸਬਸਿਡੀ (ਵੱਧ ਤੋਂ ਵੱਧ 9.90 ਲੱਖ ਰੁਪਏ) ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਸਬੰਧੀ ਯੋਗ ਬਿਨੈਕਾਰਾਂ ਤੋਂ 14 ਅਗਸਤ 2026 ਤੱਕ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ



ਇਸ ਸਕੀਮ ਅਧੀਨ ਸਿਰਫ਼ ਆਇਲ ਐਕਸਟਰੈਕਸ਼ਨ ਯੂਨਿਟ ਲਈ ਖਰੀਦੀ ਜਾਣ ਵਾਲੀ ਮਸ਼ੀਨਰੀ ਅਤੇ ਉਪਕਰਨਾਂ ਦੀ ਲਾਗਤ 'ਤੇ ਹੀ ਸਬਸਿਡੀ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਯੋਗ ਕਿਸਾਨ, ਫਾਰਮਰ ਪ੍ਰੋਡਿਊਸਰ ਆਰਗੇਨਾਈਜ਼ੇਸ਼ਨਜ਼, ਸਹਿਕਾਰੀ ਸਭਾਵਾਂ, ਨਿੱਜੀ ਅਤੇ ਹੋਰ ਯੋਗ ਸੰਸਥਾਵਾਂ ਜਾਂ ਉਦਮੀ, ਜੋ ਸਕੀਮ ਦੀਆਂ ਸ਼ਰਤਾਂ ਨੂੰ ਪੂਰਾ ਕਰਦੇ ਹਨ, ਇਸ ਸਕੀਮ ਲਈ ਅਰਜ਼ੀ ਦੇ ਸਕਦੇ ਹਨ।ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਇੱਛੁਕ ਬਿਨੈਕਾਰ ਆਪਣੀਆਂ ਅਰਜ਼ੀਆਂ ਲੋੜੀਂਦੇ ਦਸਤਾਵੇਜ਼ਾਂ ਸਮੇਤ 14 ਅਗਸਤ 2026 ਤੱਕ ਜ਼ਿਲ੍ਹਾ ਮੁੱਖ ਖੇਤੀਬਾੜੀ ਅਫ਼ਸਰ ,ਐੱਸ. ਏ . ਐੱਸ ਨਗਰ ਜਾਂ ਸੰਬੰਧਤ ਬਲਾਕ ਖੇਤੀਬਾੜੀ ਅਫ਼ਸਰ ਦੇ ਦਫ਼ਤਰ ਵਿਚ ਜਮ੍ਹਾਂ ਕਰਵਾ ਸਕਦੇ ਹਨ।

# 105 ਵਿਦਿਆਰਥੀਆਂ ਨੂੰ 35 ਲੱਖ ਦੀ ਵਜ਼ੀਫ਼ਾ ਰਾਸ਼ੀ ਪ੍ਰਦਾਨ

**ਆਦਮਪੁਰ (ਪਰਮਜੀਤ ਸਿੰਘ)**- ਪੂਜਨੀਕ ਸੰਤਾਂ ਦੇ ਆਸ਼ੀਰਵਾਦ ਨਾਲ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਵਿਖੇ 'ਸਿੱਖ ਮਨੁੱਖੀ ਵਿਕਾਸ ਸੰਸਥਾ' (ਯੂ.ਐੱਸ.ਏ) ਦੇ ਦਿੱਤੇ ਗਏ ਸਹਿਯੋਗ ਲਈ ਵਜ਼ੀਫ਼ਾ ਰਾਸ਼ੀ ਵੰਡ ਸਮਾਰੋਹ ਕਰਵਾਇਆ ਗਿਆ। ਸਮਾਗਮ ਦੌਰਾਨ 'ਸਿੱਖ ਮਨੁੱਖੀ ਵਿਕਾਸ ਸੰਸਥਾ' (ਯੂ ਐੱਸ ਏ) ਦੇ ਐਗਜ਼ਿਕਿਊਟਿਵ ਡਾਇਰੈਕਟਰ (ਭਾਰਤ) ਗੁਰਬੀਰ ਸਿੰਘ ਬਰਾੜ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਯੂਨੀਵਰਸਿਟੀ ਦੇ 105 ਹੋਣਹਾਰ ਅਤੇ



ਲੋੜਵੰਦ ਵਿਦਿਆਰਥੀਆਂ ਨੂੰ ਲਗਭਗ 35 ਲੱਖ ਰੁਪਏ ਦੀ ਵਜ਼ੀਫ਼ਾ ਰਾਸ਼ੀ ਪ੍ਰਦਾਨ ਕੀਤੀ । ਇਸ ਮੌਕੇ ਯੂਨੀਵਰਸਿਟੀ ਦੇ ਕੁਲਪਤੀ ਸਤਿਕਾਰਯੋਗ ਸੰਤ ਬਾਬਾ ਮਨਮੋਹਨ ਸਿੰਘ ਜੀ ਅਤੇ ਹੋਰ ਵੀ ਅਕਾਦਮਿਕ ਸ਼ਖ਼ਸ਼ੀਅਤਾਂ ਹਾਜ਼ਰ ਸਨ। ਉਪ ਕੁਲਪਤੀ ਪ੍ਰੋ. ਪਲਵਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿੱਖਿਆ ਉਹ ਧਨ ਹੈ ਜੋ ਇੱਕ ਵਿਅਕਤੀ ਦਾ ਜੀਵਨ ਸੰਵਾਰਦੀ ਹੈ । ਜਿਸ ਨਾਲ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਤਰੱਕੀ ਦਾ ਰਾਹ ਖੁੱਲਦਾ ਹੈ।ਉਨ੍ਹਾਂ ਕਿਹਾ ਕਿ ਵਿਦਿਆ ਵਿੱਚ ਕੀਤਾ ਗਿਆ ਨਿਵੇਸ਼ ਸਮਾਜ ਦੇ ਭਵਿੱਖ ਵਿੱਚ ਕੀਤਾ ਗਿਆ ਨਿਵੇਸ਼ ਹੈ। ਉਨ੍ਹਾਂ ਸ.ਗੁਰਬੀਰ ਸਿੰਘ ਵਲੋਂ ਵਿਦਿਆਰਥੀਆਂ ਨੂੰ ਵਜ਼ੀਫ਼ਾ ਪ੍ਰਦਾਨ ਕਰਨ ਦੇ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਸਿਰਫ਼ ਵਿੱਤੀ ਸਹਾਇਤਾ ਨਹੀਂ ਸਗੋਂ ਨੌਜਵਾਨਾਂ ਦੇ ਸੁਪਨਿਆਂ ਨੂੰ ਉਡਾਣ ਦੇਣ ਵਾਲੀ ਪ੍ਰੇਰਨਾ ਹੈ।

# ਵਿਆਹ ਤੋਂ ਬਾਅਦ ਕੁੱਟਮਾਰ ਕਰਨ ਤੇ ਧਰਮ ਪਰਿਵਰਤਨ ਲਈ ਦਬਾਅ ਬਣਾਉਣ ਦੇ ਦੋਸ਼

**ਜ਼ੀਰਕਪੁਰ (ਜਤਿੰਦਰ ਕੁਮਾਰ)**- ਜ਼ੀਰਕਪੁਰ ਦੇ ਢਕੋਲੀ ਖੇਤਰ ਤੋਂ ਇੱਕ ਵਿਵਾਦਿਤ ਮਾਮਲਾ ਸਾਹਮਣੇ ਆਇਆ ਹੈ। ਇੱਕ ਮਹਿਲਾ ਨੇ ਆਪਣੇ ਪਤੀ 'ਤੇ ਵਿਆਹ ਤੋਂ ਪਹਿਲਾਂ ਵਿਆਹ ਦਾ ਭਰੋਸਾ ਦੇ ਕੇ ਲੰਬੇ ਸਮੇਂ ਤੱਕ ਸਰੀਰਕ ਅਤੇ



ਮਾਨਸਿਕ ਸ਼ੋਸ਼ਣ ਕਰਨ, ਵਿਆਹ (ਨਿਕਾਹ) ਤੋਂ ਬਾਅਦ ਕੁੱਟਮਾਰ ਕਰਨ ਅਤੇ ਧਰਮ ਪਰਿਵਰਤਨ ਲਈ ਦਬਾਅ ਬਣਾਉਣ ਵਰਗੇ ਗੰਭੀਰ ਦੋਸ਼ ਲਗਾਏ ਹਨ। ਮਹਿਲਾ ਦਾ ਦਾਅਵਾ ਹੈ ਕਿ ਦੋਵਾਂ ਵਿਚਕਾਰ ਕਰੀਬ ਪੰਜ ਸਾਲ ਤੱਕ ਰਿਸ਼ਤਾ ਰਿਹਾ। ਉਸ ਦੇ ਮੁਤਾਬਕ ਵਿਆਹ ਤੋਂ ਬਾਅਦ ਪਤੀ ਦਾ ਵਿਵਹਾਰ ਬਦਲ ਗਿਆ ਅਤੇ ਉਸ ਨੂੰ ਲਗਾਤਾਰ ਮਾਰਪੀਟ, ਗਾਲੀ-ਗਲੋਚ ਅਤੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾਣ ਲੱਗਾ। ਉਸ ਨੇ ਇਹ ਵੀ ਦੋਸ਼ ਲਗਾਇਆ ਹੈ ਕਿ ਉਸ 'ਤੇ ਆਪਣਾ ਧਰਮ ਬਦਲਣ ਲਈ ਦਬਾਅ ਪਾਇਆ ਗਿਆ।ਸ਼ਿਕਾਇਤਕਰਤਾ ਦਾ ਕਹਿਣਾ ਹੈ ਕਿ ਜਦੋਂ ਉਸ ਨੇ ਇਸ ਦਾ ਵਿਰੋਧ ਕੀਤਾ ਤਾਂ ਉਸ ਨੂੰ ਘਰ ਤੋਂ ਕੱਢ ਦਿੱਤਾ ਗਿਆ। ਇਸ ਤੋਂ ਬਾਅਦ ਉਸ ਨੇ ਪੁਲਿਸ ਅਤੇ ਸੰਬੰਧਿਤ ਅਧਿਕਾਰੀਆਂ ਕੋਲ ਇਨਸਾਫ ਦੀ ਮੰਗ ਕਰਦਿਆਂ ਸ਼ਿਕਾਇਤ ਦਰਜ ਕਰਵਾਈ।ਇਸ ਮਾਮਲੇ ਤੋਂ ਬਾਅਦ ਇਲਾਕੇ ਵਿੱਚ ਚਰਚਾ ਦਾ ਮਾਹੌਲ ਹੈ ਅਤੇ ਲੋਕਾਂ ਵੱਲੋਂ ਨਿਰਪੱਖ ਤੇ ਪਾਰਦਰਸ਼ੀ ਜਾਂਚ ਦੀ ਮੰਗ ਕੀਤੀ ਜਾ ਰਹੀ ਹੈ।ਫਿਲਹਾਲ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਜਾਂਚ ਪੂਰੀ ਹੋਣ ਤੋਂ ਬਾਅਦ ਹੀ ਦੋਸ਼ਾਂ ਦੀ ਸੱਚਾਈ ਬਾਰੇ ਸਪੱਸ਼ਟ ਤਸਵੀਰ ਸਾਹਮਣੇ ਆਵੇਗੀ। ਹੁਣ ਤੱਕ ਦੋਸ਼ੀ ਪੱਖ ਵੱਲੋਂ ਇਸ ਮਾਮਲੇ ਸਬੰਧੀ ਕੋਈ ਅਧਿਕਾਰਿਕ ਬਿਆਨ ਸਾਹਮਣੇ ਨਹੀਂ ਆਇਆ ਹੈ।

# ਭਲਕ ਦੀ ਰੈਲੀ ਵਿੱਚ ਸਿਹਤ ਕਾਮੇ ਵੱਡੀ ਗਿਣਤੀ ਵਿੱਚ ਕਰਨਗੇ ਸ਼ਮੂਲੀਅਤ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਦੇ ਮੁਲਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਲੰਮੇ ਸਮੇਂ ਲਟਕਦੀਆਂ ਨੂੰ ਲੈ ਕੇ 7 ਅਗਸਤ ਨੂੰ ਮੋਹਾਲੀ



ਵਿਖੇ ਹੋਣ ਵਾਲੀ ਪੰਜਾਬ ਪੱਧਰੀ ਮਹਾ ਰੈਲੀ ਵਿੱਚ ਸਿਹਤ ਵਿਭਾਗ ਦੇ ਮੁਲਾਜ਼ਮ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਇਸ ਸੰਬੰਧੀ ਮਲਟੀਪਰਪਜ਼ ਹੈਲਥ ਇੰਪਲਾਇਜ ਮੇਲ ਫੀਮੇਲ ਯੂਨੀਅਨ ਪੰਜਾਬ ਅਤੇ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਜਨਰਲ ਸਕੱਤਰ ਸੁਖਜਿੰਦਰ ਸਿੰਘ ਫਾਜਲਿਕਾ, ਕਨਵੀਨਰ ਮਨਜੀਤ ਕੌਰ ਗੁਰਦਾਸਪੁਰ, ਹਰਵਿੰਦਰ ਸਿੰਘ ਛੀਨਾ ਮੁਹਾਲੀ, ਗੁਰਦੇਵ ਸਿੰਘ ਢਿਲੋਂ ਅੰਮ੍ਰਿਤਸਰ, ਵਿਰਸਾ ਸਿੰਘ ਪੰਨੂ ਕੰਟਰੈਕਟਰ ਪ੍ਰਧਾਨ ਸਰਬਜੀਤ ਕੌਰ ਬੰਗੜ ਨਵਾਂਸ਼ਹਿਰ, ਗੁਰਦੀਪ ਕੌਰ ਸੂਬਾਈ ਆਗੂ ਨਰਿੰਦਰ ਸ਼ਰਮਾ ਫਿਰੋਜਪੁਰ, ਰਣਦੀਪ ਸਿੰਘ ਫਤਹਿਗੜ, ਜਸਵਿੰਦਰ ਸਿੰਘ ਪੰਧੇਰ ਲੁਧਿਆਣਾ, ਹਰਜੀਤ ਸਿੰਘ ਪਹੁਵਿੰਡ, ਸੁਖਜੀਤ ਸਿੰਘ ਸੇਖੋਂ, ਅਵਤਾਰ ਸਿੰਘ, ਨਿਗਾਹੀ ਰਾਮ ਮਲੇਰਕੋਟਲਾ, ਰਣਜੀਤ ਕੌਰ ਪਟਿਆਲਾ, ਵੀਰਪਾਲ ਕੌਰ ਲੁਧਿਆਣਾ, ਮਲਕੀਤ ਸਿੰਘ ਮਾਨਸਾ, ਬਲਜਿੰਦਰ ਸਿੰਘ ਢਿਲੋਂ ਬਰਨਾਲਾ ਪ੍ਰਚਾਰ ਸਕੱਤਰ ਪੰਜਾਬ, ਹਰਜਿੰਦਰ ਸਿੰਘ ਕੱਟੂ ਜ਼ਿਲ੍ਹਾ ਪ੍ਰਧਾਨ ਬਰਨਾਲਾ, ਗੁਰਮੇਲ ਸਿੰਘ ਮਹਿਲ ਕਲਾਂ, ਬੂਟਾ ਸਿੰਘ ਪ੍ਰੈਸ ਸਕੱਤਰ ਬਰਨਾਲਾ ਜਗਰੂਪ ਸਿੰਘ, ਹਰਪਾਲ ਸਿੰਘ ਮਹਿਲ ਕਲਾਂ, ਰਮਨਦੀਪ ਸਿੰਘ ਧਨੌਲਾ, ਪਰਮਜੀਤ ਪੰਮਾ, ਬਲਜਿੰਦਰ ਸਿੰਘ ਨਾਈਵਾਲਾ ਨਾਇਬ ਰੂੜਕੇ, ਕਰਮਵੀਰ ਸਿੰਘ ਕੱਟੂ, ਪਰਮਿੰਦਰ ਸਿੰਘ ਭੱਠਲ, ਸੰਜੀਵ ਕੁਮਾਰ ਸਮੇਤ ਸੂਬਾ ਪ੍ਰੈਸ ਸਕੱਤਰ ਹਰਿੰਦਰ ਸਰਮਾ ਫਾਜਿਲਕਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ।

# ਹਨੂੰਮਾਨ ਮੰਦਿਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤਾਰਾ ਚੰਦ ਨਹੀਂ ਰਹੇ

**ਸ਼ਾਹਕੋਟ (ਗਿਆਨ ਸੈਦਪੁਰੀ)** ਮੰਗਲਵਾਰ ਰਾਤ ਨੂੰ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ ਅਤੇ ਪ੍ਰਧਾਨ ਸ਼੍ਰੀ ਹਨੂੰਮਾਨ ਮੰਦਰ ਪ੍ਰਬੰਧਕ ਕਮੇਟੀ ਸ਼ਾਹਕੋਟ ਤਾਰਾ ਚੰਦ ਦਾ ਦੇਹਾਂਤ ਹੋ ਗਿਆ। ਬੁੱਧਵਾਰ ਨੂੰ ਉਨ੍ਹਾਂ ਦਾ ਅੰਤਿਮ ਸੰਸਕਾਰ ਨਵਾਂ ਕਿਲ੍ਹਾ ਰੋਡ ਸ਼ਾਹਕੋਟ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ।



ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਪੁੱਤਰ ਦੀਪਕ ਸਹਾਏ ਨੇ ਦਿਖਾਈ। ਅੰਤਿਮ ਸੰਸਕਾਰ ਮੌਕੇ ਹੋਰਨਾਂ ਤੋਂ ਇਲਾਵਾ ਅਰੁਣ ਕੁਮਾਰੀ ਜੱਸਲ(ਬੇਟੀ), ਪ੍ਰਦੀਪ ਡੱਬ, ਕਮਲ ਡੱਬ, ਗੁਲਜਾਰ ਸਿੰਘ ਥਿੰਦ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਸੋਨੂੰ ਕੰਗ ਪੀ.ਏ, ਪਵਨ ਅਗਰਵਾਲ ਸਾਬਕਾ ਪ੍ਰਧਾਨ ਕੱਚਾ ਆੜ੍ਹਤੀਆ ਐਸੋਸੀਏਸ਼ਨ,ਬੂਟਾ ਸਿੰਘ ਕਲਸੀ ਪ੍ਰਧਾਨ ਆਜ਼ਾਦ ਸਪੋਰਟਸ ਕਲੱਬ, ਮਾਸਟਰ ਜਤਿੰਦਰ ਪਾਲ ਜੱਸਲ, ਜਗਦੀਸ਼ ਵਡੈਹਿਰਾ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਲਛਮਣ ਸੋਬਤੀ ਕਾਂਗਰਸ ਸ਼ਹਿਰੀ ਪ੍ਰਧਾਨ, ਕਮਲਜੀਤ ਸਿੰਘ ਸੁਖੀਜਾ, ਡਾ.ਅਰਵਿੰਦਰ ਰੂਪਰਾ, ਸਤੀਸ਼ ਰਿਹਾਨ ਸਾਬਕਾ ਪ੍ਰਧਾਨ ਨਗਰ ਬੰਟੀ ਬਠੱਲਾ ਪ੍ਰਧਾਨ ਵਾਤਾਵਰਣ ਸੁਧਾਰ ਸੁਸਾਇਟੀ, ਬੱਬੂ ਮਨਜੀਤ ਕਲਾਥ ਹਾਊਸ, ਚਮਨ ਡੱਬ, ਟਿੰਪੀ ਕੁਮਰਾ ਕਾਂਗਰਸੀ ਆਗੂ, ਵਿਵੇਕ ਸ਼ਰਮਾ, ਗੌਰਵ ਅੱਗਰਵਾਲ ਸੀ.ਏ,ਅਸ਼ਵਨੀ ਮਿੱਤਲ ਭਾਜਪਾ ਆਗੂ,ਪ੍ਰਵੀਨ ਗਰੋਵਰ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਹਰੀਸ਼ ਮਿੱਤਰ, ਅਮਿਤ ਅਰੋੜਾ, ਭਿੰਦਾ ਮੈਸਨ, ਵਰੁਣ ਮਲਹੋਤਰਾ, ਅਮਿਤ ਮਲਹੋਤਰਾ, ਸੁਰਿੰਦਰ ਪੁਰੀ, ਐਡਵੋਕੇਟ ਸ਼ਿਵ ਕਰਨ ਮਲਹੋਤਰਾ, ਨਿਰਮਲ ਸਿੰਘ (ਏਕਮ ਪਬਲਿਕ ਸਕੂਲ ਮਹਿਤਪੁਰ),ਰਾਜੂ ਅਨਮੋਲ, ਹਰਭਜਨ ਸਿੰਘ ਰੂਪਰਾ ਪ੍ਰਧਾਨ ਰਾਮਗੜ੍ਹੀਆ ਪਬਲਿਕ ਸਕੂਲ, ਗਗਨਦੀਪ ਸਿੰਘ ਜੋੜਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ,ਰਮੇਸ਼ ਅਰੋੜਾ, ਡਾ.ਸੁਰਿੰਦਰ ਸਿੰਘ ਭੱਟੀ, ਤਰਲੋਕ ਸਿੰਘ ਰੂਪਰਾ ਸਾਬਕਾ ਪ੍ਰਧਾਨ ਰਾਮਗੜ੍ਹੀਆ ਪਬਲਿਕ ਸਕੂਲ, ਸ਼ਿਵ ਸ਼ੰਭੂ ਗੁਪਤਾ ਆਪ ਆਗੂ, ਨਿਰਮਲ ਸਿੰਘ ਸਾਬਕਾ ਸਰਪੰਚ, ਬਲਦੇਵ ਸਿੰਘ ਸਾਬਕਾ ਸਰਪੰਚ, ਅਮਿਤ ਢੀਂਗਰਾ, ਗੁਰਪ੍ਰੀਤ ਸਿੰਘ ਬੱਬੂ, ਜਸਵੀਰ ਸਿੰਘ ਸ਼ੀਰਾ ਅਕਾਲੀ ਆਗੂ, ਅਨਵਰ ਮਸੀਹ ਸਾਬਕਾ ਮੈਂਬਰ ਨਗਰ ਪੰਚਾਇਤ, ਮਾਸਟਰ ਰਮਨ ਗੁਪਤਾ, ਬੱਬਲੂ ਰਿਹਾਨ, ਵਰਿੰਦਰ ਨਾਹਰ, ਧੀਰਾ ਲਾਲਕਾ, ਅਮਿਤ ਅਰੋੜਾ, ਡਾ.ਅਮਨ ਅਰੋੜਾ ਰੱਜਤ ਉੱਪਲ ਆਦਿ ਅਸ਼ਵਨੀ ਜਿੰਦਲ ਮੌਜੂਦ ਸਨ।

# ਬੀ ਐੱਨ ਡੀ. ਸਕੂਲ ਕੰਧਾਲਾ ਜੱਟਾਂ ਨੇ ਜਿੱਤੇ ਮੈਡਲ

**ਅੱਡਾ ਸਰਾਂ (ਜਸਵੀਰ ਕਾਜਲ)**- ਬੀ ਐੱਨ ਡੀ ਸੀਨੀਅਰ ਸੈਕੰਡਰੀ ਸਕੂਲ ਕੰਧਾਲਾ ਜੱਟਾਂ ਦੇ ਖਿਡਾਰੀਆਂ ਨੇ 70ਵੀਆਂ ਜ਼ੋਨਲ ਖੇਡਾਂ ਬਲਾਕ ਟਾਂਡਾ-2 ਵਿਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਵਿਚ ਚੈੱਸ ਲੜਕੀਆਂ ਅੰਡਰ-14 ਅਤੇ 17 ਸਾਲ ਵਰਗ ਵਿਚ ਸਿਲਵਰ ਮੈਡਲ, ਵਾਲੀਵਾਲ ਅੰਡਰ-14 ਲੜਕੀਆਂ ਨੇ ਸਿਲਵਰ ਮੈਡਲ, ਅੰਡਰ-17 ਅਤੇ ਅੰਡਰ-19 ਲੜਕੇ ਵਾਲੀਵਾਲ ਸਿਲਵਰ ਮੈਡਲ ਅਤੇ ਅੰਡਰ - 17 ਲੜਕੇ ਰੱਸਾ ਕੱਸੀ ਵਿਚ ਕਾਂਸੇ ਦੇ ਮੈਡਲ ਜਿੱਤਣ ਦੇ ਨਾਲ ਨਾਲ ਸਕੂਲ ਦੀ



ਅੰਡਰ- 14 ਖੋ-ਖੋ ਲੜਕੀਆਂ ਦੀ ਟੀਮ ਨੇ ਕਾਂਸੇ ਦੇ ਤਗਮੇ ਹਾਸਿਲ ਕੀਤੇ ਹਨ ।ਵਿਦਿਆਰਥੀਆਂ ਨੇ ਜਿੱਥੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ ਉਥੇ ਨਾਲ ਹੀ ਸਕੂਲ ਦਾ ਅਤੇ ਆਪਣੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਖੇਡ ਇੰਚਾਰਜ ਗੁਰਮੇਲ ਸਿੰਘ ਪੀ.ਟੀ.ਆਈ. ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਸਫਲਤਾ ਦੀ ਵਧਾਈ ਦਿੱਤੀ। ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ ਜੀ ਨੇ ਵਿਦਿਆਰਥੀਆਂ ਨੂੰ ਸਕੂਲ ਪਹੁੰਚਣ ਤੇ ਜਿੱਥੇ ਵਧਾਈ ਦਿੱਤੀ ਉੱਥੇ ਨਾਲ ਹੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ।ਇਸ ਮੌਕੇ ਤੇ ਇੰਜੀ: ਅਨਿਲ ਮਹਿਤਾ, ਅਮਿਤ ਕੁਮਾਰ, ਗੁਰਪ੍ਰੀਤ ਸਿੰਘ ਜੌੜਾ, ਜਾਨਵੀਰ ਕੌਰ, ਸਵਾਤੀ ਮੈਡਮ, ਰਾਜਵਿੰਦਰ ਕੌਰ ਮੈਡਮ, ਜੀਨਤ ਮੈਡਮ, ਮਨਦੀਪ ਕੌਰ ਮੈਡਮ, ਜਸਵੀਰ ਕੌਰ ਮੈਡਮ, ਰੁਕਸਾਨਾ ਮੈਡਮ, ਮੁਸਕਾਨ ਮੈਡਮ, ਮਨਿੰਦਰ ਕੌਰ ਮੈਡਮ, ਅਮਨਜੀਤ ਮੈਡਮ, ਪਰਮਜੀਤ ਕੌਰ ਤੋਂ ਇਲਾਵਾ ਸਮੂਹ ਸਕੂਲ ਸਟਾਫ ਹਾਜ਼ਰ ਸੀ।